17-MAY-PAGE-1.qxd 5/16/2023 9:46 PM Page 1

ਬੁੱਧਵਾਰ, 17 ਮਈ, 2023
3 ਜੇਠ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 71
ਅੰਕ/NO. : 346

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 17 MAY, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

## ਮੌਨਸੂਨ ਲੇਟ



**ਨਵੀਂ ਦਿੱਲੀ :** ਮੌਸਮ ਵਿਭਾਗ ਨੇ ਮੰਗਲਵਾਰ ਕਿਹਾ ਕਿ ਇਸ ਸਾਲ ਦੱਖਣ-ਪੱਛਮੀ ਮੌਨਸੂਨ ਪਛੜ ਸਕਦਾ ਹੈ। ਵਿਭਾਗ ਮੁਤਾਬਕ ਇਸ ਦੇ ਕੇਰਲਾ 4 ਜੂਨ ਨੂੰ ਪੁੱਜਣ ਦੀ ਸੰਭਾਵਨਾ ਹੈ, ਜਦ ਕਿ ਇਹ ਆਮ ਤੌਰ 'ਤੇ ਪਹਿਲੀ ਜੂਨ ਜਾਂ ਇਸ ਤੋਂ ਪਹਿਲਾਂ ਪੁੱਜ ਜਾਂਦਾ ਹੈ। ਪਿਛਲੇ ਸਾਲ 29 ਮਈ, 2021 ਵਿਚ 3 ਜੂਨ ਤੇ 2020 ਵਿਚ ਇਕ ਜੂਨ ਨੂੰ ਪੁੱਜਿਆ ਸੀ।

## ਸੁਪਰੀਮ ਕੋਰਟ ਜੱਜਾਂ ਦਾ ਦੁਖੜਾ ਸੁਣੇਗੀ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਜੁਲਾਈ ਵਿਚ ਗੁਜਰਾਤ ਦੇ ਉਨ੍ਹਾਂ ਜੱਜਾਂ ਦੀਆਂ ਪਟੀਸ਼ਨਾਂ 'ਤੇ ਸੁਣਵਾਈ ਕਰਨ ਲਈ ਸਹਿਮਤੀ ਦਿੱਤੀ ਹੈ, ਜਿਨ੍ਹਾਂ ਦੀਆਂ ਤਰੱਕੀਆਂ 'ਤੇ ਉਸ ਨੇ 12 ਮਈ ਨੂੰ ਰੋਕ ਲਗਾਈ ਸੀ। ਗੁਜਰਾਤ ਦੇ ਜੱਜਾਂ ਨੇ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਉਨ੍ਹਾਂ ਦੀ ਤਰੱਕੀ 'ਤੇ ਰੋਕ ਲਗਾਉਣ ਤੋਂ ਬਾਅਦ ਉਹ ਅਪਮਾਨਤ ਮਹਿਸੂਸ ਕਰ ਰਹੇ ਹਨ।

## ਸੋਨੀ ਬਣੇ ਪੱਕੇ ਚੇਅਰਮੈਨ



**ਨਵੀਂ ਦਿੱਲੀ :** ਉੱਘੇ ਸਿੱਖਿਆ ਸ਼ਾਸਤਰੀ ਮਨੋਜ ਸੋਨੀ ਨੇ ਮੰਗਲਵਾਰ ਲੋਕ ਜਨ ਸੇਵਾ ਆਯੋਗ (ਯੂ ਪੀ ਐੱਸ ਸੀ) ਦੇ ਚੇਅਰਮੈਨ ਵਜੋਂ ਸਹੁੰ ਚੁੱਕੀ। ਉਹ 28 ਜੂਨ 2017 ਨੂੰ ਯੂ ਪੀ ਐੱਸ ਸੀ ਦੇ ਮੈਂਬਰ ਬਣੇ ਸਨ ਤੇ 5 ਅਪਰੈਲ 2022 ਤੋਂ ਕਾਰਜਕਾਰੀ ਚੇਅਰਮੈਨ ਵਜੋਂ ਕੰਮ ਕਰ ਰਹੇ ਸਨ।

## ਸਕੂਲ 'ਚ ਬੰਬ ਦੀ ਅਫਵਾਹ

**ਨਵੀਂ ਦਿੱਲੀ :** ਦੱਖਣੀ ਦਿੱਲੀ ਦੇ ਪੁਸ਼ਪ ਵਿਹਾਰ ਇਲਾਕੇ ਵਿਚ ਸਥਿਤ ਅੰਮ੍ਰਿਤਾ ਸਕੂਲ ਵਿਚ ਈਮੇਲ ਰਾਹੀਂ ਬੰਬ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਸਕੂਲ ਖਾਲੀ ਕਰਵਾ ਲਿਆ। ਬੰਬ ਨਿਰੋਧਕ ਦਸਤੇ ਨੇ ਚੰਗੀ ਤਰ੍ਹਾਂ ਜਾਂਚ ਕੀਤੀ ਤੇ ਸੂਚਨਾ ਅਫਵਾਹ ਨਿਕਲੀ।

## ਨਵੇਂ ਸੰਸਦ ਭਵਨ ਦਾ ਉਦਘਾਟਨ ਮਹੀਨੇ ਦੇ ਅੰਤ 'ਤੇ ਸੰਭਵ



**ਨਵੀਂ ਦਿੱਲੀ :** ਅੱਤ-ਆਧੁਨਿਕ ਸਹੂਲਤਾਂ ਨਾਲ ਲੈਸ ਨਵੇਂ ਸੰਸਦ ਭਵਨ ਦੀ ਇਮਾਰਤ ਦਾ ਕੰਮ ਅੰਤਮ ਪੜਾਅ 'ਤੇ ਹੈ ਅਤੇ ਇਸ ਮਹੀਨੇ ਦੇ ਅੰਤ ਤੱਕ ਇਸ ਦੇ ਬਣ ਕੇ ਤਿਆਰ ਹੋਣ ਦੀ ਸੰਭਾਵਨਾ ਹੈ। ਕਿਆਸ ਲਗਾਏ ਜਾ ਰਹੇ ਹਨ ਕਿ ਨਵੇਂ ਸੰਸਦ ਭਵਨ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ 30 ਮਈ ਦੇ ਨੇੜੇ-ਤੇੜੇ ਭਾਜਪਾ ਸਰਕਾਰ ਦੇ ਨੌਂ ਸਾਲ ਪੂਰੇ ਹੋਣ 'ਤੇ ਕਰ ਸਕਦੇ ਹਨ। ਇਸ ਦੀ ਉਸਾਰੀ ਦੋ ਸਾਲ ਪਹਿਲਾਂ ਸ਼ੁਰੂ ਹੋਈ ਸੀ। ਨਵੀਂ ਇਮਾਰਤ ਦੇਸ਼ ਦੇ ਪਾਵਰ ਹਾਊਸ ਸੈਂਟਰਲ ਵਿਸਟਾ ਦੇ ਪੁਨਰ-ਵਿਕਾਸ ਦਾ ਹਿੱਸਾ ਹੈ।

## ਯੂ ਜੀ ਸੀ ਦੀ ਨਵੀਂ ਵੈੱਬਸਾਈਟ

**ਨਵੀਂ ਦਿੱਲੀ :** ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਨੇ ਮੰਗਲਵਾਰ ਆਪਣੀ ਨਵੀਂ ਡਿਜ਼ਾਈਨ ਕੀਤੀ ਵੈੱਬਸਾਈਟ ਲਾਂਚ ਕੀਤੀ, ਜਿਸ 'ਤੇ ਵਿਦਿਆਰਥੀਆਂ, ਅਧਿਆਪਕਾਂ, ਕਾਲਜਾਂ, ਯੂਨੀਵਰਸਿਟੀਆਂ ਨਾਲ ਸੰਬੰਧਤ ਵਿਸਥਾਰਪੂਰਵਕ ਜਾਣਕਾਰੀ ਆਸਾਨੀ ਨਾਲ ਦੇਖੀ ਜਾ ਸਕਦੀ ਹੈ।

## ਕਾਰ ਹਾਦਸੇ 'ਚ 4 ਮੌਤਾਂ



**ਸੋਲਨ :** ਸਿਰਮੌਰ ਜ਼ਿਲ੍ਹੇ ਵਿਚ ਲਾਨਾਚੇਤਾ-ਰਾਜਗੜ੍ਹ ਰੋਡ 'ਤੇ ਮੰਗਲਵਾਰ ਸਵੇਰੇ ਕਾਰ ਦੇ ਪਬੌਰ ਪਿੰਡ ਕੋਲ ਖੱਡ ਵਿਚ ਡਿੱਗਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਹੋ ਗਈ। ਰਗ ਬਖੋਤਾ ਪਿੰਡ ਦੇ ਕਮਲ ਰਾਜ (40), ਜੀਵਨ ਸਿੰਘ (63), ਉਸ ਦੀ ਪਤਨੀ ਸੁਮਾ ਦੇਵੀ (54) ਤੇ ਧੀ ਰੇਖਾ (25) ਰਾਜਗੜ੍ਹ ਵੱਲ ਜਾ ਰਹੇ ਸਨ।

# ਰਵਾਇਤੀ ਲੀਡਰਾਂ ਨੂੰ ਮੇਰੇ ਕੰਮ ਹਜ਼ਮ ਨਹੀਂ ਹੋ ਰਹੇ : ਭਗਵੰਤ ਮਾਨ

### ਪਟਿਆਲਾ ਵਰਗੇ ਹੋਰ ਬੱਸ ਅੱਡੇ ਬਣਾਵਾਂਗੇ



**ਪਟਿਆਲਾ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਪਟਿਆਲਾ ਦੇ ਨਵੇਂ ਅੱਤ-ਆਧੁਨਿਕ ਬੱਸ ਅੱਡੇ ਦਾ ਉਦਘਾਟਨ ਕੀਤਾ। ਇਸ ਦੀ ਉਸਾਰੀ 'ਤੇ 60.97 ਕਰੋੜ ਰੁਪਏ ਖਰਚੇ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਟਿਆਲਾ ਵਰਗੇ ਹੀ ਹੋਰ ਬੱਸ ਅੱਡੇ ਬਣਾਏ ਜਾਣਗੇ।

ਮਾਨ ਨੇ ਕਿਹਾ ਕਿ ਜਲੰਧਰ ਦੇ ਵੋਟਰਾਂ ਨੇ ਸੂਬਾ ਸਰਕਾਰ ਦੀਆਂ ਵਿਕਾਸਮੁਖੀ ਨੀਤੀਆਂ ਦੇ ਹੱਕ ਵਿੱਚ ਫਤਵਾ ਦੇ ਕੇ ਰਵਾਇਤੀ ਪਾਰਟੀਆਂ ਦੇ ਨਾਂਹ-ਪੱਖੀ ਅਤੇ ਨਫ਼ਰਤੀ ਰਾਜਨੀਤੀ ਦੇ ਪ੍ਰਾਪੇਗੰਡਾ ਨੂੰ ਰੱਦ ਕੀਤਾ।

ਉਨ੍ਹਾ ਕਿਹਾ ਕਿ ਸਾਡੀ ਪਾਰਟੀ ਨੇ ਵਿਕਾਸ ਦੇ ਨਾਂਅ ਉਤੇ ਵੋਟਾਂ ਮੰਗੀਆਂ ਸਨ, ਜਦੋਂ ਕਿ ਵਿਰੋਧੀਆਂ ਨੇ ਜਾਤ ਤੇ ਫਿਰਕਿਆਂ ਦੇ ਨਾਂਅ ਉਤੇ ਵੋਟਾਂ ਮੰਗੀਆਂ। ਜਲੰਧਰ ਦੇ ਲੋਕਾਂ ਨੇ ਸੂਬਾ ਸਰਕਾਰ ਦੇ ਹੱਕ ਵਿੱਚ ਵੱਡਾ ਫਤਵਾ ਦੇ ਕੇ ਵਿਰੋਧੀਆਂ ਨੂੰ ਚੁੱਪ ਕਰਵਾ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਜ਼ਿੱਦੀ ਆਗੂ ਪਿਛਲੇ ਕਈ ਦਹਾਕਿਆਂ ਤੋਂ ਸੱਤਾ ਵਿੱਚ ਰਹਿਣ ਕਾਰਨ ਹੰਕਾਰੀ ਹੋ ਗਏ ਸਨ। ਉਨ੍ਹਾ ਕਿਹਾ ਕਿ ਇਹ ਆਗੂ ਪਿਛਲੇ ਕਈ ਸਾਲਾਂ ਤੋਂ ਲੋਕਾਂ ਨੂੰ ਭਰਮਾ ਰਹੇ ਸਨ, ਪਰ ਹੁਣ ਲੋਕਾਂ ਨੇ ਉਨ੍ਹਾਂ ਨੂੰ ਸਬਕ ਸਿਖਾਇਆ ਹੈ।

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਉਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੈਪਟਨ ਆਪਣੇ ਕਾਰਜਕਾਲ ਦੌਰਾਨ ਕਦੇ ਵੀ ਆਪਣੇ ਜੱਦੀ ਸ਼ਹਿਰ ਵਿੱਚ ਨਹੀਂ ਆਏ। ਉਹ ਕਾਰਜਭਾਰ ਸੰਭਾਲਣ ਤੋਂ ਬਾਅਦ ਇਸ ਸ਼ਾਹੀ ਸ਼ਹਿਰ ਵਿੱਚ ਮਹਾਰਾਜਾ ਪਟਿਆਲਾ ਦੇ ਸਮੁੱਚੇ ਕਾਰਜਕਾਲ ਵਿੱਚ ਮਾਰੇ ਗੇੜਿਆਂ ਨਾਲੋਂ ਵੱਧ ਵਾਰ ਆਏ ਹਨ। ਉਨ੍ਹਾ ਕਿਹਾ ਕਿ ਇਸੇ ਤਬਦੀਲੀ ਲਈ ਲੋਕਾਂ ਨੇ ਵਿਕਾਸ-ਪੱਖੀ ਸਰਕਾਰ ਨੂੰ ਚੁਣਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਉਨ੍ਹਾਂ ਨਾਲ ਇਸ ਗੱਲੋਂ ਵੈਰ ਰੱਖਦੀਆਂ ਹਨ, ਕਿਉਂਕਿ ਉਹ ਆਮ ਪਰਵਾਰ ਨਾਲ ਸੰਬੰਧਤ ਹਨ। ਇਹ ਆਗੂ ਸਮਝਦੇ ਸਨ ਕਿ ਉਨ੍ਹਾਂ ਨੂੰ ਪੰਜਾਬ ਵਿੱਚ ਰਾਜ ਕਰਨ ਦਾ ਦੈਵੀ ਅਧਿਕਾਰ ਹੈ, ਇਸ ਕਾਰਨ ਹੀ ਉਨ੍ਹਾਂ ਨੂੰ ਇਹ ਗੱਲ ਹਜ਼ਮ ਨਹੀਂ ਹੋ ਰਹੀ ਕਿ

● ਬਾਕੀ ਸਫ਼ਾ 2 'ਤੇ

## ਹਰਦੇਵ ਅਰਸ਼ੀ ਦੀ ਜੀਵਨੀ ਮੁੱਖ ਮੰਤਰੀ ਅੱਜ ਲੋਕ ਅਰਪਣ ਕਰਨਗੇ



**ਚੰਡੀਗੜ੍ਹ :** ਪ੍ਰਸਿੱਧ ਨਾਵਲਕਾਰ ਜਸਪਾਲ ਮਾਨਖੇੜਾ ਦੀ ਰਚਿਤ ਪੁਸਤਕ 'ਰੋਹੀ ਦਾ ਲਾਲ-ਹਰਦੇਵ ਅਰਸ਼ੀ' (ਜੀਵਨੀ) ਦਾ ਰਿਲੀਜ਼ ਸਮਾਗਮ ਅਤੇ ਵਿਚਾਰ-ਚਰਚਾ ਬੁੱਧਵਾਰ ਸਵੇਰੇ 10 ਵਜੇ ਪੰਜਾਬ ਭਵਨ, ਸੈਕਟਰ-3, ਚੰਡੀਗੜ੍ਹ ਵਿਚ ਹੋਵੇਗੀ। ਪੁਸਤਕ ਨੂੰ ਰਿਲੀਜ਼ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਰਨਗੇ। ਪੰਜਾਬੀ ਲੇਖਕ ਸਭਾ (ਰਜਿ.) ਚੰਡੀਗੜ੍ਹ ਵੱਲੋਂ ਆਯੋਜਿਤ ਸਮਾਗਮ ਦੀ ਪ੍ਰਧਾਨਗੀ ਨਾਮਵਰ ਪੱਤਰਕਾਰ ਜਤਿੰਦਰ ਪਨੂੰ ਕਰਨਗੇ। ਜੀ ਆਇਆਂ ਸ਼ਬਦ ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਕਰਨਗੇ। ਸੀ ਪੀ ਆਈ ਦੀ ਪੰਜਾਬ ਇਕਾਈ ਦੇ ਕਾਰਜਕਾਰੀ ਸਕੱਤਰ ਨਿਰਮਲ ਸਿੰਘ ਧਾਲੀਵਾਲ ਉਦਘਾਟਨੀ ਸ਼ਬਦ ਕਹਿਣਗੇ। ਮੁੱਖ ਪਰਚਾ ਪ੍ਰਸਿੱਧ ਮਾਰਕਸਵਾਦੀ ਵਿਦਵਾਨ ਡਾ. ਸੁਖਦੇਵ ਸਿੰਘ ਸਿਰਸਾ ਪੜ੍ਹਨਗੇ। ਪੁਸਤਕ ਬਾਰੇ ਲੇਖਕ ਜਸਪਾਲ ਮਾਨਖੇੜਾ ਅਤੇ ਪੁਸਤਕ ਦੇ ਮੁੱਖ ਪਾਤਰ ਹਰਦੇਵ ਅਰਸ਼ੀ ਸਾਬਕਾ ਐੱਮ ਐੱਲ ਏ ਵੀ ਵਿਚਾਰ ਪ੍ਰਗਟ ਕਰਨਗੇ। ਬੁੱਧਵਾਰ ਜਲੰਧਰ ਵਿਖੇ ਪੰਜਾਬ ਕੈਬਨਿਟ ਦੀ ਮੀਟਿੰਗ ਹੋਣ ਸਦਕਾ ਸਮਾਗਮ ਦਾ ਸਮਾਂ ਸਵੇਰੇ 11 ਵਜੇ ਦੀ ਥਾਂ 10 ਵਜੇ ਕਰ ਦਿੱਤਾ ਗਿਆ ਹੈ।

# ਸਾਬਕਾ ਕਾਂਗਰਸੀ ਵਿਧਾਇਕ ਕਿੱਕੀ ਢਿੱਲੋਂ ਬੇਹਿਸਾਬ ਜਾਇਦਾਦ ਬਣਾਉਣ ਦੇ ਕੇਸ 'ਚ ਗ੍ਰਿਫਤਾਰ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿਜੀਲੈਂਸ ਬਿਊਰੋ ਨੇ ਮੰਗਲਵਾਰ ਨੂੰ ਫਰੀਦਕੋਟ ਦੇ ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਉਰਫ ਕਿੱਕੀ ਢਿੱਲੋਂ ਨੂੰ ਆਪਣੀ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਦੌਲਤ ਇਕੱਠੀ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। ਇਸ ਕੇਸ ਵਿੱਚ ਉਸ ਦੇ ਦੋ ਸਾਥੀਆਂ ਉਪਰ ਵੀ ਮੁਕੱਦਮਾ ਦਰਜ ਕੀਤਾ ਗਿਆ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਵਿਧਾਇਕ ਸਮੇਤ ਪਿੰਡ ਦੇ ਧੰਨਾ, ਜ਼ਿਲ੍ਹਾ ਫਰੀਦਕੋਟ ਦੇ ਵਸਨੀਕ ਗੁਰਸੇਵਕ ਸਿੰਘ ਦੇ ਨਾਲ-ਨਾਲ ਪਿੰਡ ਨਾਨਕਸਰ ਸ਼ਹੀਦ, ਫਿਰੋਜ਼ਪੁਰ ਜ਼ਿਲ੍ਹੇ ਦੇ ਰਾਜਵਿੰਦਰ ਸਿੰਘ ਖਿਲਾਫ ਵਿਜੀਲੈਂਸ ਜਾਂਚ ਤੋਂ ਬਾਅਦ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਉਸਦੀ ਸਾਰੀ ਚੱਲ ਅਤੇ ਅਚੱਲ ਸੰਪਤੀਆਂ ਦਾ ਮੁਲਾਂਕਣ ਕਰਨ ਲਈ ਬਿਊਰੋ ਦੁਆਰਾ 01-04-2017 ਤੋਂ 31-03-2022 ਤੱਕ ਪੰਜ ਸਾਲਾਂ ਲਈ ਇੱਕ ਜਾਂਚ ਦੀ ਮਿਆਦ ਨਿਰਧਾਰਤ ਕੀਤੀ ਗਈ ਸੀ। ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸਾਬਕਾ ਵਿਧਾਇਕ ਨੇ ਆਪਣੀ ਕੁੱਲ ਆਮਦਨ ਤੋਂ ਵੱਧ ਦੌਲਤ ਬਣਾਈ ਹੈ ਅਤੇ ਪਿੰਡ ਮੁਮਾਰਾ, ਤਹਿਸੀਲ ਸਾਦਿਕ, ਜ਼ਿਲ੍ਹਾ ਫਰੀਦਕੋਟ ਵਿੱਚ ਹੋਰ ਵਿਅਕਤੀਆਂ ਦੇ ਨਾਂਅ 'ਤੇ ਜਾਇਦਾਦ ਖਰੀਦੀ ਹੈ।

ਇਹ ਵੀ ਪਾਇਆ ਗਿਆ ਕਿ ਉਸਨੇ ਆਪਣੀ ਆਮਦਨੀ ਦੇ ਜਾਣੂ ਸਰੋਤਾਂ ਨਾਲੋਂ ਲਗਭਗ 245 ਪ੍ਰਤੀਸ਼ਤ ਖਰਚ ਕੀਤਾ ਹੈ। ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 13 (1), 13 (2) ਅਤੇ ਆਈਪੀਸੀ ਦੀ 120-ਬੀ ਦੇ ਤਹਿਤ ਵਿਜੀਲੈਂਸ ਬਿਊਰੋ ਦੇ ਪੁਲਸ ਥਾਣਾ ਫਿਰੋਜ਼ਪੁਰ ਰੇਂਜ ਵਿੱਚ ਉਪਰੋਕਤ ਸਾਰੇ ਮੁਲਜਮਾਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ।

# ਅਵਾਰਾ ਪਸ਼ੂਆਂ ਦੇ ਮੁੱਦਿਆਂ ਨਾਲ ਸਾਂਝੇ ਤੌਰ 'ਤੇ ਨਜਿੱਠਣ ਲਈ ਅੰਤਰ-ਵਿਭਾਗੀ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਇੰਦਰਬੀਰ ਸਿੰਘ ਨਿੱਜਰ ਨੇ ਅਵਾਰਾ ਪਸਸ਼ਆਂ ਦੇ ਪ੍ਰਬੰਧਨ ਦੇ ਮੁੱਦੇ ਨੂੰ ਸਾਂਝੇ ਤੌਰ 'ਤੇ ਨਜਿੱਠਣ ਲਈ ਮੰਗਲਵਾਰ ਇਥੇ ਇੱਕ ਅੰਤਰ-ਵਿਭਾਗੀ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਇਸ ਦੌਰਾਨ ਮੰਤਰੀਆਂ ਨੇ ਅਵਾਰਾ ਪਸ਼ੂਆਂ ਦਾ ਸੂਬਾ ਪੱਧਰੀ ਸਰਵੇਖਣ ਕਰਵਾਉਣ, ਗਊਸ਼ਾਲਾਵਾਂ ਲਈ ਨਵੀਂਆਂ ਜ਼ਮੀਨਾਂ ਦੀ ਸ਼ਨਾਖਤ ਕਰਨ, ਗਊਸ਼ਾਲਾਵਾਂ ਦਾ ਪ੍ਰਬੰਧ ਕਰਨ ਵਾਲੀਆਂ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੀ ਸਹਾਇਤਾ, ਆਵਾਰਾ ਕੁੱਤਿਆਂ ਦੇ ਪ੍ਰਬੰਧਨ ਲਈ ਠੋਸ ਕਦਮ ਚੁੱਕਣ ਅਤੇ ਅਜਿਹੀਆਂ ਗਤੀਵਿਧੀਆਂ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਉਣ ਵਰਗੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇੱਥੇ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੇਂਡੂ ਵਿਕਾਸ ਵਿਭਾਗ ਨੂੰ ਨਵੀਆਂ ਗਊਸ਼ਾਲਾਵਾਂ ਸਥਾਪਤ ਕਰਨ ਲਈ ਉਪਲਬਧ ਜ਼ਮੀਨਾਂ ਦੀ ਸ਼ਨਾਖਤ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਕਈ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੀ ਆਪਣੇ ਪੱਧਰ 'ਤੇ ਗਊਸ਼ਾਲਾਵਾਂ ਦਾ ਪ੍ਰਬੰਧ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਨ੍ਹਾਂ ਅਦਾਰਿਆਂ ਲਈ ਵਿੱਤੀ ਮਦਦ ਕਰਨ ਦੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਹੋਰ ਸੰਸਥਾਵਾਂ ਵੀ ਇਸ ਕਾਰਜ ਲਈ ਪ੍ਰੇਰਿਤ ਹੋਣ। ਵਿੱਤ ਮੰਤਰੀ ਨੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਵਿੱਚ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਦਾ ਸਰਵੇਖਣ ਕਰਨ ਲਈ ਕਿਹਾ। ਉਨ੍ਹਾਂ ਵਿਭਾਗ ਨੂੰ ਘਰੇਲੂ ਪਸ਼ੂਆਂ ਦੇ ਸਰਵੇਖਣ ਅਤੇ ਚਿਪ ਲਗਾਉਣ ਸਬੰਧੀ ਕਾਰਜ ਯੋਜਨਾ ਤਿਆਰ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਆਵਾਰਾ ਪਸ਼ੂਆਂ ਦੀ ਨਸਬੰਦੀ ਅਤੇ ਟੀਕਾਕਰਨ ਲਈ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਡਾ. ਨਿੱਜਰ ਨੇ ਸਥਾਨਕ ਸਰਕਾਰਾਂ ਵਿਭਾਗ ਅਤੇ ਪੇਂਡੂ ਵਿਕਾਸ ਵਿਭਾਗ ਦੀ ਇੱਕ ਸਾਂਝੀ ਕਾਰਜ ਯੋਜਨਾ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਜਮੀਨ ਦੀ ਘਾਟ ਕਾਰਨ ਸਹਿਰੀ ਸਥਾਨਕ ਸਰਕਾਰਾਂ ਗਊਸ਼ਾਲਾਵਾਂ ਨੂੰ ਸਾਂਝੇ ਤੌਰ 'ਤੇ ਵਿਕਸਤ ਕਰਨ ਲਈ ਜ਼ਮੀਨ ਲੱਭਣ ਵਾਸਤੇ ਆਪਣੀਆਂ ਗੁਆਂਢੀ ਪੇਂਡੂ ਪੰਚਾਇਤਾਂ ਨਾਲ ਮਿਲ ਕੇ ਕੰਮ ਕਰ ਸਕਦੀਆਂ ਹਨ। ਉਨ੍ਹਾਂ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਗਊਸ਼ਸਾਲਾਵਾਂ ਦੀ ਸੰਚਾਲਨ ਲਾਗਤਾਂ ਨੂੰ ਪੂਰਾ ਕਰਨ ਲਈ ਇੱਕ ਕਾਰਪਸ ਫੰਡ ਬਣਾਉਣ ਦਾ ਵੀ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਭਾਗਾਂ ਦੇ ਸਾਂਝੇ ਯਤਨ ਪਸਸ਼ ਜਨਮ ਨਿਯੰਤਰਣ ਪ੍ਰੋਗਰਾਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਵੀ ਸਹਾਈ ਹੋਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਸਥਾਨਕ ਸਰਕਾਰਾਂ ਵਿਵੇਕ ਪ੍ਰਤਾਪ ਸਿੰਘ, ਡਾਇਰੈਕਟਰ ਪੇਂਡੂ ਵਿਕਾਸ ਗੁਰਪ੍ਰੀਤ ਸਿੰਘ ਖਹਿਰਾ ਅਤੇ ਵਿਸ਼ੇਸ਼ ਸਕੱਤਰ ਵਿੱਤ ਯਸਨਜੀਤ ਸਿੰਘ ਵੀ ਹਾਜ਼ਰ ਸਨ।

## ਭਾਰਤ ਸਣੇ ਕਈ ਦੇਸ਼ਾਂ 'ਚ ਧਾਰਮਕ ਭਾਈਚਾਰਿਆਂ ਨੂੰ ਬਣਾਇਆ ਜਾ ਰਿਹੈ ਨਿਸ਼ਾਨਾ : ਅਮਰੀਕਾ

**ਵਾਸ਼ਿੰਗਟਨ :** ਅਮਰੀਕਾ ਦੇ ਸੀਨੀਅਰ ਅਧਿਕਾਰੀ ਨੇ ਕਿਹਾ ਹੈ ਕਿ ਰੂਸ, ਭਾਰਤ, ਚੀਨ ਅਤੇ ਸਾਊਦੀ ਅਰਬ ਸਮੇਤ ਕਈ ਦੇਸ਼ਾਂ ਦੀਆਂ ਸਰਕਾਰਾਂ ਖੁੱਲ੍ਹੇਆਮ ਧਾਰਮਕ ਭਾਈਚਾਰਿਆਂ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾ ਰਹੀਆਂ ਹਨ। ਵਿਦੇਸ਼ ਵਿਭਾਗ ਨੇ ਕੌਮਾਂਤਰੀ ਧਾਰਮਕ ਆਜ਼ਾਦੀ 'ਤੇ ਆਪਣੀ ਸਾਲਾਨਾ ਰਿਪੋਰਟ ਜਾਰੀ ਕੀਤੀ, ਜੋ ਦੁਨੀਆ ਭਰ ਦੇ ਦੇਸ਼ਾਂ ਵਿਚ ਧਾਰਮਕ ਆਜ਼ਾਦੀ ਦੀ ਸਥਿਤੀ ਦਾ ਦਸਤਾਵੇਜ਼ ਹੈ। ਕੌਮਾਂਤਰੀ ਧਾਰਮਕ ਆਜ਼ਾਦੀ ਦਫਤਰ ਦੇ ਵਿਸ਼ੇਸ਼ ਦੂਤ ਰਸ਼ਦ ਹੁਸੈਨ ਨੇ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਵੱਲੋਂ ਕੌਮਾਂਤਰੀ ਧਾਰਮਕ ਆਜ਼ਾਦੀ 2022 ਦੀ ਸਾਲਾਨਾ ਰਿਪੋਰਟ ਜਾਰੀ ਕਰਨ ਤੋਂ ਬਾਅਦ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਕਈ ਮੁਲਕਾਂ ਦੀਆਂ ਸਰਕਾਰਾਂ ਵੱਲੋਂ ਆਪਣੀਆਂ ਹੱਦਾਂ ਦੇ ਅੰਦਰ ਧਾਰਮਕ ਭਾਈਚਾਰਿਆਂ ਦੇ ਮੈਂਬਰਾਂ ਨੂੰ ਖੁੱਲ੍ਹੇਆਮ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਰਿਪੋਰਟ ਦੁਨੀਆ ਭਰ ਦੇ 200 ਦੇਸ਼ਾਂ ਅਤੇ ਖੇਤਰਾਂ 'ਚ ਧਾਰਮਕ ਆਜ਼ਾਦੀ ਦੀ ਸਥਿਤੀ ਦਾ ਵਿਆਪਕ ਦ੍ਰਿਸ਼ ਹੈ।

# ਬਿਜਲੀ ਦਰਾਂ 'ਚ ਵਾਧਾ ਤੁਰੰਤ ਵਾਪਸ ਲਿਆ ਜਾਵੇ : ਧਾਲੀਵਾਲ



**ਚੰਡੀਗੜ੍ਹ :** ਪੰਜਾਬ ਸਰਕਾਰ ਵੱਲੋਂ ਬਿਜਲੀ ਦੀਆਂ ਦਰਾਂ ਵਿਚ ਭਾਰੀ ਵਾਧਾ ਕਰਕੇ ਪੰਜਾਬ ਦੇ ਗਰੀਬ ਅਤੇ ਦਰਮਿਅਨੇ ਤਬਕੇ ਦੇ ਲੋਕਾਂ ਉਪਰ ਨਾ ਸਹਿਣਯੋਗ ਬੋਝ ਪਾਉਣ ਦੇ ਲੋਕ ਵਿਰੋਧੀ ਕਦਮ ਦੀ ਪੰਜਾਬ ਸਟੇਟ ਕਮੇਟੀ ਸੀ ਪੀ ਆਈ ਨੇ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਬਿਜਲੀ ਦਰਾਂ ਵਿਚ ਕੀਤਾ ਇਹ ਗੈਰ-ਵਾਜਬ ਵਾਧਾ ਤੁਰੰਤ ਵਾਪਸ ਲਿਆ ਜਾਵੇ ਅਤੇ ਨਾਲ ਹੀ ਜਿਹੜਾ 15 ਰੁਪਏ ਪ੍ਰਤੀ ਕਿਲੋਵਾਟ ਦੇ ਫਿਕਸ ਚਾਰਜ ਲਾਏ ਗਏ ਹਨ, ਉਹ ਵੀ ਵਾਪਸ ਲਏ ਜਾਣ, ਕਿਉਂਕਿ ਉਹ ਵੀ ਇਕ ਭਾਰੀ ਵਾਧਾ ਹੈ, ਜਿਹੜਾ ਕਿ 5 ਕਿਲੋਵਾਟ ਲੋਡ ਦੇ ਕੁਨੈਕਸ਼ਨ ਵਾਲਾ ਖਪਤਕਾਰ ਘੱਟੋ-ਘੱਟ ਇਕ ਬਿਲ ਨਾਲ 150 ਰੁਪਏ ਬਿਜਲੀ ਦੀ ਖਪਤ ਦੇ ਬਿੱਲ ਤੋਂ ਵਾਧੂ ਦੇਵੇਗਾ। ਪੰਜਾਬ ਸੀ ਪੀ ਆਈ ਦੇ ਐਕਟਿੰਗ ਸੂਬਾਈ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਉਨ੍ਹਾ ਦੀ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਵਾਅਦੇ ਚੇਤੇ ਕਰਾਉਂਦਿਆਂ ਕਿਹਾ ਕਿ ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਹਰ ਔਰਤ ਨੂੰ ਦੇਣਾ ਸੀ, ਉਹ ਕਿਥੇ ਹੈ, ਤੁਸੀਂ ਬੇਰੁਜ਼ਗਾਰਾਂ ਨੂੰ ਪੱਕੀਆਂ ਨੌਕਰੀਆਂ ਦੇਣੀਆਂ ਸਨ ਅਤੇ ਢਾਈ ਲੱਖ ਦੇ ਕਰੀਬ ਕੰਟਰੈਕਟ ਅਤੇ ਆਊਟ-ਸੋਰਸ ਸਿਸਟਮ ਤਹਿਤ ਦਸ-ਦਸ ਹਜ਼ਾਰ ਰੁਪਏ ਬਦਲੇ ਸ਼ੋਸ਼ਣ ਦਾ ਸ਼ਿਕਾਰ ਮੁਲਾਜ਼ਮਾਂ ਨੂੰ ਪੱਕੇ ਕਰਨਾ ਸੀ, ਪੁਰਾਣੀ ਪੈਨਸ਼ਨ ਬਹਾਲ ਕਰਨੀ ਸੀ, ਪਰ ਕੁਝ ਨਹੀਂ ਕੀਤਾ। ਘੱਟੋ-ਘੱਟ ਉਜਰਤ ਜਿਹੜੀ 26000 ਰੁਪਏ ਪ੍ਰਤੀ ਮਹੀਨਾ ਦੇਣੀ ਬਣਦੀ ਹੈ, ਉਹ ਵੀ 10 ਹਜ਼ਾਰ ਪ੍ਰਤੀ ਮਹੀਨਾ 'ਤੇ ਹੀ ਜਾਮ ਕੀਤੀ ਹੋਈ ਹੈ। ਪੰਜਾਬ ਰੋਡਵੇਜ਼ ਦੀਆਂ 2400 ਬੱਸਾਂ ਦੀ ਬਜਾਏ ਸਿਰਫ 1150 ਬੱਸਾਂ ਚੱਲ ਰਹੀਆਂ ਹਨ, ਜਿਸ ਦਾ ਸਿੱਧਾ ਲਾਭ ਪ੍ਰਾਈਵੇਟ ਬੱਸ ਮਾਫੀਏ ਨੂੰ ਹੋ ਰਿਹਾ ਹੈ। ਤੁਸੀਂ ਪੰਜਾਬ ਦੀ ਜੁਆਨੀ ਨੂੰ ਬਾਹਰ ਜਾਣ ਦੀ ਬਜਾਏ ਇਥੇ ਜਗ੍ਹਾ ਦੇਣ ਦੀ ਗੱਲ ਕਹੀ ਸੀ, ਪਰ ਪੰਜਾਬੀਆਂ ਦਾ ਬਾਹਰ ਨੂੰ ਪਲਾਇਨ ਦੁਗਣਾ ਹੋ ਗਿਆ ਹੈ। ਨਸ਼ੇ, ਖੁਦਕੁਸ਼ੀਆਂ ਅਤੇ ਅਮਨ-ਕਾਨੂੰਨ ਦੀ ਮਾੜੀ ਹਾਲਤ ਵਸੋਂ ਬਾਹਰ ਹੋਈ ਪਈ ਹੈ, ਵਾਅਦੇ ਜ਼ਮੀਨ 'ਤੇ ਉਤਾਰੋ।

ਧਾਲੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ 'ਤੇ ਪੰਦਰਾਂ ਸੌ ਰੁਪਏ ਸਾਲਾਨਾ ਪਾਏ ਗਏ ਵਾਧੂ ਬਿਜਲੀ ਦਰਾਂ ਦਾ ਬੋਝ ਸਰਕਾਰ ਨੂੰ ਨੈਤਿਕ ਤੌਰ 'ਤੇ ਵਾਪਸ ਲੈਣਾ ਚਾਹੀਦਾ ਹੈ। ਉਹਨਾ ਕਿਹਾ ਕਿ ਸੀ ਪੀ ਆਈ ਸਰਕਾਰ ਦੇ ਲੋਕ-ਵਿਰੋਧੀ ਕਦਮਾਂ ਦਾ ਡਟ ਕੇ ਵਿਰੋਧ ਜਾਰੀ ਰੱਖੇਗੀ।

## ਕੇਂਦਰੀ ਮੰਤਰਾਲਿਆਂ 'ਚ ਸੈਕਟਰੀਆਂ ਦੀ ਠੇਕੇ 'ਤੇ ਭਰਤੀ

**ਨਵੀਂ ਦਿੱਲੀ :** ਕੇਂਦਰ ਨੇ ਆਪਣੇ ਵੱਖ-ਵੱਖ ਵਿਭਾਗਾਂ ਵਿਚ ਠੇਕੇ ਦੇ ਆਧਾਰ 'ਤੇ ਨਿੱਜੀ ਖੇਤਰ ਦੇ ਮਾਹਰਾਂ ਨੂੰ ਸੰਯੁਕਤ ਸਕੱਤਰ, ਡਾਇਰੈਕਟਰ ਅਤੇ ਉਪ ਸਕੱਤਰ ਵਜੋਂ ਭਰਤੀ ਕਰਨ ਦਾ ਫੈਸਲਾ ਕੀਤਾ ਹੈ। ਅਮਲਾ ਅਤੇ ਸਿਖਲਾਈ ਵਿਭਾਗ ਨੇ ਯੂ ਪੀ ਐੱਸ ਸੀ ਨੂੰ 12 ਸਰਕਾਰੀ ਵਿਭਾਗਾਂ/ਮੰਤਰਾਲਿਆਂ 'ਚ 'ਲੇਟਰਲ ਐਂਟਰੀ' ਰਾਹੀਂ ਭਰਤੀ ਕਰਨ ਦੀ ਅਪੀਲ ਕੀਤੀ ਹੈ। ਪ੍ਰਸਤਾਵਤ ਭਰਤੀ ਖੇਤੀਬਾੜੀ ਅਤੇ ਕਿਸਾਨ ਭਲਾਈ, ਸ਼ਹਿਰੀ ਹਵਾਬਾਜ਼ੀ, ਰਸਾਇਣ ਅਤੇ ਪੈਟਰੋ ਕੈਮੀਕਲ, ਰਸਾਇਣ ਅਤੇ ਖਾਦ, ਕਾਰਪੋਰੇਟ ਮਾਮਲੇ, ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ, ਭਾਰੀ ਉਦਯੋਗ ਤੇ ਹੋਰ ਮੰਤਰਾਲਿਆਂ ਲਈ ਕੀਤੀ ਜਾਵੇਗੀ। ਉਮੀਦਵਾਰਾਂ ਲਈ ਵਿਸਤ੍ਰਿਤ ਇਸ਼ਤਿਹਾਰ ਅਤੇ ਸੰਬੰਧਤ ਦਿਸ਼ਾ-ਨਿਰਦੇਸ਼ 20 ਮਈ ਨੂੰ ਯੂ ਪੀ ਐੱਸ ਸੀ ਦੀ ਵੈੱਬਸਾਈਟ 'ਤੇ ਪਾ ਦਿੱਤੇ ਜਾਣਗੇ। ਇੱਛੁਕ ਉਮੀਦਵਾਰ 20 ਮਈ ਤੋਂ 19 ਜੂਨ ਤੱਕ ਅਪਲਾਈ ਕਰ ਸਕਦੇ ਹਨ।

# 71 ਹਜ਼ਾਰ ਨੂੰ ਨਿਯੁਕਤੀ ਪੱਤਰ ਤਕਸੀਮ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ 'ਰੁਜ਼ਗਾਰ ਮੇਲੇ' ਤਹਿਤ ਕਰੀਬ 71,000 ਨਵੇਂ ਭਰਤੀ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਕਿਹਾ ਕਿ ਸਰਕਾਰ ਨੇ ਭ੍ਰਿਸ਼ਟਾਚਾਰ ਅਤੇ ਭਾਈ-ਭਤੀਜਾਵਾਦ ਨੂੰ ਖਤਮ ਕਰਦੇ ਹੋਏ ਭਰਤੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਬਣਾਇਆ ਹੈ। ਇਹ ਨਿਯੁਕਤੀਆਂ ਕੇਂਦਰ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਨਾਲ-ਨਾਲ ਰਾਜ ਸਰਕਾਰਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ ਕੀਤੀਆਂ ਗਈਆਂ ਹਨ। ਇਸ ਮੌਕੇ ਪ੍ਰਧਾਨ ਮੰਤਰੀ ਨੇ ਵੀਡੀਓ ਕਾਨਫਰੰਸ ਰਾਹੀਂ ਇਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਨੂੰ ਸਰਕਾਰੀ ਨੌਕਰੀ ਮਿਲਣ 'ਤੇ ਵਧਾਈ ਦਿੱਤੀ। ਦੇਸ਼ ਭਰ 'ਚ 45 ਥਾਵਾਂ 'ਤੇ 'ਰੁਜ਼ਗਾਰ ਮੇਲਾ' ਲਗਾਇਆ ਗਿਆ।

## ਡਰਾਮੇਬਾਜ਼ੀ : ਖੜਗੇ

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਵੱਲੋਂ 71,000 ਨਿਯੁਕਤੀ ਪੱਤਰ ਵੰਡਣ 'ਤੇ ਵਿਅੰਗ ਕਰਦਿਆਂ ਕਿਹਾ ਕਿ ਸਰਕਾਰੀ ਵਿਭਾਗਾਂ ਵਿਚ 30 ਲੱਖ ਆਸਾਮੀਆਂ ਖਾਲੀ ਹਨ, ਪਰ ਭਰਤੀ ਪੱਤਰਾਂ ਦੀ ਵੰਡ ਦਾ 'ਡਰਾਮਾ' ਰਚਿਆ ਹੈ। ਉਨ੍ਹਾ ਇਹ ਵੀ ਦੋਸ਼ ਲਾਇਆ ਕਿ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਕਰਨ ਵਾਲੇ ਪ੍ਰਧਾਨ ਮੰਤਰੀ ਮੋਦੀ ਨੇ ਹੁਣ ਤੱਕ 18 ਕਰੋੜ ਨੌਜਵਾਨਾਂ ਦੇ ਸੁਫਨੇ ਤੋੜੇ ਹਨ।

## ਡਾਕਟਰ ਨੇ ਪੁੱਠੀਆਂ ਸਲਾਹਾਂ ਦੇਣ ਦਾ ਦੋਸ਼ ਕਬੂਲਿਆ

**ਨਿਊ ਯਾਰਕ :** ਅਮਰੀਕਾ ਦੇ ਕੈਲੀਫੋਰਨੀਆ ਸੂਬੇ 'ਚ 76 ਸਾਲਾ ਭਾਰਤੀ-ਅਮਰੀਕੀ ਡਾਕਟਰ ਸਵਤੰਤਰ ਚੋਪੜਾ ਨੇ ਨਸ਼ੀਲੀਆਂ ਤੇ ਗੈਰਕਾਨੂੰਨੀ ਦਵਾਈਆਂ ਲਿਖਣ ਤੇ ਮਰੀਜ਼ਾਂ ਨੂੰ ਪੁੱਠੀਆਂ-ਸਿੱਧੀਆਂ ਸਲਾਹਾਂ ਦੇਣ ਦਾ ਦੋਸ਼ ਕਬੂਲ ਕਰ ਲਿਆ ਹੈ। ਇਨ੍ਹਾਂ ਦਵਾਈਆਂ 'ਚ ਬਹੁਤ ਜ਼ਿਆਦਾ ਨਸ਼ਾ ਹੁੰਦਾ ਹੈ ਤੇ ਆਮ ਤੌਰ 'ਤੇ ਇਨ੍ਹਾਂ ਦੀ ਦੁਰਵਰਤੋਂ ਹੁੰਦੀ ਹੈ। ਚੋਪੜਾ ਨੇ ਕੇਸ ਦੀ ਸੁਣਵਾਈ ਦੌਰਾਨ 2020 'ਚ ਆਪਣਾ ਮੈਡੀਕਲ ਲਾਇਸੈਂਸ ਮੋੜ ਦਿੱਤਾ ਸੀ। ਚੋਪੜਾ ਦੇ ਕੇਸ ਦੀ ਅਗਲੀ ਸੁਣਵਾਈ 5 ਸਤੰਬਰ ਨੂੰ ਹੋਣ ਦੀ ਸੰਭਾਵਨਾ ਹੈ ਅਤੇ ਜੇ ਉਹ ਦੋਸ਼ੀ ਕਰਾਰ ਦਿੱਤਾ ਜਾਂਦਾ ਹੈ ਤਾਂ ਵੱਧ ਤੋਂ ਵੱਧ 20 ਸਾਲ ਦੀ ਕੈਦ ਹੋ ਸਕਦੀ ਹੈ।

## ਦਫਤਰਾਂ ਦੇ ਸਮੇਂ 'ਚ ਤਬਦੀਲੀ ਆਉਣ ਵਾਲੀਆਂ ਪੀੜ੍ਹੀਆਂ ਲਈ ਵਰਦਾਨ : ਜੌੜਾਮਾਜਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਲੋਕ ਸੰਪਰਕ ਅਤੇ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਗਰਮੀਆਂ ਦੇ ਮੌਸਮ ਵਿੱਚ ਦਫਤਰਾਂ ਦਾ ਸਮਾਂ ਬਦਲਣ ਦੇ ਫੈਸਲੇ ਦੀ ਸਲਾਘਾ ਕੀਤੀ ਹੈ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ 2 ਮਈ ਤੋਂ ਦਫਤਰਾਂ ਦਾ ਸਮਾਂ ਬਦਲ ਕੇ ਸਵੇਰੇ 7:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਕਰ ਦਿੱਤਾ ਹੈ ਜੋ 15 ਜੁਲਾਈ ਤੱਕ ਲਾਗੂ ਰਹੇਗਾ। ਜੌੜਾਮਾਜਰਾ ਨੇ ਸਰਕਾਰ ਦੇ ਇਸ ਭਵਿੱਖਮੁਖੀ ਕਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਦਫਤਰਾਂ ਦਾ ਸਮਾਂ ਬਦਲਿਆ ਗਿਆ ਹੈ, ਉਦੋਂ ਤੋਂ ਆਮ ਲੋਕਾਂ ਦੇ ਨਾਲ-ਨਾਲ ਮੁਲਾਜਮ ਵੀ ਖੁਸ਼ ਹਨ। ਉਨ੍ਹਾ ਕਿਹਾ ਕਿ ਪੰਜਾਬੀ ਲੋਕ ਪੁਰਾਣੇ ਸਮਿਆਂ ਤੋਂ ਹੀ ਸਵੇਰੇ ਜਲਦੀ ਉੱਠਦੇ ਰਹੇ ਹਨ ਅਤੇ ਸਰਕਾਰ ਦਾ ਇਹ ਕਦਮ ਉਨ੍ਹਾਂ ਨੂੰ ਫਿਰ ਤੋਂ ਇਹ ਚੰਗੀਆਂ ਆਦਤਾਂ ਪਾਉਣ ਵਿੱਚ ਸਹਾਈ ਸਿੱਧ ਹੋਵੇਗਾ। ਇਸ ਕਦਮ ਦੇ ਫਾਇਦਿਆਂ ਬਾਰੇ ਬੋਲਦਿਆਂ ਜੌੜਾਮਾਜਰਾ ਨੇ ਕਿਹਾ ਕਿ ਦਫਤਰੀ ਸਮੇਂ 'ਚ ਇਹ ਤਬਦੀਲੀ ਇੱਕ ਵਿਗਿਆਨਕ ਅਤੇ ਵਾਤਾਵਰਣ ਅਨੁਕੂਲ ਫੈਸਲਾ ਹੈ ਜਿਸ ਨਾਲ ਜ਼ਿਆਦਾਤਰ ਕੰਮ ਦਿਨ ਵੇਲੇ ਹੀ ਨੇਪਰੇ ਚੜ੍ਹਨ ਨਾਲ ਬਿਜਲੀ ਦੀ ਕਾਫੀ ਬੱਚਤ ਹੋਵੇਗੀ। ਜ਼ਿਆਦਾਤਰ ਵਿਕਸਿਤ ਦੇਸ਼ਾਂ 'ਚ ਇਹੀ ਰੁਝਾਨ ਅਪਣਾਇਆ ਜਾਂਦਾ ਹੈ ਕਿਉਂਕਿ ਗਰਮੀਆਂ ਦੇ ਮੌਸਮ ਵਿੱਚ ਦਿਨ ਜਲਦੀ ਸ਼ੁਰੂ ਹੁੰਦਾ ਹੈ। ਜੌੜਾਮਾਜਰਾ ਨੇ ਕਿਹਾ ਕਿ ਚੰਡੀਗੜ੍ਹ ਦੇ ਲੋਕਾਂ ਨੂੰ ਵੀ ਇਸ ਦਾ ਫਾਇਦਾ ਹੋਇਆ ਹੈ ਕਿਉਂਕਿ ਪੰਜਾਬ ਸਰਕਾਰ ਦੇ ਦਫਤਰਾਂ ਦਾ ਸਮਾਂ ਯੂਟੀ ਜਾਂ ਕੇਂਦਰ ਦੇ ਦਫਤਰਾਂ ਦੇ ਸਮੇਂ ਤੋਂ ਵੱਖੋ-ਵੱਖਰਾ ਹੋਣ ਕਰਕੇ ਸਵੇਰੇ 9 ਜਾਂ ਸਾਮ 5 ਵਜੇ ਦੇ ਸਮੇਂ ਦੌਰਾਨ ਟਰੈਫਿਕ ਬਹੁਤ ਘੱਟ ਗਿਆ ਹੈ ਜਿਸ ਨਾਲ ਵਾਹਨਾਂ ਦੀ ਆਵਾਜਾਈ ਸੁਖਾਲੀ ਹੋ ਗਈ ਹੈ।

## ਅੱਜ-ਨਾਮਾ

ਗੱਲ-ਗੱਲ ਉੱਤੇ ਪੰਜਾਬ ਨੂੰ ਦੁਖੀ ਕਰਨਾ,
ਕੇਂਦਰ ਵਾਲਿਆਂ ਦਾ ਮਾੜਾ ਏ ਰੰਗ ਬੇਲੀ।
ਮਾਮਲਾ ਕੋਈ ਨਾ ਕੋਈ ਉਹ ਪਕੜ ਲੈਂਦੇ,
ਚਾਹੁੰਦੇ ਈ ਕਰਨਾ ਪੰਜਾਬ ਨੂੰ ਤੰਗ ਬੇਲੀ।
ਰੋਕਿਆ ਪੇਂਡੂ ਵਿਕਾਸ ਲਈ ਫੰਡ ਕਹਿੰਦੇ,
ਬਾਂਹ ਮਰੋੜਨ ਦਾ ਲੱਭ ਲਿਆ ਢੰਗ ਬੇਲੀ।
ਬਣਦਾ ਹਿੱਸਾ ਪੰਜਾਬ ਜਦ ਮੰਗ ਲਿਆ ਤਾਂ,
ਭੀਖ ਵਰਗੀ ਕੋਈ ਕਰੀ ਨਹੀਂ ਮੰਗ ਬੇਲੀ।
ਕੇਂਦਰ ਤੇ ਸੂਬਿਆਂ ਦੀ ਆਪਸੀ ਵੰਡਬੰਦੀ,
ਸੰਵਿਧਾਨਕ ਪੱਖੋਂ ਤੇ ਸਾਫ ਆ ਗੱਲ ਬੇਲੀ।
ਕਰਦਾ ਰਿਹਾ ਕੇਂਦਰ ਜੇ ਰਾਜਾਂ ਨੂੰ ਦੁਖੀ ਏਦਾਂ,
ਉਹਦੀ ਰਹਿੰਦੀ ਵੀ ਬਚੂ ਨਹੀਂ ਭੱਲ ਬੇਲੀ।

-ਤੀਸ ਮਾਰ ਖਾਂ

# ਪੰਜਾਬ ਇਸਤਰੀ ਸਭਾ ਵੱਲੋਂ ਭਲਵਾਨਾਂ ਦੀ ਡਟਵੀਂ ਹਮਾਇਤ



**ਚੰਡੀਗੜ੍ਹ :** ਪੰਜਾਬ ਇਸਤਰੀ ਸਭਾ ਦਾ ਇਕ ਗਰੁੱਪ ਦਿੱਲੀ ਦੇ ਜੰਤਰ-ਮੰਤਰ 'ਤੇ ਧਰਨਾ ਦੇ ਰਹੇ ਭਲਵਾਨਾਂ ਕੋਲ ਪਹੁੰਚਿਆ। ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਅਤੇ ਪੰਜਾਬ ਇਸਤਰੀ ਸਭਾ ਲਗਾਤਾਰ ਮਹਿਲਾ ਭਲਵਾਨਾਂ ਵੱਲੋਂ ਲੜੇ ਜਾ ਰਹੇ ਇਨਸਾਫ ਲਈ ਸੰਘਰਸ਼ ਦੀ ਹਮਾਇਤ ਵਿਚ ਆਪਣਾ ਹਿੱਸਾ ਪਾ ਰਹੀਆਂ ਹਨ। ਵੱਖ-ਵੱਖ ਰਾਜਾਂ ਵਿੱਚ ਅਤੇ ਪੰਜਾਬ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰੋਗਰਾਮ ਕਰਕੇ ਮਹਿਲਾ ਭਲਵਾਨਾਂ ਨੂੰ ਇਨਸਾਫ ਦੇਣ ਦੀ ਮੰਗ ਕੀਤੀ ਗਈ।

ਪੰਜਾਬ ਇਸਤਰੀ ਸਭਾ ਦੇ ਇਸ ਜੱਥੇ ਵਿੱਚ ਸੂਬਾ ਜਨਰਲ ਸਕੱਤਰ ਰਾਜਿੰਦਰਪਾਲ ਕੌਰ, ਸੀਨੀਅਰ ਸਹਾਇਕ ਸਕੱਤਰ ਨਰਿੰਦਰ ਸੋਹਲ, ਸਰਪ੍ਰਸਤ ਨਰਿੰਦਰਪਾਲ ਫਿਰੋਜ਼ਪੁਰ, ਤ੍ਰਿਪਤ ਕਾਲੀਆ ਅਤੇ ਨਸੀਬ ਕੌਰ ਸ਼ਾਮਲ ਹੋਏ। ਉਹਨਾਂ ਇਕ ਸ਼ੀਟ 'ਤੇ ਲੋਕਾਂ ਦੇ ਦਸਤਖਤ ਕਰਵਾਏ ਅਤੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਨੂੰ ਭੇਟ ਕੀਤੇ। ਅਜਿਹਾ ਕਰਕੇ ਉਹਨਾਂ ਨੇ ਲੜਾਈ ਨੂੰ ਆਮ ਲੋਕਾਂ ਤੱਕ ਪਹੁੰਚਾਇਆ।

ਰਾਜਿੰਦਰਪਾਲ ਕੌਰ ਅਤੇ ਨਰਿੰਦਰ ਸੋਹਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਨੂੰ ਐਨੀ ਸਖਤ ਸਜ਼ਾ ਦਿੱਤੀ ਜਾਵੇ ਤਾਂ ਕਿ ਅੱਗੇ ਤੋਂ ਕਿਸੇ ਨੂੰ ਅਜਿਹਾ ਕੁਕਰਮ ਕਰਨ ਦੀ ਹਿੰਮਤ ਨਾ ਪਵੇ। ਸਾਨੂੰ ਜਾਤਾਂ ਅਤੇ ਧਰਮਾਂ ਤੋਂ ਉੱਪਰ ਉੱਠ ਕੇ ਪੀੜਤ ਬੱਚੀ ਦੇ ਨਾਲ ਖਲੋਣਾ ਚਾਹੀਦਾ ਹੈ ਤਾਂ ਹੀ ਇਸ ਸੰਘਰਸ਼ ਨੂੰ ਜਿੱਤ ਵਿੱਚ ਬਦਲਿਆ ਜਾ ਸਕਦਾ ਹੈ। 13 ਮਈ ਨੂੰ ਇਕ ਵੱਡਾ ਜਥਾ ਫਾਜ਼ਿਲਕਾ ਤੋਂ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਜਲਾਲਾਬਾਦ, ਪ੍ਰਧਾਨ ਸੁਮਿਤਰਾ, ਮੀਤ ਪ੍ਰਧਾਨ ਹਰਜੀਤ ਦੀ ਅਗਵਾਈ ਵਿੱਚ ਜੰਤਰ ਮੰਤਰ ਵਿਖੇ ਪਹੁੰਚਿਆ। ਇਹਨਾਂ ਤਿੰਨਾਂ ਆਗੂਆਂ ਨੇ ਭਲਵਾਨਾਂ ਦੇ ਹੱਕੀ ਸੰਘਰਸ਼ ਦੀ ਹਮਾਇਤ ਕਰਦਿਆਂ ਪੰਜਾਬ ਇਸਤਰੀ ਸਭਾ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿਵਾਇਆ। ਪੰਜਾਬ ਇਸਤਰੀ ਸਭਾ ਨੇ ਫੈਸਲਾ ਕੀਤਾ ਹੈ ਕਿ ਹਰ ਜ਼ਿਲ੍ਹੇ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਇਸ ਸੰਘਰਸ਼ ਤੋਂ ਜਾਣੂ ਕਰਵਾ ਕੇ ਦਸਤਖਤ ਕਰਵਾਏ ਜਾਣਗੇ ਅਤੇ 20 ਮਈ ਨੂੰ ਹਰ ਜ਼ਿਲ੍ਹੇ ਦੇ ਡੀ.ਸੀ. ਰਾਹੀਂ ਰਾਸ਼ਟਰਪਤੀ ਨੂੰ ਭੇਜੇ ਜਾਣਗੇ।

## ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਡਾ. ਨਵਸ਼ਰਨ ਦੇ ਹੱਕ 'ਚ ਅਵਾਜ਼ ਬੁਲੰਦ ਕਰਨ ਦਾ ਸੱਦਾ

**ਜਲੰਧਰ :** ਜਮਹੂਰੀ ਹੱਕਾਂ ਦੀ ਜੱਦੋ-ਜਹਿਦ ਅਤੇ ਦਿੱਲੀ ਕਿਸਾਨ ਸੰਘਰਸ਼ ਮੌਕੇ ਵਿਸ਼ੇਸ਼ ਕਰਕੇ ਬੁੱਧੀਜੀਵੀਆਂ, ਵਿਗਿਆਨਕ, ਲੋਕ-ਪੱਖੀ ਲਹਿਰ ਅੰਦਰ ਮਾਣਮੱਤੀ ਭੂਮਿਕਾ ਅਦਾ ਕਰਨ ਵਾਲੀ ਵਿਦਵਾਨ ਲੇਖਕ ਅਤੇ ਸਮਾਜਕ ਕਾਰਕੁਨ ਡਾ. ਨਵਸ਼ਰਨ ਨੂੰ ਮੋਦੀ ਹਕੂਮਤ ਦੇ ਇਸ਼ਾਰਿਆਂ 'ਤੇ ਮਾਨਸਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਅਤੇ ਝੂਠੇ ਕੇਸਾਂ 'ਚ ਉਲਝਾਉਣ ਲਈ ਏਜੰਸੀਆਂ ਵੱਲੋਂ ਇੰਟਰੋਗੇਟ ਕਰਨ ਦੀ ਕਾਰਵਾਈ ਦੀ ਦੇਸ਼ ਭਗਤ ਯਾਦਗਾਰ ਕਮੇਟੀ ਨੇ ਤਿੱਖੀ ਆਲੋਚਨਾ ਕੀਤੀ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਿਹਾ ਕਿ ਗ਼ਦਰੀ ਬਾਬਿਆਂ ਦੇ ਮੇਲੇ ਦੀ ਮੁੱਖ ਵਕਤਾ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਸ਼੍ਰੋਮਣੀ ਨਾਟਕਕਾਰ ਗੁਰਸ਼ਰਨ ਸਿੰਘ ਦੀ ਧੀ ਡਾ. ਨਵਸ਼ਰਨ ਸਿੰਘ ਨੂੰ ਮਨਘੜਤ ਕੇਸਾਂ ਵਿੱਚ ਉਲਝਾਉਣ ਲਈ ਰੱਸੇ ਪੈੜੇ ਵੱਟਣਾ, ਵਿਅਕਤੀਗਤ ਜਾਂ ਇੱਕਾ-ਦੁੱਕਾ ਮਾਮਲਾ ਨਹੀਂ, ਇਹ ਤਾਂ ਕੇਂਦਰ ਸਰਕਾਰ ਵੱਲੋਂ ਲੋਕਾਂ ਦੇ ਪੱਖ 'ਚ ਖੜ੍ਹੇ ਹੋਣ ਵਾਲਿਆਂ ਨੂੰ ਚਿਤਾਵਨੀ ਦੇਣਾ ਹੈ ਕਿ ਜੇਕਰ ਕੋਈ ਵੀ ਬੁੱਧੀਮਾਨ ਲੇਖਕ, ਸਾਹਿਤਕਾਰ, ਜਮਹੂਰੀ ਕਾਮਾ ਸਮਾਜਕ ਸਰੋਕਾਰਾਂ ਦੇ ਫ਼ਿਕਰਾਂ ਦੀ ਬਾਂਹ ਫੜਨ ਦੀ ਜੁਰਅਤ ਕਰੇਗਾ ਤਾਂ ਉਹਨੂੰ ਇਸ ਤਰ੍ਹਾਂ ਪ੍ਰੇਸ਼ਾਨ ਕਰਨ ਅਤੇ ਸੀਖ਼ਾਂ ਪਿੱਛੇ ਡੱਕਣ ਦੇ ਧੱਕੜ ਕਦਮ ਚੁੱਕੇ ਜਾਣਗੇ।

ਇਹ ਅਣਕਹੇ ਹੀ ਬੁੱਧੀਜੀਵੀਆਂ ਦੀ ਜ਼ੁਬਾਨਬੰਦੀ ਦਾ ਮਾਹੌਲ ਸਿਰਜਣਾ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਨੇ ਸਮੂਹ ਇਨਸਾਫ਼ਪਸੰਦ, ਜਮਹੂਰੀ, ਲੋਕ-ਹਿਤੈਸ਼ੀ ਸੰਸਥਾਵਾਂ ਅਤੇ ਵਿਅਕਤੀਆਂ ਨੂੰ ਅਪੀਲ ਕੀਤੀ ਹੈ ਕਿ ਜ਼ੋਰਦਾਰ ਆਵਾਜ਼ ਬੁਲੰਦ ਕਰਕੇ ਭਾਜਪਾ ਦੀ ਕੇਂਦਰੀ ਹਕੂਮਤ ਨੂੰ ਸੁਣਾਉਣੀ ਕਰਨੀ ਚਾਹੀਦੀ ਹੈ ਕਿ ਉਹ ਡਾ. ਨਵਸ਼ਰਨ ਨੂੰ ਝੂਠੇ ਕੇਸਾਂ 'ਚ ਫਸਾਉਣ ਤੋਂ ਆਪਣੇ ਹੱਥ ਪਿੱਛੇ ਕਰੇ। ਕਮੇਟੀ ਦਾ ਵਿਚਾਰ ਹੈ ਕਿ 'ਕੱਲੇ 'ਕੱਲੇ ਮਾਰ ਖਾਣ ਦੀ ਬਜਾਏ ਸਭਨਾਂ ਲੋਕ ਹਿਤੈਸ਼ੀ ਸੰਸਥਾਵਾਂ ਨੂੰ ਅਜੇਹੇ ਧੱਕੜ ਕਦਮਾਂ ਖਿਲਾਫ਼ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।

## ਵਿਧਾਇਕ ਦੀ ਅਗਵਾਈ 'ਚ ਜਿੱਤ ਦੀ ਖ਼ੁਸ਼ੀ 'ਚ ਮਾਰਚ ਕੱਢਿਆ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਆਮ ਆਦਮੀ ਪਾਰਟੀ ਦੀ ਜਲੰਧਰ ਜ਼ਿਮਨੀ ਚੋਣ 'ਚ ਹੋਈ ਜਿੱਤ ਦੀ ਖ਼ੁਸ਼ੀ 'ਚ ਆਮ ਆਦਮੀ ਪਾਰਟੀ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਅਗਵਾਈ 'ਚ ਸਮੂਹ ਵਰਕਰਾਂ ਨੇ ਅਨਾਜ ਮੰਡੀ ਮਹਿਲ ਕਲਾਂ ਵਿਖੇ ਇਕੱਠੇ ਹੋ ਕੇ ਵੱਖ ਵੱਖ ਪਿੰਡਾਂ 'ਚ ਜੇਤੂ ਮਾਰਚ ਕਰਦੇ ਹੋਏ ਮੁੱਖ ਦਫ਼ਤਰ ਪੰਡੋਰੀ ਪਹੁੰਚ ਕੇ ਸਮਾਪਤ ਹੋਇਆ, ਜਿੱਥੇ ਪਾਰਟੀ ਦਫ਼ਤਰ ਵਿਖੇ ਮਠਿਆਈ ਵੰਡ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ ਗਿਆ। ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਜਲੰਧਰ ਜ਼ਿਮਨੀ ਚੋਣ 'ਚ ਲੋਕਾਂ ਨੇ ਜੋ ਫ਼ਤਵਾ ਦਿੱਤਾ ਹੈ, ਇਹ ਲੋਕਾਂ ਦੀ ਆਪਣੀ ਜਿੱਤ ਹੈ। ਉਨਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਜਿੱਤ ਸਾਬਿਤ ਕਰਦੀ ਹੈ ਕਿ ਜਦੋਂ ਲੋਕ ਲਹਿਰ ਚੱਲਦੀ ਹੈ ਤਾਂ ਵੱਡੇ ਵੱਡੇ ਥੰਮ੍ਹ ਡਿੱਗ ਜਾਂਦੇ ਹਨ, ਜੋ ਇਸ ਚੋਣ ਨਤੀਜਿਆਂ ਨੇ ਸਾਬਿਤ ਕਰ ਕੇ ਰੱਖ ਦਿੱਤਾ ਹੈ। ਇਸ ਮੌਕੇ ਸਮੁੱਚੇ ਪਾਰਟੀ ਵਰਕਰਾਂ ਨੇ ਜਿੱਤ ਦੀ ਖ਼ੁਸ਼ੀ 'ਚ ਸਮੁੱਚੀ ਲੀਡਰਸ਼ਿਪ ਤੇ ਹਲਕਾ ਵਿਧਾਇਕ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਸਮਾਜ ਸੇਵੀ ਸਰਬਜੀਤ ਸਿੰਘ ਸੰਭੂ, ਆੜ੍ਹਤੀਆ ਗੁਲਬੰਤ ਸਿੰਘ ਔਲਖ, ਭਾਈ ਮਨਜੀਤ ਸਿੰਘ ਸਹਿਜੜਾ, ਗੁਰਦੀਪ ਸਿੰਘ ਸੋਢਾ, ਮਹੰਤ ਸੁਖਵਿੰਦਰ ਦਾਸ, ਅਮਨਦੀਪ ਸਰਮਾ, ਦੀਪੀ ਗੁੰਮਟੀ, ਗੁਰਜੀਤ ਸਿੰਘ ਧਾਲੀਵਾਲ, ਬਲੌਰ ਸਿੰਘ ਤੋਤੀ, ਵਿਜੇ ਕੁਮਾਰ, ਸਤੀਸ਼ ਕੁਮਾਰ, ਹਾਕਮ ਸਿੰਘ ਛੀਨੀਵਾਲ, ਬਿੰਦਰ ਸਿੰਘ ਪੀ ਏ ਆਦਿ ਹਾਜ਼ਰ ਸਨ।

## ਸਰਹਿੰਦ ਫ਼ਤਿਹ ਦਿਵਸ ਦਿਹਾੜਾ ਬਾਬਾ ਬੰਦਾ ਸਿੰਘ ਬਹਾਦਰ ਕਾਨਵੈਂਟ ਸਕੂਲ 'ਚ ਮਨਾਇਆ



ਜਗਰਾਉਂ (ਸੰਜੀਵ ਅਰੋੜਾ)-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਜੋ ਸਿੱਖਿਆ ਦੇ ਨਾਲ-ਨਾਲ ਅਲੱਗ-ਅਲੱਗ ਗਤੀਵਿਧੀਆਂ ਵੀ ਕਰਾਉਂਦੀ ਰਹਿੰਦੀ ਹੈ, ਇਸੇ ਲੜੀ ਤਹਿਤ ਸਕੂਲ ਵਿਖੇ ਸਰਹਿੰਦ ਫ਼ਤਿਹ ਦਿਵਸ ਦਾ ਇਤਿਹਾਸਕ ਦਿਹਾੜਾ ਮਨਾਇਆ ਗਿਆ, ਜਿਸ 'ਚ ਮੈਨੇਜਮੈਂਟ, ਪ੍ਰਿੰਸੀਪਲ ਮੈਡਮ ਤੇ ਅਧਿਆਪਕ ਅਤੇ ਬੱਚੇ ਅਰਦਾਸ ਵਿੱਚ ਸ਼ਾਮਲ ਹੋਏ। ਸਕੂਲ ਮੈਨੇਜਮੈਂਟ ਨੇ ਬੱਚਿਆਂ ਨੂੰ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਮਗਲਾਂ ਦੇ 700 ਸਾਲਾ ਦੇ ਰਾਜ ਦਾ ਖਾਤਮਾ 2 ਸਾਲ ਅੰਦਰ ਕਰਕੇ ਪਹਿਲੇ ਸਿੱਖ ਲੋਕ ਰਾਜ ਦੀ ਨੀਂਹ 12 ਮਈ 1710 ਨੂੰ ਰੱਖੀ ਅਤੇ 14 ਮਈ ਨੂੰ ਸਰਹਿੰਦ ਤੇ ਫਤਿਹ ਦਾ ਝੰਡਾ ਲਹਿਰਾਇਆ। ਉਨ੍ਹਾਂ ਦੱਸਿਆ ਕਿ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਇਸ ਧਰਤੀ ਤੇ ਜ਼ਬਰ ਜ਼ੁਲਮ ਹੋਇਆ, ਉਦੋਂ ਹੀ ਉਸ ਨੂੰ ਮਿਟਾਉਣ ਲਈ ਕੋਈ ਨਾ ਕੋਈ ਸੂਰਵੀਰ ਅੱਗੇ ਆਇਆ। ਉਨ੍ਹਾਂ ਨੇ ਸਮੁੱਚੀ ਮਾਨਵਤਾ ਦੇ ਭਲੇ ਦੀ ਗੱਲ ਕੀਤੀ। ਉਨ੍ਹਾਂ ਨੇ ਦੱਸਿਆ ਕਿ ਜ਼ੁਲਮ ਕਰਨਾ ਤੇ ਸਹਿਣਾ ਦੋਨੋਂ ਹੀ ਪਾਪ ਹਨ। ਇਸ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਅਰਦਾਸ ਉੱਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵੀ ਵਰਤਾਈ ਗਈ। ਇਸ ਸਮੇਂ ਸਕੂਲ ਦੇ ਮੈਨੇਜਮੈਂਟ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਡੀ ਏ ਵੀ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਸਮਾਣਾ (ਇਕਬਾਲ ਸਿੰਘ ਬੱਲ)-ਸੀ.ਬੀ.ਐੱਸ.ਈ.ਦਾ ਬਾਰ੍ਹਵੀਂ ਜਮਾਤ ਦਾ ਸਾਲਾਨਾ ਪ੍ਰੀਖਿਆ ਨਤੀਜਾ ਐਲਾਨਿਆ ਗਿਆ, ਜਿਸ ਦੇ ਅੰਤਰਗਤ ਡੀ.ਏ.ਵੀ.ਪਬਲਿਕ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਦੇ ਬਾਰ੍ਹਵੀਂ ਜਮਾਤ ਕਾਮਰਸ ਦੇ ਕੁੱਲ 41 ਬੱਚਿਆਂ ਨੇ ਪੇਪਰ ਦਿੱਤੇ। ਕਾਮਰਸ ਦੇ 6 ਬੱਚਿਆਂ ਨੇ 90%, 8 ਬੱਚਿਆਂ ਨੇ 80% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ। ਕਾਮਰਸ ਵਿੱਚ ਮੰਨਤ 91.4% ਅੰਕਾਂ ਨਾਲ ਪਹਿਲੇ ਸਥਾਨ, ਅਨਮੋਲ ਗਿੱਲ ਤੇ ਨਿਹਚਲਪ੍ਰੀਤ ਕੌਰ 91.2% ਨਾਲ ਦੂਜੇ ਸਥਾਨ ਅਤੇ ਅਨੀਰੁੱਧ 91% ਨਾਲ ਤੀਜੇ ਸਥਾਨ 'ਤੇ ਰਹੇ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਮੋਹਨ ਲਾਲ ਸ਼ਰਮਾ ਜੀ ਨੇ ਸਭ ਬੱਚਿਆਂ ਨੂੰ ਉਨ੍ਹਾਂ ਦੁਆਰਾ ਕੀਤੀ ਮਿਹਨਤ ਲਈ ਸ਼ਾਬਾਸ਼ੀ ਦਿੱਤੀ ਤੇ ਕਿਹਾ ਕਿ ਡੀ.ਏ.ਵੀ. ਸਕੂਲ ਸਮਾਣਾ ਦੇ ਵਿਦਿਆਰਥੀ ਆਪਣੀ ਉੱਤਮ ਕਾਰਗੁਜ਼ਾਰੀ ਸਦਕਾ ਇਲਾਕੇ ਭਰ ਵਿਚ ਵੱਖਰੀ ਪਛਾਣ ਰੱਖਦੇ ਹਨ।

## ਵਿਧਾਇਕ ਦੇਵ ਮਾਨ ਨੇ ਐੱਸ ਡੀ ਐੱਮ ਦਫਤਰ ਦੀ ਕੀਤੀ ਚੈਕਿੰਗ



ਨਾਭਾ (ਵਰਿੰਦਰ ਵਰਮਾ)-ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਦਫ਼ਤਰਾਂ ਦਾ ਸਮਾਂ 2 ਮਈ ਤੋਂ ਸਵੇਰੇ 7:30 ਵਜੇ ਦਾ ਕਰ ਦਿੱਤਾ ਗਿਆ ਹੈ, ਪਰ ਐਸ ਡੀ ਐਮ ਦਫਤਰ ਦੇ ਬਾਹਰ ਹਲਕਾ ਵਿਧਾਇਕ ਗੁਰਦੇਵ ਮਾਨ ਨੇ ਸਵੇਰੇ ਸੱਤ ਵਜੇ ਹੀ ਆਪਣੀ ਕੁਰਸੀ 'ਤੇ ਬਾਹਰ ਹੀ ਬੈਠ ਗਏ। ਵਿਧਾਇਕ ਵੱਲੋਂ ਸਾਰੇ ਦਫ਼ਤਰਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਵਿੱਚ ਨਾਇਬ ਤਹਿਸੀਲਦਾਰ, ਤਹਿਸੀਲਦਾਰ ਫਰਦ ਕੇਂਦਰ ਪੀ ਡਬਲਿਊ ਡੀ ਵਿਭਾਗ ਤੋਂ ਇਲਾਵਾ ਹੋਰ ਸਰਕਾਰੀ ਦਫ਼ਤਰਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਦਿੱਤੇ ਗਏ ਹੁਕਮਾਂ ਦੀ ਪਾਲਣਾ ਜ਼ਰੂਰ ਝਲਕਦੀ ਨਜ਼ਰ ਆਈ। ਵਿਧਾਇਕ ਵੱਲੋਂ ਦਫ਼ਤਰਾਂ ਵਿੱਚ ਕੰਮ ਕਰਾਉਣ ਆਏ ਲੋਕਾਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ ਗਿਆ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਤਕਰੀਬਨ ਸਾਰੇ ਅਫ਼ਸਰ ਟਾਇਮ ਦੇ ਪਾਬੰਦ ਹਨ। ਉਨ੍ਹਾਂ ਕਿਹਾ ਕਿ ਮੈਂ ਇਸ ਗੱਲ ਦੀ ਸ਼ਲਾਘਾ ਕਰਦਾ ਹਾਂ। ਪੰਜਾਬ ਸਰਕਾਰ ਵੱਲੋਂ ਸਿਰਫ ਝੋਨੇ ਦੇ ਸੀਜ਼ਨ ਸਬੰਧੀ ਹੀ ਸਮਾਂ ਬਦਲਿਆ ਗਿਆ ਹੈ, ਜਿਸ ਨਾਲ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਵੱਡੀ ਬੱਚਤ ਹੋ ਸਕੇਗੀ। ਇਸ ਮੌਕੇ ਤਰਸੇਮ ਚੰਦ ਐਸ ਡੀ ਐਮ ਵੀ ਮੌਜੂਦ ਸਨ।

## 53 ਲੋੜਵੰਦ ਪਰਵਾਰਾਂ ਨੂੰ ਦਿੱਤੇ ਆਰਥਕ ਸਹਾਇਤਾ ਦੇ ਚੈੱਕ



ਮੱਖੂ (ਰਫਪਾਲ ਸਿੰਘ ਸੰਧੂ)-ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸਮਾਜ ਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅੰਤਰਰਾਸ਼ਟਰੀ ਮਾਂ ਦਿਵਸ ਮੌਕੇ ਗੁਰਦੁਆਰਾ ਸਾਹਿਬ ਬਾਬਾ ਬਾਠਾਂ ਵਾਲਾ ਵਿਖੇ ਕਰਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਇਲਾਕੇ ਨਾਲ ਸਬੰਧਤ 53 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਮੈਡਮ ਅਮਰਜੀਤ ਕੌਰ ਛਾਬੜਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ, ਪ੍ਰਧਾਨ ਦਵਿੰਦਰ ਸਿੰਘ ਛਾਬੜਾ ਤੇ ਹੋਰ ਮੈਂਬਰਾਂ ਵੱਲੋਂ ਵੰਡੇ ਗਏ। ਸੰਸਥਾ ਦੀ ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ ਤੇ ਮੱਖੂ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਐਸਪੀ ਸਿੰਘ ਓਬਰਾਏ ਅਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਵੱਲੋਂ ਮਿਲੇ ਆਦੇਸ਼ਾਂ 'ਤੇ ਅੰਤਰਰਾਸ਼ਟਰੀ ਮਾਂ ਦਿਵਸ ਮੌਕੇ ਇਲਾਕੇ ਨਾਲ ਸਬੰਧਤ 53 ਲੋੜਵੰਦਾਂ, ਅੰਗਹੀਣਾਂ ਤੇ ਵਿਧਵਾਵਾਂ ਨੂੰ ਮਹੀਨਾਵਾਰ ਪੈਨਸ਼ਨਾਂ ਵੰਡੀਆਂ ਗਈਆਂ ਹਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਬਹਾਦਰ ਸਿੰਘ ਭੁੱਲਰ, ਦਵਿੰਦਰ ਸਿੰਘ ਛਾਬੜਾ, ਕਿਰਨ ਪੇਂਟਰ, ਕੰਪਿਊਟਰ ਟੀਚਰ ਮਨਪ੍ਰੀਤ ਸਿੰਘ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਅਲਪਾਈਨ ਵੈਲੀ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



ਮਾਨਸਾ (ਮੁਨੀਸ਼ ਕੁਮਾਰ)-ਸੀ ਬੀ ਐੱਸ ਈ ਬੋਰਡ ਵੱਲੋਂ ਦਸਵੀਂ ਤੇ ਬਾਰ੍ਹਵੀਂ ਦੇ ਐਲਾਨੇ ਗਏ ਨਤੀਜਿਆਂ 'ਚ ਅਲਪਾਈਨ ਵੈਲੀ ਪਬਲਿਕ ਸਕੂਲ ਅਕਲੀਆ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ। ਦਸਵੀਂ ਕਲਾਸ ਵਿੱਚ ਖੁਸ਼ਮੀਨ ਕੌਰ ਨੇ 86.6% ਅੰਕ ਲੈ ਕੇ ਕਲਾਸ ਵਿੱਚੋਂ ਪਹਿਲਾ, ਅਮਨਦੀਪ ਕੌਰ ਨੇ 85.2% ਅੰਕਾਂ ਨਾਲ ਦੂਸਰਾ ਤੇ ਰੁਪਿੰਦਰ ਕੌਰ ਨੇ 80% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬਾਰ੍ਹਵੀਂ ਜਮਾਤ ਵਿੱਚ ਹਰਨੂਰ ਕੌਰ ਨੇ ਨਾਨ-ਮੈਡੀਕਲ ਸਟਰੀਮ ਵਿੱਚ 80% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਸਾਹਿਲਪ੍ਰੀਤ ਕੌਰ ਨੇ ਦੂਸਰਾ ਤੇ ਗੁਨਤਾਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਵਿਕਾਸ ਸ਼ਰਮਾ ਨੇ ਬੱਚਿਆਂ ਤੇ ਸਮੂਹ ਮਾਪਿਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਮਿਹਨਤ ਕਰਕੇ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸੰਸਥਾ ਦੇ ਪ੍ਰਧਾਨ ਗੁਰਤਰਸੇਮ ਸਿੰਘ, ਮੈਨੇਜਰ ਲੱਖਾ ਸਿੰਘ, ਡਾਇਰੈਕਟਰ ਮੈਡਮ ਮਨਪ੍ਰੀਤ ਕੌਰ ਨੇ ਦਸਵੀਂ ਤੇ ਬਾਰ੍ਹਵੀਂ ਦੇ ਸ਼ਾਨਦਾਰ ਨਤੀਜੇ ਦੀ ਖ਼ੁਸ਼ੀ ਬੱਚਿਆਂ, ਮਾਪਿਆਂ ਤੇ ਸਮੂਹ ਅਧਿਆਪਕ ਸਾਹਿਬਾਨ ਨਾਲ ਸਾਂਝੀ ਕੀਤੀ ਅਤੇ ਭਵਿੱਖ 'ਚ ਹੋਰ ਕੜੀ (ਸਖਤ) ਮਿਹਨਤ ਕਰਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਬਿਜਲੀ ਦਰਾਂ 'ਚ ਕੀਤਾ ਵਾਧਾ ਮੰਦਭਾਗਾ : ਰਾਕੇਸ਼ ਜੈਨ



ਬਰੇਟਾ (ਰੀਤਵਾਲ)-ਜਲੰਧਰ ਉੱਪ-ਚੋਣ ਜਿੱਤਣ ਉਪਰੰਤ ਹੀ ਪੰਜਾਬ ਸਰਕਾਰ ਵੱਲੋਂ ਬਿਜਲੀ ਦੀਆਂ ਦਰਾਂ 'ਚ ਕੀਤਾ ਵਾਧਾ ਬਹੁਤ ਹੀ ਮੰਦਭਾਗਾ ਹੈ, ਜਿਸ ਦੀ ਭਾਰਤੀ ਜਨਤਾ ਪਾਰਟੀ ਪੁਰਜ਼ੋਰ ਸ਼ਬਦਾਂ 'ਚ ਨਿੰਦਾ ਕਰਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜੈਨ ਨੇ ਮੰਡਲ ਪ੍ਰਧਾਨ ਗਗਨਦੀਪ ਸ਼ਰਮਾ ਦੇ ਦਫਤਰ ਵਿਖੇ ਵਰਕਰ ਮਿਲਣੀ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਚੋਣਾਂ 'ਚ ਆਮ ਆਦਮੀ ਪਾਰਟੀ ਨੇ ਝੂਠ ਬੋਲ ਕੇ ਪ੍ਰਚਾਰ ਕੀਤਾ ਕਿ ਸਰਕਾਰ ਵੱਲੋਂ ਬਿਜਲੀ ਮੁਆਫ ਕੀਤੀ ਗਈ, ਪਰ ਅਸਿੱਧੇ ਤੌਰ 'ਤੇ ਬਿਜਲੀ ਦੀਆਂ ਵਧਾ ਲੋਕਾਂ 'ਤੇ ਹੀ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਵਾਧਾ ਵਾਪਸ ਨਾ ਲਿਆ ਗਿਆ ਤਾਂ ਪਾਰਟੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਕਾਲੀ, ਸੂਬੇਦਾਰ ਭੋਲਾ ਸਿੰਘ, ਦਲਜੀਤ ਸਿੰਘ ਦਰਸ਼ੀ, ਰਜਿੰਦਰ ਕੁਮਾਰ ਰਾਜੀ ਤੇ ਨਰਿੰਦਰ ਕੁਮਾਰ ਹਾਜ਼ਰ ਸਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 94 ਲੋੜਵੰਦਾਂ ਨੂੰ ਪੈਨਸ਼ਨ ਦੇ ਚੈੱਕ ਵੰਡੇ

**■ 4 ਲੋੜਵੰਦਾਂ ਨੂੰ ਡਾਕਟਰੀ ਸਹਾਇਤਾ ਦੇ ਦਿੱਤੇ ਚੈੱਕ**



ਸੰਗਰੂਰ (ਪ੍ਰਵੀਨ ਸਿੰਘ)-ਡਾ. (ਪ੍ਰੋ) ਐੱਸ. ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਹਰਮਨ ਹੋਟਲ ਵਿਖੇ ਸਮਾਗਮ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਟਰੱਸਟ ਦੇ ਸੀਨੀਅਰ ਮੈਂਬਰ ਕੁਲਵੰਤ ਸਿੰਘ ਬਾਜਵਾ ਵੱਲੋਂ ਕੀਤੀ ਗਈ। ਇਸ ਦੌਰਾਨ 94 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਦਿੱਤੇ ਗਏ। ਇਸ ਸਮੇਂ ਟਰੱਸਟ ਵੱਲੋਂ 4 ਮੈਡੀਕਲ ਚੈੱਕ ਵੀ ਲੋੜਵੰਦਾਂ ਨੂੰ ਦਿੱਤੇ ਗਏ। ਜ਼ਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਨੇ ਪੈਨਸ਼ਨ ਵੰਡ ਸਮਾਰੋਹ ਸਮੇਂ ਮੋਬਾਇਲ ਸੁਨੇਹੇ ਰਾਹੀਂ ਕਿਹਾ ਕਿ ਡਾ. ਐੱਸ. ਪੀ. ਸਿੰਘ ਓਬਰਾਏ ਆਪਣੀ ਆਮਦਨ ਦਾ 98 ਸਮਾਜ ਸੇਵਾ ਦੇ ਕੰਮਾਂ ਵਿੱਚ ਖਰਚ ਕਰ ਦਿੰਦੇ ਹਨ। ਬਹੁਤ ਸਾਰੇ ਲੋੜਵੰਦ ਜਿਹੜੇ ਚੈੱਕ ਖੁਦ ਲੈਣ ਨਹੀਂ ਆ ਸਕਦੇ, ਉਨ੍ਹਾਂ ਦੇ ਚੈੱਕ ਉਨ੍ਹਾਂ ਦੇ ਬੈਂਕਾਂ ਰਾਹੀਂ ਉਨ੍ਹਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਾ ਦਿੱਤੇ ਜਾਂਦੇ ਹਨ। ਉਨ੍ਹਾ ਦੱਸਿਆ ਕਿ ਬਹੁਤ ਸਾਰੇ ਪਿੰਡਾਂ ਵਿੱਚ ਪੇਂਡੂ ਮੁੰਡੇ ਤੇ ਕੁੜੀਆਂ ਨੂੰ ਸਮੇਂ ਦੇ ਹਾਣੀ ਤੇ ਰੁਜ਼ਗਾਰ ਦੇ ਯੋਗ ਬਣਾਉਣ ਲਈ ਕੰਪਿਊਟਰ ਸੈਂਟਰ ਵੀ ਚਲਾਏ ਜਾ ਰਹੇ ਹਨ ਤੇ ਕੁਝ ਪਿੰਡਾਂ 'ਚ ਸਿਲਾਈ ਸੈਂਟਰ ਵੀ ਚਾਲੂ ਕੀਤੇ ਗਏ ਹਨ। ਫਤਿਹ ਪ੍ਰਭਾਕਰ ਜ਼ਿਲ੍ਹਾ ਟੀਮ ਟਰੱਸਟ ਦੇ ਮੈਂਬਰ ਨੇ ਦੱਸਿਆ ਕਿ ਪਿੰਡ ਚੱਠੇ ਸੇਖਵਾਂ ਵਿਖੇ ਲੋੜਵੰਦ ਪਰਿਵਾਰ ਦਾ ਰਿਹਾਇਸ਼ੀ ਘਰ ਦੀ ਉਸਾਰੀ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ, ਜੋ ਜਲਦੀ ਹੀ ਮੁਕੰਮਲ ਹੋ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸੁਖਮਿੰਦਰ ਸ਼ਰਮਾ, ਹਰਮੇਲ ਸਿੰਘ ਲੱਡਾ, ਮੈਡਮ ਸੰਤੋਖ ਕੌਰ ਟਰੱਸਟ, ਗਿਆਨੀ ਹਰੀਸ਼ ਅਰੋੜਾ, ਓਮ ਪ੍ਰਕਾਸ਼ ਗਰੋਵਰ ਟਰੱਸਟ ਦੇ ਮੈਂਬਰ ਹਾਜ਼ਰ ਸਨ।

# ਮਾਂ ਨੇ ਪੁੱਤ ਦੇ ਜਨਮ ਦਿਨ ਮੌਕੇ ਕੀਤਾ 36ਵੀਂ ਵਾਰੀ ਖ਼ੂਨ ਦਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਸਿਹਤ ਵਿਭਾਗ ਵਿੱਚ ਬਤੌਰ ਸਿਹਤ ਕਰਮਚਾਰੀ ਸੇਵਾ ਨਿਭਾਅ ਰਹੇ ਸੁੱਖਪ੍ਰੀਤਪਾਲ ਕੌਰ ਨੇ ਆਪਣੇ ਬੇਟੇ ਅਨਮੋਲ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਸਰਕਾਰੀ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਦੇ ਬਲੱਡ ਬੈਂਕ ਵਿੱਚ 36ਵੀਂ ਵਾਰੀ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਭਾਵਨਾ ਦੀ ਮਿਸਾਲ ਕਾਇਮ ਕੀਤੀ। ਇਸ ਸਮੇਂ ਸਮਾਜ ਸੇਵੀ ਲਾਲ ਚੰਦ ਰੁਪਾਣਾ ਨੇ ਕਿਹਾ ਕਿ ਥੈਲੇਸੀਮੀਆ ਪੀੜਤ ਮਰੀਜ਼ਾਂ ਲਈ ਖ਼ੂਨ ਦੀ ਬਹੁਤ ਜ਼ਰੂਰਤ ਹੁੰਦੀ ਹੈ ਤੇ ਉਨ੍ਹਾਂ ਨੂੰ ਥੋੜ੍ਹੇ ਸਮੇਂ ਬਾਅਦ ਹੀ ਬਲੱਡ ਲਗਾਉਣਾ ਪੈਂਦਾ ਹੈ। ਇਸ ਲਈ ਸਾਨੂੰ ਸਭ ਨੂੰ ਸਮੇਂ ਸਮੇਂ 'ਤੇ ਖ਼ੂਨ ਦਾਨ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲ ਸਕੇ। ਉਨ੍ਹਾ ਕਿਹਾ ਕਿ ਇੱਕ ਯੂਨਿਟ ਖ਼ੂਨ ਚਾਰ ਜ਼ਿੰਦਗੀਆਂ ਬਚਾ ਸਕਦਾ ਹੈ। ਇਸ ਮੌਕੇ ਬਲੱਡ ਬੈਂਕ ਦੀ ਟੀਮ ਨੇ ਸ੍ਰੀਮਤੀ ਸੁੱਖਪ੍ਰੀਤਪਾਲ ਕੌਰ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਤੇ ਵਧਾਈ ਦਿੱਤੀ। ਇਸ ਮੌਕੇ ਡਾ. ਅਮਨਿੰਦਰ ਸਿੰਘ ਪਥਾਲੋਜਿਸਟ, ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫਸਰ, ਸ਼ਿਵਪਾਲ, ਗੁਰਮੀਤ ਸਿੰਘ, ਸੁੱਖਪ੍ਰੀਤਪਾਲ ਕੌਰ ਦੇ ਪਤੀ ਸਤਪਾਲ ਸਿੰਘ, ਬਲੱਡ ਬੈਂਕ ਦੀ ਟੀਮ ਦੇ ਮੈਂਬਰ ਹਾਜ਼ਰ ਸਨ।

# ਫਰੀਡਮ ਫਾਈਟਰ ਉੱਤਰਾਅਧਿਕਾਰੀ ਜਥੇਬੰਦੀ ਦੀ ਮੀਟਿੰਗ



ਮਲੋਟ (ਗੁਰਮੀਤ ਸਿੰਘ ਮੱਕੜ) ਫਰੀਡਮ ਫਾਈਟਰ ਉੱਤਰਾਅਧਿਕਾਰੀ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਯੋਗ ਅਗਵਾਈ ਹੇਠ ਡੀ. ਸੀ. ਦਫਤਰ ਦੇ ਮੀਟਿੰਗ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈ, ਇਸ ਮੀਟਿੰਗ ਵਿੱਚ ਚੇਤਿੰਨ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ ਤੇ ਪਿਆਰਾ ਸਿੰਘ ਜਰਨਲ ਸਕੱਤਰ ਜ਼ਿਲ੍ਹਾ ਮਾਨਸਾ ਤੇ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਰਨਾਲਾ ਨੇ ਸ਼ਮੂਲੀਅਤ ਕੀਤੀ ਤੇ ਦੇਸ਼ ਭਗਤ ਪਰਿਵਾਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਵਿਚਾਰ ਵਟਾਂਦਰਾ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦੇ ਜ਼ਿਲ੍ਹਾ ਪ੍ਰਧਾਨ ਮਲੋਟ ਨੇ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਸ਼ਹੀਦਾਂ ਦੇ ਬੁੱਤਾਂ ਨੂੰ ਪੂਜਣ ਤੱਕ ਹੀ ਸੀਮਿਤ ਹਨ, ਕਿਉਂਕਿ ਬੁੱਤ ਬੋਲਦੇ ਨਹੀਂ ਤੇ ਨਾ ਕੁੱਝ ਮੰਗਦੇ ਹਨ। ਉਨ੍ਹਾਂ ਮਾਨ ਸਰਕਾਰ 'ਤੇ ਵਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਆਪਣਾ ਕਾਰਜ ਕਾਲ ਸੰਭਾਲਣ ਤੋਂ ਪਹਿਲਾਂ ਸ਼ਹੀਦ ਭਗਤ ਸਿੰਘ ਦੇ ਪਿੰਡ ਤੋਂ ਸਹੁੰ ਚੁੱਕ ਕੇ ਸ਼ੁਰੂ ਕੀਤਾ ਸੀ, ਪ੍ਰੰਤੂ ਮਾਨ ਸਰਕਾਰ ਨੇ ਦੇਸ਼ ਭਗਤ ਪਰਿਵਾਰਾਂ ਨਾਲ ਮੀਟਿੰਗ ਕਰਨ ਤੋਂ ਪਾਸਾ ਵੱਟਿਆ ਹੈ।

ਚੇਤਿੰਨ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ ਤੇ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਰਨਾਲਾ ਨੇ ਸਰਕਾਰ 'ਤੇ ਰੋਸ ਕਰਦਿਆਂ ਕਿਹਾ ਕਿ ਜੇਕਰ ਥੋੜ੍ਹੇ ਸਮੇਂ ਵਿੱਚ ਮੁੱਖ ਮੰਤਰੀ ਨਾਲ ਮੀਟਿੰਗ ਨਾ ਹੋਈ ਤਾਂ ਸੂਬਾ ਜਥੇਬੰਦੀ ਦੇਸ਼ ਭਗਤ ਪਰਿਵਾਰਾਂ ਨੂੰ ਲਾਮਬੰਦ ਕਰਕੇ ਕੋਈ ਵੱਡਾ ਸੰਘਰਸ਼ ਵਿੱਢਣ ਦੀ ਤਿਆਰੀ ਕਰੇਗੀ। ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ ਨੇ ਬਾਹਰਲੇ ਜ਼ਿਲ੍ਹੇ ਵਿੱਚੋਂ ਆਏ ਆਗੂਆਂ ਦਾ ਧੰਨਵਾਦ ਕੀਤਾ। ਇਸ ਮੀਟਿੰਗ ਵਿੱਚ ਰਾਮ ਸਿੰਘ ਮਿੱਡਾ ਸੀਨੀਆਰ ਮੀਤ ਪ੍ਰਧਾਨ, ਜਰਨਲ ਸਕੱਤਰ ਬਲਜਿੰਦਰ ਸਿੰਘ ਮਧੀਰ, ਸਕੱਤਰ ਸੁਭਾਸ਼ ਬੱਬਰ, ਜ਼ਿਲ੍ਹਾ ਖਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਦਫਤਰ ਇੰਚਾਰਜ ਅਮਰਜੀਤ ਸਿੰਘ ਬਾਵਾ, ਸਟੇਟ ਬਾਡੀ ਮੈਂਬਰ ਨਾਜ਼ਮ ਸਿੰਘ ਮਧੀਰ, ਮੁਖਤਿਆਰ ਸਿੰਘ, ਰੇਸ਼ਮ ਸਿੰਘ, ਅਜਮੇਰ ਸਿੰਘ, ਪਰਮਜੀਤ ਸਿੰਘ ਮਲੋਟ, ਕਿਰਪਾਲ ਸਿੰਘ, ਜਸਕਰਨ ਸਿੰਘ ਜੱਸੇਆਣਾ, ਜਗਪ੍ਰੀਤ ਸਿੰਘ, ਕੁਲਦੀਪ ਸਿੰਘ ਫਰੀਦਕੋਟ, ਜਗਸੀਰ ਸਿੰਘ, ਗੁਰਦੀਪ ਸਿੰਘ, ਨਰਿੰਦਰ ਸਿੰਘ ਝੋਰੜ, ਬਲਵਿੰਦਰ ਕੌਰ ਮਿੱਡਾ, ਮਨਜੀਤ ਕੌਰ ਆਦਿ ਹਾਜ਼ਰ ਸਨ।

# ਤਰਕਸ਼ੀਲਾਂ ਨੇ ਕਰਾਇਆ ਸਿੱਖਿਆਦਾਇਕ ਪ੍ਰੋਗਰਾਮ



ਸੰਗਰੂਰ (ਪ੍ਰਵੀਨ ਸਿੰਘ)-ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਸੰਗਰੂਰ-ਬਰਨਾਲਾ ਦੇ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਮੀਡੀਆ ਮੁਖੀ ਸੀਤਾ ਰਾਮ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਭਵਾਨੀਗੜ੍ਹ ਵਿਖੇ ਇਕਾਈ ਬਣਾਉਣ ਲਈ ਸੁਹਿਰਦ ਯਤਨ ਜਾਰੀ ਹਨ। ਭਵਾਨੀਗੜ੍ਹ ਦੇ ਤਰਕਸ਼ੀਲ ਸਾਥੀਆਂ ਦੇ ਯਤਨਾਂ ਵਿੱਚ ਮਿਹਨਤ, ਲਗਨ ਤੇ ਪ੍ਰਤੀਬੱਧਤਾ ਝਲਕਦੀ ਹੈ। ਸਿੱਟੇ ਵਜੋਂ ਉਨ੍ਹਾਂ ਆਪਣੀ ਮੀਟਿੰਗ ਤੋਂ ਪਹਿਲਾਂ ਪਹਿਲੇ ਦਿਨ ਹੀ ਭਵਾਨੀਗੜ੍ਹ ਪੰਕਜ ਦੇ ਘਰ ਵਿਖੇ ਵਿਦਿਆਰਥੀਆਂ ਲਈ ਤਰਕਸ਼ੀਲ ਪ੍ਰੋਗਰਾਮ ਕਰਾਇਆ। ਹਰਪ੍ਰੀਤ ਦਾਸ ਝਨੇੜੀ, ਸੀਤਾ ਰਾਮ, ਜਸਦੇਵ ਸਿੰਘ, ਰਘਵੀਰ ਸਿੰਘ ਤੇ ਮਾਸਟਰ ਪਰਮਵੇਦ ਨੇ ਹਾਜ਼ਰੀਨ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿੱਚ ਨਿਕਲਣ ਤੇ ਆਪਣਾ ਸੋਚਣ ਢੰਗ ਵਿਗਿਆਨਕ ਬਣਾਉਣ ਦਾ ਭਾਵਪੂਰਤ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਦੁਨੀਆ ਵਿੱਚ ਘਟਨਾਵਾਂ ਵਾਪਰਦੀਆਂ ਹਨ, ਉਨ੍ਹਾਂ ਦੇ ਕਾਰਨ ਜਾਨਣਾ ਹੀ ਤਰਕਸ਼ੀਲਤਾ/ਵਿਗਿਆਨਕ ਸੋਚ ਹੈ। ਉਨ੍ਹਾਂ ਹਾਜ਼ਰ ਵਿਦਿਆਰਥੀਆਂ ਨੂੰ ਅਗਸਤ ਮਹੀਨੇ ਤਰਕਸ਼ੀਲ ਸੁਸਾਇਟੀ ਵੱਲੋਂ ਕਰਾਈ ਜਾ ਰਹੀ ਪੰਜਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਬਾਰੇ ਵੀ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ 6 ਵੀਂ ਤੋਂ 12 ਵੀਂ ਦੇ ਬੱਚੇ ਭਾਗ ਲੈਣ ਸਕਦੇ। ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਤੇ ਪੜ੍ਹਨ ਸਮੱਗਰੀ ਨਾਲ ਸਨਮਾਨਤ ਕੀਤਾ ਜਾਵੇਗਾ। ਸਰਟੀਫਿਕੇਟ ਭਾਗ ਲੈਣ ਵਾਲੇ ਹਰ ਬੱਚੇ ਨੂੰ ਦਿੱਤੇ ਜਾਣਗੇ। ਇਸ ਸਮੇਂ ਜਗਦੇਵ ਕਮੋਮਾਜਰਾ ਨੇ ਜਾਦੂ ਸ਼ੋਅ ਪੇਸ਼ ਕੀਤਾ ਤੇ ਵਿਗਿਆਨਕ ਵਿਚਾਰਾਂ ਦੀ ਜਾਗ ਲਾਈ। ਉਨ੍ਹਾਂ ਕਿਹਾ ਕਿ ਜਾਦੂ ਕਰਾਮਾਤ ਨਾ ਹੋ ਕੇ ਇੱਕ ਕਲਾ ਹੈ, ਹੱਥ ਦੀ ਸਫ਼ਾਈ ਹੈ। ਇਸ ਸਮੇਂ ਵਿਦਿਆਰਥੀਆਂ ਨੂੰ ਤਰਕਸ਼ੀਲ ਸਾਹਿਤ ਵੀ ਵੰਡਿਆ ਗਿਆ। ਤਰਕਸ਼ੀਲ ਮੈਗਜ਼ੀਨ ਵੀ ਦਿੱਤੇ ਗਏ। ਮੀਟਿੰਗ ਵਿੱਚ ਹਰਪ੍ਰੀਤ ਦਾਸ, ਰਮੇਸ਼ ਕੁਮਾਰ, ਮਾਸਟਰ ਰਘਵੀਰ ਸਿੰਘ, ਦੀਪਕ ਕੁਮਾਰ, ਇੰਦਰਜੀਤ ਸਿੰਘ, ਕਰਮਜੀਤ ਨਦਾਮਪੁਰ, ਕੁਲਵੰਤ ਸਿੰਘ, ਜਸਵਿੰਦਰ ਸਿੰਘ, ਚਰਨ ਸਿੰਘ ਤੇ ਪੰਕਜ ਕੁਮਾਰ ਨੇ ਸ਼ਮੂਲੀਅਤ ਕੀਤੀ।

# ਲੋੜਵੰਦਾਂ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ : ਦਹੀਆ

**■ 250 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ**



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਬਾਜੀਦਪੁਰ ਵੈਲਫੇਅਰ ਸੁਸਾਇਟੀ ਵੱਲੋਂ ਲਾਈਨਜ਼ ਆਈ ਕੇਅਰ ਸੈਂਟਰ ਜੈਤੋ ਦੇ ਸਹਿਯੋਗ ਨਾਲ ਸ੍ਰੀ ਦੁਰਗਾ ਮੰਦਰ ਵਿਖੇ ਅੱਖਾਂ ਦੇ 6ਵੇਂ ਮੁਫ਼ਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਨੇ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਧਾਇਕ ਰਜਨੀਸ਼ ਦਹੀਆ ਨੇ ਬਾਜੀਦਪੁਰ ਵੈਲਫੇਅਰ ਸੁਸਾਇਟੀ ਤੇ ਲਾਈਨਜ਼ ਆਈ ਕੇਅਰ ਸੈਂਟਰ ਜੈਤੋਂ ਵੱਲੋਂ ਮਨੁੱਖਤਾ ਦੀ ਭਲਾਈ ਲਈ ਲਾਏ ਗਏ ਅੱਖਾਂ ਦੇ ਜਾਂਚ ਕੈਂਪ ਦੇ ਕੰਮ ਦੀ ਪ੍ਰਸੰਸਾ ਕੀਤੀ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ਤੇ ਸਾਨੂੰ ਸਾਰਿਆਂ ਨੂੰ ਲੋਕ ਭਲਾਈ ਦੇ ਕੰਮਾਂ ਅਤੇ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਲਾਈਨਜ਼ ਆਈ ਕੇਅਰ ਸੈਂਟਰ ਜੈਤੋ ਦੇ ਚੇਅਰਮੈਨ ਨਰੇਸ਼ ਮਿੱਤਲ ਤੇ ਵਜੀਦਪੁਰ ਵੈਲਫੇਅਰ ਕਲੱਬ ਦੇ ਪ੍ਰਧਾਨ ਸੁਭਾਸ਼ ਸ਼ਰਮਾ ਨੇ ਦੱਸਿਆ ਕਿ ਅੱਖਾਂ ਦੇ ਮੁਫ਼ਤ ਜਾਂਚ ਕੈਂਪ ਵਿੱਚ 250 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਹੈ ਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 20 ਲੋੜਵੰਦਾਂ ਦੀਆਂ ਅੱਖਾਂ ਦੇ ਮੁਫ਼ਤ ਅਪ੍ਰੇਸ਼ਨ ਕਰਾਏ ਜਾਣਗੇ। ਸੰਸਥਾ ਵੱਲੋਂ ਕੈਂਪ ਵਿੱਚ ਆਉਣ ਵਾਲੇ ਲੋਕਾਂ ਲਈ ਲੰਗਰ, ਚਾਹ-ਪਾਣੀ ਦਾ ਵਧੀਆ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਤੋਂ ਡਾ. ਨਰੇਸ਼ ਸੇਠੀ, ਡਾਕਟਰ ਪੰਕਜ ਗੁਪਤਾ, ਜੈਤੋਂ ਤੋਂ ਡਾਕਟਰ ਵਿਕਾਸ ਸ਼ੁਕਲਾ, ਡਾਕਟਰ ਭਵਨਜੋਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਮੈਡੀਕਲ ਅਮਲਾ, ਕਲੱਬ ਦੇ ਪ੍ਰਧਾਨ ਰਮੇਸ਼ ਸ਼ਰਮਾ, ਸਾਬਕਾ ਸਰਪੰਚ ਮਨੋਹਰ ਲਾਲ, ਨਰਿੰਦਰ ਸ਼ਰਮਾ, ਵਿੱਕੀ ਸ਼ਰਮਾ, ਦਲੀਪ ਸਿੰਘ, ਸੁਰਜੀਤ ਸਿੰਘ, ਤਰਸੇਮ ਸ਼ਰਮਾ, ਦੀਪਕ ਸ਼ਰਮਾ, ਜਗਜੀਤ ਸ਼ਰਮਾ, ਸੰਦੀਪ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

## ...ਸ.ਫ਼ਾ 1 ਦੇ ਬਾਕੀ

### ਰਵਾਇਤੀ ਲੀਡਰਾਂ ਨੂੰ...

ਇਕ ਆਮ ਆਦਮੀ ਪੰਜਾਬ ਦਾ ਕੰਮਕਾਜ ਪ੍ਰਭਾਵਸ਼ਾਲੀ ਤਰੀਕੇ ਨਾਲ ਚਲਾ ਰਿਹਾ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਮੇ ਸਮੇਂ ਤੋਂ ਲੋਕਾਂ ਨੂੰ ਮੂਰਖ ਬਣਾਇਆ, ਪਰ ਹੁਣ ਲੋਕ ਗੁੰਮਰਾਹਕੁਨ ਪ੍ਰਚਾਰ ਨੂੰ ਚੰਗੀ ਤਰ੍ਹਾਂ ਸਮਝਦੇ ਹਨ।

ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਉਹ ਸਿਰਫ ਸੂਬੇ ਦੇ ਲੋਕਾਂ ਪ੍ਰਤੀ ਜਵਾਬਦੇਹ ਹਨ, ਨਾ ਕਿ ਉਨ੍ਹਾਂ ਲੋਕਾਂ ਨੂੰ ਜਿਨ੍ਹਾਂ ਦੇ ਪੁਰਖਿਆਂ ਨੇ ਜਲ੍ਹਿਆਂਵਾਲਾ ਬਾਗ ਦੇ ਸਾਕੇ ਤੋਂ ਬਾਅਦ ਜਨਰਲ ਡਾਇਰ ਨੂੰ ਸਨਮਾਨਤ ਕੀਤਾ ਸੀ। ਜਿਹੜੇ ਆਗੂ ਡਰੱਗ ਮਾਫੀਆ ਦੀ ਸਰਪ੍ਰਸਤੀ ਕਰਦੇ ਰਹੇ ਹਨ ਅਤੇ ਇਸ ਸਮੇਂ ਆਪਣੇ ਗੁਨਾਹਾਂ ਲਈ ਜ਼ਮਾਨਤ 'ਤੇ ਹਨ, ਉਨ੍ਹਾਂ ਨੂੰ ਕੋਈ ਵੀ ਸਵਾਲ ਪੁੱਛਣ ਦਾ ਨੈਤਿਕ ਹੱਕ ਨਹੀਂ।

ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਅਖੌਤੀ ਕਾਨਵੈਂਟ ਸਕੂਲਾਂ ਦੇ ਪੜ੍ਹੇ-ਲਿਖੇ ਲੀਡਰਾਂ ਨੂੰ ਕਿਸੇ ਨਾਲ ਗੱਲ ਕਰਨ ਦਾ ਸਲੀਕਾ ਵੀ ਨਹੀਂ, ਜਿਸ ਕਾਰਨ ਉਹ ਆਪਣੇ ਸਿਆਸੀ ਵਿਰੋਧੀਆਂ ਵਿਰੁੱਧ ਗਲਤ ਭਾਸ਼ਾ ਦੀ ਵਰਤੋਂ ਕਰਦੇ ਹਨ, ਜੋ ਕਿ ਅਣਉਚਿਤ ਅਤੇ ਗੈਰਵਾਜਬ ਹੈ।

ਉਨ੍ਹਾ ਇਹ ਐਲਾਨ ਕੀਤਾ ਕਿ ਝੋਨੇ ਦੇ ਸੀਜ਼ਨ ਵਿਚ ਨਹਿਰਾਂ ਦਾ ਪਾਣੀ ਜ਼ਿਆਦਾ ਛੱਡਿਆ ਜਾਵੇਗਾ। ਉਨ੍ਹਾ ਕਿਹਾ ਕਿ ਰੰਗਾਂ ਵਾਲੇ ਅਸ਼ਟਾਮ ਚਲਾ ਰਹੇ ਹਾਂ, ਨਵੀਆਂ ਬਣੀਆਂ ਕਲੋਨੀਆਂ ਵਿਚ ਪਲਾਟ ਲੈਣ ਵੇਲੇ ਲੋਕ ਦੇਖਣ ਕਿ ਕਿਹੜੇ ਰੰਗ ਦਾ ਅਸ਼ਟਾਮ ਲੱਗਾ ਹੈ, ਜੇ ਰੰਗ ਨਾ ਸਹੀ ਹੋਇਆ, ਇਸ ਦਾ ਭਾਵ ਹੈ ਕਿ ਉਹ ਕਲੋਨੀ ਨਾਜਾਇਜ਼ ਹੈ। ਮਾਨ ਨੇ ਕਿਹਾ ਕਿ ਪਹਿਲਾਂ ਪੰਜਾਬ ਵਿਚ ਇਕ ਡਰਾਈਵਿੰਗ ਸਕੂਲ ਲੰਬੀ ਕੋਲ ਮਹੂਆਣਾ ਵਿਚ ਹੈ, ਪਰ ਹੁਣ ਫੈਸਲਾ ਕੀਤਾ ਹੈ ਕਿ ਇਕ ਹੋਰ ਡਰਾਈਵਿੰਗ ਸਕੂਲ ਅਮਰਗੜ੍ਹ ਕੋਲ ਪਿੰਡ ਤੋਲਾਵਾਲ ਵਿਚ ਬਣਾਇਆ ਜਾਵੇ ਤੇ ਇਸੇ ਤਰ੍ਹਾਂ ਮਾਝੇ ਤੇ ਦੁਆਬੇ ਵਿਚ ਵੀ ਡਰਾਈਵਿੰਗ ਸਕੂਲ ਖੋਲ੍ਹਿਆ ਜਾਵੇਗਾ।

ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਲਾਲਜੀਤ ਸਿੰਘ ਭੁੱਲਰ ਅਤੇ ਡਾ: ਬਲਬੀਰ ਸਿੰਘ ਸਮੇਤ ਹੋਰ ਵੀ ਹਾਜ਼ਰ ਸਨ।

# ਸੰਗਰੂਰ ਦੇ ਖਿਡਾਰੀਆਂ ਤਾਇਕਮਾਂਡੋ ਸਟੇਟ ਚੈਂਪੀਅਨਸ਼ਿਪ 'ਚ ਜਿੱਤੇ 5 ਗੋਲਡ

### ਸਾਰੇ ਖਿਡਾਰੀ ਨੈਸ਼ਨਲ ਚੈਂਪੀਅਨਸ਼ਿਪ ਲਈ ਚੁਣੇ



ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਰਾਜ ਤਾਇਕਮਾਂਡੋ ਅਕੈਡਮੀ ਦੇ ਚਾਰ ਖਿਡਾਰੀਆਂ ਨੇ ਆਪਣੇ ਕੋਚ ਵਿਨੋਦ ਮਹਿਰਾ ਸਮੇਤ ਮੋਹਾਲੀ ਵਿਖੇ ਹੋਈ 26ਵੀਂ ਪੰਜਾਬ ਸਟੇਟ ਤਾਇਕਮਾਂਡੋ ਚੈਂਪੀਅਨਸ਼ਿਪ ਵਿੱਚ ਭਾਗ ਲੈ ਕੇ ਪੰਜ ਗੋਲਡ ਮੈਡਲ ਜਿੱਤ ਕੇ ਜਿੱਥੇ ਸੰਗਰੂਰ ਸ਼ਹਿਰ ਦਾ ਨਾਂਅ ਰੁਸ਼ਨਾਇਆ ਹੈ। ਕਾਬਿਲੇਤਾਰੀਫ ਹੈ ਕਿ ਅਕੈਡਮੀ ਦੇ ਚਾਰੇ ਖਿਡਾਰੀ ਤੇ ਕੋਚ ਵਿਨੋਦ ਮਹਿਰਾ ਦੀ ਨੈਸ਼ਨਲ ਚੈਂਪੀਅਨਸ਼ਿਪ ਲਈ ਵੀ ਚੋਣ ਕੀਤੀ ਗਈ ਹੈ। ਇਸ ਉਪਲੱਬਧੀ ਲਈ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਗੋਲਡ ਮੈਡਲ ਜਿੱਤ ਕੇ ਸੰਗਰੂਰ ਪਰਤੇ ਕੋਚ ਵਿਨੋਦ ਮਹਿਰਾ ਤੇ ਖਿਡਾਰੀਆਂ ਨੂੰ ਮੁਬਾਰਕਵਾਦ ਦਿੱਤੀ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਗੱਲਬਾਤ ਦੌਰਾਨ ਕੋਚ ਵਿਨੋਦ ਕੁਮਾਰ ਨੇ ਦੱਸਿਆ ਕਿ ਮੋਹਾਲੀ ਵਿਖੇ ਹੋਈ ਸਟੇਟ ਤਾਇਕਮਾਂਡੋ ਚੈਂਪੀਅਨਸ਼ਿਪ ਵਿੱਚ ਉਨ੍ਹਾਂ ਦੇ ਨਾਲ-ਨਾਲ ਉਨ੍ਹਾਂ ਦੀ ਅਕੈਡਮੀ ਦੇ ਚਾਰ ਖਿਡਾਰੀਆਂ ਲੋਕੇਸ਼ ਮਹਿਰਾ, ਅਮਨ ਨੇਬੂ, ਅਰਮਾਨਦੀਪ ਸਿੰਘ ਤੇ ਅਜੈ ਵਰਮਾ ਨੇ ਵੀ ਭਾਗ ਲਿਆ ਸੀ। ਚੈਂਪੀਅਨਸ਼ਿਪ ਦੌਰਾਨ ਹੋਏ ਸਖਤ ਮੁਕਾਬਲਿਆਂ ਵਿੱਚ ਉਹ ਖੁਦ ਤੇ ਉਨ੍ਹਾਂ ਦੇ ਚਾਰੇ ਖਿਡਾਰੀ ਗੋਲਡ ਹਾਸਲ ਕਰਨ ਵਿੱਚ ਸਫਲ ਰਹੇ ਅਤੇ ਪੂਰੀ ਟੀਮ ਨੈਸ਼ਨਲ ਚੈਂਪੀਅਨਸ਼ਿਪ ਲਈ ਵੀ ਚੁਣੀ ਗਈ। ਉਨ੍ਹਾਂ ਦੱਸਿਆ ਕਿ ਅਕੈਡਮੀ ਵਿੱਚ ਉਹ ਬੱਚਿਆਂ ਨੂੰ ਪ੍ਰੈਕਟਿਸ ਕਰਵਾਉਣ ਦੇ ਨਾਲ-ਨਾਲ ਖੁਦ ਵੀ ਮਿਹਨਤ ਕਰਦੇ ਹਨ, ਜਿਸ ਦੀ ਬਦੌਲਤ ਉਹ ਖਿਡਾਰੀਆਂ ਦੇ ਨਾਲ-ਨਾਲ ਖੁਦ ਵੀ ਮੈਡਲ ਜਿੱਤ ਕੇ ਆਏ ਹਨ। ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਰੁਝਾਨ ਤੋਂ ਬਚਾਉਣ ਲਈ ਆਪਣੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰੋ, ਤਾਂਕਿ ਬੱਚੇ ਨਸ਼ਿਆਂ ਤੋਂ ਬਚ ਕੇ ਆਪਣੇ ਭਵਿੱਖ ਨੂੰ ਉਜਵਲ ਬਣਾ ਸਕਣ।


## ਉੱਤਰ ਰੇਲਵੇ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਮੁੱਖਯਾ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 08.06.2023 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੈਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 15.05.2023 14:45 | 25.05.2023 | 08.06.2023 / 15:00 ਵਜੇ |

| ਲ. ਨੰ: | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ | | |
|---|---|---|---|---|
| 1. | 45-2023-24-BDGM-DRM-FZR | ਸਹਾਇਕ ਮੰਡਲ ਇੰਜੀਨੀਅਰ/ਬਡਗਾਮ ਦੇ ਅਧੀਨ ਬਡਗਾਮ ਯਾਰਡ ਵਿਚ ਨਵੀਂ ਵਾਸ਼ਿੰਗ ਲਾਇਨ 02 ਨੰ: ਦਾ ਨਿਰਮਾਣ ਅਤੇ ਹੋਰ ਸਬੰਧਤ ਦਾ ਕੰਮ ਕਰਨ ਲਈ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 11,30,93,623.73/- | 7,15,500/- | 90 ਦਿਨ | 12 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- ਕੋਈ ਵੀ ਸਿਵਿਲ ਕੰਮ ਟ੍ਰੈਕ ਕੰਮ ਦੇ ਇਲਾਵਾ। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗਰੇਜ਼ੀ ਵਰਜਨ ਹੀ ਮਾਨਯ ਹੋਣਗੇ। ਪੱਤਰ ਨੰ: 770-W/169/WA/FZR/45-2023-24-BDGM-DRM-FZR Date: 15.05.2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1485/23



**AXIS BANK**

ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ, ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫ਼ਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025,
ਰਜਿ.ਦਫ਼ਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਫਰਾਮਿੰਗ ਐਸੇਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ /ਕਾਨੂੰਨੀ ਵਾਰਸ/ਪਤਾ | ਸਕਿਓਰਡ ਐੱਸਟਸ ਦਾ ਜਾਇਦਾਦੀ ਪਤਾ | ਬਕਾਇਆ ਖੜ੍ਹੀ ਰਕਮ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਰਜ਼ਾ ਰਕਮ |
|---|---|---|---|---|---|
| 1. ਸ੍ਰੀ ਮਨਦੀਪ ਸਿੰਘ ਪੁੱਤਰ ਸੁਖਵੰਤ ਸਿੰਘ 2. ਸ੍ਰੀਮਤੀ ਰਾਜ ਕੌਰ ਪਤਨੀ ਸੁਖਵੰਤ ਸਿੰਘ ਦੋਵੇਂ ਵਾਸੀ ਪਿੰਡ ਨਾਨੂਕੇ, ਤਹਿ: ਅਜਨਾਲਾ, ਨੇੜੇ ਬਾਬਾ ਜੀਵਨ ਸਿੰਘ ਗੁਰਦੁਆਰਾ, ਜ਼ਿਲ੍ਹਾ ਅੰਮ੍ਰਿਤਸਰ-143103 ਨਾਲ ਹੀ : ਮਕਾਨ ਜਿਸ ਦਾ ਪਲਾਟ ਨੰ: 214 ਖਸਰਾ ਨੰ: 56//16 ਮਿਨ, ਪਿੰਡ ਨਗੰਲੀ ਆਬਾਦੀ, ਭੱਲਾ ਕੋਲਨੀ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ : ਮਨਦੀਪ ਸਿੰਘ ਪੁੱਤਰ ਸੁਖਵੰਤ ਸਿੰਘ ਪ੍ਰੋਪ: ਮੈਸਰਜ਼ ਮਨਦੀਪ ਸਿੰਘ ਮਾਨਾ ਬਿਲਡਿੰਗ ਕਾਨਟੈਕਟਰ ਪਿੰਡ ਨਾਨੂਕੇ ਤਹਿ: ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ-143103 ਕਰਜ਼ਾ ਖਾਤਾ ਨੰ: ਪੀ ਐੱਚ ਆਰ 068506310148 | ਪਿੰਡ ਨੰਗਲੀ, ਅਬਾਦੀ ਭੱਲਾ ਕਾਲੋਨੀ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਸਥਿਤ, ਬੈਨਾਮਾ ਦਸਤਾਵੇਜ਼ ਨੰ: 2021/22/93/1/6630 ਮਿਤੀ 9 ਅਗਸਤ 2021 ਅਨੁਸਾਰ ਸ੍ਰੀਮਤੀ ਰਾਜ ਕੌਰ ਪਤਨੀ ਸ: ਸੁਖਵੰਤ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ: 214, ਰਕਬਾ 105.87 ਵਰਗ ਗਜ਼, ਖਸਰਾ ਨੰ: 56//16 ਮਿਨ, ਖੱਤਾ ਖਤੌਨੀ ਨੰ: 947/1327, ਜਮ੍ਹਾਂਬੰਦੀ ਸਾਲ 2015-2016 ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਮਕਾਨ ਨੰ: 215-ਜਸਪਾਲ ਸਿੰਘ, ਪੱਛਮ : ਮਕਾਨ ਨੰ: 213-ਇੰਦਰਜੀਤ, ਉੱਤਰ : ਸੜਕ 12.6", ਦੱਖਣ : ਗਲੀ | ਰੁਪਏ : 2141061/- (ਰੁਪਏ ਇੱਕੀ ਲੱਖ ਇਕਤਾਲੀ ਹਜ਼ਾਰ ਇਕਾਹਠ ਕੇਵਲ) | 10 ਮਾਰਚ 2023 | 17 ਅਪ੍ਰੈਲ 2023 | ਰੁਪਏ : 2065641/- (ਰੁਪਏ : ਵੀਹ ਲੱਖ ਪੈਂਹਠ ਹਜ਼ਾਰ ਛੇ ਸੌ ਇਕਤਾਲੀ ਕੇਵਲ) |
| 1. ਸ੍ਰੀ ਰਵੀ ਵਰਮਾ ਪੁੱਤਰ ਸਹਿਦੇਵ ਵਰਮਾ ਅਤੇ 2. ਸ੍ਰੀਮਤੀ ਮੀਨੂੰ ਵਰਮਾ ਪਤਨੀ ਸਹਿਦੇਵ ਵਰਮਾ ਦੋਵੇਂ ਵਾਸੀ ਮਕਾਨ ਨੰ: 78, ਅਮਨ ਨਗਰ, ਨਿਊ ਮਾਡਲ ਹਾਊਸ, ਜ਼ਿਲ੍ਹਾ ਜਲੰਧਰ-144001 ਨਾਲ ਹੀ : ਇੱਕ ਬਣਿਆ ਹੋਇਆ ਮਕਾਨ ਜਿਸ ਦਾ ਪਲਾਟ ਨੰ: 10-11, ਆਬਾਦੀ ਗਰੀਨ ਐਵੇਨਿਊ ਬਸਤੀ ਸ਼ੇਖ, ਤਹਿ: ਤੇ ਜ਼ਿਲ੍ਹਾ ਜਲੰਧਰ-144001 ਕਰਜ਼ਾ ਖਾਤਾ ਨੰ: ਪੀ ਐੱਚ ਆਰ 015506108893 | ਅਬਾਦੀ ਗਰੀਨ ਐਵੇਨਿਊ, ਬਸਤੀ ਸ਼ੇਖ, ਤਹਿ: ਤੇ ਜ਼ਿਲ੍ਹਾ ਜਲੰਧਰ ਸਥਿਤ ਬੈਨਾਮਾ ਦਸਤਾਵੇਜ਼ ਨੰ: 2021/22/187/1/1174 ਮਿਤੀ 30 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਮੀਨੂ ਵਰਮਾ ਪਤਨੀ ਸਹਿਦੇਵ ਵਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਪਲਾਟ ਨੰ: 10-11 'ਤੇ ਨਿਰਮਤ, ਰਕਬਾ 02 ਮਰਲੇ-36 ਵਰਗ ਫੁੱਟ, ਖੱਤਾ ਨੰ: 1148/1225, 1149/1226, 1150/1227, ਖਸਰਾ ਨੰ: 598, 599, 600, 602, 601, 597/1, ਜਮ੍ਹਾਂਬੰਦੀ ਸਾਲ 2015-16 ਹਦਬਸਤ ਨੰ: 308 ਦੇ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ, ਪੱਛਮ : ਸੜਕ 12', ਉੱਤਰ : ਪਲਾਟ ਨੰ: 9, ਦੱਖਣ : ਪਲਾਟ ਨੰ: 10-11 | ਰੁਪਏ : 1183793/- (ਰੁਪਏ ਗਿਆਰਾਂ ਲੱਖ ਤਰਿਆਸੀ ਹਜ਼ਾਰ ਸੱਤ ਸੌ ਤਿਰਾਨਵੇਂ ਕੇਵਲ) | 10 ਮਾਰਚ 2023 | 18 ਅਪ੍ਰੈਲ 2023 | ਰੁਪਏ : 1409286/- (ਰੁਪਏ : ਚੌਦਾਂ ਲੱਖ ਨੌਂ ਹਜ਼ਾਰ ਦੋ ਸੌ ਛਿਆਸੀ ਕੇਵਲ) |
| 1. ਸ੍ਰੀ ਨਰਿੰਦਰ ਸਿੰਘ ਪੁੱਤਰ ਮਨੋਜ ਸਿੰਘ ਅਤੇ 2. ਸ੍ਰੀਮਤੀ ਰਣਜੀਤ ਕੌਰ ਪਤਨੀ ਨਰਿੰਦਰ ਸਿੰਘ ਦੋਵੇਂ ਵਾਸੀ ਗੁਰਦੁਆਰਾ ਸੁੰਦਰ ਨਗਰ, ਗਲੀ ਨੰ: 6, ਪ੍ਰੋਫੈਸਰ ਕਾਲੋਨੀ, ਤਿਲਕ ਨਗਰ, ਅੰਮ੍ਰਿਤਸਰ, ਪੰਜਾਬ-143001 ਨਾਲ ਹੀ : ਮਕਾਨ ਨੰ: ਜਿਸ ਦਾ ਪ੍ਰਾਈਵੇਟ ਪਲਾਟ ਨੰ: 29 ਮਿਨ (ਐੱਮ ਸੀ ਨੰ: ਐੱਚ-3/1736, ਯੂ ਆਈ ਡੀ ਨੰ: 45525/57) ਰਕਬਾ ਤੁੰਗਪਈ, ਆਬਾਦੀ ਦਸ਼ਮੇਸ਼ ਨਗਰ, ਜ਼ਿਲ੍ਹਾ ਅੰਮ੍ਰਿਤਸਰ ਨਾਲ ਹੀ : ਸ੍ਰੀਮਤੀ ਰਣਜੀਤ ਕੌਰ ਪਤਨੀ ਨਰਿੰਦਰ ਸਿੰਘ ਪਿੰਡ ਜਸਰੂਰ, ਤਹਿ: ਅਜਨਾਲਾ, ਅੰਮ੍ਰਿਤਸਰ, ਪੰਜਾਬ-143102 ਕਰਜ਼ਾ ਖਾਤਾ ਨੰ: ਪੀ ਐੱਚ ਆਰ 068504534131 | ਰਕਬਾ ਤੁੰਗਪਾਈ, ਸਬ-ਅਰਬਨ, ਅਬਾਦੀ ਦਸ਼ਮੇਸ਼ ਨਗਰ, ਜ਼ਿਲ੍ਹਾ ਅੰਮ੍ਰਿਤਸਰ ਸਥਿਤ, ਬੈਨਾਮਾ ਦਸਤਾਵੇਜ਼ ਨੰ: 2019-20/93/1/9381 ਮਿਤੀ 4.10.2019 ਅਨੁਸਾਰ ਸ੍ਰੀਮਤੀ ਰਣਜੀਤ ਕੌਰ ਪਤਨੀ ਨਰਿੰਦਰ ਸਿੰਘ ਅਤੇ ਸ੍ਰੀ ਨਰਿੰਦਰ ਸਿੰਘ ਪੁੱਤਰ ਮਨੋਹਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪ੍ਰਾਈਵੇਟ ਪਲਾਟ ਨੰ: 29 ਮਿਨ (ਐੱਮ ਸੀ ਨੰ:- ਐੱਚ-3/1736, ਯੂ ਆਈ ਡੀ ਨੰਬਰ 45525/57) ਰਕਬਾ 58 ਵਰਗ ਗਜ਼, ਖਸਰਾ ਨੰ: 1759, ਖੱਤਾ ਖਤੌਨੀ ਨੰ: 853/1426, ਜਮ੍ਹਾਂਬੰਦੀ ਸਾਲ 2017-2018 ਦੇ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ: ਐੱਚ-3/1735, ਪੱਛਮ : ਗਲੀ 15 ਫੁੱਟ, ਉੱਤਰ : ਗਲੀ 15 ਫੁੱਟ, ਦੱਖਣ : ਪਲਾਟ ਨੰ: ਐੱਚ-3/1737 | ਰੁਪਏ : 1922230/- (ਰੁਪਏ ਉੱਨੀ ਲੱਖ ਬਾਈ ਹਜ਼ਾਰ ਦੋ ਸੌ ਤੀਹ ਕੇਵਲ) | 22 ਜੁਲਾਈ 2021 | 18 ਅਪ੍ਰੈਲ 2023 | ਰੁਪਏ : 1622339/- (ਰੁਪਏ : ਸੋਲਾਂ ਲੱਖ ਬਾਈ ਹਜ਼ਾਰ ਤਿੰਨ ਸੌ ਉਨਤਾਲੀ ਕੇਵਲ) |
| 1. ਸ੍ਰੀ ਸਤਨਾਮ ਸਿੰਘ ਪੁੱਤਰ ਅਜੀਤ ਸਿੰਘ ਅਤੇ 3, 2. ਗੁਰਮੀਤ ਕੌਰ ਪਤਨੀ ਸਤਨਾਮ ਸਿੰਘ ਦੋਵੇਂਵਾਸੀ ਮਕਾਨ ਨੰ: 19, ਲੇਵਰ ਕਲੋਨੀ, ਨੇੜੇ ਮਿਆਣੀ ਪਾਰਕ, ਫਗਵਾੜਾ, ਕਪੂਰਥਲਾ, ਪੰਜਾਬ-144401 ਨਾਲ ਹੀ : ਐੱਫ-137, ਜੇ ਸੀ ਟੀ ਮਿੱਲ, ਥਾਪਰ ਕਾਲੋਨੀ, ਫਗਵਾੜਾ, ਕਪੂਰਥਲਾ, ਪੰਜਾਬ-144401 ਨਾਲ ਹੀ : ਇੱਕ ਮਕਾਨ ਜਿਸ ਦਾ ਖਸਰਾ ਨੰ: 381 (7-4), 384 (4-12), 385 (4-1), 386 (7-17), ਕਿੱਤਾ-4, ਖੱਤਾ ਨੰ: 325/506 ਰਣਜੀਤ ਨਗਰ, ਫਗਵਾੜਾ, ਸਰਕੀ ਜ਼ਿਲ੍ਹਾ ਕਪੂਰਥਲਾ-144401 ਕਰਜ਼ਾ ਖਾਤਾ ਨੰ: ਪੀ ਐੱਚ ਆਰ 015505815367 | ਰਣਜੀਤ ਨਗਰ, ਫਗਵਾੜਾ ਸ਼ਰਕੀ, ਜ਼ਿਲ੍ਹਾ ਕਪੂਰਥਲਾ ਸਥਿਤ, ਬੈਨਾਮਾ ਦਸਤਾਵੇਜ਼ ਨੰ: 2020-21/32/1/3180 ਮਿਤੀ 9 ਫਰਵਰੀ 2021 ਅਨੁਸਾਰ ਸ੍ਰੀਮਤੀ ਗੁਰਮੀਤ ਕੌਰ ਪਤਨੀ ਸਤਨਾਮ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ 03 ਮਰਲੇ, ਕੁੱਲ ਜ਼ਮੀਨ ਖੇਤਰ 23 ਕਨਾਲ 14 ਮਰਲੇ ਦਾ 3/474 ਹਿੱਸਾ, ਖਸਰਾ ਨੰ: 381 (7-4), 384 (4-12), 385 (4-1), 386 (7-17), ਕਿੱਤੇ -4, ਖੱਤਾ ਨੰ: 325/506, ਹਦਬਸਤ ਨੰ: 73 ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) : ਪੂਰਬ : ਰਸਤਾ/15', ਪੱਛਮ : ਕੇਸਰ ਸਿੰਘ/15', ਉੱਤਰ : ਹੋਰ ਮਾਲਕ/36'-8", ਦੱਖਣ : ਹੋਰਨਾਂ ਦੀ ਜਾਇਦਾਦ/37'-4' | ਰੁਪਏ : 1934438/- (ਰੁਪਏ ਉੱਨੀ ਲੱਖ ਚੌਂਤੀ ਹਜ਼ਾਰ ਚਾਰ ਸੌ ਅਠੱਤੀ ਕੇਵਲ) | 10 ਅਪ੍ਰੈਲ 2022 | 18 ਅਪ੍ਰੈਲ 2023 | ਰੁਪਏ : 1705791/- (ਰੁਪਏ : ਸਤਾਰਾਂ ਲੱਖ ਪੰਜ ਹਜ਼ਾਰ ਸੱਤ ਸੌ ਇਕਾਨਵੇਂ ਕੇਵਲ) |
| 1. ਸ੍ਰੀ ਦਰਸ਼ਨ ਲਾਲ ਪੁੱਤਰ ਕਰਮ ਚੰਦ 2. ਸ੍ਰੀ ਦੀਪਕ ਕੁਮਾਰ ਪੁੱਤਰ ਦਰਸ਼ਨ ਲਾਲ 3. ਸ੍ਰੀਮਤੀ ਪੁਸ਼ਪਾ ਰਾਣੀ ਪਤਨੀ ਦਰਸ਼ਨ ਲਾਲ ਸਾਰੇ ਵਾਸੀ ਮਕਾਨ ਨੰ: 69 ਗਲੀ ਪਾਰਕ ਵਾਲੀ ਇਸ਼ਵਰ ਨਗਰ, ਤਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ-143001 ਨਾਲ ਹੀ : ਮਕਾਨ ਨੰ: 3040, ਗਲੀ ਨੰ: 7, ਗੁਰੂ ਨਾਨਕ ਕਾਲੋਨੀ, ਤਰਨ ਤਾਰਨ ਰੋਡ, ਅੰਮ੍ਰਿਤਸਰ-ਪੰਜਾਬ-143001 ਨਾਲ ਹੀ : ਪਲਾਟ 'ਚ ਬਣਿਆ ਹੋਇਆ ਮਕਾਨ ਜਿਸ ਦਾ ਪ੍ਰਾਈਵੇਟ ਨੰ: 31, ਖਸਰਾ ਨੰ: 1673 ਮਿਨ ਜੋ ਕਿ ਸੁਲਤਾਨਵਿੰਡ ਅਰਬਨ ਆਬਾਦੀ, ਗੁਰੂ ਗੋਬਿੰਦ ਸਿੰਘ ਨਗਰ ਤਰਨ ਤਾਰਨ ਰੋਡ ਤਹਿ: ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 ਵਿਖੇ ਸਥਿਤ ਹੈ। ਨਾਲ ਹੀ : ਸ੍ਰੀ ਦੀਪਕ ਕੁਮਾਰ ਪੁੱਤਰ ਦਰਸ਼ਨ ਲਾਲ ਮਕਾਨ ਨੰ: 2988, ਗਲੀ ਨੰ: 7, ਗੁਰੂ ਨਾਨਕ ਕਾਲੋਨੀ, ਵਾਰਡ ਨੰ: 24, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 ਕਰਜ਼ਾ ਖਾਤਾ ਨੰ: ਪੀ ਐੱਚ ਆਰ 068502737925 | ਸੁਲਤਾਨਵਿੰਡ ਅਰਬਨ ਅਬਾਦੀ ਗੁਰੂ ਗੋਬਿੰਦ ਸਿੰਘ ਨਗਰ, ਤਰਨ ਤਾਰਨ ਰੋਡ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਸਥਿਤ, ਬੈਨਾਮਾ ਵਸੀਕਾ ਨੰ: 6119 ਮਿਤੀ 1.11.2017 ਅਨੁਸਾਰ ਸ੍ਰੀਮਤੀ ਪੁਸ਼ਪਾ ਰਾਣੀ ਪਤਨੀ ਦਰਸ਼ਨ ਲਾਲ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 31 'ਤੇ ਨਿਰਮਤ ਮਕਾਨ, ਰਕਬਾ 56.6 ਵਰਗ ਗਜ਼, ਖਸਰਾ ਨੰ: 1673 ਮਿਨ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਪਲਾਟ ਨੰ: 32, ਪੱਛਮ : ਪਲਾਟ ਨੰ: 30, ਉੱਤਰ : ਪਲਾਟ ਨੰ: 34, ਦੱਖਣ : ਗਲੀ 12' ਚੌੜੀ | ਰੁਪਏ : 459533/- (ਰੁਪਏ ਚਾਰ ਲੱਖ ਉਨਾਹਟ ਹਜ਼ਾਰ ਪੰਜ ਸੌ ਤੇਤੀ ਕੇਵਲ) | 8 ਸਤੰਬਰ 2022 | 18 ਅਪ੍ਰੈਲ 2023 | ਰੁਪਏ : 766000/- (ਰੁਪਏ : ਸੱਤ ਲੱਖ ਛਿਆਹਠ ਹਜ਼ਾਰ ਕੇਵਲ) |
| 1. ਸ੍ਰੀ ਵਿੱਕੀ ਪੁੱਤਰ ਹਰੀਪਾਲ ਅਤੇ 2. ਸ੍ਰੀਮਤੀ ਗੁਰਬਿੰਦਰ ਪਤਨੀ ਵਿੱਕੀ ਦੋਵੇਂ ਵਾਸੀ ਪਿੰਡ ਕੋਟ ਸਦੀਕ ਕਾਂਸ਼ੀ ਨਗਰ, ਜ਼ਿਲ੍ਹਾ ਜਲੰਧਰ-144002 ਨਾਲ ਹੀ : ਮਕਾਨ ਨੰ: 24 ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾ, ਜਲੰਧਰ-144001 ਨਾਲ ਹੀ : ਸ੍ਰੀ ਵਿੱਕੀ ਪੁੱਤਰ ਹਰੀਪਾਲ ਪ੍ਰੋਪ: ਮੈਸਰਜ਼ ਚੰਦਰ ਜਨਰਲ ਸਟੋਰ ਪਿੰਡ ਕੋਟ ਸਦੀਕ, ਕਾਲਾ ਸੰਘਾ ਰੋਡ ਜ਼ਿਲ੍ਹਾ ਜਲੰਧਰ-144002 ਕਰਜ਼ਾ ਖਾਤਾ ਨੰ: ਪੀ ਐੱਚ ਆਰ 015506833762 | ਆਬਾਦੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾ, ਤਹਿ: ਤੇ ਜ਼ਿਲ੍ਹਾ ਜਲੰਧਰ ਸਥਿਤ ਰਿਹਾਇਸ਼ੀ ਜਾਇਦਾਦ/ਮਕਾਨ ਨੰ: 24, ਰਕਬਾ 02 ਮਰਲੇ-12 ਵਰਗ ਫੁੱਟ, ਖੱਤਾ ਨੰ: 356/378, 357/379, 358/380, ਖਸਰਾ ਨੰ: 321, 1595/322, 1596/322, 1475/317-320, ਜਮ੍ਹਾਂਬੰਦੀ ਸਾਲ 2017-18 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਰੁਪਿੰਦਰ ਕੌਰ ਦਾ ਮਕਾਨ, ਪੱਛਮ : ਹੋਰਨਾਂ ਦਾ ਮਕਾਨ, ਉੱਤਰ : ਗਲੀ, ਦੱਖਣ : ਟੈਗੋਰ ਸਕੂਲ | ਰੁਪਏ : 1589464/- (ਰੁਪਏ ਪੰਦਰਾਂ ਲੱਖ ਉਨਾਨਵੇਂ ਹਜ਼ਾਰ ਚਾਰ ਸੌ ਚੌਂਹਠ ਕੇਵਲ) | 8 ਜਨਵਰੀ 2023 | 19 ਅਪ੍ਰੈਲ 2023 | ਰੁਪਏ : 1527960/- (ਰੁਪਏ : ਪੰਦਰਾਂ ਲੱਖ ਸਤਾਈ ਹਜ਼ਾਰ ਨੌ ਸੌ ਸੱਠ ਕੇਵਲ) |
| 1. ਕਵਿਤਾ ਰਾਣੀ ਪਤਨੀ ਪ੍ਰਦੀਪ ਕੁਮਾਰ ਅਤੇ 2. ਸ੍ਰੀ ਪ੍ਰਦੀਪ ਕੁਮਾਰ ਪੁੱਤਰ ਦੀਵਾਨ ਚੰਦ ਦੋਵੇਂ ਵਾਸੀ ਮਕਾਨ ਨੰ: 504, ਨਹਿਰੂ ਗੇਟ, ਬਾਲਮੀਕਿ ਮੁਹੱਲਾ, ਨੇੜੇ ਸੀਟੀ ਪੁਲਸ, ਬਟਾਲਾ, ਗੁਰਦਾਸਪੁਰ-143505 ਨਾਲ ਹੀ : ਪ੍ਰਾਪਟੀ, ਪਲਾਟ ਜਿਸ ਦਾ ਪ੍ਰਾਈਵੇਟ ਨੰ: 213 ਗੋਲਡਨ ਐਵੇਨਿਊ, ਕਾਲੋਨੀ ਪਿੰਡ ਲੇਹਲ, ਤਹਿ: ਤੇ ਜ਼ਿਲ੍ਹਾ ਗੁਰਦਾਸਪੁਰ-143501 ਕਰਜ਼ਾ ਖਾਤਾ ਨੰ: ਪੀ ਐੱਚ ਆਰ 068506030912 | ਪਿੰਡ ਲੇਹਲ, ਹਦਬਸਤ ਨੰ: 386, ਗੋਲਡਨ ਐਵੇਨਿਊ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਸਥਿਤ, ਬੈਨਾਮਾ ਦਸਤਾਵੇਜ਼ ਨੰ: 2021/22/150/1/42 ਮਿਤੀ 9 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਕਵਿਤਾ ਰਾਣੀ ਪਤਨੀ ਪ੍ਰਦੀਪ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਪ੍ਰਾਈਵੇਟ ਨੰ: 213, ਰਕਬਾ 7.33 ਮਰਲੇ 183.33 ਵਰਗ ਗਜ਼ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਪਲਾਟ ਨੰ: 210/ਹਰਵਿੰਦਰ ਸਿੰਘ ਦੀ ਮਲਕੀਅਤ, ਉੱਤਰ : ਪਲਾਟ ਨੰ: 212/ਹਰਵਿੰਦਰ ਸਿੰਘ ਦੀ ਮਲਕੀਅਤ, ਦੱਖਣ : ਪਲਾਟ ਨੰ: 214, ਰਮਿੰਦਰ ਸਿੰਘ ਦੀ ਮਲਕੀਅਤ। | ਰੁਪਏ : 1253537/- (ਰੁਪਏ ਬਾਰ੍ਹਾਂ ਲੱਖ ਤਰਵੰਜਾ ਹਜ਼ਾਰ ਪੰਜ ਸੌ ਸੈਂਤੀ ਕੇਵਲ) | 8 ਜਨਵਰੀ 2023 | 19 ਅਪ੍ਰੈਲ 2023 | ਰੁਪਏ : 1283000/- (ਰੁਪਏ : ਬਾਰਾਂ ਲੱਖ ਤਰਿਆਸੀ ਹਜ਼ਾਰ ਕੇਵਲ) |
| 1. ਸ੍ਰੀ ਅਕਸ਼ੈ ਕੁਮਾਰ ਪੁੱਤਰ ਜਤਿੰਦਰ ਕੁਮਾਰ ਅਤੇ 2. ਸ੍ਰੀ ਚੰਦਰ ਪ੍ਰਕਾਸ਼ ਪੁੱਤਰ ਸ੍ਰੀ ਰਾਮ ਦੋਵੇਂ ਵਾਸੀ ਮਕਾਨ ਨੰ: 13, ਵਾਰਡ ਨੰ: 3, ਰੇਡੂ ਪਿੰਡ, ਨੂਰਪੁਰ, ਜਲੰਧਰ-144012 ਨਾਲ ਹੀ : ਸ੍ਰੀ ਅਕਸ਼ੈ ਕੁਮਾਰ ਪੁੱਤਰ ਜਤਿੰਦਰ ਕੁਮਾਰ ਪ੍ਰਾਪਰਟੀ/ ਪਲਾਟ ਨੰ: 155 ਪਿੰਡ ਸਲੇਮਪੁਰ ਮੁਸਲਮਾਨਾ ਬਾਬਾ ਮੋਹਨ ਦਾਸ ਨਗਰ ਤਹਿ: ਤੇ ਜ਼ਿਲ੍ਹਾ ਜਲੰਧਰ-144001 ਕਰਜ਼ਾ ਖਾਤਾ ਨੰ: ਪੀ ਐੱਚ ਆਰ 015508295165 | ਪਿੰਡ ਸਲੇਮਪੁਰ ਮੁਸਲਮਾਨਾਂ, ਬਾਬਾ ਮੋਹਨ ਦਾਸ ਨਗਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਸਥਿਤ ਬੈਨਾਮਾ ਦਸਤਾਵੇਜ਼ ਨੰ: 2020-21/187/1/6559 ਮਿਤੀ 8 ਜਨਵਰੀ 2021 ਅਨੁਸਾਰ ਸ੍ਰੀ ਅਕਸ਼ੈ ਕੁਮਾਰ ਪੁੱਤਰ ਜਤਿੰਦਰ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਨੰ: 155, ਰਕਬਾ 03 ਮਰਲੇ 144 ਵਰਗ ਫੁੱਟ, ਖਸਰਾ ਨੰ: 15//21, 22/2, 23, 24, 25 21//1, 2, 3, 4, 7, 8 ਹਦਬਸਤ ਨੰ: 160, ਖੇਵਟ ਖਤੌਨੀ ਨੰ: 37/49, 39/51, 52, 53 ਜਮ੍ਹਾਂਬੰਦੀ ਸਾਲ 2017-2018 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਹੋਰਨਾਂ ਦਾ ਪਲਾਟ, ਪੱਛਮ : ਹੋਰਨਾਂ ਦਾ ਪਲਾਟ, ਉੱਤਰ : ਸੜਕ, ਦੱਖਣ : ਹੋਰਨਾਂ ਦਾ ਮਕਾਨ। | ਰੁਪਏ : 1186490/- (ਰੁਪਏ ਗਿਆਰਾਂ ਲੱਖ ਛਿਆਸੀ ਹਜ਼ਾਰ ਚਾਰ ਸੌ ਨੱਵੇ ਕੇਵਲ) | 10 ਮਾਰਚ 2023 | 21 ਅਪ੍ਰੈਲ 2023 | ਰੁਪਏ : 1161506/- (ਰੁਪਏ : ਗਿਆਰਾਂ ਲੱਖ ਇਕਾਹਠ ਹਜ਼ਾਰ ਪੰਜ ਸੌ ਛੇ ਕੇਵਲ) |
| 1. ਸ੍ਰੀ ਪਵਨ ਕੁਮਾਰ ਪੁੱਤਰ ਸੁਰਜੀਤ ਕੁਮਾਰ ਅਤੇ 2. ਸ੍ਰੀਮਤੀ ਅੰਜਨਾ ਪਤਨੀ ਪਵਨ ਕੁਮਾਰ ਦੋਵੇਂ ਵਾਸੀ ਸ੍ਰੀ ਚੰਦ ਨਗਰ ਬੁਰਜਾ ਰੋਡ, ਵਾਰਡ ਨੰ: 3, ਗਲੀ ਨੰ: 1, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-152107 ਇੱਕ ਮਕਾਨ ਜਿਸ ਦਾ ਪਲਾਟ ਨੰ: 14, ਖਸਰਾ ਨੰ-1806/2/1/ (32-15), ਗਣੇਸ਼ ਵਿਹਾਰ, ਕਾਲੋਨੀ ਪਿੰਡ ਮਲੋਟ, ਤਹਿ: ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-152107 ਨਾਲ ਹੀ : ਸ੍ਰੀ ਪਵਨ ਕੁਮਾਰ ਪੁੱਤਰ ਸੁਰਜੀਤ ਕੁਮਾਰ ਪ੍ਰੋਪ: ਮੈਸਰਜ਼ ਕੇ.ਡੀ. ਆਰ. ਫੈਸ਼ਨ ਹਾਊਸ ਸ੍ਰੀ ਚੰਦ ਨਗਰ, ਗਲੀ ਨੰ: 1, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-152107 ਕਰਜ਼ਾ ਖਾਤਾ ਨੰ: ਪੀ ਐੱਚ ਆਰ 024204506102 | ਗਣੇਸ਼ ਵਿਹਾਰ, ਕਾਲੋਨੀ, ਪਿੰਡ ਮਲੋਟ, ਤਹਿ: ਮਲੋਟ ਸਥਿਤ, ਬੈਨਾਮਾ ਵਸੀਕਾ ਨੰ: 413, ਮਿਤੀ 15.5.2017 ਅਨੁਸਾਰ ਸ੍ਰੀ ਪਵਨ ਕੁਮਾਰ ਪੁੱਤਰ ਸੁਰਜੀਤ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਨੰ: 14 'ਤੇ ਨਿਰਮਤ ਮਕਾਨ, ਰਕਬਾ 05 ਮਰਲੇ, ਕੁੱਲ ਜ਼ਮੀਨ ਖੇਤਰ 32 ਕਨਾਲ 5 ਮਰਲੇ ਦਾ 5/655 ਹਿੱਸਾ, ਖੇਵਟ ਨੰ: 1234, ਖਤੌਨੀ ਨੰ: 2509, ਖਸਰਾ ਨੰ: 1806/2/1/ (32-15), ਜਮ੍ਹਾਂਬੰਦੀ ਸਾਲ 2014-2015 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ: 13, ਪੱਛਮ : ਪਲਾਟ ਨੰ: 15, ਉੱਤਰ, : ਸੜਕ, ਦੱਖਣ : ਖੇਤੀਬਾੜੀ ਵਾਲੀ ਜ਼ਮੀਨ। | ਰੁਪਏ : 1018198/- (ਰੁਪਏ ਦਸ ਲੱਖ ਅਠਾਰਾਂ ਹਜ਼ਾਰ ਇੱਕ ਸੌ ਅਠਾਨਵੇਂ ਕੇਵਲ) | 8 ਜਨਵਰੀ 2023 | 30 ਮਾਰਚ 2023 | ਰੁਪਏ : 987450/- (ਰੁਪਏ : ਨੌਂ ਲੱਖ ਸਤਾਸੀ ਹਜ਼ਾਰ ਚਾਰ ਸੌ ਪੰਜਾਹ ਕੇਵਲ) |
| 1. ਸ੍ਰੀਮਤੀ ਕਸ਼ਿਸ਼ ਦੱਤਾ ਕਾਨੂੰਨੀ ਵਾਰਸ ਪਤਨੀ ਪੰਕਜ ਕੁਮਾਰ ਵਰਮਾ (ਮ੍ਰਿਤਕ ਕਰਜ਼ਦਾਰ) 2. ਸ੍ਰੀਮਤੀ ਕਮਲੇਸ਼ ਰਾਣੀ ਪਤਨੀ ਜੈ ਪ੍ਰਕਾਸ਼ ਵਰਮਾ, ਪੰਕਜ ਕੁਮਾਰ ਦੀ ਮਾਤਾ ਦੇ ਕਾਨੂੰਨੀ ਵਾਰਸ (ਮ੍ਰਿਤਕ ਕਰਜ਼ਦਾਰ) 3. ਤਨੀਸ਼ਕਾ ਦੱਤਾ ਕਾਨੂੰਨੀ ਵਾਰਸ ਪੁੱਤਰੀ ਪੰਕਜ ਕੁਮਾਰ ਵਰਮਾ (ਮ੍ਰਿਤਕ ਕਰਜ਼ਦਾਰ) ਰਾਹੀਂ ਇਸ ਦੇ ਕੁਦਰਤੀ ਗਾਰਡੀਅਨ ਸਾਰੇ ਵਾਸੀ ਮਕਾਨ ਨੰ: ਬੀ-18-1026/1026/ਏ ਪਲਾਟ ਨੰ: 87 ਐੱਲ ਮਾਡਲ ਟਾਊਨ ਨੇੜੇ ਓਲਡ ਕ੍ਰਿਸ਼ਨਾ ਮੰਦਰ ਤਹਿ: ਤੇ ਜ਼ਿਲ੍ਹਾ ਲੁਧਿਆਣਾ-141002 ਨਾਲ ਹੀ : ਮਕਾਨ ਨੰ: ਬੀ-18-863/1 ਪਲਾਟ ਨੰ: 502 ਐੱਲ ਮਾਡਲ ਟਾਊਨ ਤਹਿ: ਅਤੇ ਜ਼ਿਲ੍ਹਾ ਲੁਧਿਆਣਾ-141002 ਨਾਲ ਹੀ : ਮਕਾਨ ਨੰ: 51, ਐੱਸ ਐੱਲ ਡੀ ਸੀ ਕੰਪਲੈਕਸ ਐੱਮ ਪੀ ਐੱਚ ਕਾਲੋਨੀ, ਬੀ ਬੀ ਐੱਮ ਬੀ, ਇੰਡਸਟ੍ਰੀਅਲ ਏਰੀਆ, ਫੇਜ਼-1, ਚੰਡੀਗੜ੍ਹ-160002 ਕਰਜ਼ਾ ਖਾਤਾ ਨੰ: ਪੀ ਐੱਚ ਆਰ 004205427590 | ਪਿੰਡ ਨੂਰਭੈਣੀ, ਅਬਾਦੀ ਮਾਡਲ ਟਾਊਨ, ਤਹਿ: ਤੇ ਜ਼ਿਲ੍ਹਾ ਲੁਧਿਆਣਾ ਸਥਿਤ, ਬੈਨਾਮਾ ਵਸੀਕਾ ਨੰ: 7522 ਮਿਤੀ 26.8.2013 ਅਨੁਸਾਰ ਪੰਕਜ ਕੁਮਾਰ ਵਰਮਾ ਪੁੱਤਰ ਜੈ ਪ੍ਰਕਾਸ਼ ਵਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: ਬੀ-18-1026/1026/ਏ, ਪਲਾਟ ਨੰ: 87-ਐੱਲ ਦੇ ਹਿੱਸੇ 'ਤੇ ਨਿਰਮਤ, ਰਕਬਾ 161.40 ਵਰਗ ਗਜ਼ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਮਕਾਨ ਨੰ: 87 ਆਰ, ਉੱਤਰ : ਮਕਾਨ ਨੰ: 87-ਐੱਲ, ਦੱਖਣ : ਮਕਾਨ ਨੰ: 87- ਐੱਲ ਦਾ ਬਾਕੀ ਹਿੱਸਾ। | ਰੁਪਏ : 8399506/- (ਰੁਪਏ ਤਿਰਾਸੀ ਲੱਖ ਨੜੀਨਵੇਂ ਹਜ਼ਾਰ ਪੰਜ ਸੌ ਛੇ ਕੇਵਲ) | 10 ਅਪ੍ਰੈਲ 2023 | 26 ਅਪ੍ਰੈਲ 2023 | ਰੁਪਏ : 8480320/- (ਰੁਪਏ : ਚੁਰਾਸੀ ਲੱਖ ਅੱਸੀ ਹਜ਼ਾਰ ਤਿੰਨ ਸੌ ਵੀਹ ਕੇਵਲ) |
| 1. ਸ੍ਰੀਮਤੀ ਕਸ਼ਿਸ਼ ਦੱਤਾ ਕਾਨੂੰਨੀ ਵਾਰਸ ਪਤਨੀ ਪੰਕਜ ਕੁਮਾਰ ਵਰਮਾ (ਮ੍ਰਿਤਕ ਕਰਜ਼ਦਾਰ) 2. ਸ੍ਰੀਮਤੀ ਕਮਲੇਸ਼ ਰਾਣੀ ਪਤਨੀ ਜੈ ਪ੍ਰਕਾਸ਼ ਵਰਮਾ, ਪੰਕਜ ਕੁਮਾਰ ਦੀ ਮਾਤਾ ਦੇ ਕਾਨੂੰਨੀ ਵਾਰਸ (ਮ੍ਰਿਤਕ ਕਰਜ਼ਦਾਰ) 3. ਤਨੀਸ਼ਕਾ ਦੱਤਾ ਕਾਨੂੰਨੀ ਵਾਰਸ ਪੁੱਤਰੀ ਪੰਕਜ ਕੁਮਾਰ ਵਰਮਾ (ਮ੍ਰਿਤਕ ਕਰਜ਼ਦਾਰ) ਰਾਹੀਂ ਇਸ ਦੇ ਕੁਦਰਤੀ ਗਾਰਡੀਅਨ ਸਾਰੇ ਵਾਸੀ ਮਕਾਨ ਨੰ: ਬੀ-18-1026/1026/ਏ ਪਲਾਟ ਨੰ: 87 ਐੱਲ ਮਾਡਲ ਟਾਊਨ ਨੇੜੇ ਓਲਡ ਕ੍ਰਿਸ਼ਨਾ ਮੰਦਰ ਤਹਿ: ਤੇ ਜ਼ਿਲ੍ਹਾ ਲੁਧਿਆਣਾ-141002 ਨਾਲ ਹੀ : ਮਕਾਨ ਨੰ: ਬੀ-18-863/1 ਪਲਾਟ ਨੰ: 502 ਐੱਲ ਮਾਡਲ ਟਾਊਨ ਤਹਿ: ਅਤੇ ਜ਼ਿਲ੍ਹਾ ਲੁਧਿਆਣਾ-141002 ਨਾਲ ਹੀ : ਮਕਾਨ ਨੰ: 51, ਐੱਸ ਐੱਲ ਡੀ ਸੀ ਕੰਪਲੈਕਸ ਐੱਮ ਪੀ ਐੱਚ ਕਾਲੋਨੀ, ਬੀ ਬੀ ਐੱਮ ਬੀ, ਇੰਡਸਟ੍ਰੀਅਲ ਏਰੀਆ, ਫੇਜ਼-1, ਚੰਡੀਗੜ੍ਹ-160002 ਕਰਜ਼ਾ ਖਾਤਾ ਨੰ: ਐੱਲ ਟੀ ਆਰ 004205427588 | ਪਿੰਡ ਨੂਰਭੈਣੀ, ਅਬਾਦੀ ਮਾਡਲ ਟਾਊਨ, ਤਹਿ: ਤੇ ਜ਼ਿਲ੍ਹਾ ਲੁਧਿਆਣਾ ਸਥਿਤ, ਬੈਨਾਮਾ ਵਸੀਕਾ ਨੰ: 7522 ਮਿਤੀ 26.8.2013 ਅਨੁਸਾਰ ਪੰਕਜ ਕੁਮਾਰ ਵਰਮਾ ਪੁੱਤਰ ਜੈ ਪ੍ਰਕਾਸ਼ ਵਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: ਬੀ-18-1026/1026/ਏ, ਪਲਾਟ ਨੰ: 87-ਐੱਲ ਦੇ ਹਿੱਸੇ 'ਤੇ ਨਿਰਮਤ, ਰਕਬਾ 161.40 ਵਰਗ ਗਜ਼ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਮਕਾਨ ਨੰ: 87 ਆਰ, ਉੱਤਰ : ਮਕਾਨ ਨੰ: 87-ਐੱਲ, ਦੱਖਣ : ਮਕਾਨ ਨੰ: 87- ਐੱਲ ਦਾ ਬਾਕੀ ਹਿੱਸਾ। | ਰੁਪਏ : 5287200/- (ਰੁਪਏ ਬਵੰਜਾ ਲੱਖ ਸਤਾਸੀ ਹਜ਼ਾਰ ਦੋ ਸੌ ਕੇਵਲ) | 11 ਅਪ੍ਰੈਲ 2023 | 26 ਅਪ੍ਰੈਲ 2023 | ਰੁਪਏ : 5333000/- (ਰੁਪਏ : ਤਰਵੰਜਾ ਲੱਖ ਤੇਤੀ ਹਜ਼ਾਰ ਕੇਵਲ) |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। **(ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।)**

ਮਿਤੀ : 17-05-2023
ਸਥਾਨ : ਪੰਜਾਬ

ਅਧਿਕਾਰਤ ਅਫਸਰ,
ਐਕਸਿਸ ਬੈਂਕ ਲਿਮਟਿਡ


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

17-MAY-PAGE-3.qxd 5/16/2023 9:58 PM Page 1




GOVT. OF PUNJAB

ਪੰਜਾਬ ਸਰਕਾਰ ਰਾਜ ਦੀ ਪ੍ਰਗਤੀ,
ਖ਼ੁਸ਼ਹਾਲੀ ਅਤੇ ਅਮਨ ਲਈ ਵਚਨਬੱਧ



ਭਗਵੰਤ ਮਾਨ
ਮੁੱਖ ਮੰਤਰੀ, ਪੰਜਾਬ

# ਸਰਕਾਰ ਤੁਹਾਡੇ ਦੁਆਰ

**17 ਮਈ, ਜਲੰਧਰ**

**ਸਥਾਨ**

**ਕਬਾਨਾ ਹੋਟਲ, ਕੌਮੀ ਸ਼ਾਹਮਾਰਗ-1**
**ਸਮਾਂ: ਦੁਪਹਿਰ 12:00 ਵਜੇ**

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

17-May-PAGE-4.qxd 5/16/2023 10:23 PM Page 1



# ਕਾਂਗਰਸ ਦੀ ਸਫਲ ਰਣਨੀਤੀ

ਕਰਨਾਟਕ ਦੀਆਂ ਚੋਣਾਂ ਨੇ ਲੋਕਾਂ ਸਾਹਮਣੇ ਕਾਂਗਰਸ ਦਾ ਨਵਾਂ ਰੂਪ ਪੇਸ਼ ਕੀਤਾ ਹੈ। ਇਸ ਦੀ ਸ਼ੁਰੂਆਤ ਤਾਂ ਰਾਹੁਲ ਗਾਂਧੀ ਦੀ 'ਭਾਰਤ ਜੋੜੋ ਯਾਤਰਾ' ਦੌਰਾਨ ਹੋ ਗਈ ਸੀ, ਜਦੋਂ ਉਸ ਨੇ ਵਿਚਾਰਧਾਰਕ ਤੌਰ 'ਤੇ ਸੰਘ ਦੀ ਨ.ਫਰਤੀ ਫਿਰਕੂ ਮੁਹਿੰਮ ਦੇ ਮੁਕਾਬਲੇ ਲਈ ਇੱਕ ਸਪੱਸ਼ਟ ਨੀਤੀ ਅਖਤਿਆਰ ਕਰਕੇ ਕਿਹਾ ਕਿ ਉਹ ਨ.ਫਰਤ ਦੇ ਬਜ਼ਾਰ 'ਚ ਮੁਹੱਬਤ ਦੀ ਦੁਕਾਨ ਖੋਲ੍ਹਣ ਆਏ ਹਨ। ਰਾਹੁਲ ਗਾਂਧੀ ਦੀ ਯਾਤਰਾ ਕਰਨਾਟਕ ਵਿੱਚ 21 ਦਿਨ ਰਹੀ ਤੇ ਉਸ ਨੇ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਦਾ ਮਨੋਬਲ ਵਧਾਉਣ ਦਾ ਕੰਮ ਕੀਤਾ। ਰਾਹੁਲ ਗਾਂਧੀ ਨੇ ਵੱਖ-ਵੱਖ ਵਰਗਾਂ ਦੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਲੋੜਾਂ ਨੂੰ ਜਾਣਿਆ। ਲੋਕਾਂ ਦੀਆਂ ਉਮੀਦਾਂ ਦੇ ਮੁਤਾਬਕ ਹੀ ਕਾਂਗਰਸ ਨੇ ਰਾਏਪੁਰ ਸੰਮੇਲਨ ਵਿੱਚ ਆਪਣਾ ਸੰਕਲਪ ਪੱਤਰ ਤਿਆਰ ਕੀਤਾ।

ਕਾਂਗਰਸ ਪਾਰਟੀ ਨੇ ਚੋਣਾਂ ਵਿੱਚ ਇੱਕ ਸਪੱਸ਼ਟ ਨੀਤੀ ਅਪਣਾ ਕੇ ਚੋਣ ਜਿਊਣ-ਮਰਨ ਦਾ ਸਵਾਲ ਬਣਾ ਕੇ ਲੜੀ। ਕਾਂਗਰਸ ਦੇ ਦੋ ਵੱਡੇ ਆਗੂਆਂ ਡੀ ਕੇ ਸ਼ਿਵ ਕੁਮਾਰ ਤੇ ਸਿੱਧਾਰਮਈਆ ਨੇ ਆਪਸੀ ਸੱਤਾ ਸੰਘਰਸ਼ ਭੁੱਲ ਕੇ ਇਕਜੁੱਟ ਹੋ ਕੇ ਲੜਾਈ ਲੜੀ। ਸਥਾਨਕ ਆਗੂ ਇਸ ਲੜਾਈ ਵਿੱਚ ਕੇਂਦਰੀ ਲੀਡਰਸ਼ਿਪ ਦੇ ਭਰੋਸੇ ਨਹੀਂ ਰਹੇ ਤੇ ਨਾ ਹੀ ਕੇਂਦਰੀ ਲੀਡਰਸ਼ਿਪ ਨੇ ਉਨ੍ਹਾਂ ਨੂੰ ਕੋਈ ਅਧੀਨਗੀ ਦਾ ਅਹਿਸਾਸ ਹੋਣ ਦਿੱਤਾ ਤੇ ਸਭ ਕੁਝ ਉਨ੍ਹਾਂ ਉੱਤੇ ਛੱਡ ਦਿੱਤਾ। ਦੋਵਾਂ ਆਗੂਆਂ ਤੇ ਹਾਈਕਮਾਂਡ ਨੇ ਅਜਿਹਾ ਤਾਲਮੇਲ ਰੱਖਿਆ, ਜਿਸ ਤੋਂ ਇਹ ਅੰਦਾਜ਼ਾ ਨਹੀਂ ਸੀ ਲਗਦਾ ਕਿ ਕਿਸ ਨੇ ਵੱਧ ਜ਼ੋਰ ਲਾਇਆ ਹੈ।

ਪਿੱਛੇ 9 ਸਾਲਾਂ ਦੌਰਾਨ ਪਹਿਲੀ ਵਾਰ ਸੀ, ਜਦੋਂ ਕਾਂਗਰਸ ਨੇ ਕਰਨਾਟਕ ਚੋਣਾਂ ਵਿੱਚ ਹਮਲਾਵਰ ਚੋਣ ਮੁਹਿੰਮ ਚਲਾਈ। ਉਸ ਨੇ ਭਾਜਪਾ ਤੇ ਗੋਦੀ ਮੀਡੀਆ ਲਈ ਦੇਵਤਾ ਬਣ ਚੁੱਕੇ ਨਰਿੰਦਰ ਮੋਦੀ ਉੱਤੇ ਵੀ ਤਿੱਖੇ ਵਾਰ ਕੀਤੇ। ਇਹ ਮਿੱਥ ਬਣਾ ਦਿੱਤੀ ਗਈ ਸੀ ਕਿ ਨਰਿੰਦਰ ਮੋਦੀ ਉੱਤੇ ਹਮਲਾ ਕਰਨਾ ਆਤਮਘਾਤੀ ਹੁੰਦਾ ਹੈ, ਪ੍ਰੰਤੂ ਕਰਨਾਟਕ ਚੋਣਾਂ ਦੌਰਾਨ ਜਦੋਂ ਕਾਂਗਰਸ ਪ੍ਰਧਾਨ ਖੜਗੇ ਨੇ ਮੋਦੀ ਦੀ ਵਿਚਾਰਧਾਰਾ ਨੂੰ ਜ਼ਹਿਰੀਲਾ ਸੱਪ ਕਿਹਾ ਤਾਂ ਮੋਦੀ ਨੇ 91 ਗਾਲ੍ਹਾਂ ਦੀ ਲਿਸਟ ਪੇਸ਼ ਕਰਕੇ ਲੋਕਾਂ ਦੀ ਹਮਦਰਦੀ ਜਿੱਤਣੀ ਚਾਹੀ, ਪਰ ਪ੍ਰਿਅੰਕਾ ਗਾਂਧੀ ਨੇ ਇਸ ਦਾ ਇਹ ਕਹਿ ਕੇ ਮਜ਼ਾਕ ਉਡਾ ਦਿੱਤਾ ਕਿ ਇਹ ਕਿਹੋ ਜਿਹਾ ਪ੍ਰਧਾਨ ਮੰਤਰੀ ਹੈ, ਜੋ ਲੋਕਾਂ ਦੇ ਦੁੱਖ-ਦਰਦ ਸੁਣਨ ਦੀ ਥਾਂ ਆਪਣਾ ਰੋਣਾ ਰੋਈ ਜਾਂਦਾ। ਰਾਹੁਲ ਗਾਂਧੀ ਚੋਣ ਮੁਹਿੰਮ ਦੌਰਾਨ ਨਰਿੰਦਰ ਮੋਦੀ ਦੀ ਵੰਡ-ਪਾਊ ਸਿਆਸਤ ਉੱਤੇ ਹਮਲਾ ਕਰਦੇ ਰਹੇ। ਜਦੋਂ ਕਾਂਗਰਸ ਨੇ ਆਪਣੇ ਸੰਕਲਪ ਪੱਤਰ ਵਿੱਚ ਬਜਰੰਗ ਦਲ ਤੇ ਪੀ ਐੱਫ ਆਈ ਉੱਤੇ ਪਾਬੰਦੀ ਦਾ ਵਾਅਦਾ ਕੀਤਾ ਤਾਂ ਕਈ ਡਰੂ ਬੁੱਧੀਜੀਵੀਆਂ ਨੂੰ ਲੱਗਣ ਲੱਗਾ ਕਿ ਕਾਂਗਰਸ ਨੇ ਸੈੱਲ.ਫ ਗੋਲ ਕਰ ਲਿਆ ਹੈ। ਮੋਦੀ ਨੇ ਜਦੋਂ ਬਜਰੰਗ ਦਲ ਤੇ ਬਜਰੰਗ ਬਲੀ ਨੂੰ ਇੱਕਮਿੱਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਕੁਝ ਲੋਕਾਂ ਦਾ ਕਹਿਣਾ ਸੀ ਕਿ ਕਾਂਗਰਸ ਨੇ ਬੈਠੇ-ਬਠਾਏ ਮੋਦੀ ਨੂੰ ਮੁੱਦਾ ਦੇ ਦਿੱਤਾ ਹੈ, ਪਰ ਉਹ ਲੋਕ ਇਹ ਸਮਝਣ ਤੋਂ ਅਸਮਰੱਥ ਸਨ ਕਿ ਘੱਟਗਿਣਤੀਆਂ, ਦਲਿਤ ਤੇ ਕਾਰੋਬਾਰੀ ਲੋਕ ਇਸ ਭਾਜਪਾਈ ਗੁੰਡਾ ਬ੍ਰਿਗੇਡ ਤੋਂ ਕਿੰਨੇ ਸਤੇ ਹੋਏ ਹਨ।

ਕਰਨਾਟਕ ਚੋਣਾਂ ਕਾਂਗਰਸ ਨੇ ਦਲਿਤ ਪ੍ਰਧਾਨ ਮਲਿਕਾ ਅਰਜੁਨ ਖੜਗੇ ਦੀ ਅਗਵਾਈ ਵਿੱਚ ਲੜੀਆਂ ਸਨ। ਇਸ ਨੇ ਹਾਸ਼ੀਏ 'ਤੇ ਪੁੱਜ ਚੁੱਕੇ ਲੋਕਾਂ ਵਿੱਚ ਇੱਕ ਨਵੀਂ ਆਸ ਪੈਦਾ ਕੀਤੀ ਹੈ। ਲੋਕਾਂ ਨੇ ਮਹਿਸੂਸ ਕੀਤਾ ਕਿ ਕਾਂਗਰਸ ਖੜਗੇ ਦੀ ਮਾਰ.ਫਤ ਭਾਰਤੀ ਰਾਜਨੀਤੀ ਵਿੱਚ ਇੱਕ ਨਵੀਂ ਇਬਾਰਤ ਲਿਖ ਰਹੀ ਹੈ। ਰਾਜਨੀਤਕ ਹਲਕਿਆਂ ਵਿੱਚ ਇਹ ਚਰਚਾ ਛਿੜ ਚੁੱਕੀ ਹੈ ਕਿ ਅਜ਼ਾਦੀ ਦੇ 75 ਸਾਲਾਂ ਬਾਅਦ ਦੇਸ਼ ਨੂੰ ਇੱਕ ਦਲਿਤ ਪ੍ਰਧਾਨ ਮੰਤਰੀ ਮਿਲ ਸਕਦਾ ਹੈ। ਕਰਨਾਟਕ ਵਿੱਚ ਦਲਿਤ 17 .ਫੀਸਦੀ ਹਨ। ਦਲਿਤ ਹਮੇਸ਼ਾ ਕਾਂਗਰਸ ਦੇ ਨਾਲ ਰਹੇ ਹਨ, ਪਰ ਬਸਪਾ ਦੇ ਉਭਾਰ ਕਾਰਨ ਇਹ ਕਾਂਗਰਸ ਤੋਂ ਦੂਰ ਹੋ ਗਏ ਸਨ। ਕਰਨਾਟਕ ਚੋਣ ਨਤੀਜਿਆਂ ਨੇ ਸਾਬਤ ਕੀਤਾ ਹੈ ਕਿ ਦਲਿਤ ਮੁੜ ਕਾਂਗਰਸ ਵੱਲ ਝੁਕੇ ਹਨ।

ਕਰਨਾਟਕ ਚੋਣਾਂ ਵਿੱਚ ਕਾਂਗਰਸ ਨੇ ਸਭ ਵਰਗਾਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਈ ਹੈ, ਪਰ ਸਭ ਤੋਂ ਵੱਧ ਸ.ਫਲਤਾ ਉਸ ਨੂੰ ਅਨੁਸੂਚਿਤ ਜਾਤੀ ਤੇ ਅਨੁਸੂਚਿਤ ਜਨਜਾਤੀ ਲਈ ਰਾਖਵੀਆਂ ਸੀਟਾਂ ਉੱਤੇ ਮਿਲੀ ਹੈ। ਇਸ ਵਾਰ ਭਾਜਪਾ ਰਾਜ ਦੀਆਂ ਅਨੁਸੂਚਿਤ ਜਨਜਾਤੀ ਲਈ ਰਾਖਵੀਆਂ 15 ਸੀਟਾਂ ਵਿੱਚੋਂ ਇੱਕ ਵੀ ਨਹੀਂ ਜਿੱਤ ਸਕੀ। ਪਿਛਲੀ ਵਾਰ ਕਾਂਗਰਸ ਨੂੰ 7 ਸੀਟਾਂ ਮਿਲੀਆਂ ਸਨ ਤੇ ਇਸ ਵਾਰ ਉਹ 14 ਜਿੱਤ ਗਈ ਹੈ। ਇੱਕ ਸੀਟ ਜਨਤਾ ਦਲ ਸੈਕੂਲਰ ਦੇ ਹਿੱਸੇ ਆਈ ਹੈ। ਇਸੇ ਤਰ੍ਹਾਂ ਰਾਜ ਵਿੱਚ ਅਨੁਸੂਚਿਤ ਜਾਤੀ ਲਈ ਰਾਖਵੀਆਂ 36 ਸੀਟਾਂ ਵਿੱਚੋਂ ਕਾਂਗਰਸ ਨੇ 21 ਜਿੱਤ ਲਈਆਂ ਹਨ, ਜਦੋਂ ਕਿ ਪਿਛਲੀ ਵਾਰ ਉਸ ਨੂੰ 12 ਸੀਟਾਂ ਮਿਲੀਆਂ ਸਨ। ਦਲਿਤ ਵੋਟਾਂ ਲੈਣ ਲਈ ਭਾਜਪਾ ਨੇ ਪਿਛਲੀ ਅਕਤੂਬਰ ਵਿੱਚ ਐੱਸ ਸੀ ਦਾ ਰਾਖਵਾਂਕਰਨ 15 .ਫੀਸਦੀ ਤੋਂ ਵਧਾ ਕੇ 17 .ਫੀਸਦੀ ਤੇ ਐਸ ਟੀ ਦਾ ਰਾਖਵਾਂਕਰਨ 3 .ਫੀਸਦੀ ਤੋਂ ਵਧਾ ਕੇ 7 .ਫੀਸਦੀ ਕੀਤਾ ਸੀ, ਪਰ ਭਾਜਪਾ ਨੂੰ ਇਸ ਦਾ ਫਲ ਨਹੀਂ ਮਿਲਿਆ। ਇਸ ਸਮੇਂ ਹਿੰਦੀ ਬੈੱਲਟ ਵਿੱਚ ਬਸਪਾ ਕਮਜ਼ੋਰ ਹੋ ਰਹੀ ਹੈ, ਜੇਕਰ ਕਾਂਗਰਸ ਦਲਿਤ ਪ੍ਰਧਾਨ ਮੰਤਰੀ ਦੀ ਗੱਲ ਦਲਿਤਾਂ ਵਿੱਚ ਲੈ ਜਾਂਦੀ ਹੈ ਤਾਂ ਉਹ ਆਪਣੀ ਖੁੱਸੀ ਹੋਈ ਜ਼ਮੀਨ ਮੁੜ ਹਾਸਲ ਕਰ ਸਕਦੀ ਹੈ।

ਅੱਜ ਦੇਸ਼ ਅੰਦਰ ਸਨਾਤਨ ਬਨਾਮ ਸਮਾਜਕ ਨਿਆਂ ਦਾ ਮੁੱਦਾ ਰਾਜਨੀਤੀ ਦੇ ਕੇਂਦਰ ਵਿੱਚ ਆ ਰਿਹਾ ਹੈ। ਬਿਹਾਰ, ਯੂ ਪੀ ਤੇ ਤਾਮਿਲਨਾਡੂ ਆਦਿ ਰਾਜਾਂ ਵਿੱਚ ਜਾਤੀ ਸਰਵੇਖਣ ਦੀ ਮੰਗ ਜ਼ੋਰ ਫੜ ਰਹੀ ਹੈ। ਕਰਨਾਟਕ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਨੇ ਸਮਾਜਕ ਨਿਆਂ ਦੀ ਲੜਾਈ ਨੂੰ ਨਵੀਂ ਤਾਕਤ ਦਿੱਤੀ ਹੈ। ਇਸ ਨੇ ਰਾਜਨੀਤੀ ਦੀ ਦਿਸ਼ਾ ਨੂੰ ਸਪੱਸ਼ਟ ਕਰ ਦਿੱਤਾ ਹੈ। ਇਸ ਤੋਂ ਲਗਦਾ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਦਲਿਤ ਤੇ ਹਾਸ਼ੀਏ 'ਤੇ ਪੁੱਜ ਚੁੱਕੇ ਲੋਕਾਂ ਲਈ ਸਮਾਜਕ ਨਿਆਂ ਨੂੰ ਮੁੱਖ ਮੁੱਦਾ ਬਣਾ ਕੇ ਲੜੀਆਂ ਜਾਣਗੀਆਂ।

**-ਚੰਦ ਫਤਿਹਪੁਰੀ**

# ਵੋਟ ਪਾਉਣ ਪ੍ਰਤੀ ਘਟਦੀ ਦਿਲਚਸਪੀ ਲੋਕਤੰਤਰ ਲਈ ਖ਼ਤਰੇ ਦੀ ਘੰਟੀ !



ਬਿੰਦਰ ਸਿੰਘ ਖੁੱਡੀ ਕਲਾਂ

ਸਾਡੇ ਮੁਲਕ ਦਾ ਨਾਂਅ ਵਿਸ਼ਵ ਦੇ ਵੱਡੇ ਲੋਕਤੰਤਰੀ ਮੁਲਕਾਂ ਵਿੱਚ ਸ਼ੁਮਾਰ ਹੈ। ਮੁਲਕ 'ਚ ਸਥਾਪਤ ਲੋਕਤੰਤਰ ਦੀ ਸਭ ਤੋਂ ਛੋਟੀ ਇਕਾਈ ਪਿੰਡ ਪੰਚਾਇਤ ਤੋਂ ਲੈ ਕੇ ਲੋਕ ਸਭਾ ਤੱਕ ਦੇ ਮੈਂਬਰ ਦੀ ਚੋਣ ਦਾ ਅਧਿਕਾਰ ਆਮ ਲੋਕਾਂ ਕੋਲ ਹੈ। ਵੋਟਰ ਆਪਣੇ ਵੋਟ ਅਧਿਕਾਰ ਦਾ ਇਸਤੇਮਾਲ ਕਰਦਿਆਂ ਮਰਜ਼ੀ ਦੇ ਨੁਮਾਇੰਦੇ ਦੀ ਚੋਣ ਲਈ ਆਜ਼ਾਦ ਹਨ। ਲੋਕਤੰਤਰ ਵਿੱਚ ਵੋਟ ਦੇ ਅਧਿਕਾਰ ਨੂੰ ਨਾਗਰਿਕ ਦੀ ਤਾਕਤ ਸਮਝਿਆ ਜਾਂਦਾ ਹੈ, ਪਰ ਬੜੀ ਹੈਰਾਨੀ ਦੀ ਗੱਲ ਹੈ ਕਿ ਸਾਡੇ ਮੁਲਕ ਦੇ ਨਾਗਰਿਕ ਆਪਣੀ ਇਸ ਤਾਕਤ ਦਾ ਇਸਤੇਮਾਲ ਕਰਨ ਤੋਂ ਲਗਾਤਾਰ ਮੁਨਕਰ ਹੋ ਰਹੇ ਹਨ। ਵੋਟ ਅਧਿਕਾਰ ਦੇ ਇਸਤੇਮਾਲ 'ਚ ਪ੍ਰਤੀ ਦਿਨ ਗਿਰਾਵਟ ਆ ਰਹੀ ਹੈ।

ਪਿਛਲੇ ਦਿਨੀਂ ਪੰਜਾਬ ਦੇ ਜਲੰਧਰ ਲੋਕ ਸਭਾ ਹਲਕੇ ਦੀ ਉਪ ਚੋਣ ਦੌਰਾਨ ਵੋਟਰਾਂ ਵੱਲੋਂ ਵੋਟ ਅਧਿਕਾਰ ਦੇ ਇਸਤੇਮਾਲ ਪ੍ਰਤੀ ਵਿਖਾਈ ਉਦਾਸੀਨਤਾ ਸਾਡੇ ਮੁਲਕ ਦੇ ਲੋਕਤੰਤਰ ਲਈ ਖਤਰੇ ਦੀ ਘੰਟੀ ਤੋਂ ਘੱਟ ਨਹੀਂ। ਮੀਡੀਆ ਰਿਪੋਰਟਾਂ ਅਨੁਸਾਰ ਇਸ ਚੋਣ ਦੌਰਾਨ ਹਲਕੇ ਦੇ 54 ਫੀਸਦ ਦੇ ਲੱਗਭੱਗ ਵੋਟਰਾਂ ਵੱਲੋਂ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕੀਤਾ ਗਿਆ ਯਾਨੀ ਕਿ ਹਲਕੇ ਦੇ 16,21,800 ਵੋਟਰਾਂ ਵਿੱਚੋਂ ਸਿਰਫ 8,75,772 ਦੇ ਕਰੀਬ ਵੋਟਰ ਹੀ ਆਪਣੇ ਲੋਕ ਸਭਾ ਨੇਤਾ ਦੀ ਚੋਣ ਲਈ ਪੋਲਿੰਗ ਬੂਥਾਂ 'ਤੇ ਆਏ। ਆਪਣੇ ਨੁਮਾਇੰਦਿਆਂ ਦੀ ਚੋਣ ਪ੍ਰਤੀ ਵੋਟਰਾਂ ਦੀ ਦਿਲਚਸਪੀ ਵਿੱਚ ਦਿਨ ਪ੍ਰਤੀ ਦਿਨ ਗਿਰਾਵਟ ਆ ਰਹੀ ਹੈ। ਇਸ ਹਲਕੇ ਦੀ 2014 ਦੀ ਚੋਣ ਦੌਰਾਨ 67 ਫੀਸਦ ਦੇ ਕਰੀਬ ਵੋਟਰਾਂ ਵੱਲੋਂ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕੀਤਾ ਗਿਆ ਸੀ, ਜਦਕਿ 2019 ਵਿੱਚ ਇਹ ਘਟ ਕੇ 63 ਫੀਸਦ ਰਹਿ ਗਿਆ ਅਤੇ ਹਾਲ ਹੀ ਵਿੱਚ ਹੋਈ ਉਪ ਚੋਣ ਦੌਰਾਨ ਇਹ ਫੀਸਦ ਹੋਰ ਵੀ ਘਟ ਗਈ ਹੈ।

ਵੋਟ ਅਧਿਕਾਰ ਦੇ ਇਸਤੇਮਾਲ ਪ੍ਰਤੀ ਵੋਟਰਾਂ ਦੀ ਦਿਲਚਸਪੀ ਵਿੱਚ ਆ ਰਹੀ ਲਗਾਤਾਰ ਗਿਰਾਵਟ ਬਹੁਤ ਸਾਰੇ ਸਵਾਲ ਖੜੇ ਕਰਦੀ ਹੈ। ਆਖਿਰ ਕਿਉਂ ਆਪਣੇ ਨੁਮਾਇੰਦੇ ਦੀ ਚੋਣ ਪ੍ਰਤੀ ਵੋਟਰਾਂ ਦਾ ਉਤਸ਼ਾਹ ਖਤਮ ਹੋ ਰਿਹਾ ਹੈ? ਕਿਉਂ ਉਮੀਦਵਾਰਾਂ ਦੀ ਜਿੱਤ-ਹਾਰ ਦੇ ਵੋਟਰਾਂ ਲਈ ਕੋਈ ਮਾਅਨੇ ਨਹੀਂ ਰਹੇ? ਵੋਟਰਾਂ ਵੱਲੋਂ ਵੋਟ ਅਧਿਕਾਰ ਦੇ ਇਸਤੇਮਾਲ ਪ੍ਰਤੀ ਦਿਲਚਸਪੀ ਵਿੱਚ ਆ ਰਹੀ ਕਮੀ ਆਪਣੇ-ਆਪ ਵਿੱਚ ਰਾਜਸੀ ਨੇਤਾਵਾਂ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ ਹੈ। ਇਹ ਵੋਟਰਾਂ ਦਾ ਅਸਿੱਧਾ ਇਸ਼ਾਰਾ ਹੈ ਕਿ ਉਹਨਾਂ ਨੂੰ ਕੋਈ ਫਰਕ ਨਹੀਂ ਪੈਂਦਾ ਕਿ ਉਹਨਾਂ ਦੇ ਹਲਕੇ ਦੀ ਨੁਮਾਇੰਦਗੀ ਕੌਣ ਕਰਦਾ ਹੈ? ਵੋਟਰਾਂ ਲਈ ਕਿਸੇ ਵੀ ਨੇਤਾ ਦੀ ਨੁਮਾਇੰਦਗੀ ਦੇ ਕੋਈ ਅਰਥ ਨਹੀਂ ਹਨ। ਵੋਟਰਾਂ ਨੂੰ ਜਾਪਦਾ ਹੈ ਕਿ ਉਹ ਨੁਮਾਇੰਦੇ ਦੀ ਚੋਣ ਲਈ ਘੰਟਿਆਂਬੱਧੀ ਕਤਾਰਾਂ ਵਿੱਚ ਕਿਉਂ ਖੜਨ। ਨੁਮਾਇੰਦਿਆਂ ਪ੍ਰਤੀ ਵੋਟਰਾਂ ਦੀਆਂ ਆਸਾਂ-ਉਮੀਦਾਂ ਖਤਮ ਹੋ ਰਹੀਆਂ ਹਨ। ਜਿਵੇਂ ਵੋਟਰ ਵਿਚਾਰੇ ਨੁਮਾਇੰਦੇ ਚੁਣ-ਚੁਣ ਥੱਕ-ਹਾਰ ਗਏ ਹੋਣ। ਹੁਣ ਉਹਨਾਂ ਨੂੰ ਜਾਪਦਾ ਹੋਵੇ ਕਿ ਜਿਸ ਨੇ ਨੁਮਾਇੰਦਾ ਬਣਨਾ ਹੈ, ਬਣ ਜਾਵੇ। ਇਹ ਨੁਮਾਇੰਦੇ ਪਿਛਲੇ ਪਝੱਤਰ ਵਰ੍ਹਿਆਂ ਤੋਂ ਉਹਨਾਂ ਦੀ ਤਕਦੀਰ ਨਹੀਂ ਬਦਲ ਸਕੇ ਤਾਂ ਹੁਣ ਕੀ ਮਾਅਰਕਾ ਮਾਰ ਦੇਣਗੇ।

ਵੋਟ ਪ੍ਰਕਿਰਿਆ ਪ੍ਰਤੀ ਵੋਟਰਾਂ ਦੀ ਘਟ ਰਹੀ ਦਿਲਚਸਪੀ ਨੂੰ ਰਾਜਸੀ ਪਾਰਟੀਆਂ ਅਤੇ ਨੇਤਾਵਾਂ ਵੱਲੋਂ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਰਾਜਸੀ ਨੇਤਾਵਾਂ ਨੂੰ ਇਹ ਜ਼ਰੂਰ ਸੋਚਣਾ ਬਣਦਾ ਹੈ ਕਿ ਆਖਿਰ ਕਿਉਂ ਲੋਕ ਸਾਨੂੰ ਨੁਮਾਇੰਦੇ ਦੇ ਰੂਪ ਵਿੱਚ ਚੁਣਨ ਲਈ ਪੋਲਿੰਗ ਬੂਥਾਂ 'ਤੇ ਆਉਣ ਦੀ ਬਜਾਏ ਘਰਾਂ ਵਿੱਚ ਰਹਿਣ ਨੂੰ ਤਰਜੀਹ ਦੇਣ ਲੱਗੇ ਹਨ? ਕਿਉਂ ਉਹਨਾਂ ਨੂੰ ਕਿਸੇ ਵੀ ਉਮੀਦਵਾਰ ਵਿੱਚੋਂ ਆਸ ਦੀ ਕਿਰਨ ਨਹੀਂ ਵਿਖਾਈ ਦੇ ਰਹੀ? ਇਹ ਘਟ ਰਹੀ ਵੋਟ ਫੀਸਦ ਰਾਜਸੀ ਨੇਤਾਵਾਂ ਅਤੇ ਵੋਟਰਾਂ ਦਰਮਿਆਨ ਵਧ ਰਹੀ ਦੂਰੀ ਦਾ ਵੀ ਸੰਕੇਤ ਹੈ। ਸੰਕੇਤ ਹੈ ਆਮ ਲੋਕਾਂ ਅਤੇ ਰਾਜਸੀ ਨੇਤਾਵਾਂ ਦਰਮਿਆਨ ਘਟ ਰਹੇ ਆਪਸੀ ਵਿਸਵਾਸ਼ ਦਾ। ਵੋਟਰਾਂ ਦਾ ਵਿਸ਼ਵਾਸ ਜਿੱਤਣਾ ਰਾਜਸੀ ਨੇਤਾਵਾਂ ਲਈ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ। ਵੋਟਰਾਂ ਨੂੰ ਕਿਸੇ ਨਾ ਕਿਸੇ ਉਮੀਦਵਾਰ ਦੀ ਜਿੱਤ ਵਿੱਚੋਂ ਆਪਣੀਆਂ ਆਸਾਵਾਂ ਅਤੇ ਇਛਾਵਾਂ ਦੀ ਪੂਰਤੀ ਦੀ ਉਮੀਦ ਜ਼ਰੂਰ ਵਿਖਾਈ ਦੇਣੀ ਚਾਹੀਦੀ ਹੈ। ਵੋਟਰ ਅਤੇ ਉਮੀਦਵਾਰਾਂ ਦਰਮਿਆਨ ਇੱਕ ਅਪਣੱਤ ਦੇ ਰਿਸ਼ਤੇ ਦੀ ਹੋਂਦ ਦਾ ਹੋਣਾ ਬਹੁਤ ਜ਼ਰੂਰੀ ਹੈ, ਪਰ ਬਦਕਿਸਮਤੀ ਵੱਸ ਸਾਡੇ ਰਾਜਸੀ ਲੋਕ ਆਮ ਲੋਕਾਂ ਤੋਂ ਲਗਾਤਾਰ ਦੂਰ ਜਾ ਰਹੇ ਹਨ। ਨੁਮਾਇੰਦੇ ਬਣਨ ਯਾਨੀ ਕਿ ਜਿੱਤ ਪ੍ਰਾਪਤ ਕਰਨ ਉਪਰੰਤ ਰਾਜਸੀ ਲੋਕਾਂ ਦੀ ਵੋਟਾਂ ਤੋਂ ਪਹਿਲਾਂ ਵਾਲੀ ਬੋਲੀ ਅਤੇ ਕਾਰਜਸ਼ੈਲੀ ਪਤਾ ਨਹੀਂ ਕਿੱਥੇ ਅਲੋਪ ਹੋ ਜਾਂਦੀ ਹੈ? ਜਾਂ ਕਹਿ ਲਿਆ ਜਾਵੇ ਕਿ ਜਿੱਤ ਪ੍ਰਾਪਤ ਕਰਨ ਉਪਰੰਤ ਜਾਂ ਫਿਰ ਸੱਤਾ 'ਤੇ ਬਿਰਾਜਮਾਨ ਹੋਣ ਉਪਰੰਤ ਰਾਜਸੀ ਲੋਕ ਵੋਟਰਾਂ ਤੋਂ ਇੰਨੇ ਜ਼ਿਆਦਾ ਦੂਰ ਚਲੇ ਜਾਂਦੇ ਹਨ ਕਿ ਵੋਟਰ ਹੱਥੀਂ ਚੁਣੇ ਨੁਮਾਇੰਦੇ ਨੂੰ ਮਿਲਣ ਲਈ ਤਰਸ ਜਾਂਦੇ ਹਨ। ਵੋਟਾਂ ਦੌਰਾਨ ਆਮ ਲੋਕਾਂ ਨੂੰ ਜੱਫੀਆਂ ਪਾ-ਪਾ ਅਪਣੱਤ ਜਤਾਉਣ ਵਾਲੇ ਰਾਜਸੀ ਲੋਕ ਜਿੱਤ ਪ੍ਰਾਪਤ ਕਰਨ ਉਪਰੰਤ ਉਹਨਾਂ ਹੀ ਲੋਕਾਂ ਨੂੰ ਪਹਿਚਾਨਣ ਤੋਂ ਇਨਕਾਰੀ ਹੋ ਜਾਂਦੇ ਹਨ।





ਚੋਣ ਮਾਹੌਲ ਦੌਰਾਨ ਗੜਬੜੀਆਂ ਵਿੱਚ ਹੋ ਰਿਹਾ ਇਜ਼ਾਫਾ ਵੀ ਘਟ ਰਹੀ ਵੋਟ ਫੀਸਦ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਹੈ। ਚੋਣ ਹਿੰਸਾ ਦੀਆਂ ਘਟਨਾਵਾਂ ਵਿੱਚ ਦਿਨ ਪ੍ਰਤੀ ਦਿਨ ਹੋ ਰਹੇ ਵਾਧੇ ਦੌਰਾਨ ਵੋਟ ਅਧਿਕਾਰ ਦਾ ਇਸਤੇਮਾਲ ਵੀ ਕਿਸੇ ਖਤਰੇ ਤੋਂ ਘੱਟ ਨਹੀਂ। ਬੂਥਾਂ 'ਤੇ ਤਣਾਅ ਵਾਲਾ ਮਾਹੌਲ ਬਣਨਾ ਤਾਂ ਆਮ ਜਿਹੀ ਗੱਲ ਹੀ ਹੋ ਗਈ ਹੈ। ਹੁਣ ਤਾਂ ਡਾਂਗਾਂ-ਸੋਟੀਆਂ ਦਾ ਚੱਲਣਾ ਅਤੇ ਗੋਲੀਬਾਰੀ ਵੀ ਆਮ ਘਟਨਾਵਾਂ ਵਿਚ ਗਿਣੀ ਜਾਣ ਲੱਗੀ ਹੈ। ਕਤਲੋਗਾਰਤ ਦੇ ਬਿਨਾਂ ਨੇਪਰੇ ਚੜ੍ਹੀ ਚੋਣ ਪ੍ਰਕਿਰਿਆ ਨੂੰ ਅਮਨ-ਅਮਾਨ ਨਾਲ ਨੇਪਰੇ ਚੜ੍ਹੀ ਚੋਣ ਪ੍ਰਕ੍ਰਿਆ ਹੀ ਕਿਹਾ ਜਾਂਦਾ ਹੈ। ਫਿਰ ਭਲਾ ਕਿਉਂ ਵੋਟਰ ਜਾਨ ਜੋਖਮ 'ਚ ਪਾ ਕੇ ਵੋਟ ਅਧਿਕਾਰ ਦੇ ਇਸਤੇਮਾਲ ਲਈ ਪੋਲਿੰਗ ਬੂਥਾਂ 'ਤੇ ਜਾਵੇ। ਰਾਜਸੀ ਪੁਸ਼ਤ ਪਨਾਹੀ ਹੇਠ ਰਾਜਸੀ ਮਨੋਰਥਾਂ ਲਈ ਕਰਵਾਈ ਜਾਣ ਵਾਲੀ ਚੋਣ ਹਿੰਸਾ ਸਾਡੇ ਸੂਬੇ ਦੀ ਲੋਕਤੰਤਰੀ ਪ੍ਰਕਿਰਿਆ ਦੇ ਮੱਥੇ ਦਾ ਕਲੰਕ ਬਣ ਰਹੀ ਹੈ।

ਲੋਕਤੰਤਰ ਨੂੰ ਬਚਾਉਣ ਲਈ ਪੋਲਿੰਗ ਦੌਰਾਨ ਵੋਟ ਫੀਸਦ ਵਿੱਚ ਇਜ਼ਾਫਾ ਸਮੇਂ ਦੀ ਮੁੱਖ ਮੰਗ ਹੈ। ਵੋਟਾਂ ਦੀ ਪੋਲਿੰਗ ਫੀਸਦ ਵਿੱਚ ਇਜ਼ਾਫੇ ਲਈ ਰਾਜਸੀ ਨੇਤਾਵਾਂ ਅਤੇ ਆਮ ਲੋਕਾਂ ਦੇ ਤਿੜਕਦੇ ਰਿਸ਼ਤੇ ਬਾਰੇ ਰਾਜਸੀ ਨੇਤਾਵਾਂ ਨੂੰ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ। ਇਸ ਦੇ ਨਾਲ ਹੀ ਪੋਲਿੰਗ ਬੂਥਾਂ 'ਤੇ ਜਾ ਕੇ ਹੀ ਵੋਟ ਅਧਿਕਾਰ ਦੇ ਇਸਤੇਮਾਲ ਦੇ ਇੱਕ ਮਾਤਰ ਤਰੀਕੇ ਦਾ ਬਦਲ ਵੀ ਸਮੇਂ ਦੀ ਮੁੱਖ ਮੰਗ ਹੈ। ਜੇਕਰ ਸਮਾਂ ਰਹਿੰਦੇ ਵੋਟ ਅਧਿਕਾਰ ਦੇ ਇਸਤੇਮਾਲ ਪ੍ਰਤੀ ਵੋਟਰਾਂ ਦੀ ਘਟ ਰਹੀ ਦਿਲਚਸਪੀ ਨੂੰ ਗੰਭੀਰਤਾ ਨਾਲ ਨਾ ਲਿਆ ਗਿਆ ਤਾਂ ਸਾਡੇ ਮੁਲਕ ਦੀ ਲੋਕਤੰਤਰੀ ਪ੍ਰਕਿਰਿਆ ਨੂੰ ਖਤਮ ਹੋਣ ਤੋਂ ਕੋਈ ਨਹੀਂ ਰੋਕ ਸਕੇਗਾ।

*# ਸੰਪਰਕ : 98786-05965*

# ਅਜੋਕੇ ਸਮਾਜ 'ਚ ਔਰਤਾਂ ਦੀ ਭੂਮਿਕਾ

**ਸੁਖਦੀਪ ਸਿੰਘ**

ਔਰਤ ਸੰਸਾਰ ਦੀ ਜਨਨੀ ਹੈ। ਵੱਡੇ-ਵੱਡੇ ਰਾਜਿਆਂ-ਮਹਾਰਾਜਿਆਂ, ਗੁਰੂਆਂ, ਪੀਰਾਂ, ਪੈਗੰਬਰਾਂ ਦੀ ਜਨਮਦਾਤੀ ਹੈ। ਔਰਤ ਸਮਾਜ ਦਾ ਧੁਰਾ ਹੈ। ਔਰਤ ਬਿਨਾਂ ਪੂਰੀ ਦੁਨੀਆ ਹੀ ਅਧੂਰੀ ਹੈ। ਔਰਤ ਨਾਲ ਹੀ ਸਮਾਜ ਦੇ ਸਾਰੇ ਰਿਸ਼ਤੇ ਜੁੜੇ ਹੋਏ ਹਨ। ਔਰਤ ਦਾ ਮਾਂ, ਭੈਣ, ਪਤਨੀ, ਬੇਟੀ ਦੇ ਰੂਪ ਵਿੱਚ ਹਰ ਰਿਸ਼ਤਾ ਸਮਾਜ ਦੀ ਸਿਰਜਣਾ ਕਰਦਾ ਹੈ। ਵੈਦਿਕ ਕਾਲ ਵਿੱਚ ਔਰਤਾਂ ਨੂੰ ਬਰਾਬਰ ਦੇ ਅਧਿਕਾਰ ਸਨ, ਪਰ ਹੌਲੀ-ਹੌਲੀ ਉਹ ਅਧਿਕਾਰ ਘਟਦੇ ਗਏ ਅਤੇ ਮੱਧ ਕਾਲ ਤੱਕ ਔਰਤਾਂ ਦੀ ਦਸ਼ਾ ਤਰਸਯੋਗ ਹੋ ਗਈ। ਔਰਤਾਂ ਦੇ ਹੱਕਾਂ ਲਈ ਕੀਤੇ ਲੰਮੇ ਸੰਘਰਸ਼ ਤੋਂ ਬਾਅਦ ਅਜੋਕੇ ਸਮਾਜ ਵਿੱਚ ਔਰਤਾਂ ਦੀ ਸਥਿਤੀ ਕਾਫ਼ੀ ਬਿਹਤਰ ਹੋਈ ਹੈ, ਹਾਲਾਂਕਿ ਕਈ ਥਾਵਾਂ 'ਤੇ ਸੁਧਾਰ ਦੀ ਬਹੁਤ ਲੋੜ ਹੈ। ਅੱਜ ਦੀ ਔਰਤ ਹਰ ਖੇਤਰ ਵਿੱਚ ਮਰਦ ਤੋਂ ਅੱਗੇ ਜਾ ਰਹੀ ਹੈ। ਸਕੂਲਾਂ, ਕਾਲਜਾਂ ਨੌਕਰੀਆਂ ਲਈ ਇਮਤਿਹਾਨਾਂ ਦੇ ਨਤੀਜਿਆਂ ਵਿੱਚ ਕੁੜੀਆਂ-ਮੁੰਡਿਆਂ ਤੋਂ ਅੱਗੇ ਜਾ ਰਹੀਆਂ ਹਨ। ਅੱਜ ਦੀ ਔਰਤ ਕਿਸੇ 'ਤੇ ਨਿਰਭਰ ਨਹੀਂ ਹੈ। ਉਹ ਪਾਇਲਟ ਬਣ ਕੇ ਅਸਮਾਨ ਵਿੱਚ ਉੱਡ ਰਹੀ ਹੈ, ਬੰਦੂਕ ਫੜ ਕੇ ਦੁਸ਼ਮਣ ਦਾ ਮੁਕਾਬਲਾ ਕਰਨ ਲਈ ਸਰਹੱਦ 'ਤੇ ਖੜ੍ਹੀ ਹੈ, ਪੁਲਸ ਵਿੱਚ ਭਰਤੀ ਹੋ ਕੇ ਅਪਰਾਧ ਨੂੰ ਖ਼ਤਮ ਕਰਨ ਲਈ ਦ੍ਰਿੜ੍ਹ ਹੈ। ਅੱਜ ਦੀ ਔਰਤ ਮਜ਼ਬੂਤੀ ਨਾਲ ਸਮਾਜ ਵਿੱਚ ਵਿਚਰ ਰਹੀ ਹੈ। ਕਿਰਨ ਬੇਦੀ, ਕਲਪਨਾ ਚਾਵਲਾ, ਮਦਰ ਟੇਰੇਸਾ, ਸਰੋਜਨੀ ਨਾਇਡੂ, ਇੰਦਰਾ ਗਾਂਧੀ ਇਸ ਦੀਆਂ ਉਦਾਹਰਣਾਂ ਹਨ। ਅਸਲ ਵਿੱਚ ਤਾਂ ਹਰ ਔਰਤ ਹੀ ਮਹਾਨ ਹੈ, ਜੋ ਆਪਣੇ ਪਰਵਾਰ/ਸਮਾਜ ਦੀ ਬਿਹਤਰੀ ਲਈ ਆਪਣਾ ਪੂਰਾ ਜ਼ੋਰ ਲਗਾ ਰਹੀ ਹੈ। ਹਰ ਸਾਲ ਅੱਠ ਮਾਰਚ ਨੂੰ ਅੰਤਰਰਾਸ਼ਟਰੀ ਇਸਤਰੀ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ। ਇਸ ਦਾ ਅਸਲ ਮਕਸਦ ਇਸਤਰੀਆਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਚੇਤਨ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਵਿਸ਼ੇਸ਼ ਉਪਰਾਲੇ ਕਰਨਾ ਵੀ ਹੈ। ਅੱਠ ਮਾਰਚ ਨੂੰ ਸੰਸਾਰ ਭਰ ਵਿੱਚ ਮਨਾਇਆ ਜਾਣ ਵਾਲਾ ਅੰਤਰਰਾਸ਼ਟਰੀ ਇਸਤਰੀ ਦਿਵਸ ਦੀ ਆਰੰਭਤਾ ਇੱਕ ਮਜ਼ਦੂਰ ਅੰਦੋਲਨ ਤੋਂ ਹੋਈ। ਜਦੋਂ ਪੰਦਰਾਂ ਹਜ਼ਾਰ ਮਜ਼ਦੂਰ ਔਰਤਾਂ ਵੱਲੋਂ ਨਿਊਯਾਰਕ (ਅਮਰੀਕਾ) ਵਿੱਚ 1908 ਈਸਵੀ ਵਿੱਚ ਇਕ ਜਲੂਸ ਕੱਢਿਆ ਗਿਆ, ਜਿਸ ਵਿੱਚ ਉਨ੍ਹਾਂ ਨੇ ਔਰਤਾਂ ਦੀ ਤਨਖ਼ਾਹ ਵਧਾਉਣ, ਕੰਮ ਕਰਨ ਦੇ ਘੰਟੇ ਨਿਸ਼ਚਿਤ ਕਰਨ ਅਤੇ ਵੋਟ ਪਾਉਣ ਦੇ ਅਧਿਕਾਰ ਦੀ ਮੰਗ ਕੀਤੀ। ਪੂਰੇ ਇੱਕ ਸਾਲ ਬਾਅਦ ਅਮਰੀਕਾ ਦੀ ਸੋਸ਼ਲਿਸਟ ਪਾਰਟੀ ਨੇ ਅੱਠ ਮਾਰਚ ਦੇ ਦਿਨ ਨੂੰ ਪੂਰੇ ਅਮਰੀਕਾ ਵਿਚ ਰਾਸ਼ਟਰੀ ਮਹਿਲਾ ਦਿਵਸ ਦੇ ਤੌਰ 'ਤੇ ਮਨਾਉਣ ਦਾ ਐਲਾਨ ਕਰ ਦਿੱਤਾ। ਕਲਾਰਾ ਜੇਟਕਿਨ ਨਾਂਅ ਦੀ ਇੱਕ ਕੰਮਕਾਜੀ ਔਰਤ ਨੇ ਕੋਪਨਹੇਗਨ ਵਿੱਚ ਕੰਮਕਾਜੀ ਔਰਤਾਂ ਦੀ ਇੱਕ ਕੌਮਾਂਤਰੀ ਕਾਨਫਰੰਸ ਦੌਰਾਨ ਅੱਠ ਮਾਰਚ ਦੇ ਦਿਨ ਨੂੰ ਵਿਸ਼ਵ ਪੱਧਰ 'ਤੇ ਕੌਮਾਂਤਰੀ ਇਸਤਰੀ ਦਿਵਸ ਦੇ ਤੌਰ 'ਤੇ ਮਨਾਉਣ ਦਾ ਸੁਝਾਅ ਦਿੱਤਾ। ਉਸ ਕਾਨਫਰੰਸ ਵਿੱਚ 17 ਦੇਸ਼ਾਂ ਦੀਆਂ 100 ਤੋਂ ਵੱਧ ਔਰਤਾਂ ਹਾਜ਼ਰ ਸਨ, ਜਿਨ੍ਹਾਂ ਨੇ ਇਸ ਮਤੇ ਦੀ ਹਮਾਇਤ ਕੀਤੀ। ਸਭ ਤੋਂ ਪਹਿਲਾਂ 1911 ਈਸਵੀ ਵਿੱਚ ਆਸਟਰੀਆ, ਡੈਨਮਾਰਕ, ਜਰਮਨੀ ਅਤੇ ਸਵਿਟਜ਼ਰਲੈਂਡ ਵਿੱਚ ਕੌਮਾਂਤਰੀ ਇਸਤਰੀ ਦਿਵਸ ਮਨਾਇਆ ਗਿਆ। 1917 ਈਸਵੀ ਵਿੱਚ ਪਹਿਲੀ ਸੰਸਾਰ ਜੰਗ ਦੌਰਾਨ ਰੂਸ ਦੀਆਂ ਔਰਤਾਂ ਨੇ ਬਰੈੱਡ ਐਂਡ ਪੀਸ ( ਭੋਜਨ ਅਤੇ ਸ਼ਾਂਤੀ ) ਦੀ ਮੰਗ ਕੀਤੀ। ਔਰਤਾਂ ਦੀ ਹੜਤਾਲ ਦੇ ਸਾਹਮਣੇ ਝੁਕਦਿਆਂ ਸਮਰਾਟ ਨਿਕੋਲਸ ਨੂੰ ਰਾਜ ਗੱਦੀ ਛੱਡਣੀ ਪਈ ਅਤੇ ਲੈਨਿਨ ਦੀ ਅੰਤਰਿਮ ਸਰਕਾਰ ਨੇ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦੇ ਦਿੱਤਾ। ਉਸ ਸਮੇਂ ਰੂਸ ਵਿੱਚ ਜੂਲੀਅਨ ਕੈਲੰਡਰ ਵਰਤਿਆ ਜਾਂਦਾ ਸੀ ਅਤੇ ਹੜਤਾਲ ਵਾਲੇ ਦਿਨ 23 ਫ਼ਰਵਰੀ ਸੀ, ਪਰੰਤੂ ਗ੍ਰੇਗੋਰੀਅਨ ਕੈਲੰਡਰ ਵਿੱਚ ਉਸ ਦਿਨ ਅੱਠ ਮਾਰਚ ਸੀ। ਆਖ਼ਰਕਾਰ ਯੂ ਐੱਨ ਓ ਵੱਲੋਂ 8 ਮਾਰਚ, 1975 ਤੋਂ ਅੰਤਰਰਾਸ਼ਟਰੀ ਇਸਤਰੀ ਦਿਵਸ ਸੰਸਾਰ ਭਰ ਵਿੱਚ ਮਨਾਇਆ ਜਾਣ ਲੱਗਾ। ਅੱਜ ਇੱਕੀਵੀਂ ਸਦੀ ਵਿੱਚ ਵਿਚਰਦਿਆਂ ਇਸਤਰੀਆਂ ਨੇ ਸਮਾਜ ਦੇ ਲੱਗਭੱਗ ਹਰੇਕ ਖੇਤਰ ਵਿੱਚ ਪ੍ਰਸੰਸਾਯੋਗ ਪ੍ਰਾਪਤੀਆਂ ਕੀਤੀਆਂ ਹਨ। ਪਰੰਤੂ ਇਸ ਦੇ ਬਾਵਜੂਦ ਨਿਆਂਪੂਰਨ ਲਿੰਗ-ਭੇਦ ਰਹਿਤ ਸਮਾਜ ਦੀ ਉਸਾਰੀ ਲਈ ਇਸਤਰੀਆਂ ਨੂੰ ਜੱਦੋ-ਜਹਿਦ ਅਤੇ ਚੇਤੰਨ ਸੰਘਰਸ਼ ਕਰਨ ਦੀ ਲੋੜ ਹੈ। ਔਰਤ ਦੇ ਸ਼ਕਤੀਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਬਣਦਾ ਸਤਿਕਾਰ ਦੇਣਾ ਵੀ ਬਹੁਤ ਜ਼ਰੂਰੀ ਹੈ। ਅਸੀਂ ਵਿਸ਼ਵਾਸ ਕਰਦੇ ਹਾਂ ਕਿ ਇੱਕੀਵੀਂ ਸਦੀ ਦੀ ਸੁਤੰਤਰਤਾ ਦਾ ਸੂਰਜ ਆਪਣੀ ਰੌਸ਼ਨੀ ਨਾਲ ਔਰਤ ਦੀ ਰੌਸ਼ਨੀ ਦਾ ਚਿਰਾ.ਗ ਬਾਲੇਗਾ। ਹਨੇਰਿਆਂ ਵਿੱਚ ਜਨਮੀ, ਹਨੇਰਿਆਂ ਵਿੱਚ ਵੱਡੀ ਹੋਈ ਇਸਤਰੀ ਸਮਾਜਿਕ ਵਿਤਕਰੇ ਤੋਂ ਸਹੀ ਅਰਥਾਂ ਵਿੱਚ ਸੁਤੰਤਰ ਹੋਵੇਗੀ ਅਤੇ ਪੁਰਸ਼ ਦੀ ਹਮਕਦਮ ਬਣ ਕੇ ਆਪਣੀ ਮੰਜ਼ਲ 'ਤੇ ਪਹੁੰਚੇਗੀ। ਹੁਣ ਉਹ ਦਿਨ ਦੂਰ ਨਹੀਂ, ਬੱਸ ਉਸ ਨੂੰ ਸੰਗਠਿਤ ਹੋ ਕੇ ਦਲੇਰੀ ਅਤੇ ਸਹਿਣਸ਼ੀਲਤਾ ਨਾਲ਼ ਹੱਥ ਵਿੱਚ ਮਸ਼ਾਲ ਲੈ ਕੇ ਲਗਾਤਾਰ ਸੰਘਰਸ਼ ਕਰਦੇ ਹੋਏ ਅੱਗੇ ਵਧਣਾ ਹੋਵੇਗਾ।

ਔਰਤ ਨੂੰ ਆਪਣੀ ਕਾਮਯਾਬੀ ਤੇ ਤਰੱਕੀ ਲਈ ਆਪਣੇ-ਆਪ ਵਿੱਚ ਵਿਸ਼ਵਾਸ ਪੈਦਾ ਕਰਨਾ ਪਵੇਗਾ ਚੰਗੇ ਮੁਕਾਮ ਹਾਸਲ ਕਰਕੇ ਆਪਣੇ ਵਰਗ ਨਾਲ ਮੋਢੇ ਨਾਲ ਮੋਢਾ ਲਗਾ ਕੇ ਚੱਲਣਾ ਪਵੇਗਾ । ਔਰਤ ਦੀ ਕਾਮਯਾਬੀ ਹੀ ਸਮਾਜ ਦੀ ਕਾਮਯਾਬੀ ਬਣੇਗੀ।

# ਤਾਏ ਦੀ ਧੀ ਚੱਲੀ, ਮੈਂ ਕਿਉਂ ਰਹਾਂ 'ਕੱਲੀ...



ਡਾ. ਬਿਹਾਰੀ ਮੰਡੇਰ

ਪੰਜਾਬ ਵਿੱਚ ਜੇਕਰ ਅੱਜ ਸਭ ਤੋਂ ਤੇਜ਼ ਗਤੀ, ਲੋਕ ਰੁਚੀ, ਸੱਭਿਅਕ-ਅਸੱਭਿਅਕ ਅਤੇ ਜਾਇਜ਼ ਨਾਜਾਇਜ਼ ਤਰੀਕੇ ਨਾਲ ਕੁੱਝ ਹੋ ਰਿਹਾ ਹੈ ਤਾਂ ਉਹ ਹੈ ਪਰਵਾਸ । ਪਲੱਸ ਟੂ ਤੋਂ ਬਾਅਦ ਬੱਚੇ ਹੁਣ ਕਾਲਜ ਵਿੱਚ ਦਾਖਲ ਹੋਣ ਲਈ ਨਹੀਂ ਜਾਂਦੇ, ਸਗੋਂ ਆਈਲੈਟਸ ਸੈਂਟਰਾਂ ਦਾ ਰੁਖ ਕਰਦੇ ਹਨ। ਆਈਲੈਟਸ ਸੈਂਟਰ ਖੁੰਬਾਂ ਵਾਂਗ ਪੈਦਾ ਹੋ ਰਹੇ ਹਨ। ਹੁਣ ਪ੍ਰਾਈਵੇਟ ਸਿੱਖਿਆ ਅਦਾਰਿਆਂ ਨੇ ਖੁਦ ਦੇ ਹੀ ਆਈਲੈਟਸ ਸੈਂਟਰ ਖੋਲ੍ਹ ਲਏ ਹਨ। ਪਰਵਾਸ ਦਾ ਇਹ ਰੁਝਾਨ ਹੁਣ ਪਿੰਡਾਂ ਵਿੱਚ ਪੂਰੇ ਜੋਬਨ 'ਤੇ ਹੈ। ਅੱਜ ਪੰਜਾਬ ਦੇ ਪਿੰਡਾਂ ਵਿੱਚ ਕੋਈ ਵੀ ਅਜਿਹਾ ਪਰਵਾਰ ਨਹੀਂ, ਜਿਸ ਦਾ ਖੁਦ ਦਾ ਜਾਂ ਫਿਰ ਰਿਸ਼ਤੇਦਾਰੀ ਵਿੱਚੋਂ ਕੋਈ ਮੈਂਬਰ ਵਿਦੇਸ਼ ਨਾ ਗਿਆ ਹੋਵੇ।

ਜੇਕਰ ਬੱਚਿਆਂ ਨਾਲ ਪਰਵਾਸ ਦੇ ਨਫੇ-ਨੁਕਸਾਨ ਦੀ ਗੱਲ ਕਰਦੇ ਹਾਂ ਤਾਂ ਬੇਸ਼ੱਕ ਉਹਨਾਂ ਕੋਲ ਕੋਈ ਵਾਜਬ ਜਵਾਬ ਜਾਂ ਦਲੀਲ ਨਹੀਂ ਵੀ ਹੁੰਦੀ। ਬਸ ਇੰਨਾ ਕਹਿਣਾ ਹੁੰਦਾ ਹੈ ਕਿ ਜੀ ਇੱਥੇ (ਪੰਜਾਬ ਵਿੱਚ) ਤਾਂ ਹੁਣ ਕੁਝ ਨਹੀਂ। ਮੇਰੀ ਜਾਚੇ ਇਸ ਵਿੱਚ ਬੱਚਿਆਂ ਦਾ ਕੋਈ ਕਸੂਰ ਨਹੀਂ, ਕਿਉਂਕਿ ਪਲੱਸ ਟੂ ਦਾ ਬੱਚਾ ਅਜੇ ਲੱਗਭੱਗ ਕਿਸ਼ੋਰ ਅਵਸਥਾ ਵਿੱਚ ਹੀ ਗੁਜ਼ਰ ਰਿਹਾ ਹੁੰਦਾ ਹੈ। ਆਲੇ-ਦੁਆਲੇ ਦੀਆਂ ਪ੍ਰਸਥਿਤੀਆਂ ਤੋਂ ਅਣਭਿੱਜ ਰਹਿਣਾ ਉਸ ਦੇ ਵੱਸ ਦਾ ਰੋਗ ਨਹੀਂ। ਜਦੋਂ ਉਸ ਦੇ ਹਮਜੋਲੀ, ਜਮਾਤੀ ਅਤੇ ਮਾਸੀ ਦੇ, ਮਾਮੀ ਦੇ, ਚਾਚੇ ਦੇ, ਤਾਏ ਦੇ, ਆਂਢ-ਗੁਆਂਢ ਦੇ ਬਹੁਤੇ ਬੱਚੇ ਵਿਦੇਸ਼ ਜਾ ਰਹੇ ਹੋਣ ਤਾਂ ਉਹ ਕਿਵੇਂ ਪਿੱਛੇ ਰਹਿ ਸਕਦੇ ਹਨ।

ਆਪਣੇ ਬੱਚੇ ਨੂੰ ਵਿਦੇਸ਼ ਭੇਜਣ ਲਈ ਪਿੰਡਾਂ ਦੇ ਗਰੀਬ ਕਿਸਾਨ ਹੁਣ ਆਪਣੀ ਜ਼ਮੀਨ ਵੇਚਣ ਲੱਗ ਪਏ ਹਨ। ਵਿਦੇਸ਼ ਵਿੱਚ ਸੈਟਲ ਹੋਏ ਬੱਚੇ ਵੀ ਆਪਣੇ ਮਾਪਿਆਂ ਨੂੰ ਜ਼ਮੀਨ-ਜਾਇਦਾਦ ਵੇਚ ਕੇ ਉਨ੍ਹਾਂ ਕੋਲ ਹੀ ਪੱਕਾ ਠਿਕਾਣਾ ਕਰਨ ਲਈ ਕਹਿਣ ਲੱਗੇ ਹਨ। ਇਸ ਵਰਤਾਰੇ ਨਾਲ ਪੰਜਾਬ ਦੇ ਸ਼ੁੱਭਚਿੰਤਕਾਂ ਵਿਚ ਬੇਚੈਨੀ ਹੈ। ਕਈ ਅਖੌਤੀ ਸਮਾਜ ਸੁਧਾਰਕ ਪਿੰਡਾਂ ਦੇ ਇਹਨਾਂ ਕਿਸਾਨਾਂ ਜਾਂ ਉਨ੍ਹਾਂ ਦੇ ਬੱਚਿਆਂ ਨੂੰ ਇਸ ਵਰਤਾਰੇ ਦਾ ਦੋਸ਼ੀ ਠਹਿਰਾ ਰਹੇ ਹਨ। ਮੇਰੀ ਜਾਚੇ ਇਹਨਾਂ ਦਾ ਕਸੂਰ ਨਹੀਂ। ਅੱਜ ਪੰਜਾਬ ਦੇ ਬਹੁਤੇ ਮਾਸਟਰਾਂ, ਡਾਕਟਰਾਂ, ਡਰਾਈਵਰਾਂ, ਕੰਡਕਟਰਾਂ, ਨੰਬਰਦਾਰਾਂ, ਜ਼ੈਲਦਾਰਾਂ, ਜਥੇਦਾਰਾਂ, ਕਾਂਗਰਸੀਆਂ, ਅਕਾਲੀਆਂ ਤੇ ਕਾਮਰੇਡਾਂ ਦੇ ਲੀਡਰਾਂ, ਤਰਕਸ਼ੀਲਾਂ, ਪੰਜਾਬੀ ਕਲਾਕਾਰਾਂ, ਸਿਪਾਹੀ, ਥਾਣੇਦਾਰਾਂ, ਐੱਸ ਡੀ ਐੱਮ, ਡੀ ਸੀ, ਤਹਿਸੀਲਦਾਰਾਂ, ਡੇਰਿਆਂ ਵਾਲੇ ਬਾਬੇ ਤੇ ਉਹਨਾਂ ਦੇ ਸੇਵਾਦਾਰਾਂ, ਭੱਠਿਆਂ ਤੇ ਸ਼ੈਲਰਾਂ ਵਾਲੇ ਸ਼ਾਹੂਕਾਰਾਂ, ਸਰਪੰਚਾਂ, ਮੈਂਬਰਾਂ, ਲੇਖਕਾਂ, ਨਾਟਕਕਾਰਾਂ, ਕਿਸਾਨ ਯੂਨੀਅਨਾਂ ਦੇ ਲੀਡਰਾਂ, ਆਹੁਦੇਦਾਰਾਂ ਗੱਲ ਕੀ ਸਮਾਜ ਦੇ ਹਰੇਕ ਤਬਕੇ ਦੇ ਮੋਹਤਬਰਾਂ ਦੇ ਬੱਚੇ ਵਿਦੇਸ਼ ਜਾ ਚੁੱਕੇ ਹਨ ਜਾਂ ਜਾਣ ਦੀ ਤਿਆਰੀ ਵਿਚ ਹਨ। ਹੁਣ ਤੁਸੀਂ ਇਕ ਆਮ ਸਾਧਾਰਨ ਬੰਦੇ ਨੂੰ ਕਿਸ ਅਧਾਰ 'ਤੇ ਕਹੋਗੇ ਕਿ ਆਪਣੇ ਦੇਸ਼ (ਪੰਜਾਬ) ਵਿੱਚ ਰਹਿ ਕੇ ਕੰਮ ਕਰਨਾ ਚਾਹੀਦਾ ਹੈ।

ਬੱਚੇ ਦੀ ਕਾਬਲੀਅਤ ਦਾ ਪੈਮਾਨਾ ਹੁਣ ਪਲੱਸ ਟੂ ਦੀ ਮੈਰਿਟ ਨਹੀਂ, ਸਗੋਂ ਆਈਲੈਟਸ ਵਿੱਚੋਂ ਹਾਸਲ ਕੀਤੇ ਬੈਂਡ ਹਨ। ਹੁਣ ਪ੍ਰਸਥਿਤੀਆਂ ਇਹ ਹਨ ਕਿ ਐੱਮ ਬੀ ਬੀ ਐੱਸ, ਬੀ ਡੀ, ਐੱਸ ਬੀ ਵੀ ਐਸੀ, ਇੰਜੀਨੀਅਰਿੰਗ ਕੀਤੀ ਬੱਚੇ ਵੀ ਵਿਦੇਸ਼ ਦਾ ਰੁਖ ਕਰ ਰਹੇ ਹਨ।

ਸਮਾਜ ਵਿੱਚ ਸਮੇਂ-ਸਮੇਂ ਕਈ ਚਲਨ ਜਾਂ ਰਿਵਾਜ ਚੱਲਦੇ ਰਹੇ ਹਨ, ਜੋ ਵਕਤੀ ਹੁੰਦੇ ਹਨ, ਪਰ ਉਹਨਾਂ ਦੇ ਸਿੱਟੇ ਕਈ ਵਾਰ ਨੁਕਸਾਨ ਦੇਹ ਜਾਂ ਘਾਤਕ ਹੁੰਦੇ ਹਨ। ਪੈਲੇਸ ਕਲਚਰ ਦੇ ਰਿਵਾਜ ਨੇ ਸਾਡੀ ਆਰਥਿਕਤਾ ਅਤੇ ਸੱਭਿਆਚਾਰ ਨੂੰ ਜਿਸ ਤਰ੍ਹਾਂ ਖੋਰਾ ਲਾਇਆ ਹੈ, ਇਸ ਤਰ੍ਹਾਂ ਨਾਲ ਹੀ ਵਿਦੇਸ਼ ਜਾਣ ਦੇ ਚਲਨ, ਰਿਵਾਜ, ਰੁਝਾਨ ਦੇ ਵੀ ਸਾਡੇ ਪੰਜਾਬ, ਪੰਜਾਬੀਅਤ ਉਪਰ ਬਹੁਤ ਗਹਿਰੇ ਪ੍ਰਭਾਵ ਪੈਣਗੇ। ਹੁਣ ਹਰ ਇਕ ਦੀ ਇਹ ਇੱਛਾ ਹੈ ਕਿ ਉਸ ਦਾ ਬੱਚਾ ਵਿਦੇਸ਼ ਜਾਵੇ। ਵਿਦੇਸ਼ ਜਾਣ ਦੀ ਤਿਆਰੀ ਦੌਰਾਨ ਜੇਕਰ ਕਿਸੇ ਦੇ ਬੱਚੇ ਦਾ ਵੀਜ਼ਾ ਪਹਿਲਾਂ ਆ ਜਾਵੇ ਤਾਂ ਦੂਜਾ ਆਪਣੀ ਹੱਤਕ ਹੋਈ ਮੰਨਦਾ ਹੈ। ਜੇਕਰ ਕਿਧਰੇ ਵੀਜ਼ਾ ਨਾ ਲੱਗੇ, ਫਿਰ ਤਾਂ ਘਰ ਸੱਥਰ ਵਿਛਣ ਵਰਗਾ ਮਾਹੌਲ ਹੋ ਜਾਂਦਾ ਹੈ। ਪੰਜਾਬ ਵਿੱਚ ਇਕਾ-ਦੁੱਕਾ ਘਟਨਾਵਾਂ ਵਾਪਰ ਵੀ ਚੁੱਕੀਆਂ ਹਨ। ਵਿਦੇਸ਼ ਜਾਣ ਤੋਂ ਅਸਫਲ ਰਹਿਣ 'ਤੇ ਕਈ ਬੱਚਿਆਂ ਨੇ ਖੁਦਕੁਸ਼ੀ ਵੀ ਕੀਤੀ ਹੈ।

ਪਰਵਾਸ ਦਾ ਰੁਝਾਨ ਪੰਜਾਬ ਵਿੱਚ ਹੁਣ ਆਪਣੀ ਚਰਮਸੀਮਾ 'ਤੇ ਹੈ, ਲੇਕਿਨ ਇਸ ਦੇ ਅਣਕਿਆਸੇ, ਗਲਤ, ਨੁਕਸਾਨਦੇਹ ਅਤੇ ਖਤਰਨਾਕ ਸਿੱਟੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਸਰਕਾਰ ਜਾਂ ਕੋਈ ਹੋਰ ਸਮਾਜਿਕ ਧਿਰ ਇਸ ਵਰਤਾਰੇ ਪ੍ਰਤੀ ਸੰਜੀਦਾ ਨਹੀਂ। ਹਾਲਤ ਇਹ ਬਣੀ ਪਈ ਹੈ ਕਿ ਜੇਕਰ ਕੋਈ ਬੋਲਣਾ ਵੀ ਚਾਹੁੰਦਾ ਹੈ ਤਾਂ ਉਸ ਦਾ ਖੁਦ ਦਾ ਬੱਚਾ ਵਿਦੇਸ਼ ਜਾਣ ਦੀ ਜ਼ਿੱਦ ਕਰ ਰਿਹਾ ਹੁੰਦੈ। ਵੱਡੀ ਗੱਲ ਇਹ ਕਿ ਹੁਣ ਬੱਚੇ ਵਿਦੇਸ਼ ਤੋਂ ਵਾਪਸ ਪਰਤਣ ਦੀ ਗੱਲ ਹੀ ਨਹੀਂ ਕਰਨਾ ਚਾਹੁੰਦੇ। ਉਹ ਉਥੇ ਹੀ ਪੱਕੇ ਤੌਰ 'ਤੇ ਵਸਣ ਦੀ ਲੋਚਾ ਰੱਖਦੇ ਹਨ। ਹੁਣ ਤਾਂ ਉਹ ਗੱਲ ਹੋਈ ਪਈ ਹੈ ਕਿ ਜੋ ਗਿਆ, ਸੋ ਗਿਆ। ਪਹਿਲਾਂ-ਪਹਿਲ ਮਹਾਜਨਾ (ਬਾਣੀਆਂ) ਦੇ ਬੱਚੇ ਘੱਟ ਰੁਝਾਨ ਰੱਖਦੇ ਸਨ ਵਿਦੇਸ਼ ਜਾਣ ਦਾ। ਉਹ ਆਪਣੇ ਜੱਦੀ-ਪੁਸ਼ਤੀ ਵਣਜ ਵਪਾਰ ਵਿੱਚ ਪੈ ਜਾਂਦੇ ਸਨ, ਪਰ ਹੁਣ ਉਹਨਾਂ ਵਿੱਚ ਵੀ ਵਿਦੇਸ਼ ਜਾਣ ਦਾ ਰੁਝਾਨ ਹੋ ਗਿਆ ਹੈ।

*# ਸੰਪਰਕ : 98144--65017*

# ਪਾਠਕ ਸੱਥ

## ਮਾਪਿਆਂ ਨੂੰ ਇੱਜ਼ਤ ਦਿੱਤੀ ਜਾਏ

'ਨਵਾਂ ਜ਼ਮਾਨਾ' ਵਿੱਚ ਪਭਜੋਤ ਕੌਰ ਢਿੱਲੋਂ ਦਾ ਅਸਲੀਅਤ ਬਿਆਨਦਾ ਲੇਖ 'ਦੁੱਧ ਨਾਲ ਪੁੱਤ ਪਾਲ ਕੇ ਆਸ਼ਰਮਾਂ 'ਚ ਬੈਠੀਆਂ ਮਾਵਾਂ' ਬਹੁਤ ਹੀ ਵਧੀਆ ਲੱਗਿਆ। ਅੱਜ ਦੇ ਸਮੇਂ ਹਾਲਤ ਬਿਲਕੁਲ ਇਸ ਤਰ੍ਹਾਂ ਦੇ ਬਣਦੇ ਜਾ ਰਹੇ ਹਨ। ਬੱਚੇ ਮਾਪਿਆਂ ਦੁਆਰਾ ਕੀਤੇ ਜਾਂਦੇ ਪਾਲਣ-ਪੋਸਣ ਨੂੰ ਭੁੱਲ ਜਾਂਦੇ ਹਨ।

ਜਦੋਂ ਮਾਪਿਆਂ ਨੂੰ ਸੰਭਾਲਣ ਦੀ ਲੋੜ ਹੁੰਦੀ ਹੈ ਤਾਂ ਉਨ੍ਹਾਂ ਤੋਂ ਮੁੱਖ ਮੋੜ ਜਾਂਦੇ ਹਨ। ਬਿਰਧ ਆਸ਼ਰਮਾਂ ਦੀ ਗਿਣਤੀ ਵਧਣੀ ਸਮਾਜਕ ਨੈਤਿਕ ਕਦਰਾਂ ਦੀ ਗਿਰਾਵਟ ਦੀ ਨਿਸ਼ਾਨੀ ਹੈ। ਜਿਹੜੇ ਮਾਪਿਆਂ ਨੇ ਤੁਹਾਡੇ ਲਈ ਹਰ ਕੁਰਬਾਨੀ ਕਰਕੇ, ਮੁਸ਼ਕਲ ਜ਼ਰ ਕੇ ਪਾਲਣ-ਪੋਸ਼ਣ ਕੀਤਾ ਹੈ, ਉਹ ਸਭ ਕੁਝ ਭੁੱਲ ਜਾਂਦੇ ਹਨ। ਇਹ ਸੱਚ ਹੈ ਕਿ ਇਹ ਵਰਤਾਓ ਪੀੜ੍ਹੀ ਦਰ ਪੀੜ੍ਹੀ ਚੱਲੇਗਾ। ਜੇਕਰ ਇਸ ਤਰ੍ਹਾਂ ਦੀ ਸੋਚ ਵਾਲੇ ਬੱਚਿਆਂ ਨੇ ਆਪਣੇ ਮਾਤਾ-ਪਿਤਾ ਨੂੰ ਇੱਜ਼ਤ ਨਾ ਦਿੱਤੀ ਤਾਂ ਉਨ੍ਹਾਂ ਦੇ ਬੱਚੇ ਵੀ ਉਹ ਹੀ ਵਿਵਹਾਰ ਕਰਨਗੇ, ਜਿਸ ਤਰ੍ਹਾਂ ਦਾ ਉਹ ਆਪਣੇ ਮਾਪਿਆਂ ਨਾਲ ਕਰਦੇ ਹਨ। ਇਹ ਅੱਜ ਦੀ ਪੀੜ੍ਹੀ ਦੀਆਂ ਅੱਖਾਂ ਖੋਲ੍ਹਣ ਵਾਲਾ ਵਰਤਾਰਾ ਹੈ।

**-ਰੁਪਿੰਦਰ ਪਾਲ ਸਿੰਘ ਜੰਡਿਆਲੀ (ਲੁਧਿਆਣਾ)**

## ਮੰਦਭਾਗਾ ਫੈਸਲਾ

ਬਰਜਿੰਦਰਾ ਕਾਲਜ ਫਰੀਦਕੋਟ ਵਿੱਚੋਂ ਬੀ ਐੱਸ ਸੀ ਖੇਤੀਬਾੜੀ ਕੋਰਸ ਦੇ ਬੰਦ ਹੋਣ ਦੀ ਖਬਰ ਸੁਣ ਕੇ ਬਹੁਤ ਦੁੱਖ ਹੋਇਆ। ਇੱਕ ਪਾਸੇ ਜਿਥੇ ਸਰਕਾਰ ਕਿਸਾਨਾਂ ਨੂੰ ਵਿਗਿਆਨਕ ਸੋਚ ਅਪਣਾਉਣ ਲਈ ਕਹਿ ਰਹੀ ਹੋਵੇ, ਕਿਸਾਨਾਂ ਨੂੰ ਵਿਗਿਆਨਕ ਤਰੀਕਿਆਂ ਰਾਹੀਂ ਜੈਵਿਕ ਖੇਤੀ ਨੂੰ ਤਰਜੀਹ ਦੇ ਰਹੀ ਹੋਵੇ, ਉਸ ਸਮੇਂ ਖੇਤੀਬਾੜੀ ਕਾਲਜ ਦਾ ਬੰਦ ਹੋਣਾ ਬਹੁਤ ਮੰਦਭਾਗਾ ਹੈ। ਇਹ ਕਾਲਜ ਪਿਛਲੇ ਪੰਜਾਹ ਤੋਂ ਜ਼ਿਆਦਾ ਸਾਲਾਂ ਤੋਂ ਘੱਟ ਫੀਸ ਹੋਣ ਕਰਕੇ ਮਾਲਵੇ ਅਤੇ ਪੇਂਡੂ ਇਲਾਕੇ ਦੇ ਵਿਦਿਆਰਥੀਆਂ ਦੀ ਪਹਿਲੀ ਪਸੰਦ ਹੋਣ ਕਰਕੇ ਖੇਤੀਬਾੜੀ ਦੀ ਪੜ੍ਹਾਈ ਕਰਵਾਉਣ ਵਿੱਚ ਮੋਹਰੀ ਸੀ । ਇਹ ਸਾਡੇ ਸਿੱਖਿਆ ਸਿਸਟਮ ਦਾ ਦੁਖਾਂਤ ਹੈ ਕਿ ਸਰਕਾਰੀ ਕਾਲਜ ਤਾਂ ਸਟਾਫ ਦੀ ਕਮੀਂ ਅਤੇ ਕਰਜ ਦੀ ਮਾਰ ਝਲਦਿਆਂ ਬੰਦ ਹੋ ਰਹੇ ਹਨ, ਜਦ ਕਿ ਸਰਕਾਰ ਵੱਲੋਂ ਸਕੂਲਾਂ-ਕਾਲਜਾਂ ਵਿੱਚ ਵਿਦੇਸ਼ ਭੇਜਣ ਲਈ ਆਈਲੈਟਸ ਕੋਚਿੰਗ ਮੁਫਤ ਦਿੱਤੀ ਜਾ ਰਹੀ ਹੈ। ਦੇਸ ਵਿੱਚੋਂ ਬੇਰੁਜ਼ਗਾਰੀ ਨੂੰ ਘੱਟ ਕਰਨ ਲਈ ਖੇਤੀਬਾੜੀ, ਖੇਤੀਬਾੜੀ ਅਧਾਰਤ ਉਦਯੋਗ ਅਤੇ ਸਹਾਇਕ ਧੰਦੇ ਮੁੱਖ ਭੂਮਿਕਾ ਨਿਭਾ ਸਕਦੇ ਹਨ। ਸਰਕਾਰ ਨੂੰ ਇਸ ਮਸਲੇ ਵੱਲ ਜਲਦ ਤੋਂ ਜਲਦ ਧਿਆਨ ਦਿੰਦੇ ਹੋਏ ਹੱਲ ਤਲਾਸ਼ਣੇ ਚਾਹੀਦੇ ਹਨ, ਤਾਂ ਜੋ ਖੇਤੀਬਾੜੀ ਜੋ ਕਿ ਦੇਸ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ, ਦੀ ਹੋਂਦ ਕਾਇਮ ਰਹਿ ਸਕੇ ।

**-ਰਜਵਿੰਦਰ ਪਾਲ ਸ਼ਰਮਾ**, 70873-67969

# ਸੀ ਪੀ ਆਈ ਵੱਲੋਂ ਜਨ-ਸੰਪਰਕ ਮੁਹਿੰਮ ਤਹਿਤ ਪਿੰਡਾਂ 'ਚ ਰੈਲੀਆਂ



**ਧੂਰੀ (ਸੁਖਦੇਵ ਧੂਰੀ)**-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਭਾਜਪਾ ਹਟਾਓ ਦੇਸ਼ ਬਚਾਓ ਮੁਹਿੰਮ ਤਹਿਤ ਤਹਿਸੀਲ ਧੂਰੀ ਦੇ ਦਰਜਨਾਂ ਪਿੰਡਾਂ ਵਿੱਚ ਜਨ-ਸੰਪਰਕ ਮੁਹਿੰਮ ਤਹਿਤ ਰੈਲੀਆਂ ਕੀਤੀਆਂ ਗਈਆਂ। ਇਹ ਰੈਲੀਆਂ ਸੀ ਪੀ ਆਈ ਦੀ ਸੂਬਾ ਕੌਂਸਲ ਵੱਲੋਂ ਜਹਾਂਗੀਰ, ਬਮਾਲ, ਘਨੌਰੀ ਕਲਾਂ, ਕਾਲਾਬੂਲਾ, ਈਨਾ ਬਾਜਵਾ, ਸੁਲਤਾਨਪੁਰ, ਮੂਲੋਵਾਲ, ਹਸਨਪੁਰ ਤੇ ਬੁਗਰਾ ਆਦਿ ਪਿੰਡਾਂ ਵਿੱਚ ਲੋਕਾਂ ਦੀ ਭਰਵੀਂ ਸ਼ਮੂਲੀਅਤ ਨਾਲ ਸਫਲਤਾ ਪੂਰਵਕ ਸੰਪੰਨ ਹੋਈਆਂ। ਰੈਲੀਆਂ ਦੌਰਾਨ ਮੋਦੀ ਸਰਕਾਰ ਦੀ ਫਾਸ਼ੀਵਾਦੀ ਪਹੁੰਚ ਤੇ ਲੋਕ ਵਿਰੋਧੀ ਖਾਸੇ ਨੂੰ ਲੋਕਾਂ 'ਚ ਉਜਾਗਰ ਕਰਨਾ ਸੀ। ਇਸ ਮੌਕੇ ਮੁੱਖ ਬੁਲਾਰੇ ਵਜੋਂ ਕਾਮਰੇਡ ਸੁਖਦੇਵ ਸ਼ਰਮਾ ਜ਼ਿਲ੍ਹਾ ਸਕੱਤਰ ਸੀ ਪੀ ਆਈ ਤੇ ਡਾਕਟਰ ਮਨਿੰਦਰ ਧਾਲੀਵਾਲ ਤਹਿਸੀਲ ਸਕੱਤਰ ਨੇ ਵੱਖ ਵੱਖ ਪਿੰਡਾਂ ਵਿੱਚ ਲੋਕਾਂ ਨੂੰ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਦੇ ਫਾਸ਼ੀਵਾਦ ਨੂੰ ਉਭਾਰਨ ਦੇ ਲੋਕ ਵਿਰੋਧੀ ਮਨਸੂਬਿਆਂ ਅਤੇ ਫਿਰਕੂ ਸਦਭਾਵਨਾ ਨੂੰ ਠੇਸ ਪਹੁੰਚਾਉਣ ਵਾਲੀਆਂ ਨੀਤੀਆਂ ਤੋਂ ਸੁਚੇਤ ਰਹਿਣ ਦਾ ਸੱਦਾ ਦਿੰਦਿਆਂ ਫਾਸ਼ੀਵਾਦ ਵਿਰੋਧੀ ਤਾਕਤਾਂ ਨੂੰ ਇੱਕਮੁੱਠ ਹੋਣ ਦਾ ਹੋਕਾ ਦਿੱਤਾ ਗਿਆ। ਇਸ ਮੁਹਿੰਮ ਦੌਰਾਨ ਬੇਰੁਜ਼ਗਾਰੀ, ਮਹਿੰਗਾਈ, ਪਬਲਿਕ ਅਦਾਰਿਆਂ ਦੀ ਨੀਲਾਮੀ, ਕਾਰਪੋਰੇਟ ਘਰਾਣਿਆਂ ਨੂੰ ਦਿੱਤੀਆਂ ਜਾ ਰਹੀਆਂ ਰਿਆਇਤਾਂ ਅਤੇ ਇਸ ਦੇ ਨਾਲ ਹੀ ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਹਰ ਮਹੀਨੇ ਦੇਣ ਦੀ ਗਰੰਟੀ ਤੋਂ ਪਾਸਾ ਵੱਟਣ 'ਤੇ ਵੀ ਸਰਕਾਰ ਦੀ ਆਲੋਚਨਾ ਕੀਤੀ ਗਈ। ਇਸ ਸਮੇਂ ਵੱਖ ਵੱਖ ਪਿੰਡਾਂ ਵਿੱਚ ਜਨ-ਸੰਪਰਕ ਮੁਹਿੰਮ ਤਹਿਤ ਰੈਲੀਆਂ ਦੌਰਾਨ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਇੰਦਰ ਸਿੰਘ, ਲੀਲਾ ਖਾਂ, ਗੁਰਦਿਆਲ ਨਿਰਮਾਣ, ਗੁਰਮੇਲ ਸਿੰਘ, ਜਾਗਰ ਸਿੰਘ ਘਨੌਰੀ ਕਲਾਂ, ਭੋਲਾ ਸਿੰਘ, ਗੁਰਜੰਟ ਸਿੰਘ ਬੁਗਰਾ, ਹਰਨੇਕ ਸਿੰਘ ਬਮਾਲ, ਦੁੱਲਾ ਸਿੰਘ ਤੇ ਬਲਵੀਰ ਸਿੰਘ ਬਾਜਵਾ ਨੇ ਸੰਬੋਧਨ ਕੀਤਾ।

# ਭਾਨਾ ਸਿੱਧੂ ਬਰਨਾਲਾ ਪੁਲਸ ਵੱਲੋਂ ਗ੍ਰਿਫ਼ਤਾਰ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਏ.ਐੱਸ.ਆਈ. ਗੁਰਮੇਲ ਸਿੰਘ ਦੀ ਸ਼ਿਕਾਇਤ 'ਤੇ ਭਾਨਾ ਸਿੱਧੂ ਤੇ ਉਸ ਸਾਥੀ ਖਿਲਾਫ ਦਰਜ ਕੀਤੇ ਮਾਮਲੇ 'ਚ ਭਗਵਾਨ ਸਿੰਘ ਉਰਫ਼ ਭਾਨਾ ਸਿੱਧੂ ਨੂੰ ਜ਼ਿਲ੍ਹਾ ਬਠਿੰਡਾ ਦੇ ਇਲਾਕੇ 'ਚੋਂ ਗ੍ਰਿਫ਼ਤਾਰ ਕੀਤਾ ਹੈ। ਥਾਣੇਦਾਰ ਗੁਰਮੇਲ ਸਿੰਘ ਨੇ ਐੱਸ.ਐੱਸ.ਪੀ. ਬਰਨਾਲਾ ਕੋਲ ਸ਼ਿਕਾਇਤ ਕੀਤੀ ਕਿ ਨੌਜਵਾਨ ਭਾਨਾ ਸਿੱਧੂ ਵੱਲੋਂ ਸੋਸ਼ਲ ਮੀਡੀਆ ਚੈਨਲ ਰਾਹੀਂ ਵੀਡੀਓਜ਼ ਪਾ ਕੇ ਸਨਸਨੀ ਫੈਲਾਈ ਜਾ ਰਹੀ ਹੈ। ਇਹ ਨੌਜਵਾਨ ਕੁਝ ਦਿਨ ਪਹਿਲਾਂ ਆਸਟ੍ਰੇਲੀਆ ਗਿਆ ਸੀ ਅਤੇ ਉੱਥੋਂ ਵੀਡੀਓ ਪਾ ਕੇ ਇਸ ਨੇ ਪੁਲਸ ਪ੍ਰਸ਼ਾਸਨ ਨੂੰ ਸਿੱਧੀ ਧਮਕੀ ਦਿੱਤੀ ਕਿ ਜੇਕਰ ਅਸੀਂ ਕੋਈ ਗਤੀਵਿਧੀ ਕਰਦੇ ਹਾਂ ਤਾਂ ਜੇ ਉੱਥੇ ਪੁਲਸ ਪ੍ਰਸ਼ਾਸਨ ਪਹੁੰਚਦਾ ਹੈ ਤਾਂ ਅਸੀਂ ਪੁਲਿਸ ਪ੍ਰਸ਼ਾਸਨ ਨੂੰ ਕੁੱਟਾਂਗੇ। ਉਸ ਤੋਂ ਬਾਅਦ 4 ਮਈ ਨੂੰ ਭਾਨਾ ਸਿੱਧੂ ਨੇ ਆਸਟ੍ਰੇਲੀਆ ਤੋਂ ਵਟਸਐਪ 'ਤੇ ਫੋਨ ਕਰਕੇ ਮੈਨੂੰ ਜਾਤੀਸੂਚਕ ਸ਼ਬਦ ਵਰਤੇ, ਧਮਕੀਆਂ ਦਿੱਤੀਆਂ ਅਤੇ ਹੋਰ ਵੀ ਬਹੁਤ ਕੁਝ ਬੁਰਾ ਭਲਾ ਕਿਹਾ। ਇਸ ਤੋ ਇਲਾਵਾ ਉਸ ਵੱਲੋਂ ਮੇਰੇ 'ਤੇ ਰਿਸ਼ਵਤ ਲੈਣ ਦੇ ਝੂਠੇ ਇਲਜ਼ਾਮ ਵੀ ਲਾਏ ਗਏ। ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਇਸ ਮੌਕੇ ਭਾਨਾ ਸਿੱਧੂ ਦੇ ਸਾਥੀ ਅਮਨਦੀਪ ਸਿੰਘ ਅਮਨਾ ਵੱਲੋਂ ਮੈਨੂੰ ਗਲਤ ਬੋਲਿਆ ਗਿਆ। ਇਨ੍ਹਾਂ ਬਿਆਨਾਂ ਰਾਹੀਂ ਥਾਣੇਦਾਰ ਗੁਰਮੇਲ ਸਿੰਘ ਨੇ ਪੰਜਾਬ ਪੁਲਸ ਕੋਲੋਂ ਭਾਨਾ ਸਿੱਧੂ ਅਤੇ ਉਸ ਦੇ ਸਾਥੀ ਖਿਲਾਫ ਸਖਤ ਕਾਨੂੰਨੀ ਕਰਵਾਈ ਕਰਕੇ ਇਨਸਾਫ ਦੇਣ ਦੀ ਮੰਗ ਕੀਤੀ ਹੈ। ਥਾਣੇਦਾਰ ਗੁਰਮੇਲ ਸਿੰਘ ਦੀ ਉਕਤ ਸ਼ਿਕਾਇਤ 'ਤੇ ਫੌਰੀ ਕਰਵਾਈ ਕਰਦਿਆਂ ਪੁਲਸ ਨੇ ਭਗਵਾਨ ਸਿੰਘ ਉਰਫ ਭਾਨਾ ਸਿੱਧੂ ਉਰਫ ਕਾਕਾ ਸਿੰਘ ਸਿੱਧੂ ਤੇ ਅਮਨਦੀਪ ਸਿੰਘ ਉਰਫ ਅਮਨਾ ਦੋਵੇਂ ਵਾਸੀ ਕੋਟਦੁੱਨਾ (ਬਰਨਾਲਾ) ਖਿਲਾਫ ਮੁਕੱਦਮਾ ਨੰਬਰ 28, 11.05.2023 ਧਾਰਾ 189, 355, 506, 500 ਆਈ.ਪੀ.ਸੀ. ਤੇ ਐਕਸ਼ਨ 3 (1) (ਐੱਸ) ਆਫ ਐੱਸ.ਸੀ. ਐਂਡ ਐਸ.ਟੀ. ਐਕਟ 1989 ਤਹਿਤ ਦਰਜ ਕਰ ਲਿਆ ਸੀ। ਭਾਨਾ ਸਿੱਧੂ ਨੂੰ ਜ਼ਿਲ੍ਹਾ ਬਠਿੰਡਾ ਦੇ ਖੇਤਰ 'ਚੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਦੂਜੇ ਦੋਸ਼ੀ ਅਮਨਦੀਪ ਸਿੰਘ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਹੈ।

# ਜ਼ਮੀਨ ਦੀ ਵੰਡ ਤੋਂ ਨਾਰਾਜ਼ ਪੋਤੇ ਵੱਲੋਂ ਦਾਦੇ ਦਾ ਕਤਲ



ਗ੍ਰਿਫਤਾਰ ਕੀਤਾ ਵਿਅਕਤੀ ਪੁਲਸ ਨਾਲ ਤੇ (ਇਨਸੈਂਟ) ਮ੍ਰਿਤਕ ਦੀ ਫਾਈਲ ਤਸਵੀਰ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਚੁੰਨੀ ਕਲਾਂ ਨੇੜਲੇ ਪਿੰਡ ਰਸੂਲਪੁਰ ਵਿਖੇ ਜ਼ਮੀਨ ਦੀ ਵੰਡ ਨੂੰ ਲੈ ਕੇ ਇੱਕ 24 ਸਾਲਾ ਨੌਜਵਾਨ ਵੱਲੋਂ ਆਪਣੇ ਦਾਦੇ ਦਾ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਡੀ.ਐੱਸ.ਪੀ. ਬਸੀ ਪਠਾਣਾਂ ਅਮਰਪ੍ਰੀਤ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੇ ਕੱਲ੍ਹ ਪਿੰਡ ਰਸੂਲਪੁਰ ਵਿਖੇ ਉਥੋਂ ਦੇ ਵਸਨੀਕ ਜਸਵੰਤ ਸਿੰਘ (62) ਨਾਮਕ ਵਿਅਕਤੀ ਦੇ ਕਤਲ ਹੋ ਜਾਣ ਦੀ ਸੂਚਨਾ ਮਿਲੀ ਸੀ, ਜਿਸ 'ਤੇ ਥਾਣਾ ਬਡਾਲੀ ਆਲਾ ਸਿੰਘ ਦੇ ਐੱਸ.ਐੱਚ.ਓ. ਸਬ-ਇੰਸਪੈਕਟਰ ਨਰਪਿੰਦਰ ਸਿੰਘ ਤੇ ਚੁੰਨੀ ਕਲਾਂ ਚੌਕੀ ਦੇ ਇੰਚਾਰਜ ਕਸ਼ਮੀਰੀ ਲਾਲ ਨੇ ਪੁਲਸ ਫੋਰਸ ਸਮੇਤ ਘਟਨਾ ਵਾਲੀ ਥਾਂ 'ਤੇ ਪਹੁੰਚ ਕੇ ਮ੍ਰਿਤਕ ਜਸਵੰਤ ਸਿੰਘ ਦੀ ਲਾਸ਼ ਨੂੰ ਕਬਜ਼ੇ 'ਚ ਲੈਂਦੇ ਹੋਏ ਅ/ਧ 302 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਤਾਂ ਮ੍ਰਿਤਕ ਦੇ ਲੜਕੇ ਮਨਦੀਪ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਉਸ ਦੇ ਪਿਤਾ ਦਾ ਕਤਲ ਉਸ ਦੇ ਭਤੀਜੇ ਬਲਜੀਤ ਸਿੰਘ (24) ਨੇ ਕੀਤਾ ਹੈ, ਜਿਸ 'ਤੇ ਪੁਲਸ ਨੇ ਕੁਝ ਹੀ ਘੰਟਿਆਂ 'ਚ ਬਲਜੀਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਬਲਜੀਤ ਸਿੰਘ ਨੇ ਮੁੱਢਲੀ ਪੁੱਛਗਿੱਛ ਦੌਰਾਨ ਪੁਲਸ ਨੂੰ ਦੱਸਿਆ ਕਿ ਉਸ ਦੇ ਦਾਦੇ ਜਸਵੰਤ ਸਿੰਘ ਕੋਲ ਕੁੱਲ ਨੌਂ ਏਕੜ ਜ਼ਮੀਨ ਸੀ, ਜਿਸ ਨੇ ਤਿੰਨ-ਤਿੰਨ ਏਕੜ ਜ਼ਮੀਨ ਆਪਣੇ ਦੋਵਾਂ ਪੁੱਤਰਾਂ ਨੂੰ ਵੰਡ ਕੇ ਦਿੱਤੀ ਹੋਈ ਸੀ ਤੇ ਤਿੰਨ ਏਕੜ ਜ਼ਮੀਨ ਆਪਣੇ ਕੋਲ ਰੱਖੀ ਹੋਈ ਸੀ, ਪਰ ਉਸ ਨੂੰ ਕਿਸੇ ਰਿਸ਼ਤੇਦਾਰ ਤੋਂ ਪਤਾ ਲੱਗਿਆ ਕਿ ਉਸ ਦਾ ਦਾਦਾ ਜਸਵੰਤ ਸਿੰਘ ਆਪਣੇ ਹਿੱਸੇ ਦੀ 3 ਏਕੜ ਜ਼ਮੀਨ ਦੋਵਾਂ ਪੁੱਤਰਾਂ 'ਚ ਬਰਾਬਰ ਵੰਡਣ ਦੀ ਬਜਾਏ ਆਪਣੀ ਇੱਕ ਨੂੰਹ ਦੇ ਨਾਮ ਕਰਵਾਉਣੀ ਚਾਹੁੰਦਾ ਹੈ, ਜਿਸ ਤੋਂ ਪ੍ਰੇਸ਼ਾਨ ਹੋ ਕੇ ਬਲਜੀਤ ਸਿੰਘ ਨੇ ਪਹਿਲਾਂ ਖੁਦਕੁਸ਼ੀ ਕਰਨ ਦੀ ਸੋਚ, ਪਰ ਫਿਰ ਉਸ ਨੂੰ ਖਿਆਲ ਆਇਆ ਕਿ ਜੇਕਰ ਦਾਦੇ ਨੂੰ ਹੀ ਮਾਰ ਦਿੱਤਾ ਜਾਏ ਤਾਂ ਜ਼ਮੀਨ ਬਚ ਸਕਦੀ ਹੈ।

ਇਸ ਲਈ ਉਸ ਨੇ ਦਾਦੇ ਨੂੰ ਕਤਲ ਕਰਨ ਦੀ ਵਿਉਂਤ ਬਣਾਈ ਤੇ ਉਹ ਸਵੇਰੇ ਪੰਜ ਵਜੇ ਹੀ ਖੇਤ 'ਚ ਲੁਕ ਕੇ ਬੈਠ ਗਿਆ ਤੇ ਜਦੋਂ ਉਸ ਦਾ ਦਾਦਾ ਜਸਵੰਤ ਸਿੰਘ ਖੇਤ 'ਚ ਕੰਮ ਕਰਨ ਲਈ ਆਇਆ ਤਾਂ ਉਸ ਨੇ ਉਸ ਦੇ ਸਿਰ 'ਤੇ ਕਿਰਪਾਨ ਦੇ ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ।

# ਕਿਸਾਨਾਂ ਨੇ ਫੂਕਿਆ ਕੁਸ਼ਤੀ ਸੰਘ ਦੇ ਮੁਖੀ ਦਾ ਪੁਤਲਾ

## ਕੇਂਦਰ ਸਰਕਾਰ ਤੁਰੰਤ ਦੇਵੇ ਕੁਸ਼ਤੀ ਪਹਿਲਵਾਨਾਂ ਨੂੰ ਇਨਸਾਫ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਕੁਸ਼ਤੀ ਸੰਘ ਦੇ ਮੁਖੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਉਸ ਨੇ ਗੁਨਾਹਾਂ ਸਜ਼ਾ ਦਿਵਾਉਣ ਲਈ ਜੰਤਰ ਮੰਤਰ ਦਿੱਲੀ ਵਿਖੇ ਸੰਘਰਸ਼ ਕਰ ਰਹੀਆਂ ਪਹਿਲਵਾਨ ਕੁੜੀਆਂ ਦੇ ਸਮਰਥਨ 'ਚ ਕੇਂਦਰ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੇ ਜ਼ਿਲ੍ਹਾ ਜਨਰਲ ਸਕੱਤਰ ਮਲਕੀਤ ਸਿੰਘ ਈਨਾ ਦੀ ਅਗਵਾਈ 'ਚ ਮੁਖੀ ਬ੍ਰਿਜ ਭੂਸ਼ਣ ਸਿੰਘ ਦਾ ਪੁਤਲਾ ਸਾੜ ਕੇ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਬੋਲਦਿਆਂ ਬਲਾਕ ਪ੍ਰਧਾਨ ਮਾ: ਅਮਰਜੀਤ ਸਿੰਘ, ਜੱਗਾ ਸਿੰਘ ਛਾਪਾ, ਅਵਤਾਰ ਸਿੰਘ ਕਲਾਲ ਮਾਜਰਾ ਨੇ ਕਿਹਾ ਕਿ ਬੜੀ ਸ਼ਰਮ ਦੀ ਗੱਲ ਹੈ ਕਿ 'ਬੇਟੀ ਬਚਾਓ, ਬੇਟੀ ਪੜ੍ਹਾਓ' ਦਾ ਨਾਅਰਾ ਦੇਣ ਵਾਲੇ ਪ੍ਰਧਾਨ ਮੰਤਰੀ ਪਹਿਲਵਾਨਾਂ ਨੂੰ ਇਨਸਾਫ ਦੇਣ ਦੇ ਮਾਮਲੇ 'ਤੇ ਚੁੱਪ ਵੱਟੀ ਬੈਠੇ ਹਨ। ਇਸ ਸਾਰੇ ਘਟਨਾਕ੍ਰਮ ਤੋਂ ਬਾਅਦ ਦੇਸ਼ 'ਚ ਮਾਪੇ ਆਪਣੇ ਬੱਚਿਆਂ ਬਾਰੇ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਆਗੂਆਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਉਹ ਤੁਰੰਤ ਇਸ ਮਾਮਲੇ ਦੇ ਦੋਸ਼ੀ ਵਿਰੁੱਧ ਪਰਚਾ ਦਰਜ ਕਰਕੇ ਕੁਸ਼ਤੀ ਪਹਿਲਵਾਨਾਂ ਨੂੰ ਇਨਸਾਫ ਦੇਵੇ। ਆਗੂਆਂ ਨੇ ਚੇਤਾਵਨੀ ਸੁਰ 'ਚ ਕਿਹਾ ਕਿ ਜੇਕਰ ਸਰਕਾਰ ਨੇ ਇਸ ਮਾਮਲੇ 'ਚ ਇਨਸਾਫ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਜਸਵੰਤ ਸਿੰਘ ਸੋਹੀ, ਜਗਤਾਰ ਸਿੰਘ ਕਲਾਲ ਮਾਜਰਾ, ਜੀਤ ਸਿੰਘ ਹਾਂਗਕਾਂਗ, ਕੇਵਲ ਸਿੰਘ ਹਮੀਦੀ ਆਦਿ ਹਾਜ਼ਰ ਸਨ।

## ਕਾਤਰਾਂ

### ਨਸ਼ੇ ਦੀ ਓਵਰਡੋਜ਼ ਨਾਲ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਦੇ ਅਧੀਨ ਪਿੰਡ ਨਾਜੂ ਸ਼ਾਹ ਵਾਲਾ ਦੇ ਵਿਅਕਤੀ ਦੀ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋਣ ਦੀ ਖਬਰ ਮਿਲੀ ਹੈ।ਜਾਣਕਾਰੀ ਅਨੁਸਾਰ ਵਰਜਿੰਦਰ ਸਿੰਘ ਉਰਫ਼ ਬਿੱਲਾ ਪੁੱਤਰ ਰੇਸ਼ਮ ਸਿੰਘ ਪਿੰਡ ਨਾਜੂ ਸ਼ਾਹ ਵਾਲਾ, ਜੋ ਪਿਛਲੇ ਕਾਫ਼ੀ ਸਮੇਂ ਤੋਂ ਨਸ਼ੇ ਕਰਨ ਦਾ ਆਦੀ ਸੀ, ਦੀ ਮ੍ਰਿਤਕ ਦੇਹ ਬੀਤੀ ਸ਼ਾਮ ਪਿੰਡ ਸ਼ੇਰ ਖਾਂ ਕੋਲੋਂ ਮਿਲੀ ਹੈ।ਮ੍ਰਿਤਕ ਦੀ ਪਤਨੀ ਛਿੰਦਰ ਕੌਰ ਨੇ ਦੱਸਿਆ ਕਿ ਉਹ ਉਸ ਨੂੰ ਨਸ਼ੇ ਕਰਨ ਤੋਂ ਕਾਫ਼ੀ ਰੋਕਦੀ ਸੀ, ਪਰ ਨਸ਼ਾ ਨੇੜੇ ਦੇ ਪਿੰਡਾਂ ਤੋਂ ਆਸਾਨੀ ਨਾਲ ਮਿਲ ਜਾਂਦਾ ਹੋਣ ਕਰਕੇ ਉਹ ਨਸ਼ਾ ਖ਼ਰੀਦ ਲੈਂਦਾ ਸੀ।ਉਹ ਨਸ਼ੇ ਦੀ ਪੂਰਤੀ ਲਈ ਘਰ ਦਾ ਕਾਫ਼ੀ ਸਾਮਾਨ ਵੇਚ ਚੁੱਕਿਆ ਸੀ।

### ਜ਼ਿਲ੍ਹਾ ਪੱਧਰੀ ਰੋਜ਼ਗਾਰ ਮੇਲਾ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਡਲ ਕੈਰੀਅਰ ਸੈਂਟਰ/ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਬਿਊਰੋ ਫ਼ਿਰੋਜ਼ਪੁਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 18 ਮਈ ਨੂੰ ਜ਼ਿਲ੍ਹਾ ਪੱਧਰੀ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪਲੇਸਮੈਂਟ ਅਫਸਰ ਮਾਡਲ ਕੈਰੀਅਰ ਸੈਂਟਰ/ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਫਿਰੋਜ਼ਪੁਰ ਗੁਰਜੰਟ ਸਿੰਘ ਨੇ ਦੱਸਿਆ ਕਿ ਇਸ ਰੋਜ਼ਗਾਰ ਕੈਂਪ ਵਿੱਚ ਫਲਿਪਕਾਰਟ ਤੇ ਐਕਸਿਸ ਬੈਂਕ ਵੱਲੋਂ ਇੰਟਰਵਿਊ ਲਈ ਜਾਵੇਗੀ।ਇੰਟਰਵਿਊ ਵਿੱਚ ਭਾਗ ਲੈਣ ਵਾਲੇ ਉਮੀਦਵਾਰਾਂ ਲਈ ਆਪਣੀ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ, ਰੀਜ਼ਿਊਮ, ਆਧਾਰ ਕਾਰਡ, ਪੈਨ ਕਾਰਡ, ਡਰਾਇਵਿੰਗ ਲਾਇਸੰਸ ਤੇ ਇਨ੍ਹਾਂ ਦਸਤਾਵੇਜ਼ਾਂ ਦੀਆਂ ਫੋਟੋ ਕਾਪੀਆਂ ਨਾਲ ਲੈ ਕੇ ਆਉਣਾ ਲਾਜ਼ਮੀ ਹੋਵੇਗਾ।

### ਹੋਮਗਾਰਡ ਦੀ ਨੌਕਰੀ ਦਿਵਾਉਣ ਬਦਲੇ 3.90 ਲੱਖ ਠੱਗੇ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਹੋਮਗਾਰਡ ਦੀ ਨੌਕਰੀ ਦਿਵਾਉਣ ਦੇ ਬਦਲੇ 3 ਲੱਖ 90 ਹਜ਼ਾਰ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਖਿਲਾਫ ਪਰਚਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਭਗਵਾਨ ਚੰਦ ਨੇ ਦੱਸਿਆ ਕਿ ਮੁਦੱਈ ਸੁੱਚਾ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਦੁੱਲੇਕੇ ਨੱਥੂਵਾਲਾ ਨੇ ਪੁਲਸ ਕੋਲ ਦਰਖਾਸਤ ਦਿੱਤੀ ਕਿ ਬਚਨ ਸਿੰਘ ਵਗੈਰੇ ਨੇ ਉਸ ਪਾਸੋਂ ਪੰਜਾਬ ਹੋਮਗਾਰਡ ਵਿੱਚ ਲਗਵਾਉਣ ਲਈ 3 ਲੱਖ 90 ਹਜ਼ਾਰ ਰੁਪਏ ਲਏ ਸਨ, ਪਰ ਉਸ ਨੂੰ ਹੋਮ ਗਾਰਡ ਵਿੱਚ ਨਹੀਂ ਲਗਵਾਇਆ ਤੇ ਇਸ ਦੇ ਨਾਲ ਹੀ ਪੈਸੇ ਵੀ ਵਾਪਸ ਨਹੀਂ ਕੀਤੇ ਗਏ ਹਨ, ਜਿਸ 'ਤੇ ਪੁਲਸ ਨੇ ਸੁੱਚਾ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਬਚਨ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਨੱਥੂ ਦੁੱਲੇਕੇ ਤੇ ਰਮਨਦੀਪ ਸਿੰਘ ਸੰਧੂ ਪੁੱਤਰ ਰਾਜਬਿੰਦਰ ਸਿੰਘ ਸੰਧੂ ਵਾਸੀ ਲੱਧੂਵਾਲਾ ਉਤਾੜ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

### ਚੋਰੀ ਦੇ ਮੋਟਰਸਾਈਕਲ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਦੀ ਪੁਲਸ ਨੇ ਚੋਰੀ ਦੇ ਮੋਟਰਸਾਈਕਲ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਦੀਸ਼ ਲਾਲ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਮੁਖਬਰ ਖਾਸ ਨੇ ਆ ਕੇ ਇਤਲਾਹ ਦਿੱਤੀ ਕਿ ਗੁਰਮੇਜ ਸਿੰਘ ਉਰਫ ਬਿੱਟੂ ਪੁੱਤਰ ਜਸਬੀਰ ਸਿੰਘ ਵਾਸੀ ਗੋਬਿੰਦ ਨਗਰੀ ਜਲਾਲਾਬਾਦ ਜੋਕਿ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹੈ ਅਤੇ ਅੱਜ ਵੀ ਚੋਰੀ ਕੀਤਾ ਹੋਇਆ ਮੋਟਰਸਾਈਕਲ ਹੀਰੋ ਡੀਲੈਕਸ ਬਿਨਾਂ ਨੰਬਰੀ ਵੇਚਣ ਲਈ ਬਸਤੀ ਗੋਬਿੰਦ ਨਗਰੀ ਤੋਂ ਬਜ਼ਾਰ ਜਾਣ ਦੀ ਤਾਕ ਵਿੱਚ ਘੁੰਮ ਰਿਹਾ ਹੈ, ਜੇਕਰ ਹੁਣੇ ਨਾਕਾਬੰਦੀ ਕੀਤੀ ਜਾਵੇ ਤਾਂ ਚੋਰੀ ਦਾ ਮੋਟਰਸਾਈਕਲ ਸਣੇ ਕਾਬੂ ਆ ਸਕਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਨਾਕਾਬੰਦੀ ਕਰਕੇ ਗੁਰਮੇਜ ਸਿੰਘ ਨੂੰ ਚੋਰੀ ਦਾ ਮੋਟਰਸਾਈਕਲ ਸਣੇ ਕਾਬੂ ਕੀਤਾ ਹੈ। ਪੁਲਸ ਨੇ ਗੁਰਮੇਜ ਸਿੰਘ ਦੇ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਬੀ ਕੇ ਯੂ ਏਕਤਾ ਆਜ਼ਾਦ ਵੱਲੋਂ ਥਾਣੇ ਦਾ ਘਿਰਾਓ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਸੰਗਰੂਰ ਬਾਲਕ ਦੇ ਪ੍ਰਧਾਨ ਦਲਬਾਰਾ ਸਿੰਘ ਲੋਹਾ ਖੇੜਾ ਦੀ ਅਗਵਾਈ ਹੇਠ ਥਾਣਾ ਲੌਂਗੋਵਾਲ ਦਾ ਘਿਰਾਓ ਕੀਤਾ ਗਿਆ। ਲਗਭਗ ਤਿੰਨ ਮਹੀਨੇ ਪਹਿਲਾਂ ਪਿੰਡ ਕਿਲ੍ਹਾ ਪਰੀਆ ਵਿੱਚ ਇੱਕ ਕਿਸਾਨ ਪਰਿਵਾਰ ਦੇ ਘਰ ਦਿਨ ਦਿਹਾੜੇ ਚੋਰੀ ਹੋ ਗਈ, ਜਿਸ ਵਿੱਚ ਪਰਿਵਾਰ ਵੱਲੋਂ ਲੌਂਗੋਵਾਲ ਥਾਣੇ ਵਿੱਚ ਰਿਪੋਰਟ ਦਰਜ ਕਰਵਾਈ ਗਈ ਤੇ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ। ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਟੀਮ ਨੇ ਕਈ ਵਾਰ ਪੁਲਸ ਪ੍ਰਸ਼ਾਸਨ ਨਾਲ ਗੱਲਬਾਤ ਕੀਤੀ, ਪਰ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਨਹੀਂ ਸਰਕੀ। ਪੁਲਸ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤੇ ਪਿਆ ਹੈ, ਤਿੰਨ ਮਹੀਨੇ ਹੋ ਗਏ ਹਾਲੇ ਤੱਕ ਚੋਰਾਂ 'ਤੇ ਕੋਈ ਕਰਵਾਈ ਨਹੀਂ ਹੋਈ। ਇਸ ਮੌਕੇ ਸੂਬਾ ਆਗੂ ਜਸਵਿੰਦਰ ਸਿੰਘ ਸੋਮਾ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਜ਼ਿਲ੍ਹਾ ਆਗੂ ਜਸਵੀਰ ਸਿੰਘ ਮੇਦੇਵਾਸ, ਹੈਪੀ ਸਿੰਘ ਨਮੋਲ, ਰਾਮਪਾਲ ਸ਼ਰਮਾ ਸੁਨਾਮ, ਅਮਰ ਸਿੰਘ ਲੌਂਗੋਵਾਲ, ਸੁਖਦੇਵ ਸਿੰਘ ਲੌਂਗੋਵਾਲ, ਧੰਨਾ ਸਿੰਘ ਦਿਆਲਗੜ੍ਹ, ਜਗਰ ਸਿੰਘ ਸਾਹਪੁਰ, ਤੇਜ ਸਿੰਘ ਸਾਹਪੁਰ, ਬਾਰਾ ਸਿੰਘ ਮੰਗਵਾਲ, ਕੁਲਵਿੰਦਰ ਸਿੰਘ, ਗੁਰਬਚਨ ਸਿੰਘ ਕਿਲ੍ਹਾ ਪਰੀਆ, ਬਲਜੀਤ ਕੌਰ ਕਿਲ੍ਹਾ ਪਰੀਆ ਆਦਿ ਹਾਜ਼ਰ ਸਨ।

# ਬੈਂਕ ਰਿਟਾਇਰੀਆਂ ਰਵਨੀਤ ਬਿੱਟੂ ਨੂੰ ਸੌਂਪਿਆ ਮੰਗ ਪੱਤਰ



**ਲੁਧਿਆਣਾ (ਭਾਟੀਆ)**-ਆਲ ਇੰਡੀਆ ਬੈਂਕ ਰਿਟਾਇਰੀਜ਼ ਫੈਡਰੇਸ਼ਨ (ਏ.ਆਈ.ਬੀ.ਆਰ.ਐੱਫ.) ਦੀ ਲੁਧਿਆਣਾ ਇਕਾਈ ਵੱਲੋਂ ਇਥੋਂ ਦੇ ਮੈਂਬਰ ਪਾਰਲੀਮੈਂਟ (ਐੱਮ ਪੀ) ਰਵਨੀਤ ਸਿੰਘ ਬਿੱਟੂ ਨੂੰ ਮੈਮੋਰੰਡਮ ਸੌਂਪਿਆ ਗਿਆ। ਵੱਖ ਵੱਖ ਬੈਂਕਾਂ ਤੋਂ ਆਏ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਮੈਮੋਰੰਡਮ ਦਿੱਤਾ। ਉਨ੍ਹਾਂ ਦੱਸਿਆ ਕਿ 1995 ਵਿੱਚ ਜਦੋਂ ਤੋਂ ਪੈਨਸ਼ਨ ਲਾਗੂ ਹੋਈ, ਉਦੋਂ ਤੋਂ ਲੈ ਕੇ ਅੱਜ ਤੱਕ ਕਰਮਚਾਰੀਆਂ ਤੇ ਅਧਿਕਾਰੀਆਂ ਦਾ ਤਨਖਾਹਾਂ ਵਿੱਚ ਵਾਧੇ ਦਾ ਸਮਝੌਤਾ ਹਰ ਪੰਜ ਸਾਲ ਬਾਅਦ ਹੋ ਚੁੱਕਾ ਹੈ, ਪਰ ਪੈਨਸ਼ਨਰਾਂ ਦੀ ਪੈਨਸ਼ਨ ਵਿੱਚ ਅਪਡੇਸ਼ਨ ਨਹੀਂ ਕੀਤੀ ਗਈ। ਇਸ ਮੌਕੇ ਰਵਨੀਤ ਸਿੰਘ ਬਿੱਟੂ ਨੇ ਡੈਲੀਗੇਸ਼ਨ ਮੈਂਬਰਾਂ ਦੀ ਗੱਲ ਨੂੰ ਬੜੇ ਧਿਆਨ ਨਾਲ ਸੁਣਿਆ ਤੇ ਇਸ ਮਸਲੇ ਨੂੰ ਸੰਸਦ ਵਿੱਚ ਉਠਾਉਣ ਦਾ ਭਰੋਸਾ ਦਿੱਤਾ। ਡੈਲੀਗੇਸ਼ਨ ਵਿੱਚ ਲੁਧਿਆਣਾ ਏ ਆਈ ਬੀ ਆਰ ਐੱਫ ਦੇ ਸਕੱਤਰ ਸ੍ਰੀ ਦਰਸ਼ਨ ਸਿੰਘ ਰੀਹਲ, ਪ੍ਰਧਾਨ ਸ੍ਰੀ ਐੱਮ ਪੀ ਬੱਸੀ, ਚੇਅਰਮੈਨ ਸ੍ਰੀ ਵਿਨੋਦ ਸੂਦ ਤੋਂ ਇਲਾਵਾ ਐੱਮ ਐੱਸ ਭਾਟੀਆ, ਅਵਤਾਰ ਛਿੱਬੜ, ਪੀ ਐੱਸ ਸੈਣੀ, ਜਗਤਾਰ ਸਿੰਘ, ਆਤਮਜੀਤ ਸਿੰਘ, ਮੇਘ ਨਾਥ, ਸੁਭਾਸ਼ ਮਲਿਕ, ਐੱਮ. ਆਰ. ਗਰਗ, ਐੱਸ. ਕੇ. ਰਿਸ਼ੀ, ਐੱਮ. ਪੀ. ਭਗਤ, ਰਾਜੇਸ਼ ਅੱਤਰੀ ਤੇ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਏ।

# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਪੰਜ ਮੈਂਬਰ ਕਾਬੂ

## ਦੋ ਪਿਸਟਲ, 3.60 ਲੱਖ ਦੀ ਨਕਦੀ, ਆਲਟੋ ਕਾਰ ਤੇ 7 ਮੋਟਰਸਾਈਕਲ ਬਰਾਮਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਇੱਕ ਗਰੋਹ ਦਾ ਪਰਦਾਫਾਸ਼ ਕਰਦੇ ਹੋਏ ਗਰੋਹ ਦੇ ਪੰਜ ਮੈਂਬਰਾਂ ਨੂੰ ਅਸਲੇ ਤੇ ਨਕਦੀ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਪ੍ਰੈੱਸ ਨੋਟ ਰਾਹੀਂ ਮਾਮਲੇ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਸੀ.ਆਈ.ਏ. ਸਟਾਫ ਸਰਹਿੰਦ ਦੇ ਇੰਚਾਰਜ ਇੰਸਪੈਕਟਰ ਅਮਰਬੀਰ ਸਿੰਘ ਦੀ ਅਗਵਾਈ 'ਚ ਕੰਮ ਕਰ ਰਹੀ ਸੀ.ਆਈ.ਏ. ਦੀ ਇੱਕ ਟੀਮ ਵੱਲੋਂ ਬੀਤੀ 11 ਮਈ ਨੂੰ ਅਮਲੋਹ ਦੇ ਇਲਾਕੇ 'ਚੋਂ ਅਰਸ਼ਦੀਪ ਸਿੰਘ ਅਰਸ਼ੂ, ਚੰਦ ਸਿੰਘ ਉਰਫ ਕਮਲੂ, ਸੁਖਮੰਦਰ ਸਿੰਘ ਉਰਫ ਗਗਨਾ, ਬਲਵੰਤ ਸਿੰਘ ਉਰਫ ਬੰਟੀ ਤੇ ਰਵੀਦੀਪ ਸਿੰਘ ਉਰਫ ਦੀਪ ਵਾਸੀਆਨ ਪਿੰਡ ਫ਼ਤਹਿਗੜ੍ਹ ਕੋਰੋਟਾਨਾ (ਮੋਗਾ) ਨੂੰ ਦੋ ਪਿਸਟਲ 315 ਬੋਰ, ਦੋ ਜਿੰਦਾ ਰੌਂਦ, ਇੱਕ ਆਲਟੋ ਕਾਰ, ਦੋ ਚਾਕੂ ਤੇ ਰਾਡ ਸਮੇਤ ਅ/ਧ 339,402 ਆਈ.ਪੀ.ਸੀ. ਤਹਿਤ ਗ੍ਰਿਫਤਾਰ ਕੀਤਾ ਗਿਆ, ਜਿਸ ਉਪਰੰਤ ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਗ੍ਰਿਫਤਾਰ ਕੀਤੇ ਗਏ ਗਰੋਹ ਦੇ ਉਪਰੋਕਤ ਮੈਂਬਰਾਂ 'ਚੋਂ ਅਰਸ਼ਦੀਪ ਸਿੰਘ ਤੇ ਚੰਦ ਸਿੰਘ ਬੀਤੀ 22 ਅਪ੍ਰੈਲ ਨੂੰ ਮੰਡੀ ਗੋਬਿੰਦਗੜ੍ਹ ਵਿਖੇ ਹੋਈ 50 ਲੱਖ ਰੁਪਏ ਦੀ ਡਕੈਤੀ 'ਚ ਵੀ ਸ਼ਾਮਲ ਸਨ, ਜਿਨਾਂ ਵੱਲੋਂ ਡਕੈਤੀ ਦੇ ਪੈਸਿਆਂ 'ਚੋਂ ਖਰੀਦਿਆ ਗਿਆ 60,000/- ਰੁਪਏ ਦਾ ਕੈਮਰਾ ਤੇ 3,60,000/- ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਗਈ ਹੈ। ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਤਫਤੀਸ਼ ਦੌਰਾਨ ਖੁਲਾਸਾ ਹੋਇਆ ਕਿ ਇਸ ਗਰੋਹ ਦੇ ਮੈਂਬਰ ਚੰਦ ਸਿੰਘ ਉਰਫ ਕਮਲੂ, ਅਰਸ਼ਦੀਪ ਸਿੰਘ ਉਰਫ ਅਰਸ਼ੂ ਤੇ ਰਵੀਦੀਪ ਸਿੰਘ ਉਰਫ ਰਵੀ ਫਿਰੌਤੀਆਂ ਮੰਗਣ ਅਤੇ ਮੋਟਰਸਾਈਕਲ ਚੋਰੀ ਕਰਨ ਦਾ ਧੰਦਾ ਵੀ ਕਰਦੇ ਸਨ, ਜਿਨ੍ਹਾਂ ਦੀ ਨਿਸ਼ਾਨਦੇਹੀ 'ਤੇ 7 ਚੋਰੀਸ਼ੁਦਾ ਮੋਟਰਸਾਈਕਲ ਹੁਣ ਤੱਕ ਬਰਾਮਦ ਕੀਤੇ ਜਾ ਚੁੱਕੇ ਹਨ ਤੇ ਮਾਮਲੇ ਦੀ ਤਫਤੀਸ਼ ਹਾਲੇ ਜਾਰੀ ਹੈ, ਜਿਸ ਦੌਰਾਨ ਹੋਰ ਵੀ ਵਾਰਦਾਤਾਂ ਟਰੇਸ ਹੋਣ ਦੀ ਸੰਭਾਵਨਾ ਹੈ।

# ਆਂਗਣਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ ਵੱਲੋਂ ਸੀ ਡੀ ਪੀ ਓ ਦਫਤਰ ਅੱਗੇ ਧਰਨਾ



**ਜਲਾਲਾਬਾਦ (ਜੀਤ ਕੁਮਾਰ, ਸਤਨਾਮ ਸਿੰਘ)**-ਆਲ ਇੰਡੀਆ ਆਂਗਣਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੂਬਾ ਕਮੇਟੀ ਦੇ ਫੈਸਲੇ ਮੁਤਾਬਕ ਸਥਾਨਕ ਸੀ.ਡੀ.ਪੀ.ਓ. ਦਫਤਰ ਬਾਹਰ ਧਰਨਾ ਦੇ ਕੇ ਸੀ.ਡੀ.ਪੀ.ਓ. ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ ਤੇ ਸੂਬਾ ਸਕੱਤਰ ਸੁਨੀਲ ਕੌਰ ਬੇਦੀ ਦੀ ਅਗਵਾਈ ਹੇਠ ਸਭ ਤੋਂ ਪਹਿਲਾਂ ਆਂਗਣਵਾੜੀ ਵਰਕਰਾਂ/ਹੈਲਪਰਾਂ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਈਆਂ ਤੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ, ਜਿਸ ਦੇ ਬਾਅਦ ਰੋਸ ਮਾਰਚ ਕਰਦੀਆਂ ਸੀ.ਡੀ.ਪੀ.ਓ. ਦਫਤਰ ਪੁੱਜੀਆਂ।

ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸ੍ਰੀਮਤੀ ਸਰੋਜ ਰਾਣੀ ਛੱਪੜੀ ਵਾਲਾ ਤੇ ਸੂਬਾ ਸਕੱਤਰ ਸੁਨੀਲ ਕੌਰ ਬਦੀ ਨੇ ਕਿਹਾ ਕਿ ਸੱਤਾ 'ਚ ਆਉਣ ਤੋਂ ਪਹਿਲਾਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਡੀਆਂ ਮੰਗਾਂ ਮੰਨਣ ਲਈ ਜੋ ਵਾਅਦੇ ਕੀਤੇ ਸੀ, ਉਨ੍ਹਾਂ 'ਤੇ ਮਾਨ ਸਰਕਾਰ ਪੂਰੀ ਨਹੀਂ ਉੱਤਰੀ ਹੈ, ਉਥੇ ਹੀ 2 ਵਾਰ ਸਾਨੂੰ ਮੀਟਿੰਗ ਦਾ ਸਮਾਂ ਦੇ ਕੇ ਸਾਡੇ ਨਾਲ ਕੋਈ ਮੀਟਿੰਗ ਨਹੀਂ ਕੀਤੀ, ਸਗੋਂ ਪੰਜਾਬ ਭਵਨ ਦੇ ਬਾਹਰ ਸਾਰਾ ਦਿਨ ਰੋਲਿਆ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਮੁੱਖ ਮੰਤਰੀ ਸਾਹਿਬ ਸਾਨੂੰ ਮੀਟਿੰਗ ਦਾ ਸਮਾਂ ਦੇਣ ਤੇ ਸਾਡੇ ਮਾਣਭੱਤੇ ਨੂੰ ਦੁੱਗਣਾ ਕਰਨ ਦਾ ਵਾਅਦਾ ਨਿਭਾਉਣ। ਬਲਾਕ ਪ੍ਰਧਾਨ ਬਲਵਿੰਦਰ ਕੌਰ ਚੱਕ ਮੁਹੰਮਦ ਵਾਲਾ ਨੇ ਕਿਹਾ ਕਿ ਪ੍ਰੀ-ਨਰਸਰੀ ਕਲਾਸਾਂ ਆਂਗਣਵਾੜੀ ਵਰਕਰਾਂ ਨੂੰ ਦੇ ਕੇ ਉਨ੍ਹਾਂ ਨੂੰ ਪ੍ਰੀ-ਨਰਸਰੀ ਟੀਚਰ ਬਣਾਇਆ ਜਾਵੇ, ਮਾਣਭੱਤਾ ਹਰ ਮਹੀਨੇ ਦੀ 1 ਤਾਰੀਖ ਦੇਣਾ ਲਾਜ਼ਮੀ ਤੇ ਯਕੀਨੀ ਬਣਾਇਆ ਜਾਵੇ ਅਤੇ ਸਾਡੀਆਂ ਹੋਰ ਬਾਕੀ ਮੰਗਾਂ ਵੀ ਮੰਨੀਆਂ ਜਾਣ। ਸਰਕਾਰ ਨੇ ਸਾਨੂੰ ਗੱਲਬਾਤ ਲਈ ਸਮਾਂ ਨਾ ਦਿੱਤਾ ਤਾਂ ਜਥੇਬੰਦੀ ਹੋਰ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ੁੰਮੇਵਾਰੀ ਪੰਜਾਬ ਸਰਕਾਰ ਤੇ ਸਿਵਲ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਗਵੰਤ ਕੌਰ, ਕ੍ਰਿਸ਼ਨਾ ਸੰਤੋਖਾ, ਗੁਰਪ੍ਰੀਤ, ਬਿਮਲਾ ਢੰਡੀਆ, ਰਾਜ ਲਮੋਚੜ, ਅਰਪਨਾ, ਨੀਲਮ ਹੌਜਖਾਸ, ਰਜਵੰਤ ਕੌਰ, ਬਿਮਲਾ ਜਲਾਲਾਬਾਦ, ਹਰਜਿੰਦਰ ਜਲਾਲਾਬਾਦ, ਕੁਲਵਿੰਦਰ ਖੀਵਾ, ਲਾਜਵੰਤੀ, ਅੰਜੂ ਬਾਲਾ, ਸੀਮਾ ਮੰਨੇਵਾਲਾ, ਸ਼ਿਮਲਾ ਮੰਨੇਵਾਲਾ, ਸੁਨੀਤਾ ਰਾਣੀ ਮੰਡੀ ਅਮੀਨ ਗੰਜ, ਰਜਨੀ ਲਾਧੂਕਾ, ਸੀਤਾ ਹਸਤਾ, ਰੂਪਾ ਰਾਣੀ, ਕੁਸ਼ਮ ਕਲੀ, ਵੀਰਾ ਖੰਨਾ ਆਦਿ ਨੇ ਸੰਬੋਧਨ ਕੀਤਾ। ਧਰਨੇ ਦੌਰਾਨ ਆਮ ਆਦਮੀ ਪਾਰਟੀ ਦੇ ਨੁਮਾਇੰਦੇ ਦੇਵ ਰਾਜ ਸ਼ਰਮਾ ਵੀ ਪਾਰਕ ਵਿੱਚ ਮੰਗ ਪੱਤਰ ਲੈਣ ਲਈ ਪੁੱਜੇ ਤੇ ਯੂਨੀਅਨ ਦਾ 'ਮੰਗ-ਪੱਤਰ' ਅਗਲੀ ਕਾਰਵਾਈ ਸਰਕਾਰ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ ਗਿਆ।

# ਮੈਡੀਕਲ ਕਾਲਜ ਮਸਤੂਆਣਾ ਦੀ ਉਸਾਰੀ 'ਤੇ ਲੱਗੀ ਰੋਕ ਹਟਾਉਣ ਲਈ ਪੁਤਲੇ ਫੂਕੇ




**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਸੰਯੁਕਤ ਕਿਸਾਨ ਮੋਰਚੇ ਵੱਲੋਂ ਮੈਡੀਕਲ ਕਾਲਜ ਮਸਤੂਆਣਾ ਸਾਹਿਬ ਦੀ ਉਸਾਰੀ 'ਤੇ ਲੱਗੀ ਰੋਕ ਹਟਵਾਉਣ ਲਈ ਸ਼ੁਰੂ ਕੀਤੇ ਸੰਘਰਸ਼ ਤਹਿਤ ਵੱਡੀ ਗਿਣਤੀ ਇਲਾਕੇ ਦੀਆਂ ਸੰਗਤਾਂ ਨੇ ਭਲਵਾਨਾਂ ਦੇ ਗੁਰੂ ਘਰ ਅੱਗੇ ਇਕੱਠੇ ਹੋ ਕੇ ਸ਼੍ਰੋਮਣੀ ਕਮੇਟੀ ਮੈਂਬਰ ਭੁਪਿੰਦਰ ਸਿੰਘ ਭਲਵਾਨ ਦੇ ਘਰ ਤੱਕ ਰੋਸ ਮਾਰਚ ਕਰਦਿਆਂ ਉਨ੍ਹਾਂ ਦੇ ਘਰ ਅੱਗੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕਰਦਿਆਂ ਮੈਡੀਕਲ ਕਾਲਜ 'ਤੇ ਲੱਗੀ ਰੋਕ ਹਟਾਉਣ ਦੀ ਮੰਗ ਕੀਤੀ। ਰੋਸ ਵਜੋਂ ਸ਼੍ਰੋਮਣੀ ਕਮੇਟੀ ਮੈਂਬਰ ਤੇਜਾ ਸਿੰਘ ਕਮਾਲਪੁਰ ਦੇ ਘਰ ਅੱਗੇ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਜਾਵੇਗਾ। ਰੋਸ ਪ੍ਰਦਰਸ਼ਨ ਨੂੰ ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਆਗੂ ਕੁਲਦੀਪ ਜੋਸ਼ੀ, ਰਣਧੀਰ ਸਿੰਘ ਭੱਟੀਵਾਲ, ਬੀਕੇਯੂ ਡਕੌਂਦਾ (ਧਨੇਰ) ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਛੰਨਾ, ਜ਼ਿਲ੍ਹਾ ਆਗੂ ਜਗਤਾਰ ਸਿੰਘ ਦੁੱਗਾਂ, ਬੀਕੇਯੂ (ਅਜ਼ਾਦ) ਦੇ ਆਗੂ ਕਰਨੈਲ ਸਿੰਘ ਜੱਸੇਕਾ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੁਖਦੇਵ ਸਿੰਘ ਕੁੰਨਰਾਂ, ਮੇਵਾ ਸਿੰਘ ਦੁੱਗਾਂ, ਮਨਦੀਪ ਸਿੰਘ ਲਿੱਦੜਾਂ, ਜਸਵੰਤ ਸਿੰਘ ਦੁੱਗਾਂ, ਭੂਰਾ ਸਿੰਘ ਦੁੱਗਾਂ ਤੇ ਬੀਕੇਯੂ ਏਕਤਾ ਉਗਰਾਹਾਂ ਦੇ ਆਗੂਆਂ ਨੇ ਵੀ ਸੰਬੋਧਨ ਕੀਤਾ। ਔਰਤਾਂ ਨੇ ਪਿੱਟ ਸਿਆਪਾ ਕਰਦਿਆਂ ਇਲਾਕੇ ਦੇ ਲੋਕਾਂ ਨੂੰ ਪਹਿਲਾਂ ਕਾਲਜ 'ਤੇ ਲੱਗੀ ਰੋਕ ਹਟਾਉਣ ਦਾ ਭਰੋਸਾ ਦੇਣ ਤੋਂ ਬਾਅਦ ਹਾਈਕੋਰਟ ਵਿੱਚ ਜ਼ਮੀਨ ਦੇਣ ਤੋਂ ਸਾਫ਼ ਮੁੱਕਰਨਾ ਸ਼੍ਰੋਮਣੀ ਕਮੇਟੀ ਆਗੂਆਂ ਦੇ ਲੋਕ ਵਿਰੋਧੀ ਕਿਰਦਾਰ ਨੂੰ ਦਰਸਾਉਂਦਾ ਹੈ। ਸੰਗਤਾਂ ਨੇ ਮੰਗ ਕੀਤੀ ਕਿ ਫੌਰੀ ਕਾਲਜ ਦੀ ਉਸਾਰੀ 'ਤੇ ਲੱਗੀ ਰੋਕ ਹਟਾ ਕੇ ਅੜਿੱਕੇ ਦੂਰ ਕੀਤੇ ਜਾਣ। ਆਗੂਆਂ ਨੇ ਕਿਹਾ ਕਿ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। 21 ਮਈ ਦੇ ਟਰੈਕਟਰ ਮਾਰਚ ਵਿੱਚ ਵੱਡੀ ਗਿਣਤੀ ਸੰਗਤਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

# ਕਰੋੜਾਂ ਦੇ ਘੁਟਾਲੇਬਾਜ਼ ਸੁਰਜੀਤ ਸਿੰਘ ਨੂੰ ਕਾਬੂ ਕਰਨ ਤੋਂ ਕੰਨੀਂ ਕਤਰਾ ਰਹੀ ਸਰਕਾਰ

**ਜੈਤੋ (ਸਤੀਸ਼ ਕੁਮਾਰ ਭੀਰੀ)**-ਬਦਲਾਅ ਲਿਆਉਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਭ੍ਰਿਸ਼ਟਾਚਾਰੀ, ਘੁਟਾਲੇਬਾਜ਼ਾਂ ਤੇ ਨਸ਼ੇ ਦੇ ਸੌਦਾਗਰਾਂ ਨੂੰ ਕਾਬੂ ਕਰਨ ਤੋਂ ਕੰਨੀ ਕਤਰਾਉਂਦੇ ਹੋਏ ਹੱਥ ਖੜੇ ਕਰਨਾ ਆਉਂਦੀਆਂ ਲੋਕ ਸਭਾ ਚੋਣਾਂ ਵਿੱਚ ਮੁੱਖ ਮੁੱਦਾ ਬਣ ਕੇ ਉਭਰ ਸਕਦਾ ਹੈ।

ਪੰਜਾਬ ਸਰਕਾਰ ਨੂੰ ਮਹਾਂ ਭ੍ਰਿਸ਼ਟਾਚਾਰੀ ਤੇ ਘੁਟਾਲੇਬਾਜ਼ ਸੁਰਜੀਤ ਸਿੰਘ ਸਾਬਕਾ ਮੈਨੇਜਰ ਮਾਰਕਫੈੱਡ ਦੀ ਪੁਸ਼ਤ ਪਨਾਹੀ ਕਰਨ ਵਾਲੀਆਂ ਤਾਕਤਾਂ ਨੂੰ ਸ਼ਿਕੰਜੇ ਵਿੱਚ ਲੈ ਕੇ ਸਾਫ਼ ਸੁਥਰਾ ਵਾਤਾਵਰਣ ਦੇਣ ਦਾ ਵਾਅਦਾ ਪੁਗਾਉਣਾ ਚਾਹੀਦਾ ਹੈ। ਪੰਜਾਬ ਸਰਕਾਰ ਇਹ ਸੁਨਿਸ਼ਚਿਤ ਕਰੇ ਕਿ ਮਾਰਕਫੈੱਡ ਪੰਜਾਬ ਦੇ ਵਧੀਕ ਪ੍ਰਬੰਧਕ ਨਿਰਦੇਸ਼ਕ ਵੱਲੋਂ ਅਨੇਕਾਂ ਵਾਰ ਜਾਂਚ ਕਰਨ ਉਪਰੰਤ ਬਣਾਈ ਗਈ ਆਪਣੀ ਰਿਪੋਰਟ ਵਿੱਚ ਵਿਭਾਗ ਨੂੰ ਕਰੋੜਾਂ ਰੁਪਏ ਦੇ ਰਗੜੇ ਲਾਉਣ ਦਾ ਮਾਰਕਫੈੱਡ ਜੈਤੋ ਦੇ ਸਾਬਕਾ ਮੈਨੇਜਰ ਸੁਰਜੀਤ ਸਿੰਘ ਨੂੰ ਦੋਸੀ ਗਰਦਾਨਿਆ ਗਿਆ ਸੀ। ਦੋਸ਼ੀ ਸੁਰਜੀਤ ਸਿੰਘ ਤੇ ਉਸ ਦੇ ਅਧੀਨ ਕ੍ਰਮਚਾਰੀਆਂ ਨੂੰ ਕਾਬੂ ਕਰਨ ਦੀ ਥਾਂ 'ਤੇ ਉਨ੍ਹਾਂ ਪਾਸੋਂ ਲਗਾਤਾਰ ਡਿਊਟੀ ਲਈ ਜਾ ਰਹੀ ਹੈ। ਕਰੋੜਾਂ ਰੁਪਏ ਗਬਨ ਦੇ ਦੋਸ਼ੀ ਸੁਰਜੀਤ ਸਿੰਘ, ਸਹਾਇਕ ਖੇਤਰੀ ਅਫਸਰ ਸਤਿੰਦਰਪਾਲ ਸਿੰਘ ਤੇ ਸੇਲਜ਼ਮੈਨ ਹਰਭਗਵਾਨ, ਲਖਵੀਰ ਸਿੰਘ ਤੇ ਜਸਵਿੰਦਰ ਸਿੰਘ ਨੂੰ ਕਾਬੂ ਕਰਨ ਲਈ ਵਿਜੀਲੈਂਸ ਵਿਭਾਗ ਵੱਲੋਂ ਕੀਤੀ ਜਾ ਰਹੀ ਜਾਂਚ ਵਿੱਚ ਅੜਿੱਕਾ ਡਾਉਣ ਵਾਲੀਆਂ ਤਾਕਤਾਂ ਨੂੰ ਨੰਗੇ ਕਰਕੇ ਜਾਂਚ ਵਿੱਚ ਤੇਜ਼ੀ ਲਿਆਉਣ ਲਈ ਯਤਨ ਕੀਤਾ ਜਾਵੇ। ਪੰਜਾਬ ਸਰਕਾਰ ਵੱਲੋਂ ਦੋਸ਼ੀ ਸੁਰਜੀਤ ਸਿੰਘ ਨੂੰ ਕਾਬੂ ਕਰਕੇ ਮਾਰਕਫੈੱਡ ਨੂੰ ਲਾਏ ਗਏ ਕਰੋੜਾਂ ਰੁਪਏ ਦੇ ਰਗੜੇ ਦੀ ਭਰਪਾਈ ਨੂੰ ਯਕੀਨੀ ਬਣਾਇਆ ਜਾਵੇ। ਇਸ ਪੂਰੇ ਮਾਮਲੇ ਸਬੰਧੀ ਦੱਸਿਆ ਜਾਵੇ ਤਾਂ ਇਹ ਹੈ ਕਿ ਇਸ ਬਹੁ ਕਰੋੜੀ ਗਬਨ ਦੇ ਦੋਸ਼ੀ ਸੁਰਜੀਤ ਸਿੰਘ ਵਿਰੁੱਧ ਕਾਰਵਾਈ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਈ-ਮੇਲ 'ਤੇ ਅਨੇਕਾਂ ਵਾਰ ਦਸਤਾਵੇਜ਼ ਭੇਜੇ ਗਏ, ਚੇਅਰਮੈਨ ਅਮਨਦੀਪ ਸਿੰਘ ਮੋਹੀ ਨੂੰ ਫੋਨ ਕਰਕੇ ਜਾਣਕਾਰੀ ਦੇਣ ਸਮੇਤ ਮਾਰਕਫੈੱਡ ਦੇ ਆਲਾ ਉੱਚ ਅਧਿਕਾਰੀਆਂ ਨੂੰ ਫੋਨ ਕਰਕੇ ਪੱਖ ਪੁੱਛਿਆ ਤਾਂ ਸੁਰਜੀਤ ਸਿੰਘ ਵਿਰੁੱਧ ਕਾਰਵਾਈ ਕਰਨ ਦੇ ਨਾਂਅ 'ਤੇ ਸਭ ਨੂੰ ਦੰਦਲਾਂ ਪੈਂਦੀਆਂ ਦਿਖਾਈ ਦੇ ਰਹੀਆਂ ਸਨ।

# ਪਹਿਲਵਾਨਾਂ ਦੇ ਅੰਦੋਲਨ ਦਾ ਸਮਰਥਨ ਕਰਨ ਲਈ ਔਰਤਾਂ ਤੇ ਮਜ਼ਦੂਰਾਂ ਦਾ ਜਥਾ ਰਵਾਨਾ



**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਦੇ ਸੱਦੇ 'ਤੇ ਰੇਲਵੇ ਸਟੇਸ਼ਨ ਤੋਂ ਸਵੇਰੇ ਸੱਤ ਵਜੇ ਏਪਵਾ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦਾ ਇੱਕ ਜਥਾ ਦਿੱਲੀ ਲਈ ਰਵਾਨਾ ਹੋਇਆ। ਇਹ ਜਥਾ ਪੰਜਾਬ ਵਿੱਚ ਰੁਜ਼ਗਾਰ ਦੀ ਬੁਰੀ ਹਾਲਤ ਤੇ ਮਾਰੂ ਨਸ਼ਿਆਂ ਦੇ ਕਾਲੇ ਕਾਰੋਬਾਰ ਕਾਰਨ ਧੜਾਧੜ ਹੋ ਰਹੀਆਂ ਨੌਜਵਾਨਾਂ ਦੀਆਂ ਮੌਤਾਂ ਤੇ ਪਰਵਾਰਾਂ ਦੀ ਸਮਾਜਿਕ, ਆਰਥਿਕ ਤਬਾਹੀ ਦੇ ਗੰਭੀਰ ਮੁੱਦੇ ਨੂੰ ਵੀ ਕੌਮੀ ਪੱਧਰ 'ਤੇ ਉਭਾਰਨ ਦਾ ਯਤਨ ਕਰੇਗਾ, ਜਿਸ ਉਤੇ ਕਾਬੂ ਪਾਉਣ ਵਿੱਚ ਪਿਛਲੀਆਂ ਅਕਾਲੀ ਤੇ ਕਾਂਗਰਸੀ ਸਰਕਾਰਾਂ ਵਾਂਗ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਬੁਰੀ ਤਰ੍ਹਾਂ ਨਾਕਾਮ ਸਾਬਤ ਹੋ ਚੁੱਕੀ ਹੈ। ਰੇਲਵੇ ਸਟੇਸ਼ਨ 'ਤੇ ਜੁੜੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਔਰਤ ਆਗੂਆਂ ਨੇ ਦੱਸਿਆ ਕਿ ਦੇਸ ਦੀਆਂ ਕੌਮਾਂਤਰੀ ਪੱਧਰ ਦੀਆਂ ਕੁਝ ਨਾਬਾਲਗ ਤੇ ਬਾਲਗ ਪਹਿਲਵਾਨ ਲੜਕੀਆਂ ਨੇ ਅਪਣੇ ਲਿਖਤੀ ਬਿਆਨਾਂ ਵਿੱਚ ਕੌਮੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਬੀਜੇਪੀ ਦੇ ਐਮ.ਪੀ ਬ੍ਰਿਜਭੂਸ਼ਨ ਸਿੰਘ ਉਤੇ ਉਨ੍ਹਾਂ ਨਾਲ ਜਿਸਮਾਨੀ ਛੇੜਖਾਨੀ ਕਰਨ ਦੇ ਗੰਭੀਰ ਦੋਸ਼ ਲਾਏ ਹਨ। ਦੇਸ ਦੀਆਂ ਉਲੰਪਿਕ ਤਮਗਾ ਜੇਤੂ ਕਈ ਪਹਿਲਵਾਨ ਲੜਕੀਆਂ ਤੇ ਲੜਕੇ, ਮੁਜਰਮਾਨਾ ਰਿਕਾਰਡ ਵਾਲੇ ਕੁਸਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਬੀਜੇਪੀ ਦੇ ਸੰਸਦ ਮੈਂਬਰ ਬ੍ਰਿਜ ਭੂਸ਼ਨ ਸਿੰਘ ਦੀ ਗ੍ਰਿਫ਼ਤਾਰੀ ਅਤੇ ਕੁਸ਼ਤੀ ਫੈਡਰੇਸ਼ਨ ਦੀ ਪ੍ਰਧਾਨਗੀ ਤੋਂ ਹਟਾਉਣ ਦੀ ਮੰਗ ਨੂੰ ਲੈ ਕੇ ਪਿਛਲੇ 24 ਦਿਨਾਂ ਤੋਂ ਦਿੱਲੀ ਜੰਤਰ ਮੰਤਰ ਉਤੇ ਦਿਨ-ਰਾਤ ਦੇ ਧਰਨੇ 'ਤੇ ਬੈਠੇ ਹੋਏ ਹਨ, ਪਰ ਮੋਦੀ-ਯੋਗੀ ਸਰਕਾਰ ਇਸ ਅਪਰਾਧੀ ਪਿਛੋਕੜ ਵਾਲੇ ਅਪਣੇ ਬਾਹੂਬਲੀ ਨੇਤਾ ਦੀ ਗ੍ਰਿਫ਼ਤਾਰੀ ਨੂੰ ਪੂਰੀ ਬੇਸ਼ਰਮੀ ਨਾਲ ਟਾਲਦੀ ਆ ਰਹੀ ਹੈ। ਇਸ ਤਾਕਤਵਰ ਵਿਅਕਤੀ ਦੇ ਸਰਕਾਰ ਅਤੇ ਪ੍ਰਸ਼ਾਸਨ ਉਤੇ ਸਿਆਸੀ ਦਬਦਬੇ ਦਾ ਆਲਮ ਇਹ ਹੈ ਕਿ ਪਹਿਲਵਾਨ ਲੜਕੀਆਂ ਦੀਆਂ ਤਿੰਨ ਮਹੀਨੇ ਪਹਿਲਾਂ ਦਿੱਤੀਆਂ ਲਿਖਤੀ ਸ਼ਿਕਾਇਤਾਂ ਦੇ ਬਾਵਜੂਦ ਪੁਲਸ ਨੇ ਬ੍ਰਿਜਭੂਸ਼ਨ ਸਿੰਘ ਖਿਲਾਫ਼ ਐਫਆਈਆਰ ਤੱਕ ਦਰਜ ਕਰਨ ਦੀ ਜੁਰਅਤ ਨਹੀਂ ਸੀ ਕੀਤੀ, ਅਜਿਹਾ ਸਿਰਫ਼ ਉਦੋਂ ਹੀ ਹੋਇਆ, ਜਦੋਂ ਸੁਪਰੀਮ ਕੋਰਟ ਵੱਲੋਂ ਐਫ਼ ਆਈ ਆਰ ਦਰਜ ਕਰਨ ਬਾਰੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ। ਪਰ ਇਸ ਦੇ ਬਾਵਜੂਦ ਹਾਲੇ ਵੀ ਪੜਤਾਲ ਦੇ ਨਾਂਅ 'ਤੇ ਪੁਲਸ ਇਸ ਦੀ ਗ੍ਰਿਫ਼ਤਾਰੀ ਨੂੰ ਅਤੇ ਮੋਦੀ ਸਰਕਾਰ ਉਸ ਨੂੰ ਕੁਸ਼ਤੀ ਫੈਡਰੇਸ਼ਨ ਦੀ ਪ੍ਰਧਾਨਗੀ ਤੋਂ ਹਟਾਉਣ ਨੂੰ ਲਗਾਤਾਰ ਟਾਲ ਰਹੇ ਹਨ। ਅੰਦੋਲਨਕਾਰੀਆਂ ਦੇ ਇਸ ਜਥੇ ਦੀ ਅਗਵਾਈ ਏਪਵਾ ਆਗੂ ਜਸਬੀਰ ਕੌਰ ਨੱਤ, ਬਲਵਿੰਦਰ ਕੌਰ ਬੈਰਾਗੀ, ਕਿਰਨਜੀਤ ਕੌਰ ਭੀਖੀ ਰਾਣੀ ਕੌਰ ਭੰਮੇ, ਕਮਲਪ੍ਰੀਤ ਕੌਰ ਝੁਨੀਰ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਕਾਮਰੇਡ ਦਰਸਨ ਸਿੰਘ ਦਾਨੇਵਾਲਾ ਤੇ ਬਲਵਿੰਦਰ ਸਿੰਘ ਘਰਾਂਗਣਾ ਕਰ ਰਹੇ ਹਨ।

# ਲੇਖਕ ਮੰਚ ਨੇ ਜਨਮ ਦਿਨ 'ਤੇ ਸਆਦਤ ਹਸਨ ਮੰਟੋ ਨੂੰ ਕੀਤਾ ਯਾਦ



**ਸਮਰਾਲਾ (ਸੁਰਜੀਤ ਸਿੰਘ)**-ਇਸ ਕਸਬੇ ਦੇ ਲਾਗਲੇ ਪਿੰਡ ਪੜੌਦੀ ਵਿੱਚ ਜਨਮੇ ਉਰਦੂ ਦੇ ਵਿਸ਼ਵ ਪ੍ਰਸਿੱਧ ਅਫਸਾਨਾ ਨਿਗਾਰ ਸਆਦਤ ਹਸਨ ਮੰਟੋ ਨੂੰ ਉਸ ਦੇ ਵਾਰਿਸ ਲੇਖਕਾਂ ਨੇ ਸਥਾਨਕ ਕਿੰਡਰ ਗਾਰਟਨ ਤੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਮੰਚ ਦੇ ਪ੍ਰਧਾਨ ਦਲਜੀਤ ਸਿੰਘ ਸਾਹੀ ਦੀ ਪ੍ਰਧਾਨਗੀ ਹੇਠ ਕੀਤੀ ਆਪਣੀ ਮਹੀਨਾਵਾਰੀ ਮੀਟਿੰਗ ਦੌਰਾਨ ਮੰਟੋ ਲਾਇਬ੍ਰੇਰੀ ਵਿੱਚ ਉਸ ਦੀਆਂ ਲਿਖਤਾਂ ਬਾਰੇ ਵਿਚਾਰ ਚਰਚਾ ਕਰਕੇ ਯਾਦ ਕੀਤਾ। ਦਲਜੀਤ ਸਿੰਘ ਸਾਹੀ ਨੇ ਮੰਟੋ ਬਾਰੇ ਆਪਣਾ ਵਿਸਤ੍ਰਿਤ ਪੇਪਰ ਪੜ੍ਹਿਆ। ਲਾਇਬ੍ਰੇਰੀ ਲਈ ਇੱਕ ਘੜੀ ਤਰਕਸ਼ੀਲ ਸੁਸਾਇਟੀ ਵੱਲੋਂ ਭੇਟ ਕੀਤੀ ਗਈ। ਇਸ ਉਪਰੰਤ ਅਜੰਡੇ ਦੀ ਪਾਲਣਾ ਕਰਦਿਆਂ ਪ੍ਰਿੰ: ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਪੰਜਾਬੀ ਦੇ ਸਿਰਮੌਰ ਕਵੀ ਨੰਦ ਲਾਲ ਨੂਰਪੁਰੀ ਬਾਰੇ ਵਿਸਤ੍ਰਿਤ ਜਾਣਕਾਰੀ ਸਾਂਝੀ ਕੀਤੀ।

ਉਨ੍ਹਾਂ ਨੂਰਪੁਰੀ ਦੇ ਜਨਮ, ਪਰਿਵਾਰ, ਫਿਲਮੀ ਤੇ ਸਾਹਿਤਕ ਗੀਤਕਾਰੀ 'ਤੇ ਵਿਸ਼ੇਸ਼ ਚਾਨਣਾ ਪਾਇਆ। ਉਨ੍ਹਾਂ ਨੂਰਪੁਰੀ ਦੀਆਂ ਰਚਨਾਵਾਂ ਦੇ ਹਵਾਲਿਆਂ ਨਾਲ ਉਨ੍ਹਾਂ ਦੀ ਰਚਨਾਕਾਰੀ ਦੀ ਉੱਤਮਤਾ ਨੂੰ ਸਿੱਧ ਕੀਤਾ। ਇਸ ਸਬੰਧੀ ਗੱਲ ਕਰਦਿਆਂ ਮਾ. ਤਰਲੋਚਨ ਸਿੰਘ, ਜਵਾਲਾ ਸਿੰਘ ਥਿੰਦ, ਪਰਮਜੀਤ ਸਿੰਘ 'ਖੜਕ' ਤੇ ਕਰਮਜੀਤ ਸਿੰਘ ਬਾਸੀ ਨੇ ਚਰਚਾ ਨੂੰ ਅੱਗੇ ਤੋਰਿਆ। ਪ੍ਰਧਾਨ ਦਲਜੀਤ ਸਿੰਘ ਸਾਹੀ ਨੇ ਚਰਚਾ ਨੂੰ ਸਮੇਟਦਿਆਂ ਕਾਵਿ ਖੇਤਰ ਵਿੱਚ ਨੰਦ ਲਾਲ ਨੂਰਪੁਰੀ ਦੇ ਯੋਗਦਾਨ ਦੀ ਭਰਪੂਰ ਸਰਾਹਨਾ ਕੀਤੀ। ਰਚਨਾਵਾਂ ਦੇ ਦੌਰ ਵਿੱਚ ਪਰਮਿੰਦਰ ਸਿੰਘ ਸੇਖੋਂ ਨੇ ਆਪਣਾ ਗੀਤ ਪੇਸ਼ ਕੀਤਾ। ਮਾ. ਤਰਲੋਚਨ ਸਿੰਘ, ਗੁਰਭਗਤ ਸਿੰਘ ਗਿੱਲ, ਦੀਪਦਿਲਬਰ, ਪਰਮਜੀਤ ਸਿੰਘ 'ਖੜਕ' ਜਵਾਲਾ ਸਿੰਘ ਥਿੰਦ, ਲਖਬੀਰ ਸਿੰਘ ਬਲਾਲਾ ਤੇ ਪ੍ਰਿੰ: ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਵੀ ਵਿਚਾਰ ਪੇਸ਼ ਕੀਤੇ। ਲੇਖਕ ਮੰਚ ਵੱਲੋਂ ਫੈਸਲਾ ਕੀਤਾ ਗਿਆ ਕਿ ਨੇੜਲੇ ਭਵਿੱਖ 'ਚ ਕਰਤਾਰਪੁਰ ਸਾਹਿਬ ਵਿਖੇ ਦੋਵੇਂ ਪੰਜਾਬਾਂ ਦੇ ਸਿਰਜਕਾਂ ਦੇ ਮਿਲਣ ਦਾ ਸਬੱਬ ਬਣਾਇਆ ਜਾਵੇਗਾ। ਰਚਨਾਵਾਂ ਦੇ ਚਲਦੇ ਦੌਰ ਵਿੱਚ ਅਵਤਾਰ ਸਿੰਘ ਓਟਾਲਾਂ, ਬਹਿਰਾਮਪੁਰ ਤੋਂ ਉਚੇਚੇ ਤੌਰ 'ਤੇ ਪਹੁੰਚੇ ਹਰਨਾਮ ਸਿੰਘ ਡੱਲਾ, ਰਾਜਦੀਪ ਸਿੰਘ ਦਿੱਗਪਾਲ, ਨਾਇਬ ਸਿੰਘ ਬਘੌਰ ਤੇ ਪਰਮਜੀਤ ਸਿੰਘ 'ਖੜਕ' ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਪੇਸ਼ ਕੀਤੀਆਂ ਰਚਨਾਵਾਂ 'ਤੇ ਹੋਈ ਉਸਾਰੂ ਵਿਚਾਰ ਚਰਚਾ 'ਚ ਦਲਜੀਤ ਸਿੰਘ ਸਾਹੀ, ਪ੍ਰਿੰ: ਡਾ. ਪਰਮਿੰਦਰ ਸਿੰਘ ਬੈਨੀਪਾਲ, ਲਖਬੀਰ ਸਿੰਘ ਬਲਾਲਾ, ਮਾ. ਤਰਲੋਚਨ ਸਿੰਘ, ਅਵਤਾਰ ਸਿੰਘ ਓਟਾਲਾਂ, ਜਵਾਲਾ ਸਿੰਘ ਥਿੰਦ, ਪਰਮਿੰਦਰ ਸਿੰਘ ਸੇਖੋਂ, ਕਰਮਜੀਤ ਸਿੰਘ ਬਾਸੀ, ਗੁਰਭਗਤ ਸਿੰਘ ਗਿੱਲ, ਨਾਇਬ ਸਿੰਘ ਟਿਵਾਣਾ ਬਘੌਰ, ਪਰਮਜੀਤ ਸਿੰਘ 'ਖੜਕ' ਤੇ ਦੀਪ ਦਿਲਬਰ ਨੇ ਭਾਗ ਲਿਆ। ਮੰਚ ਸੰਚਾਲਣ ਦੀ ਭੂਮਿਕਾ ਮਾ. ਤਰਲੋਚਨ ਸਿੰਘ ਨੇ ਬਾਖੂਬੀ ਨਿਭਾਈ।

# ਬਿਜਲੀ ਦਰਾਂ 'ਚ ਵਾਧਾ ਪੰਜਾਬੀਆਂ ਨਾਲ ਵਿਸ਼ਵਾਸਘਾਤ ਤੇ ਧੋਖਾ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਲੰਧਰ ਜ਼ਿਮਨੀ ਚੋਣ ਜਿੱਤਣ ਦੇ ਤੁਰੰਤ ਬਾਅਦ ਬਿਜਲੀ ਦੀਆਂ ਦਰਾਂ ਵਿੱਚ ਵਾਧਾ ਕਰਕੇ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਕੀਤਾ ਹੈ। ਇਹ ਦੋਸ਼ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਇਸ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਲਾਇਆ। ਕਾ: ਸੇਖੋਂ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਵਾਸੀਆਂ ਨੂੰ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਕੀਤਾ ਸੀ। ਸਰਕਾਰ ਹੋਂਦ ਵਿੱਚ ਆਉਣ ਤੋਂ ਬਾਅਦ ਮੁਆਫ਼ੀ ਲਈ 300 ਯੂਨਿਟਾਂ ਦੀ ਲਿਮਟ ਤੈਅ ਕਰ ਕੀਤੀ ਸੀ। ਸਰਕਾਰ ਦੀ ਇਹ ਬਿਜਲੀ ਮੁਆਫ਼ੀ ਦੀ ਸਕੀਮ ਚਾਲੂ ਹੈ, ਪਰ ਗਰਮੀਆਂ ਵਿੱਚ ਬਿਜਲੀ ਦੀ ਘਰੇਲੂ ਖਪਤ ਵਧ ਜਾਂਦੀ ਹੈ, ਜਿਸ ਕਰਕੇ ਆਮ ਲੋਕ ਤੈਅ ਲਿਮਟ ਤੋਂ ਬਾਹਰ ਹੋ ਜਾਣਗੇ। ਅਜਿਹੇ ਹਾਲਾਤਾਂ ਵਿੱਚ ਲਿਮਟ ਵਧਾਉਣ ਦੀ ਲੋੜ ਸੀ, ਪਰ ਹੁਣ ਭਗਵੰਤ ਮਾਨ ਸਰਕਾਰ ਨੇ ਬਿਜਲੀ ਦਰਾਂ ਵਿੱਚ 45 ਪੈਸੇ ਯੂਨਿਟ ਤੋਂ 80 ਪੈਸੇ ਪ੍ਰਤੀ ਯੂਨਿਟ ਤੱਕ ਬਿਜਲੀ ਦਰਾਂ ਵਿੱਚ ਵਾਧਾ ਕਰ ਦਿੱਤਾ ਹੈ।

ਸੂਬਾ ਸਕੱਤਰ ਨੇ ਕਿਹਾ ਕਿ ਲੋਕ ਸਭਾ ਹਲਕਾ ਜਲੰਧਰ ਤੋਂ ਆਮ ਆਦਮੀ ਪਾਰਟੀ ਨੇ ਜ਼ਿਮਨੀ ਚੋਣ ਜਿੱਤਣ ਸਾਰ ਹੀ ਪੰਜਾਬ ਦੇ ਲੋਕਾਂ ਨੂੰ ਇਹ ਝਟਕਾ ਦੇ ਦਿੱਤਾ ਹੈ। ਇਹ ਸਰੇਆਮ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਤੇ ਧੋਖਾ ਹੈ। ਜੇਕਰ ਰਾਜ ਸਰਕਾਰ ਨੇ ਇਹ ਵਾਧਾ ਕਰਨਾ ਸੀ ਤਾਂ ਜਲੰਧਰ ਚੋਣ ਤੋਂ ਪਹਿਲਾਂ ਕਰਨਾ ਚਾਹੀਦਾ ਸੀ, ਤਾਂ ਜੋ ਪੰਜਾਬ ਦੇ ਲੋਕ ਆਪਣੀ ਸਹੀ ਰਾਇ ਪੇਸ਼ ਕਰ ਸਕਦੇ। ਕਾ: ਸੇਖੋਂ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਦਿੱਲੀ ਸਰਕਾਰ ਵਾਂਗ ਝੂਠ ਤੇ ਪ੍ਰਚਾਰ ਦੇ ਸਹਾਰੇ ਲੋਕਾਂ ਨੂੰ ਗੁੰਮਰਾਹ ਕਰਕੇ ਕੰਮ ਚਲਾ ਰਹੀ ਹੈ। ਉਨ੍ਹਾ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਝੂਠ ਦੇ ਪ੍ਰਚਾਰ ਤੋਂ ਸੁਚੇਤ ਹੋਣ। ਉਨ੍ਹਾ ਰਾਜ ਸਰਕਾਰ ਨੂੰ ਕਿਹਾ ਕਿ ਬਿਜਲੀ ਦਰਾਂ 'ਚ ਕੀਤੇ ਵਾਧੇ ਦਾ ਫੈਸਲਾ ਤੁਰੰਤ ਵਾਪਸ ਲਵੇ। ਉਨ੍ਹਾ ਮੁੱਖ ਮੰਤਰੀ ਭਗਵੰਤ ਮਾਨ ਨੂੰ ਚਿਤਾਵਨੀ ਦਿੱਤੀ ਕਿ ਲੋਕ ਸਭਾ ਚੋਣਾਂ ਦਾ ਸਮਾਂ ਹੁਣ ਬਹੁਤਾ ਦੂਰ ਨਹੀਂ ਹੈ, ਪੰਜਾਬ ਵਾਸੀ ਇਨ੍ਹਾਂ ਆਉਣ ਵਾਲੀਆਂ ਚੋਣਾਂ ਵਿੱਚ ਜ਼ਰੂਰ ਸਬਕ ਸਿਖਾਉਣਗੇ।

# ਸਾਲ 'ਚ ਅੱਠ ਮਹੀਨੇ ਸੁੱਕੀਆਂ ਰਹਿੰਦੀਆਂ ਨੇ ਪੰਜਾਬ ਦੀਆਂ ਨਹਿਰਾਂ ਤੇ ਸੂਏ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਪੂਰੇ ਭਾਰਤ ਦੇ ਕਈ ਰਾਜਾਂ ਦੇ ਭਿਅੰਕਰ ਸੋਕੇ ਵਰਗੇ ਹਲਾਤ ਪੈਦਾ ਹੋਣ ਤੋਂ ਬਾਅਦ ਹੁਣ ਮਾਹਿਰਾਂ ਵੱਲੋਂ ਪੰਜਾਬ ਰਾਜ ਵਿੱਚ ਵੀ ਧਰਤੀ ਹੇਠਲੇ ਪਾਣੀ ਦੀ ਹੋ ਰਹੀ ਬੇਲੋੜੀ ਵਰਤੋਂ ਕਾਰਨ ਇਸ ਸਮੇਂ ਭਿਅੰਕਰ ਸੋਕੇ ਦੀ ਲਪੇਟ 'ਚ ਆ ਜਾਣ ਸਬੰਧੀ ਚਿੰਤਾ ਜ਼ਾਹਰ ਕੀਤੀ ਜਾ ਰਹੀ ਹੈ। ਧਰਤੀ ਹਠਲੇ ਪਾਣੀ ਦੀ ਬੇਲੋੜੀ ਵਰਤੋਂ ਕਰਨ ਸਬੰਧੀ ਤੇ ਕਿਸਾਨਾਂ ਦੀ ਖੇਤੀ ਕਰਨ ਦੀ ਵਿਧੀ ਸਬੰਧੀ ਤਾਂ ਮਾਹਿਰਾਂ ਵੱਲੋਂ ਸਮੇਂ-ਸਮੇਂ 'ਤੇ ਸਵਾਲ ਉਠਾਏ ਜਾਂਦੇ ਰਹੇ ਹਨ, ਪ੍ਰੰਤੂ ਇਸ ਸਭ ਲਈ ਜ਼ਿੰਮੇਵਾਰ ਪੰਜਾਬ ਵਿੱਚ ਸਮੇਂ-ਸਮੇਂ 'ਤੇ ਰਾਜ ਕਰਨ ਵਾਲ਼ੀਆਂ ਸਰਕਾਰਾਂ ਹੀ ਹਨ, ਜਿਨ੍ਹਾਂ ਵੱਲੋ ਕਿਸਾਨਾਂ ਨੂੰ ਫ਼ਸਲਾਂ ਦੀ ਸਿੰਚਾਈ ਵਾਸਤੇ ਨਹਿਰੀ ਪਾਣੀ ਦੀ ਸਪਲਾਈ ਨਾਮਾਤਰ ਕਰ ਦੇਣ ਕਾਰਨ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਪਾਲਣ ਵਾਸਤੇ ਧਰਤੀ ਹੇਠਲੇ ਪਾਣੀ 'ਤੇ ਹੀ ਨਿਰਭਰ ਹੋਣਾ ਪੈ ਰਿਹਾ ਹੈ, ਜਿਸ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਦਿਨੋ-ਦਿਨ ਨੀਂਵਾਂ ਹੁੰਦਾ ਜਾ ਰਿਹਾ ਹੈ ਤੇ ਉਪਰੋਂ ਐਲਾਨੀ ਮੁਫ਼ਤ ਬਿਜਲੀ ਸਹੂਲਤ ਕਾਰਨ ਜਿਨ੍ਹਾਂ ਕਿਸਾਨਾਂ ਦੇ ਖੇਤਾਂ ਲਈ ਨਹਿਰੀ ਪਾਣੀ ਦੀ ਸਹੂਲਤ ਵੀ ਸੀ, ਟਿਊਬਵੈੱਲਾਂ ਨੂੰ ਮੁਫ਼ਤ ਬਿਜਲੀ ਵਿਵਸਥਾ ਦੇ ਚੱਲਦਿਆਂ ਉਨ੍ਹਾਂ ਵੱਲੋਂ ਵੀ ਨਹਿਰੀ ਖਾਲੇ ਵਾਹ ਕੇ ਆਪਣੀਆਂ ਜ਼ਮੀਨਾਂ ਵਿੱਚ ਮਿਲਾ ਲੈਣ ਕਾਰਨ ਉਹ ਵੀ ਧਰਤੀ ਹੇਠਲੇ ਪਾਣੀ 'ਤੇ ਹੀ ਨਿਰਭਰ ਹੋ ਕੇ ਰਹਿ ਗਏ ਹਨ। ਦਰਿਆ ਸਤਲੁਜ ਦੇ ਨਾਲ ਤੇ ਨਹਿਰੀ ਪਾਣੀ ਵਾਲਾ ਇਲਾਕਾ ਹੋਣ ਦੇ ਬਾਵਜੂਦ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਜ਼ਿਆਦਾਤਰ ਨਹਿਰਾਂ ਅਤੇ ਸੂਏ ਸਾਲ ਵਿੱਚ ਤਕਰੀਬਨ ਅੱ=ਠ ਮਹੀਨੇ ਸੁੱਕੇ ਹੀ ਰਹਿੰਦੇ ਹਨ ਤੇ ਅੱਠ-ਅੱਠ, ਦਸ-ਦਸ ਮਹੀਨਿਆਂ ਦੀਆਂ ਸੁੱਕੀਆਂ ਨਹਿਰਾਂ ਤੇ ਸੂਏ ਜਿਨ੍ਹਾਂ ਵਿੱਚ ਚੂਹਿਆਂ, ਨਿਓਲਿਆਂ ਤੇ ਸੱਪਾਂ ਨੇ ਖੁੱਡਾਂ ਕੱਢ-ਕੱਢ ਕੇ ਆਪਣੇ ਘਰ ਬਣਾਏ ਹੁੰਦੇ ਹਨ।

ਸੀਜ਼ਨ ਦੇ ਸਮੇਂ ਬਿਨਾਂ ਮੁਰੰਮਤ ਦੇ ਜਦ ਇਨ੍ਹਾਂ ਵਿੱਚ ਪਾਣੀ ਛੱਡਿਆ ਜਾਂਦਾ ਹੈ ਤੇ ਇਹ ਜਗ੍ਹਾ-ਜਗ੍ਹਾ ਤੋਂ ਟੁੱਟਣ ਲੱਗਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਫ਼ਾਇਦਾ ਘੱਟ ਤੇ ਨੁਕਸਾਨ ਜ਼ਿਆਦਾ ਹੁੰਦਾ ਹੈ। ਇਸ ਇਲਾਕੇ ਵਿੱਚ ਬੜੀ ਮੁਸ਼ਕਲ ਨਾਲ ਇਕ ਤਿਹਾਈ ਖਾਲੇ ਹੀ ਬਚੇ ਹਨ, ਜਿਨ੍ਹਾਂ ਰਾਹੀਂ ਜਦ ਨਹਿਰ ਵਿਚ ਪਾਣੀ ਆਉਂਦਾ ਹੈ ਤਾਂ ਸਿੰਚਾਈ ਲਈ ਥੋੜ੍ਹਾ-ਬਹੁਤ ਵਰਤੋਂ ਵਿਚ ਲਿਆਂਦਾ ਜਾ ਰਿਹਾ ਹੈ ਤੇ ਇਹੋ ਹਾਲਤ ਬਾਕੀ ਪੂਰੇ ਪੰਜਾਬ ਦੀ ਹੈ। ਤਾਜ਼ਾ ਰਿਪੋਰਟ ਮੁਤਾਬਕ ਪੰਜਾਬ ਵਿੱਚ ਇਸ ਸਮੇਂ 13 ਲੱਖ ਤੋਂ ਵੀ ਵੱਧ ਟਿਊਬਵੈਲ ਪੰਜਾਬ ਨੂੰ ਹਰਿਆ-ਭਰਿਆ ਨਹੀਂ, ਬਲਕਿ ਰੇਗਸਤਾਨ ਬਣਾਉਣ ਵਿਚ ਆਪਣਾ ਬਣਦਾ ਰੋਲ ਨਿਭਾ ਰਹੇ ਹਨ ਤੇ ਇਹ ਸਭ ਕਿਸਾਨਾਂ ਵੱਲੋਂ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਨਾ ਕਰ ਸਕਣ ਅਤੇ ਸਰਕਾਰ ਵੱਲੋਂ ਲੋੜੀਂਦੀ ਮਾਤਰਾ ਵਿੱਚ ਨਹਿਰੀ ਪਾਣੀ ਮੁਹੱਈਆ ਨਾ ਕਰਾਉਣ ਕਾਰਨ ਹੀ ਹੋ ਰਿਹਾ ਹੈ।

17-MAY-PAGE-7.qxd 5/16/2023 9:53 PM Page 1



# ਬਿਨਾਂ ਮੁਆਵਜ਼ਾ ਦਿੱਤੇ ਪਾਈਪ ਲਾਈਨ ਪਾਉਣ ਦਾ ਉਗਰਾਹਾਂ ਵੱਲੋਂ ਵਿਰੋਧ

## ਕਈ ਕਿਸਾਨ ਆਗੂ ਘਰਾਂ ਤੋਂ ਚੁੱਕੇ, ਪ੍ਰਤੀ ਏਕੜ 24 ਲੱਖ ਦੇਣ ਦੇ ਭਰੋਸੇ ਮਗਰੋਂ ਮਸਲਾ ਸੁਲਝਿਆ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਜੀ ਆਈ ਜੀ ਐੱਲ ਗੈਸ ਕੰਪਨੀ ਨੇ ਪਿੰਡ ਬਹਿਮਣ ਕੌਰ ਸਿੰਘ ਵਿਖੇ ਐੱਸ ਡੀ ਐੱਮ ਤਲਵੰਡੀ ਸਾਬੋ ਤੇ ਐੱਸ ਪੀ ਜੀ ਐੱਸ ਸੰਘਾ ਦੀ ਹਾਜ਼ਰੀ ਵਿੱਚ ਭਾਰੀ ਪੁਲਸ ਫੋਰਸ ਦੇ ਜ਼ੋਰ ਨਾਲ ਕੰਮ ਚਲਾਉਣਾ ਸ਼ੁਰੂ ਕਰ ਦਿੱਤਾ। ਵਿਰੋਧ ਕਰਨ 'ਤੇ ਸੰਦੀਪ ਸਿੰਘ, ਜਿਸ ਦੀ ਜ਼ਮੀਨ 'ਤੇ ਕੰਮ ਚਲਾਇਆ ਸੀ, ਪਿੰਡ ਦੇ ਗੁਰਦੁਆਰਾ ਸਾਹਿਬ ਦੇ ਗੇਟ 'ਤੇ ਸਮੇਤ ਪੰਜ ਹੋਰ ਕਿਸਾਨਾਂ ਨੂੰ ਲਾਠੀਚਾਰਜ ਕਰਕੇ ਗ੍ਰਿਫਤਾਰ ਕਰ ਲਿਆ। ਇਸ ਤੋਂ ਪਹਿਲਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਦੇ ਆਗੂਆਂ ਵਿੰਦਰ ਸਿੰਘ ਜੋਗੇਵਾਲਾ ਤੇ ਕੁਲਵਿੰਦਰ ਸਿੰਘ ਗਿਆਨਾ ਨੂੰ ਘਰੋਂ ਸਵੇਰੇ 6 ਵਜੇ ਗ੍ਰਿਫਤਾਰ ਕਰ ਲਿਆ। ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਪਿੰਡ ਦੇ ਕਿਸਾਨਾਂ ਦੇ ਘਰ ਛਾਪੇਮਾਰੀ ਕੀਤੀ। ਇਸ ਤੋਂ ਬਾਅਦ ਪਤਾ ਲੱਗਣ 'ਤੇ ਜ਼ਿਲ੍ਹੇ 'ਚੋਂ ਕਿਸਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਕਮੇਟੀ ਦੇ ਸੱਦੇ 'ਤੇ ਕਿਸਾਨ ਬਹਿਮਣ ਪਿੰਡ ਪਹੁੰਚਣ ਲੱਗੇ। ਜ਼ਿਲ੍ਹਾ ਮੀਤ ਪ੍ਰਧਾਨ ਬਸੰਤ ਸਿੰਘ ਕੋਠਾ ਗੁਰੂ ਨੂੰ ਰਾਮਪੁਰਾ ਤੋਂ ਗ੍ਰਿਫਤਾਰ ਕਰਕੇ ਥਾਣੇ ਬੰਦ ਕਰ ਦਿੱਤਾ। ਸੰਘਰਸ਼ 'ਚ ਪਹੁੰਚ ਰਹੇ ਪਿੰਡ ਲਾਲੇਆਣਾ ਦੇ ਚਾਰ ਕਿਸਾਨਾਂ ਨੂੰ ਫੜ ਕੇ ਥਾਣੇ ਬੰਦ ਕਰ ਦਿੱਤਾ। ਦੂਜੇ ਪਾਸੇ ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ ਤੇ ਜਗਦੇਵ ਸਿੰਘ ਜੋਗੇਵਾਲਾ ਦੀ ਅਗਵਾਈ ਵਿੱਚ ਕਿਸਾਨਾਂ ਦਾ ਵੱਡਾ ਕਾਫਲਾ ਪਿੰਡ ਬਹਿਮਣ ਦੇ ਗੁਰਦੁਆਰਾ ਸਾਹਿਬ ਪਹੁੰਚ ਗਿਆ ਤੇ ਕੰਮ ਰੋਕਣ ਲਈ ਖੇਤਾਂ ਵੱਲ ਵਧਣ ਲੱਗਾ ਤਾਂ ਐੱਸ ਪੀ ਜੀ ਐੱਸ ਸੰਘਾ ਤੇ ਐੱਸ ਡੀ ਐੱਮ ਨੇ ਗੱਲਬਾਤ ਸ਼ੁਰੂ ਕੀਤੀ। ਇੰਨੇ ਨੂੰ ਕਿਸਾਨਾਂ ਦੇ ਵੱਡੇ ਕਾਫਲੇ ਆਉਣੇ ਸ਼ੁਰੂ ਹੋ ਗਏ ਤਾਂ ਪ੍ਰਸ਼ਾਸਨ ਨੇ ਕੰਮ ਬੰਦ ਕਰਵਾ ਦਿੱਤਾ। ਗ੍ਰਿਫਤਾਰ ਕੀਤੇ ਸਾਰੇ ਕਿਸਾਨ ਰਿਹਾਅ ਕਰ ਦਿੱਤੇ ਅਤੇ ਜ਼ਿਲ੍ਹੇ ਦੇ ਮੁੱਖ ਅਧਿਕਾਰੀਆਂ ਨਾਲ ਮੀਟਿੰਗ ਤੈਅ ਕੀਤੀ, ਜੋ ਕਿ ਤਲਵੰਡੀ ਸਾਬੋ ਦੇ ਨਗਰ ਕੌਂਸਲ ਦਫਤਰ ਵਿਖੇ ਹੋਈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਬਠਿੰਡਾ, ਐੱਸ ਐੱਸ ਪੀ ਬਠਿੰਡਾ, ਗੈਸ ਪਾਈਪ ਲਾਈਨ ਦੇ ਅਧਿਕਾਰੀ ਤੇ ਹੋਰਨਾਂ ਅਧਿਕਾਰੀਆਂ ਤੋਂ ਇਲਾਵਾ ਕਿਸਾਨ ਆਗੂ ਸ਼ਾਮਲ ਸਨ। ਮੀਟਿੰਗ ਦੌਰਾਨ ਸਹਿਮਤੀ ਬਣੀ ਕਿ ਪਾਈਪ ਲਾਈਨ ਦਾ ਮੁਆਵਜ਼ਾ 24 ਲੱਖ ਰੁਪਏ ਪ੍ਰਤੀ ਏਕੜ ਦਿੱਤਾ ਜਾਵੇਗਾ। ਜਿਨ੍ਹਾਂ ਕਿਸਾਨਾਂ ਦੇ ਖੇਤਾਂ ਵਿੱਚ ਕੰਮ ਰੁਕਿਆ ਹੈ, ਅੱਜ ਤੱਕ ਫਸਲ ਦਾ ਸਾਰਾ ਮੁਆਵਜ਼ਾ ਦਿੱਤਾ ਜਾਵੇਗਾ। ਜਿਨ੍ਹਾਂ ਖੇਤਾਂ ਵਿੱਚ ਪਹਿਲਾਂ ਕੰਮ ਹੋ ਚੁੱਕਾ ਹੈ ਤੇ ਉਨ੍ਹਾਂ ਨੂੰ ਦੋ ਲੱਖ ਰੁਪਏ ਪ੍ਰਤੀ ਏਕੜ ਤੱਕ ਹੀ ਮੁਆਵਜ਼ਾ ਦਿੱਤਾ ਹੈ, ਉਨ੍ਹਾਂ ਸਾਰੇ ਕਿਸਾਨਾਂ ਨੂੰ 24 ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇਗਾ। ਜਿੰਨਾ ਚਿਰ ਸਾਰੇ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਨਹੀਂ ਮਿਲਦਾ, ਓਨਾ ਚਿਰ ਪਿੰਡ ਲੇਲੇਵਾਲਾ ਤੋਂ ਪਾਈਪ ਲਾਈਨ ਦਾ ਕੰਮ ਸ਼ੁਰੂ ਨਹੀਂ ਕੀਤਾ ਜਾਵੇਗਾ। ਇਹ ਸਮਝੌਤਾ ਲਿਖਤੀ ਤੌਰ 'ਤੇ ਕੀਤਾ ਗਿਆ। ਕਿਸਾਨ ਆਗੂਆਂ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਏਕਾ ਤੇ ਸੰਘਰਸ਼ ਹੀ ਮਸਲੇ ਦਾ ਇੱਕੋ ਇੱਕ ਹੱਲ ਹੈ ਤੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪੋ ਆਪਣੇ ਤਬਕੇ ਦੀਆਂ ਜਥੇਬੰਦੀਆਂ ਬਣਾ ਕੇ ਸੰਘਰਸ਼ਾਂ ਦੇ ਰਾਹ ਪੈਣ। ਇਕੱਠ ਵਿੱਚ ਜਗਸੀਰ ਸਿੰਘ ਝੁੰਬਾ, ਜਸਵੀਰ ਸਿੰਘ ਬੁਰਜ ਸੇਮਾ, ਨਛੱਤਰ ਸਿੰਘ ਢੱਡੇ, ਹਰਪ੍ਰੀਤ ਸਿੰਘ ਚੱਠੇਵਾਲਾ, ਰਣਜੋਧ ਸਿੰਘ ਮਾਹੀਨੰਗਲ, ਰਾਜਵਿੰਦਰ ਸਿੰਘ ਰਾਮਨਗਰ, ਗੁਰਮੇਲ ਸਿੰਘ ਰਾਮਗੜ੍ਹ ਭੂੰਦੜ, ਗੁਰਦੀਪ ਸਿੰਘ ਮਾਈਸਰਖਾਨਾ, ਜਸਪਾਲ ਸਿੰਘ ਕੋਠਾ ਗੁਰੂ, ਬਲਦੇਵ ਸਿੰਘ ਚੌਕੇ, ਰਾਮ ਸਿੰਘ ਕੋਟਗੁਰੂ, ਦੀਨਾ ਸਿੰਘ ਸਿਵੀਆ ਸ਼ਾਮਲ ਸਨ।

# ਸੰਜੀਵ ਸਿੰਗਲਾ ਨੇ ਆਪਣੀ ਮਾਤਾ ਦੀਆਂ ਅੱਖਾਂ ਕੀਤੀਆਂ ਦਾਨ



**ਬੁਢਲਾਡਾ (ਅਸ਼ੋਕ ਲਾਕੜਾ)**

ਸਥਾਨਕ ਹੋਲੀ ਹਾਰਟ ਸਕੂਲ ਦੇ ਚੇਅਰਮੈਨ ਸੰਜੀਵ ਸਿੰਗਲਾ ਉਰਫ ਗੀਟਾ ਨੇ ਆਪਣੀ ਮਾਤਾ ਦੇ ਅਕਾਲ ਚਲਾਣੇ ਤੋਂ ਬਾਅਦ ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਰਾਹੀਂ ਉਨ੍ਹਾ ਦੀਆਂ ਅੱਖਾਂ ਦਾਨ ਕਰਕੇ ਬਹੁਤ ਪੁੰਨ ਦਾ ਕੰਮ ਕੀਤਾ ਹੈ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਸੋਮਵਾਰ ਸਵੇਰੇ ਸੰਜੀਵ ਸਿੰਗਲਾ ਦੇ ਮਾਤਾ ਮੂਰਤੀ ਦੇਵੀ ਦੇ ਅਕਾਲ ਚਲਾਣੇ ਤੋਂ ਬਾਅਦ ਸੰਸਥਾ ਮੈਂਬਰ ਨਰੇਸ਼ ਕੁਮਾਰ ਬੰਸੀ ਦੀ ਪ੍ਰੇਰਨਾ ਸਦਕਾ ਆਪਣੀ ਮਾਤਾ ਦੀਆਂ ਅੱਖਾਂ ਦਾਨ ਕਰਨ ਦਾ ਵੱਡਾ ਉਪਰਾਲਾ ਕੀਤਾ। ਸੰਸਥਾ ਰਾਹੀਂ ਸੰਕਰਾ ਹਸਪਤਾਲ ਲੁਧਿਆਣਾ ਦੀ ਡਾਕਟਰਾਂ ਦੀ ਟੀਮ ਇਹ ਦਾਨ ਕੀਤੀਆਂ ਅੱਖਾਂ ਲੈ ਕੇ ਗਈ, ਜੋ ਅਗਲੇ ਦਿਨ ਹੀ ਦੋ ਨੇਤਰਹੀਣਾਂ ਦੇ ਲਗਾ ਦਿੱਤੀਆਂ। ਉਨ੍ਹਾ ਨੇ ਲੋਕਾਂ ਨੂੰ ਅੱਖਾਂ ਤੇ ਸਰੀਰ ਦਾਨ ਕਰਨ ਦੀ ਬੇਨਤੀ ਕੀਤੀ। ਉਹ ਜਿਉਂਦੇ ਹੋਏ ਸੰਸਥਾ ਦਫਤਰ ਆ ਕੇ ਇਹ ਦਾਨ ਫਾਰਮ ਭਰ ਸਕਦੇ ਹਨ।

ਕੁਲਵਿੰਦਰ ਸਿੰਘ ਤੇ ਡਾਕਟਰ ਪ੍ਰੇਮ ਸਾਗਰ ਨੇ ਦੱਸਿਆ ਕਿ ਇਹ ਬਹੁਤ ਭਲਾਈ ਦਾ ਕਾਰਜ ਹੈ, ਜਿਸ ਨਾਲ ਦੋ ਨੇਤਰਹੀਣਾਂ ਨੂੰ ਜਹਾਨ ਦੇਖਣ ਦਾ ਸੁਭਾਗ ਪ੍ਰਾਪਤ ਹੋਵੇਗਾ। ਸੰਸਥਾ ਵੱਲੋਂ ਸੰਜੀਵ ਸਿੰਗਲਾ ਸਮੇਤ ਸਾਰੇ ਪਰਿਵਾਰ ਤੇ ਸੰਕਰਾ ਹਸਪਤਾਲ ਦੇ ਡਾਕਟਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਸਥਾ ਤੇ ਪਰਿਵਾਰਕ ਮੈਂਬਰਾਂ ਸਮੇਤ ਇਲਾਕੇ ਦੀਆਂ ਮਹਾਨ ਸ਼ਖਸੀਅਤਾਂ ਹਾਜ਼ਰ ਸਨ।

## ਰੂਪ ਵਾਟਿਕਾ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ



**ਜਗਰਾਓਂ (ਅਮਿਤ ਖੰਨਾ)**-ਰੂਪ ਵਾਟਿਕਾ ਸਕੂਲ ਵਿੱਚ ਬਾਰਵੀਂ ਜਮਾਤ ਦੇ ਵਧੀਆ ਨਤੀਜੇ ਨਾਲ ਦਸਵੀਂ ਜਮਾਤ ਦਾ ਨਤੀਜਾ ਵੀ ਬਹੁਤ ਵਧੀਆ ਰਿਹਾ। ਦਸਵੀਂ ਜਮਾਤ ਦੀ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ 93.4%, ਅਵਨੀ ਨੇ 93.2% ਲੈ ਕੇ ਪ੍ਰੀਖਿਆ ਪਾਸ ਕੀਤੀ। ਦਸਵੀਂ ਜਮਾਤ ਦੇ ਹੋਰ ਸਾਰੇ ਬੱਚਿਆਂ ਦਾ ਨਤੀਜਾ ਵੀ 90% ਤੋਂ ਉੱਪਰ ਹੀ ਰਿਹਾ। ਸਕੂਲ ਦੇ ਪ੍ਰਿੰਸੀਪਲ ਵਿੰਮੀ ਠਾਕੁਰ ਨੇ ਬੱਚਿਆਂ ਨੂੰ ਚੰਗੇ ਨੰਬਰ ਲੈਣ 'ਤੇ ਵਧਾਈ ਦਿੱਤੀ ਅਤੇ ਪ੍ਰੇਰਨਾ ਦਿੱਤੀ ਕਿ ਉਹ ਹੋਰ ਸਖਤ ਮਿਹਨਤ ਕਰਨ ਤੇ ਆਉਣ ਵਾਲੀਆਂ ਜਮਾਤਾ ਵਿੱਚੋਂ ਚੰਗੇ ਨੰਬਰ ਲੈਣ।

## ਆਈ ਵੀ ਐੱਫ ਪ੍ਰਣਾਲੀ ਬਾਂਝਪਣ ਲਈ ਕਾਰਗਰ : ਮਨੀਸ਼ਾ ਮਹਿਤਾ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸ਼ਿਵ ਮੰਦਰ ਵਿਖੇ ਅਪੈਕਸ ਹਸਪਤਾਲ ਮਾਨਸਾ ਦੇ ਸਹਿਯੋਗ ਨਾਲ ਡਾ. ਮਨੀਸ਼ਾ ਮਹਿਤਾ ਦੀ ਅਗਵਾਈ ਹੇਠ ਬਾਂਝਪਣ ਦੇ ਮਰੀਜ਼ਾਂ ਲਈ ਇੱਕ ਮੁਫਤ ਕੈਂਪ ਲਾਇਆ ਗਿਆ। ਇਸ ਮੌਕੇ ਔਰਤ ਰੋਗਾਂ ਦੇ ਮਾਹਰ ਡਾ. ਮਨੀਸ਼ਾ ਮਹਿਤਾ ਨੇ ਔਰਤ ਰੋਗਾਂ ਤੇ ਬਾਂਝਪਣ ਸਬੰਧੀ ਵਿਸਤਾਰ ਨਾਲ ਦੱਸਿਆ ਅਤੇ ਕਿਹਾ ਕਿ ਆਈ ਵੀ ਐੱਫ ਪ੍ਰਣਾਲੀ ਬਾਂਝਪਣ ਦੇ ਮਰੀਜ਼ਾਂ ਲਈ ਕਾਰਗਰ ਸਿੱਧ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਬਾਂਝਪਣ ਦੇ ਮਰੀਜ਼ ਅਪੈਕਸ ਹਸਪਤਾਲ ਮਾਨਸਾ ਵਿਖੇ ਇਨ੍ਹਾਂ ਸੇਵਾਵਾਂ ਦਾ ਲਾਭ ਉਠਾ ਸਕਦੇ ਹਨ। ਇਸ ਮੌਕੇ ਪੰਜਾਬ ਕੈਮਿਸਟ ਐਸੋਸੀਏਸ਼ਨ ਬਲਾਕ ਭੀਖੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਸਿੱਧੂ, ਮੈਨੇਜਰ ਗੌਰਵ ਮਿਗਲਾਨੀ, ਰਣਬੀਰ ਸਿੰਘ, ਨਿਰਮਲ ਚੰਦ, ਡਾ. ਪ੍ਰਿੰਸ ਸਿੰਗਲਾ, ਡਾ. ਰਜਿੰਦਰਪਾਲ ਭੋਲਾ, ਗੌਰਾ ਲਾਲ, ਅਵਤਾਰ ਸਿੰਘ, ਭੂਸ਼ਣ ਕੁਮਾਰ, ਅਰੁਣ ਕੁਮਾਰ, ਗੋਰਵ ਜਿੰਦਲ, ਸੁਖਦੇਵ ਸਿੰਘ ਸੁੱਖਾ, ਗੁਰਪ੍ਰੀਤ ਸਿੰਘ ਹੀਰੋਂ, ਮਨੋਜ ਗੋਇਲ ਆਰਕੀਟੈਕਟ ਆਦਿ ਹਾਜ਼ਰ ਸਨ।

# ਮੁਹੱਲਾ ਵਾਸੀ ਦੂਸ਼ਿਤ ਪਾਣੀ ਪੀਣ ਲਈ ਮਜਬੂਰ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਵਾਰਡ ਨੰਬਰ 10 ਦਿਆਲਪੁਰਾ ਰੋਡ ਦੇ ਮੁਹੱਲਾ ਵਾਸੀ ਵਾਟਰ ਸਪਲਾਈ ਰਾਹੀਂ ਆ ਰਹੇ ਦੂਸ਼ਿਤ ਪਾਣੀ ਪੀਣ ਲਈ ਮਜਬੂਰ ਹਨ। ਇਸ ਸਬੰਧੀ ਮੁਹੱਲਾ ਵਾਸੀ ਕੇਸਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਕਾਫੀ ਦਿਨਾਂ ਤੋਂ ਵਾਟਰ ਸਪਲਾਈ ਰਾਹੀਂ ਟੂਟੀਆਂ 'ਚ ਦੂਸ਼ਿਤ ਪਾਣੀ ਆ ਰਿਹਾ ਹੈ, ਜਿਸ ਨੂੰ ਲੈ ਕੇ ਲੋਕ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਉਨ੍ਹਾ ਕਿਹਾ ਕਿ ਬਰੇਟਾ ਸ਼ਹਿਰ ਵਿੱਚ ਪਹਿਲਾਂ ਹੀ 500 ਦੇ ਕਰੀਬ ਕੈਂਸਰ ਦੇ ਮਰੀਜ਼ ਹਨ। ਜੇਕਰ ਪਾਣੀ ਦਾ ਇਹ ਹੀ ਹਾਲ ਰਿਹਾ ਤਾਂ ਆਉਣ ਵਾਲੇ ਦਿਨਾਂ ਵਿੱਚ ਕੈਂਸਰ ਪੀੜਤਾਂ ਦੀ ਗਿਣਤੀ ਹਜ਼ਾਰਾਂ 'ਚ ਹੋਵੇਗੀ। ਮੁਹੱਲਾ ਵਾਸੀਆਂ ਨੇ ਕਿਹਾ ਕਿ ਇਸ ਦੂਸ਼ਿਤ ਪਾਣੀ ਦੀ ਸਮੱਸਿਆ ਬਾਰੇ ਅਨੇਕਾਂ ਵਾਰ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਫਿਰ ਵੀ ਪਰਨਾਲਾ ਜਿਉਂ ਦਾ ਤਿਉਂ ਹੈ। ਪੀੜਤ ਲੋਕਾਂ ਦਾ ਕਹਿਣਾ ਹੈ ਕਿ ਇਕ ਪਾਸੇ ਤਾਂ ਸ਼ਹਿਰ 'ਚ ਲੱਗੇ ਆਰ ਓ ਪਲਾਂਟਾਂ ਨੂੰ ਤਾਲੇ ਲਗਾ ਕੇ ਬੰਦ ਕੀਤਾ ਗਿਆ ਤੇ ਦੂਜੇ ਪਾਸੇ ਹੁਣ ਲੋਕਾਂ ਨੂੰ ਦੂਸ਼ਿਤ ਪਾਣੀ ਪਿਲਾ ਕੇ ਗੰਭੀਰ ਬਿਮਾਰੀਆਂ ਲਗਾਈਆਂ ਜਾ ਰਹੀਆਂ ਹਨ। ਮੁਹੱਲਾ ਵਾਸੀਆਂ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦ ਤੋਂ ਜਲਦ ਦੂਸ਼ਿਤ ਪਾਣੀ ਦੀ ਸਮੱਸਿਆ ਨੂੰ ਦੂਰ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਪ੍ਰਸ਼ਾਸਨ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਬਲਜੀਤ ਸਿੰਘ, ਹੈਪੀ, ਮਹਿੰਦ ਸਿੰਘ, ਜਗਰੂਪ ਸਿੰਘ, ਨਛੱਤਰ ਸਿੰਘ, ਯੁਗਰਾਜ ਕੌਰ, ਗੁਰਮੀਤ ਕੌਰ, ਅਭਿਸ਼ੇਕ ਤੇ ਸ਼ਗੁਨਪ੍ਰੀਤ ਕੌਰ ਹਾਜ਼ਰ ਸਨ। ਜਦ ਇਸ ਮਾਮਲੇ ਨੂੰ ਲੈ ਕੇ ਵਾਟਰ ਵਰਕਸ ਵਿਭਾਗ ਦੇ ਜੇ ਈ ਰਮਨੀਕ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦਾ ਜਲਦ ਹੱਲ ਕੀਤਾ ਜਾ ਰਿਹਾ ਹੈ।

# ਬਾਰ ਐਸੋਸੀਏਸ਼ਨ ਨੇ ਧਰਨੇ ਉਪਰੰਤ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਸਮਰਾਲਾ (ਸੁਰਜੀਤ ਸਿੰਘ)**

ਬਾਰ ਐਸੋਸੀਏਸ਼ਨ ਸਮਰਾਲਾ ਦੇ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਦੀ ਅਗਵਾਈ ਹੇਠ ਸਥਾਨਕ ਐੱਸ. ਡੀ. ਐੱਮ. ਦਫਤਰ ਸਮਰਾਲਾ ਸਾਹਮਣੇ ਸ਼ਹਿਰ ਵਿੱਚ ਘੁੰਮ ਰਹੇ ਅਵਾਰਾ ਪਸ਼ੂਆਂ ਦੇ ਹੱਲ, ਸਮਰਾਲਾ ਤਹਿਸੀਲ ਅੰਦਰ ਹੋਈ ਚੋਰੀ ਤੇ ਸੁਵਿਧਾ ਕੇਂਦਰ ਦੇ ਕੰਮਕਾਰ ਵਿੱਚ ਸੁਧਾਰ ਲਿਆਉਣ ਦੀਆਂ ਮੰਗਾਂ ਸਬੰਧੀ ਧਰਨਾ ਦਿੱਤਾ ਗਿਆ। ਇਸ ਸਬੰਧੀ ਬਾਰ ਐਸੋ: ਸਮਰਾਲਾ ਨੇ 15 ਦਿਨ ਪਹਿਲਾਂ ਵੀ ਐੱਸ. ਡੀ. ਐੱਮ. ਸਮਰਾਲਾ ਨਾਲ ਇੱਕ ਮੁਲਾਕਾਤ ਕਰਕੇ ਉਕਤ ਮੰਗਾਂ ਨੂੰ ਮੰਨਵਾਉਣ ਲਈ ਮੀਟਿੰਗ ਕੀਤੀ ਸੀ ਤੇ ਐੱਸ. ਡੀ. ਐੱਮ. ਸਮਰਾਲਾ ਨੇ ਭਰੋਸਾ ਦਿੱਤਾ ਸੀ ਕਿ ਉਕਤ ਮੰਗਾਂ ਜਲਦੀ ਹੀ ਪੂਰੀਆਂ ਕਰ ਦਿੱਤੀਆਂ ਜਾਣਗੀਆਂ, ਪ੍ਰੰਤੂ 14 ਦਿਨ ਬੀਤ ਜਾਣ ਉਪਰੰਤ ਵੀ ਇਸ ਉੱਪਰ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ, ਜਿਸ ਦੇ ਰੋਸ ਵਜੋਂ ਸਮੂਹ ਵਕੀਲਾਂ ਨੇ ਇਕੱਠੇ ਹੋ ਕੇ ਉਕਤ ਮੰਗਾਂ ਸਬੰਧੀ ਐੱਸ. ਡੀ. ਐੱਮ. ਦਫਤਰ ਅੱਗੇ ਧਰਨਾ ਦੇ ਕੇ ਇੱਕ ਮੈਮੋਰੰਡਮ ਦਿੱਤਾ। ਐੱਸ. ਡੀ. ਐੱਮ. ਸਮਰਾਲਾ ਨੇ ਮੌਕੇ 'ਤੇ ਹੀ ਕਾਰਜ ਸਾਧਕ ਅਫਸਰ ਸਮਰਾਲਾ, ਸੈਨੇਟਰੀ ਇੰਸ: ਤੇ ਥਾਣਾ ਮੁਖੀ ਸਮਰਾਲਾ ਨੂੰ ਬੁਲਾ ਕੇ ਮੰਗਾਂ ਪੂਰੀਆਂ ਕਰਨ ਸਬੰਧੀ ਵਿਸ਼ਵਾਸ ਦਿਵਾਇਆ।

ਵਕੀਲ ਸਾਹਿਬਾਨ ਨੇ ਇਹ ਧਰਨਾ ਇਸ ਵਿਸ਼ਵਾਸ ਦਿਵਾਉਣ ਉਪਰੰਤ ਉਠਾਇਆ ਕਿ ਥਾਣਾ ਮੁਖੀ ਸਬੰਧਤ ਚੋਰ ਨੂੰ ਲੱਭ ਕੇ ਆਉਣ ਵਾਲੇ ਸਮੇਂ 'ਚ ਗ੍ਰਿਫਤਾਰ ਕਰਨਗੇ ਤੇ ਕਾਰਜ ਸਾਧਕ ਅਫਸਰ ਅਵਾਰਾ ਪਸ਼ੂਆਂ ਨੂੰ ਯੋਗ ਥਾਂ ਉੱਤੇ ਭੇਜਣਗੇ ਤਾਂ ਜੋ ਆਮ ਲੋਕਾਂ ਦੀਆਂ ਜ਼ਿੰਦਗੀਆਂ ਬਚਾਈਆਂ ਜਾ ਸਕਣ। ਇਹ ਵੀ ਵਿਸ਼ਵਾਸ ਦਿਵਾਇਆ ਕਿ ਸੁਵਿਧਾ ਕੇਂਦਰ ਦੇ ਕੰਮ ਕਾਰ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ। ਇਸ ਮੌਕੇ ਐਡਵੋਕੇਟ ਹੇਮ ਰਾਜ ਕੱਕੜ, ਨਰਿੰਦਰ ਸ਼ਰਮਾ, ਗਗਨਦੀਪ ਸ਼ਰਮਾ, ਪਰਮਿੰਦਰ ਸਿੰਘ ਗਿੱਲ, ਜਸਪ੍ਰੀਤ ਸਿੰਘ, ਅਨਿਲ ਗੁਪਤਾ, ਬਲਵਿੰਦਰ ਕੌਰ, ਰੁਪਿੰਦਰ ਕੌਰ, ਐੱਸ. ਐੱਸ. ਸੇਖੋਂ ਤੇ ਸਲਨ ਗੁਪਤਾ ਆਦਿ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਬੈਂਕ ਸਟਾਫ ਪੂਰਾ ਕਰਨ ਦੀ ਮੰਗ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਵਿਖੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਬਲਾਕ ਪ੍ਰਧਾਨ ਸੰਤਰਾਮ ਸਿੰਘ ਅਤੇ ਪ੍ਰਗਟ ਸਿੰਘ ਇਕਾਈ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਟੇਟ ਬੈਂਕ ਆਫ ਇੰਡੀਆ ਦੀ ਬ੍ਰਾਂਚ ਛਾਜਲੀ ਵੱਲੋਂ ਕਿਸਾਨਾਂ ਦੀਆਂ ਲਿਮਟਾਂ ਦਾ ਸਹੀ ਤਰੀਕੇ ਨਾਲ ਲੈਣ ਦੇਣ ਨਹੀਂ ਕੀਤਾ ਜਾ ਰਿਹਾ ਜਿਸ ਨਾਲ ਕਿਸਾਨਾਂ ਨੂੰ ਬੈਂਕ ਦੇ ਗੇੜੇ ਮਾਰਨੇ ਪੈ ਰਹੇ ਹਨ। ਪਿਛਲੇ ਇੱਕ ਹਫਤੇ ਤੋਂ ਬੈਂਕ ਆਡਿਟ ਹੋਣ ਕਰਕੇ ਕਿਸਾਨਾਂ ਨੂੰ ਇਸ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਬੈਂਕ ਵਿੱਚ ਸਟਾਫ ਦੀ ਘਾਟ ਹੋਣ ਕਰਕੇ ਇਹ ਸਮੱਸਿਆ ਆ ਰਹੀ ਹੈ, ਯੂਨੀਅਨ ਨੇ ਇਹ ਵੀ ਮੰਗ ਕੀਤੀ ਹੈ ਕਿ ਬੈਂਕ ਵਿੱਚ ਸਟਾਫ ਪੂਰਾ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਾ ਆਵੇ। ਹੁਣ ਜਦੋਂ ਇਸ ਪੱਤਰਕਾਰ ਨੇ ਬੈਂਕ ਮੈਨੇਜਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਦੱਸਿਆ ਕਿ ਬੈਂਕ ਦੇ ਡਿਪਟੀ ਮੈਨੇਜਰ ਦੇ ਡੈਪੂਟੇਸ਼ਨ 'ਤੇ ਜਾਣ ਕਰਕੇ ਇਹ ਸਮੱਸਿਆ ਆ ਗਈ ਹੈ ਤੇ ਅਸੀਂ ਹੈੱਡ ਆਫ ਡਿਪਰਾਰਟਮੈਂਟ ਨਾਲ ਗੱਲ ਕੀਤੀ ਹੈ ਤੇ ਛੇਤੀ ਹੀ ਸਮੱਸਿਆ ਦਾ ਹੱਲ ਹੋ ਜਾਵੇਗਾ। ਯੂਨੀਅਨ ਆਗੂਆਂ ਕਿਹਾ ਕਿ ਜੇਕਰ ਕਿਸਾਨਾਂ ਦੀਆਂ ਬੈਂਕ ਨਾਲ ਸੰਬੰਧਤ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਬੈਂਕ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਅਮੋਲਕ ਸਿੰਘ ਤੇ ਦੇਸ ਰਾਜ ਵੀ ਹਾਜ਼ਰ ਸਨ।

## ਕਰਨਾਟਕ ਚੋਣਾਂ 'ਚ ਜਿੱਤ 'ਤੇ ਕਾਂਗਰਸੀ ਆਗੂਆਂ ਤੇ ਵਰਕਰਾਂ ਵੰਡੇ ਲੱਡੂ



**ਬੁੱਢਲਾਡਾ (ਅਸ਼ੋਕ ਲਾਕੜਾ)**-ਕਰਨਾਟਕ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੇ 136 ਸੀਟਾਂ ਹਾਸਲ ਕਰਕੇ ਇੱਕ ਵੱਡੀ ਜਿੱਤ ਪ੍ਰਾਪਤ ਕੀਤੀ ਹੈ, ਜਿਸ ਦੀ ਖੁਸ਼ੀ ਵਿੱਚ ਅੱਜ ਬੁਢਲਾਡਾ ਵਿਖੇ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਬਲਾਕ ਪ੍ਰਧਾਨ ਤਰਜੀਤ ਸਿੰਘ ਚਹਿਲ ਦੀ ਅਗਵਾਈ ਹੇਠ ਲੱਡੂ ਵੰਡੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਤਰਜੀਤ ਸਿੰਘ ਚਹਿਲ ਨੇ ਦੱਸਿਆ ਕਿ ਪਹਿਲਾਂ ਹਿਮਾਚਲ ਪ੍ਰਦੇਸ ਤੇ ਹੁਣ ਕਰਨਾਟਕ ਵਿੱਚ ਭਾਜਪਾ ਨੂੰ ਪਛਾੜ ਕੇ ਕਾਂਗਰਸ ਨੇ ਸੱਤਾ ਹਾਸਲ ਕੀਤੀ ਹੈ। ਉਨ੍ਹਾ ਕਿਹਾ ਕਿ ਹੁਣ ਲੋਕ ਭਾਜਪਾ ਦੇ ਜੁਮਲਿਆਂ ਨੂੰ ਸਮਝ ਚੁੱਕੇ ਹਨ ਤੇ ਉਹ ਭਾਜਪਾ ਦੇ ਲਾਰਿਆਂ ਵਿੱਚ ਨਹੀਂ ਆਉਣਗੇ। ਉਨ੍ਹਾ ਕਿਹਾ ਕਿ ਇਹ ਕਾਂਗਰਸ ਦੀ ਭਾਰਤ ਜੋੜੋ ਯਾਤਰਾ ਦਾ ਹੀ ਅਸਰ ਹੈ ਕਿ ਕਰਨਾਟਕ ਦੀ ਜਨਤਾ ਨੇ ਨਫਰਤ ਦੀ ਰਾਜਨੀਤੀ ਨੂੰ ਨਕਾਰ ਦਿੱਤਾ ਹੈ। ਉਨ੍ਹਾ ਕਿਹਾ ਕੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਮੁੜ ਤੋਂ ਕੇਂਦਰ 'ਚ ਆਪਣੀ ਸਰਕਾਰ ਬਣਾਵੇਗੀ।

# ਵਿਧਾਇਕ ਅਮੋਲਕ ਸਿੰਘ ਜੈਤੋ ਦੇ ਵਿਕਾਸ ਕਾਰਜਾਂ ਲਈ ਗੰਭੀਰ : ਸੱਤਪਾਲ ਡੋਡ



**ਜੈਤੋ (ਸਤੀਸ਼ ਕੁਮਾਰ ਭੀਰੀ)**- ਇਤਿਹਾਸਕ ਨਗਰੀ ਜੈਤੋ ਤੋਂ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਅਮੋਲਕ ਸਿੰਘ ਦੇ ਵਿਧਾਇਕ ਬਣਨ ਤੋਂ ਬਾਅਦ ਸ਼ਹਿਰ ਦੀ ਚਿਰਕੋਣੀ ਸੀਵਰੇਜ ਸਮੱਸਿਆ ਤੋਂ ਛੁਟਕਾਰਾ ਦਿਵਾਉਣ ਅਤੇ ਇਲਾਕੇ ਦੇ ਲੋਕਾਂ ਦਾ ਸਿਰਦਰਦ ਬਣ ਚੁੱਕੀ ਜੈਤੋ-ਚੰਦਭਾਨ ਰੋਡ ਲਈ ਆਪਣੇ ਯਤਨਾਂ ਨਾਲ ਪੰਜਾਬ ਸਰਕਾਰ ਤੋਂ ਕਰੋੜਾਂ ਰੁਪਏ ਦੇ ਫੰਡ ਰਿਲੀਜ਼ ਕਰਵਾਉਣ ਲਈ ਅਮੋਲਕ ਸਿੰਘ ਵਧਾਈ ਦਾ ਪਾਤਰ ਬਣ ਚੁੱਕਾ ਹੈ। ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੱਤਪਾਲ ਡੋਡ ਨੇ ਕਿਹਾ ਕਿ ਇਲਾਕੇ ਦੇ ਕਿਸੇ ਵੀ ਵਿਅਕਤੀ ਨੂੰ ਜੇਕਰ ਕੋਈ ਸਮੱਸਿਆ ਆਉਂਦੀ ਹੈ ਤਾਂ ਅਮੋਲਕ ਸਿੰਘ ਉਨ੍ਹਾਂ ਦੀ ਸੇਵਾ ਅਤੇ ਸਹਾਇਤਾ ਲਈ ਚੌਵੀ ਘੰਟੇ ਹਾਜ਼ਰ ਹਨ।

ਸ਼ਹਿਰ ਦੇ ਲੋਕਾਂ ਵੱਲੋਂ ਨਰਕ ਭਰੀ ਜ਼ਿੰਦਗੀ ਤੋਂ ਛੁਟਕਾਰਾ ਦਿਵਾਉਣ ਲਈ ਵਿਧਾਇਕ ਅਮੋਲਕ ਸਿੰਘ ਦਾ ਬਹੁਤ ਧੰਨਵਾਦ ਕੀਤਾ ਜਾ ਰਿਹਾ ਹੈ। ਇਸ ਮੌਕੇ ਬਲਾਕ ਪ੍ਰਧਾਨ ਜਸਵੰਤ ਸਿੰਘ ਜਸਵੰਤ, ਗੁਰਪਿਆਰ ਸਿੰਘ, ਸ਼ਹਿਰੀ ਪ੍ਰਧਾਨ ਅਸ਼ੋਕ ਕੁਮਾਰ ਗਰਗ, ਗੁਰਦਰਸ਼ਨ ਸਿੰਘ ਢਿੱਲੋਂ, ਸੁਖਰੀਤ ਰੋਮਾਣਾ, ਵਿਜੇ ਸੋਲੰਕੀ, ਸ਼ੇਰ ਸਿੰਘ ਸ਼ੇਰਾ, ਬਜ਼ੁਰਗ ਆਗੂ ਤੀਰਥ ਰਾਮ ਗਰਗ, ਕੇਵਲ ਰੋਮਾਣਾ, ਪਰਮਿੰਦਰ ਸਿੰਘ, ਬਲਕਰਨ ਸਿੰਘ ਸਾਬਕਾ ਸਰਪੰਚ ਸਰਾਵਾਂ, ਗੁਰਮੇਲ ਸਿੰਘ ਕਰੀਰਵਾਲੀ, ਲਾਡੀ ਮੱਤਾ ਆਦਿ ਹਾਜ਼ਰ ਸਨ।

# ਜਥੇਬੰਦੀਆਂ ਵੱਲੋਂ ਪਹਿਲਵਾਨਾਂ ਦੇ ਸੰਘਰਸ਼ ਨੂੰ ਸਮਰਥਨ ਦਾ ਐਲਾਨ : ਲਖਣਪਾਲ

**ਮਾਨਸਾ (ਮੁਨੀਸ਼ ਕੁਮਾਰ)**-ਜ਼ਿਲ੍ਹੇ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਮਹਿਲਾ ਪਹਿਲਵਾਨ ਨਾਲ ਹੋਈ ਬਦਸਲੂਕੀ ਦੇ ਵਿਰੋਧ ਵਿੱਚ ਕੀਤੇ ਜਾ ਰਹੇ ਸੰਘਰਸ਼ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਐਡਵੋਕੇਟ ਲਖਵਿੰਦਰ ਸਿੰਘ ਲਖਣਪਾਲ ਨੇ ਦੱਸਿਆ ਕਿ ਇਸ ਸੰਬੰਧੀ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਇਹ ਫੈਸਲਾ ਲਿਆ ਗਿਆ ਕਿ ਸਾਰੀਆਂ ਜਥੇਬੰਦੀਆਂ ਵੱਲੋਂ ਦਿੱਲੀ ਦੇ ਧਰਨੇ ਵਿੱਚ ਪਹੁੰਚ ਕੇ ਪਹਿਲਵਾਨਾਂ ਦੇ ਹੌਸਲੇ ਬੁਲੰਦ ਕੀਤੇ ਜਾਣਗੇ। ਉਨ੍ਹਾ ਕਿਹਾ ਕਿ ਇਹ ਉਹ ਪਹਿਲਵਾਨ ਹਨ, ਜੋ ਸਾਡੇ ਦੇਸ਼ ਲਈ ਵੱਖ-ਵੱਖ ਸਮੇਂ 'ਤੇ ਮੈਡਲ ਲੈ ਕੇ ਆਏ ਹਨ, ਜਿਨ੍ਹਾਂ ਨਾਲ ਇੱਕ ਫੋਟੋ ਕਰਵਾਉਣ ਲਈ ਵੱਖ-ਵੱਖ ਲੀਡਰ ਉਤਾਵਲੇ ਰਹਿੰਦੇ ਹਨ। ਇਹ ਉਹ ਪਹਿਲਵਾਨ ਹਨ, ਜਿਨ੍ਹਾਂ ਨੂੰ ਮੈਡਲ ਜਿੱਤਣ ਤੋਂ ਬਾਅਦ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਆਪਣੇ ਸੋਸ਼ਲ ਮੀਡੀਆ ਉੱਪਰ ਨਾਲ ਬੈਠ ਕੇ ਫੋਟੋਆਂ ਪਾਈਆਂ ਗਈਆਂ ਸਨ। ਅੱਜ ਉਹ ਮਹਿਲਾ ਪਹਿਲਵਾਨ ਆਪਣੇ ਦੇਸ਼ ਵਿੱਚ ਆਪਣੇ ਨਾਲ ਹੋਈ ਬਦਸਲੂਕੀ ਜਾਂ ਆਪਣੇ ਨਾਲ ਹੋਏ ਅੱਤਿਆਚਾਰਾਂ ਖਿਲਾਫ ਸੜਕਾਂ 'ਤੇ ਬੈਠਣ ਲਈ ਮਜਬੂਰ ਹੋ ਗਏ ਹਨ। ਪਿਛਲੇ ਕਾਫੀ ਸਮੇਂ ਤੋਂ ਦਿੱਲੀ ਵਿੱਚ ਚੱਲ ਰਹੇ ਧਰਨੇ ਵੱਲ ਦੇਸ਼ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਗਿਆ। ਮਹਿਲਾ ਪਹਿਲਵਾਨਾਂ ਨੂੰ ਹੌਸਲਾ ਦੇਣ ਤੇ ਧਰਨੇ ਨੂੰ ਸਮਰਥਨ ਦੇਣ ਲਈ ਵੱਖ-ਵੱਖ ਜਥੇਬੰਦੀਆਂ, ਜਿਨ੍ਹਾਂ ਵਿੱਚ ਨੌਜਵਾਨ ਸੇਵਾ ਕਲੱਬ ਦੇ ਪ੍ਰਧਾਨ ਰਣਧੀਰ ਸਿੰਘ ਧੀਰਾ, ਹੈਲਪਿੰਗ ਹੈਂਡ ਜੋਗਾ ਦੇ ਪ੍ਰਧਾਨ ਜਗਸੀਰ ਸਿੰਘ ਢਿੱਲੋਂ, ਲਵਨਦੀਪ ਸਿੰਘ ਜੋਗਾ, ਸਰਬੱਤ ਦਾ ਭਲਾ ਫਾਊਂਡੇਸ਼ਨ ਰੱਲਾ, ਦਸਮੇਸ਼ ਸਪੋਰਟਸ ਕਲੱਬ ਮੂਲਾਨਿਆਂ, ਬਾਬਾ ਜੋਗੀਪੀਰ ਕਲੱਬ ਰੱਲਾ, ਜੁਡੋ ਅਕੈਡਮੀ ਭੀਖੀ, ਫਾਈਟ ਅਗੇਂਸਟ ਡਰੱਗਜ਼ ਪ੍ਰਧਾਨ ਪਰਵਿੰਦਰ ਸਿੰਘ ਛੋਟਾ ਤੇ ਬਾਬਾ ਬੁੱਢਾ ਦਲ ਤੋਂ ਕੁਲਵਿੰਦਰ ਸਿੰਘ ਕਾਕਾ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਆਗੂ, ਜਿਨ੍ਹਾਂ ਵਿੱਚ ਜਸਪ੍ਰੀਤ ਸਿੰਘ ਰੱਲਾ, ਗੁਰਵਿੰਦਰ ਸਿੰਘ ਰੱਲਾ, ਧੰਨਜੀਤ ਸਿੰਘ ਭੀਖੀ, ਸਾਧੂ ਸਿੰਘ ਬੁਰਜ ਹਰੀ, ਭਗਵੰਤ ਚਹਿਲ, ਸੰਦੀਪ ਮਹਿਤਾ, ਸੁੱਖੀ ਦੂਲੋਵਾਲ, ਗਗਨਦੀਪ ਸ਼ਰਮਾ ਐਡਵੋਕੇਟ, ਜਗਰਾਜ ਸਿੰਘ ਅਹਿਮਦਪੁਰ ਐਡਵੋਕੇਟ, ਗੁਰਪ੍ਰੀਤ ਸਿੰਘ ਜੂੜੀ, ਪੀਤਾ ਸਿੱਧੂ, ਟਿੰਕੂ ਮਾਨਸਾ, ਬਿੱਟੂ ਮਾਨ, ਗੁੱਲੂ ਮਾਨ ਤੇ ਸਰਬਜੀਤ ਸਿੰਘ ਭੀਮਾ ਤੋਂ ਇਲਾਵਾ ਹੋਰ ਵੀ ਜਥੇਬੰਦੀਆਂ ਦੇ ਨੁਮਾਇੰਦੇ ਤੇ ਸਮਾਜ ਦੇ ਬੁੱਧੀਜੀਵੀ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ ਕਈ ਪਿੰਡਾਂ ਦੇ ਲੋਕਾਂ ਵੱਲੋਂ ਵੀ ਧਰਨੇ ਦਾ ਸਮਰਥਨ ਕੀਤਾ ਗਿਆ।

## ਸਰਕਾਰ ਵੱਲੋਂ ਪਵਾਤ-ਮਾਛੀਵਾੜਾ ਤੇ ਝਾੜ ਸਾਹਿਬ-ਸਮਰਾਲਾ ਸੜਕਾਂ ਦੀ ਮੁਰੰਮਤ ਨੂੰ ਪ੍ਰਵਾਨਗੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਇਲਾਕੇ ਦੀਆਂ 2 ਬੇਹੱਦ ਖਸਤਾ ਹਾਲਤ ਸੜਕਾਂ, ਜੋ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਤੇ ਇਤਿਹਾਸਕ ਗੁਰਦੁਆਰਾ ਸ੍ਰੀ ਝਾੜ ਸਾਹਿਬ ਨਾਲ ਜੁੜਦੀਆਂ ਹਨ, ਦੀ ਮੁਰੰਮਤ ਲਈ ਪੰਜਾਬ ਸਰਕਾਰ ਨੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਲ 2023-24 ਦੌਰਾਨ ਇੱਕ ਹਜ਼ਾਰ ਕਰੋੜ ਦੇ ਬਜਟ ਵਿੱਚੋਂ ਹਲਕਾ ਸਮਰਾਲਾ ਦੀਆਂ 2 ਪ੍ਰਮੁੱਖ ਸੜਕਾਂ ਗੁਰੂ ਗੋਬਿੰਦ ਸਿੰਘ ਮਾਰਗ, ਜੋ ਪਵਾਤ ਪੁਲ ਤੋਂ ਲੈ ਕੇ ਮਾਛੀਵਾੜਾ ਤੱਕ ਤੇ ਝਾੜ ਸਾਹਿਬ ਤੋਂ ਸਮਰਾਲਾ ਤੱਕ ਹਨ, ਦੀ ਮੁਰੰਮਤ ਦਾ ਪ੍ਰਵਾਨਗੀ ਪੱਤਰ ਜਾਰੀ ਕਰ ਦਿੱਤਾ ਹੈ ਤੇ ਲੋਕ ਨਿਰਮਾਣ ਵਿਭਾਗ ਨੂੰ ਨਿਰਦੇਸ਼ ਦੇ ਦਿੱਤੇ ਹਨ ਕਿ ਇਸ ਸਬੰਧੀ ਟੈਂਡਰ ਲਗਾ ਦਿੱਤੇ ਜਾਣ। ਵਿਧਾਇਕ ਨੇ ਦੱਸਿਆ ਕਿ ਪਵਾਤ ਪੁਲ ਤੋਂ ਲੈ ਕੇ ਮਾਛੀਵਾੜਾ ਤੱਕ ਕਰੀਬ 9.35 ਕਿਲੋਮੀਟਰ ਲੰਬੀ ਸੜਕ ਦੀ ਮੁਰੰਮਤ ਲਈ 6.49 ਕਰੋੜ ਰੁਪਏ ਖਰਚੇ ਜਾਣਗੇ, ਜਦਕਿ ਝਾੜ ਸਾਹਿਬ ਤੋਂ ਸਮਰਾਲਾ ਤੱਕ 12.47 ਕਿਲੋਮੀਟਰ ਲੰਬੀ ਸੜਕ ਲਈ 8.61 ਕਰੋੜ ਰੁਪਏ ਖਰਚ ਹੋਣਗੇ। ਉਨ੍ਹਾ ਕਿਹਾ ਕਿ ਦੋਵੇਂ ਸੜਕਾਂ ਦੀ ਮੁਰੰਮਤ ਲਈ ਟੈਂਡਰ ਪ੍ਰਕਿਰਿਆ ਜਲਦ ਮੁਕੰਮਲ ਕਰ ਲਈ ਜਾਵੇਗੀ, ਜਿਸ ਦੇ ਨਿਰਮਾਣ ਦਾ ਕੰਮ ਵੀ ਜਲਦ ਸ਼ੁਰੂ ਕਰਵਾ ਦਿੱਤਾ ਜਾਵੇਗਾ।

## ਗਾਰਡਨਵੈਲੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਾਰਡਨਵੈਲੀ ਇੰਟਰਨੈਸ਼ਨਲ ਸਕੂਲ ਦਾ ਸੀ.ਬੀ.ਐੱਸ.ਈ. ਬੋਰਡ ਵੱਲੋਂ ਐਲਾਨਿਆ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਵਿਦਿਆਰਥਣ ਸਮਨਦੀਪ ਕੌਰ ਨੇ 96.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ, ਪਵਨਪ੍ਰੀਤ ਕੌਰ ਨੇ 96.2 ਪ੍ਰਤੀਸ਼ਤ ਅੰਕਾਂ ਨਾਲ ਦੂਜਾ, ਰਿਧੀ ਤੇ ਪ੍ਰਤਿਭਾ ਨੇ 95.6 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮਹਿਕਪ੍ਰੀਤ ਕੌਰ, ਅਰਸ਼ਪ੍ਰੀਤ ਕੌਰ, ਸੁਖਪ੍ਰੀਤ ਕੌਰ ਗਰੇਵਾਲ, ਜਸ਼ਨਦੀਪ ਸਿੰਘ, ਸੁਖਮਨਪ੍ਰੀਤ ਕੌਰ, ਰੋਮਨਪ੍ਰੀਤ ਕੌਰ, ਸਲੀਨਾ ਗੁਰੋਂ ਤੇ ਹਰਲੀਨ ਕੌਰ ਨੇ 91 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕਰ ਸਕੂਲ, ਅਧਿਆਪਕਾਂ ਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਹਰਦੇਵ ਸਿੰਘ ਤੇ ਬਲਦੇਵ ਸਿੰਘ ਨਾਮਧਾਰੀ ਨੇ ਬੱਚਿਆ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉੱਚ ਸਿੱਖਿਆ ਪ੍ਰਾਪਤ ਕਰ ਚੰਗੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਆ।

# ਮਿੰਨੀ ਉਦਯੋਗਿਕ ਵਿਕਾਸ ਕੇਂਦਰ ਦੇ ਨਵੀਨੀਕਰਨ ਦਾ ਰੱਖਿਆ ਨੀਂਹ ਪੱਥਰ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਵੱਲੋਂ ਉਦਯੋਗਿਕ ਇਕਾਈਆਂ ਨੂੰ ਪ੍ਰਫੁੱਲਤ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੁ ਕੋਈ ਵੀ ਵਿਅਕਤੀ ਆਪਣਾ ਉਦਯੋਗ ਸ਼ੁਰੂ ਕਰਕੇ ਲੋਕਾਂ ਨੂੰ ਵੀ ਰੁਜ਼ਗਾਰ ਦੇ ਸਕੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਾ. ਬਲਜੀਤ ਕੌਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਨੇ ਮਿੰਨੀ ਉਦਯੋਗਿਕ ਵਿਕਾਸ ਕੇਂਦਰ ਦੇ 2869 ਕਰੋੜ ਦੇ ਲਗਭਗ ਦੀ ਲਾਗਤ ਨਾਲ ਕੀਤੀ ਜਾਣ ਵਾਲੀ ਚਾਰਦੀਵਾਰੀ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ।

ਉਨ੍ਹਾਂ ਕਿਹਾ ਕਿ ਇਸ ਚਾਰਦੀਵਾਰੀ ਦਾ ਕੰਮ ਕਾਫੀ ਸਮੇਂ ਤੋਂ ਲਟਕਦਾ ਆ ਰਿਹਾ ਸੀ ਤੇ ਹੁਣ ਪੰਜਾਬ ਸਰਕਾਰ ਦੀ ਅਗਵਾਈ ਹੇਠ ਇਸ ਕੰਮ ਨੂੰ ਜਲਦ ਹੀ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਫੋਕਲ ਪੁਆਇੰਟ ਵਿਖੇ ਮਿੰਨੀ ਉਦਯੋਗਿਕ ਇਕਾਈਆਂ ਨੂੰ ਪ੍ਰਫੁੱਲਤ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ 'ਚ ਹੋਰ ਵੀ ਨਵੀਨੀਕਰਨ ਦੇ ਕੰਮ ਕੀਤੇ ਜਾਣਗੇ। ਇਸ ਦੌਰਾਨ ਕੈਬਨਿਟ ਮੰਤਰੀ ਤੇ ਦਲਬੀਰ ਸਿੰਘ ਢਿੱਲੋਂ ਚੈਅਰਮੇਨ ਇੰਡਸਟੀਰੀਅਲ ਕਾਰਪੋਰੇਸ਼ਨ ਪੰਜਾਬ ਨੇ ਫੋਕਲ ਪੁਆਇੰਟ ਦੇ ਪਲਾਂਟ ਅਲਾਟੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਜਲਦ ਹੀ ਹੱਲ ਕਰਨ ਦਾ ਵਿਸ਼ਵਾਸ ਦੁਆਇਆ।ਇਸ ਮੌਕੇ ਚੇਅਰਮੈਨ ਨੇ ਫੋਕਲ ਪੁਆਇੰਟ ਦੇ ਪਲਾਂਟ ਹੋਲਡਰਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਪਲਾਂਟ ਅਲਾਂਟ ਕੀਤਾ ਜਾਂਦਾ ਹੈ ਤਾਂ ਜਲਦ ਤੋਂ ਜਲਦ ਉਦਯੋਗ ਸ਼ੁਰੂ ਕੀਤਾ ਜਾਵੇ ।

## ਕਰਨਾਟਕ 'ਚ ਕਾਂਗਰਸ ਦੀ ਇਤਿਹਾਸਕ ਜਿੱਤ 'ਤੇ ਵਰਕਰਾਂ ਵੱਲੋਂ ਖ਼ੁਸ਼ੀ ਪ੍ਰਗਟ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਰਨਾਟਕ 'ਚ ਕਾਂਗਰਸ ਪਾਰਟੀ ਨੂੰ ਮਿਲੀ ਹੂੰਝਾ ਫੇਰ ਜਿੱਤ ਦੀ ਖੁਸ਼ੀ 'ਚ ਕਾਂਗਰਸੀ ਵਰਕਰਾਂ ਵੱਲੋਂ ਬਲਾਕ ਪ੍ਰਧਾਨ ਨਿਰਮਲ ਸਿੰਘ ਦੀ ਅਗਵਾਈ 'ਚ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ, ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਸਿਮਰਜੀਤ ਸਿੰਘ ਜੌਹਲ ਨੇ ਕਿਹਾ ਕਿ ਕਰਨਾਟਕ ਜਿੱਤ ਨੇ ਲੋਕ ਸਭਾ 2024 'ਚ ਕਾਂਗਰਸ ਪਾਰਟੀ ਦੀ ਜਿੱਤ ਦਾ ਮੁੱਢ ਬੰਨ੍ਹ ਦਿੱਤਾ ਹੈ। ਹੁਣ ਪੂਰੇ ਦੇਸ਼ ਅੰਦਰ ਸ੍ਰੀਮਤੀ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੇ ਹੱਕ 'ਚ ਲਹਿਰ ਚੱਲੇਗੀ। ਉਨ੍ਹਾਂ ਸਮੂਹ ਕਾਂਗਰਸੀ ਵਰਕਰਾਂ ਨੂੰ ਪੰਜਾਬ ਕਾਂਗਰਸ ਦੀ ਮਜ਼ਬੂਤੀ ਲਈ ਇਕਜੁਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ। ਇਸ ਸਮੇਂ ਕਾਂਗਰਸੀ ਆਗੂ ਜਰਨੈਲ ਸਿੰਘ ਠੁੱਲੀਵਾਲ, ਗੁਰਮੇਲ ਸਿੰਘ ਮੌੜ, ਮਨੋਜ ਕੁਮਾਰ ਨਾਈਵਾਲਾ, ਅਮਰਜੀਤ ਸਿੰਘ ਮਹਿਲ ਕਲਾਂ, ਮਨਜੀਤ ਸਿੰਘ ਮਹਿਲ ਖੁਰਦ, ਗੁਰਪ੍ਰੀਤ ਸਿੰਘ ਕਲਾਲ ਮਾਜਰਾ, ਨੱਥਾ ਸਿੰਘ ਬਾਠ, ਸੁਖਦੇਵ ਸਿੰਘ ਕੁਤਬਾ, ਰਫੀਕ ਮੁਹੰਮਦ ਮਹਿਲ ਖੁਰਦ, ਗੁਰਮੀਤ ਸਿੰਘ ਕੁਤਬਾ, ਸ਼ਿਵ ਕੁਮਾਰ ਮਹਿਲ ਕਲਾਂ, ਨਾਜਰ ਸਿੰਘ ਵਜੀਦਕੇ ਖੁਰਦ ਆਦਿ ਹਾਜ਼ਰ ਸਨ।

# ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਲੌਂਗੋਵਾਲ ਨੂੰ ਵਾਟਰ ਕੂਲਰ ਭੇਟ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅਤਰੀ)**-ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਚੇਅਰਮੈਨ ਡਾ.ਦਲਬੀਰ ਸਿੰਘ ਕਥੂਰੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਧਾਨ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਦੀ ਪ੍ਰਧਾਨਗੀ ਹੇਠ ਮੈਡਮ ਪਰਮਜੀਤ ਕੌਰ ਲੌਂਗੋਵਾਲ ਦੀ ਹਾਜ਼ਰੀ 'ਚ ਸਰਕਾਰੀ ਪ੍ਰਾਇਮਰੀ ਸਕੂਲ ਲੌਂਗੋਵਾਲ (ਲੜਕੀਆਂ) ਵਿਖੇ ਵਾਟਰ ਕੂਲਰ ਭੇਟ ਕੀਤਾ ਗਿਆ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਮੀਡੀਆ ਇੰਚਾਰਜ ਮਨਦੀਪ ਸਿੰਘ ਖੁਰਦ ਨੇ ਦੱਸਿਆ ਕਿ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪਸਾਰ ਲਈ ਹਮੇਸ਼ਾ ਕਾਰਜ ਕੀਤੇ ਜਾਂਦੇ ਹਨ। ਉਸੇ ਲੜੀ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਲੌਂਗੋਵਾਲ ਲੜਕੀਆਂ ਵਿਖੇ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਕੂਲੀ ਬੱਚਿਆਂ ਵੱਲੋਂ ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਪ੍ਰਧਾਨ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਵੱਲੋਂ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਤੇ ਮੈਡਲ ਦੇ ਨਾਲ ਸਨਮਾਨਤ ਕੀਤਾ ਗਿਆ ਅਤੇ ਬੱਚਿਆਂ ਲਈ ਜੂਸ ਅਤੇ ਬਿਸਕੁਟਾਂ ਦਾ ਵੀ ਪ੍ਰਬੰਧ ਕੀਤਾ। ਇਸ ਮੌਕੇ ਬੀ.ਪੀ.ਈ.ਓ. ਸਤਪਾਲ ਸਿੰਘ ਤੇ ਮੁੱਖ ਅਧਿਆਪਕ ਅਰਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਮੈਡਮ ਬਲਜੀਤ ਕੌਰ, ਰਾਖੀ ਸ਼ਰਮਾ, ਮਾਸਟਰ ਹਰੀ ਦਾਸ, ਬੀਰਬਲ ਸਿੰਘ, ਪੀ ਟੀ ਏ ਚੇਅਰਮੈਨ ਜਗਤਾਰ ਸਿੰਘ, ਭੁਪਿੰਦਰ ਸਿੰਘ ਲੌਂਗੋਵਾਲ ਕੁਲਦੀਪ ਸਿੰਘ ਤੋਂ ਇਲਾਵਾ ਸਮੂਹ ਸਕੂਲ ਸਟਾਫ ਤੇ ਬੱਚੇ ਹਾਜ਼ਰ ਸਨ। ਇਸ ਮੌਕੇ ਤੀਸਰੀ ਕਲਾਸ ਦੀ ਸ਼ੂਗਰ ਤੋਂ ਪੀੜਤ ਬੱਚੀ ਦਾ ਇਲਾਜ ਕਰਵਾਉਣ ਦਾ ਵੀ ਵਿਸ਼ਵ ਪੰਜਾਬੀ ਸਭਾ ਵੱਲੋਂ ਭਰੋਸਾ ਦਿੱਤਾ ਗਿਆ।

## ਹਰੇਕ ਵਿਅਕਤੀ ਨੂੰ ਸਫ਼ਾਈ ਵੱਲ ਧਿਆਨ ਦੇਣਾ ਚਾਹੀਦਾ : ਕੁਲਵੰਤ ਮਹਿਮੀ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਕ੍ਰਿਸ਼ਨਾ ਨਗਰ ਇਲਾਕੇ 'ਚ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਦੇ ਦਫ਼ਤਰ ਇੰਚਾਰਜ ਕੁਲਵੰਤ ਸਿੰਘ ਮਹਿਮੀ ਨੇ ਨਾਲੀਆਂ ਦੀ ਸਫ਼ਾਈ ਆਪਣੀ ਨਿਗਰਾਨੀ 'ਚ ਕਰਾਈ। ਕੁਲਵੰਤ ਸਿੰਘ ਮਹਿਮੀ ਨੇ ਕਿਹਾ ਕਿ ਖੰਨਾ ਸਹਿਰ ਨੂੰ ਸਾਫ਼-ਸੁਥਰਾ ਰੱਖਣਾ ਸਾਡਾ ਮੁੱਖ ਮੰਤਵ ਹੈ। ਇਸ ਲਈ ਗਲੀਆਂ, ਮੁਹੱਲੇ 'ਚ ਸਫ਼ਾਈ ਅਤੀ ਜ਼ਰੂਰੀ ਹੈ। ਹਰੇਕ ਵਿਅਕਤੀ ਨੂੰ ਆਪਣੇ ਇਰਦ-ਗਿਰਦ ਸਫ਼ਾਈ ਰੱਖਣ 'ਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਵਿਅਕਤੀ ਨੂੰ ਸੀਵਰੇਜ ਜਾਂ ਸਫ਼ਾਈ ਵਿਵਸਥਾ ਸਬੰਧੀ ਕੋਈ ਸਮੱਸਿਆ ਹੋਵੇ ਤਾਂ ਉਹ ਤੁਰੰਤ ਦਫ਼ਤਰ ਸੰਪਰਕ ਕਰ ਸਕਦੇ ਹਨ।

## ਯੂ ਕੇ ਇੰਟਰਨੈਸ਼ਨਲ ਸਕੂਲ ਦਾ ਨਤੀਜਾ ਸੌ ਫੀਸਦੀ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਯੂ ਕੇ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ। ਪ੍ਰਿੰਸੀਪਲ ਮੈਡਮ ਸਵੇਤਾ ਸ਼ਰਮਾ ਨੇ ਇਸ ਮੌਕੇ ਬੱਚਿਆਂ ਤੇ ਉਨ੍ਹਾਂ ਦੇ ਮਾਂ-ਬਾਪ ਅਤੇ ਸਟਾਫ ਮੈਂਬਰਾਂ ਨੂੰ ਬਹੁਤ-ਬਹੁਤ ਵਧਾਈ ਦਿੱਤੀ। ਜ਼ਿਕਰਯੋਗ ਹੈ ਕਿ ਯੂ ਕੇ ਇੰਟਰਨੈਸ਼ਨਲ ਸਕੂਲ ਦਾ ਇਹ ਦੂਸਰਾ ਬੈਚ ਸੀ, ਜਿਸ ਵਿੱਚ ਦਸਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਅੰਕ ਪ੍ਰਾਪਤ ਕੀਤੇ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਵਿੱਚੋਂ ਨਵਜੋਤ ਕੌਰ ਨੇ ਪਹਿਲਾ, ਸੁਖਪ੍ਰੀਤ ਕੌਰ ਨੇ ਦੂਜਾ ਤੇ ਕਨਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਮੈਡਮ ਸਵੇਤਾ ਸ਼ਰਮਾ ਤੇ ਮੈਨੇਜਮੈਂਟ ਦੇ ਮੈਂਬਰਾਂ ਨੇ ਬੱਚਿਆਂ ਤੇ ਬੱਚਿਆਂ ਦੇ ਮਾਂ-ਬਾਪ ਨੂੰ ਬਹੁਤ ਵਧਾਈ ਦਿੱਤੀ ਤੇ ਉਨ੍ਹਾਂ ਦਾ ਮੂੰਹ ਵੀ ਮਿੱਠਾ ਕਰਵਾਇਆ। ਪ੍ਰਿੰਸੀਪਲ ਸਵੇਤਾ ਸ਼ਰਮਾ ਨੇ ਕਿਹਾ ਕਿ ਅਸੀਂ ਪੂਰੀ ਉਮੀਦ ਕਰਦੇ ਹਾਂ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਮੇਸ਼ਾ ਇਸੇ ਤਰ੍ਹਾਂ ਹੀ ਆਪਣੀ ਮਿਹਨਤ ਤੇ ਲਗਨ ਦੇ ਸਦਕਾ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਦੇ ਰਹਿਣਗੇ ਤੇ ਉਨ੍ਹਾਂ ਨੇ ਬੱਚਿਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ ਬਾਸੀ, ਬਲਕਾਰ ਸਿੰਘ ਤੇ ਸਮੂਹ ਸਟਾਫ ਦੇ ਮੈਂਬਰ ਸ਼ਾਮਲ ਸਨ।

# ਜੀ ਟੀ ਬੀ ਦੇ ਨਤੀਜਿਆਂ 'ਚ ਅੱਵਲ ਆਏ ਵਿਦਿਆਰਥੀ ਸਨਮਾਨਤ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸਥਾਨਕ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਸੀ ਬੀ ਐੱਸ ਈ ਵੱਲੋਂ ਐਲਾਨੇ ਗਏ ਦਸਵੀਂ ਤੇ ਬਾਰਵੀਂ ਦੇ ਨਤੀਜਿਆਂ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ ਤੇ ਉੱਪ ਚੇਅਰਮੈਨ ਗੁਰਬਚਨ ਸਿੰਘ ਮਾਨ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ 'ਚ ਸੀਨੀਅਰ ਅਕਾਲੀ ਆਗੂ ਜਗਮੀਤ ਸਿੰਘ ਹਰਿਆਊ, ਜੰਗਲਾਤ ਵਿਭਾਗ ਦੇ ਸੇਵਾ ਮੁਕਤ ਜ਼ਿਲ੍ਹਾ ਅਫਸਰ ਅਮਰੀਕ ਸਿੰਘ ਭੁੱਲਰ ਤੇ ਐਡਵੋਕੇਟ ਬਲਜੀਤ ਸਿੰਘ ਜੋਸ਼ਨ ਨੇ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਤਮਗੇ ਦੇ ਕੇ ਸਨਮਾਨਤ ਕੀਤਾ। ਗੁਰਬਾਣੀ ਦੇ ਜਾਪ ਨਾਲ ਸ਼ੁਰੂ ਹੋਏ ਸਮਾਗਮ ਵਿੱਚ ਮਾਂ ਦਿਵਸ ਨੂੰ ਸਮਰਪਤ ਨਾਟਕ ਤੇ ਗੀਤ ਪੇਸ਼ ਕਰਦਿਆਂ ਮਾਂ ਦੀ ਮਹਾਨਤਾ ਨੂੰ ਦਰਸਾਉਂਦੀਆਂ ਕੋਰਿਓਗ੍ਰਾਫੀਆਂ ਵੀ ਪੇਸ਼ ਕੀਤੀਆਂ ਗਈਆਂ। ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ ਨੇ ਵਧੀਆ ਨਤੀਜਿਆਂ ਨੂੰ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਦਾ ਸਿੱਟਾ ਦੱਸਦਿਆਂ ਵਧਾਈ ਦਿੱਤੀ। ਇਸ ਦੌਰਾਨ ਸਕੂਲ ਦੀ ਪ੍ਰਿੰਸੀਪਲ ਗੁਰਪ੍ਰੀਤ ਕੌਰ ਨਰਾਇਣ ਨੇ ਨਤੀਜਿਆਂ ਬਾਰੇ ਵਿਸਥਾਰ ਸਹਿਤ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਕਰਮਜੀਤ ਸਿੰਘ ਕਾਲੇਕਾ ਪ੍ਰਧਾਨ ਗੁਰਦੁਆਰਾ ਕਮੇਟੀ, ਸਕੂਲ ਦੇ ਮੈਨੇਜਰ ਗੁਰਪਿੰਦਰ ਸਿੰਘ ਕਾਲੇਕਾ, ਖਜ਼ਾਨਚੀ ਕਰਨੈਲ ਸਿੰਘ, ਅਮਰਜੀਤ ਸਿੰਘ, ਲਾਭ ਸਿੰਘ, ਸੁਰਜੀਤ ਸਿੰਘ, ਸੁਖਦੇਵ ਸਿੰਘ ਫੌਜੀ, ਬਲਵਿੰਦਰ ਸਿੰਘ ਭੁੱਲਰ, ਮਾਸਟਰ ਜਰਨੈਲ ਸਿੰਘ, ਆੜ੍ਹਤੀ ਸੁਖਪਾਲ ਸਿੰਘ, ਕੌਂਸਲਰ ਬਰਜਿੰਦਰ ਸਿੰਘ ਸੋਨੀ, ਦਰਸ਼ਨ ਸਿੰਘ, ਜੋਗਿੰਦਰ ਸਿੰਘ ਭੁੱਲਰ ਸਮੇਤ ਸਾਰੇ ਹੀ ਟਰਸੱਟ ਦੇ ਮੈਂਬਰ ਤੇ ਅਧਿਆਪਕ ਹਾਜ਼ਰ ਸਨ।

# ਤੋਲਾਵਾਲ ਵਿਖੇ ਅੰਡਰਗਰਾਊਂਡ ਪਾਈਪਲਾਈਨ ਪ੍ਰੋਜੈਕਟ ਦੀ ਸ਼ੁਰੂਆਤ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਿੰਡ ਤੋਲਾਵਾਲ ਵਿਖੇ ਕਰੀਬ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਪੈਣ ਵਾਲੀ ਅੰਡਰਗਰਾਊਂਡ ਪਾਈਪਲਾਈਨ ਦੇ ਪ੍ਰੋਜੈਕਟ ਦੀ ਰਸਮੀ ਸ਼ੁਰੂਆਤ ਕੀਤੀ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਸੁਨਾਮ ਦੇ 47 ਪਿੰਡਾਂ ਵਿੱਚ ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣ ਲਈ ਜ਼ਮੀਨਦੋਜ਼ ਪ੍ਰਣਾਲੀ ਰਾਹੀਂ ਪਾਈਪਲਾਈਨ ਪਾਈ ਜਾ ਰਹੀ ਹੈ ਜਿਸ ਤਹਿਤ ਬੀਤੇ ਦਿਨੀਂ ਨਮੋਲ ਰੋਡ ਵਿਖੇ ਇਸ ਪ੍ਰੋਜੈਕਟ ਦਾ ਆਗਾਜ਼ ਕਰਨ ਤੋਂ ਬਾਅਦ ਹੁਣ ਲੜੀਵਾਰ ਬਾਕੀ ਪਿੰਡਾਂ ਵਿੱਚ ਵੀ ਇਹ ਪਾਈਪਲਾਈਨ ਪਾਈ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਸੁਨਾਮ ਲਈ 68 ਕਰੋੜ ਰੁਪਏ ਦਾ ਪ੍ਰੋਜੈਕਟ ਮਨਜ਼ੂਰ ਕੀਤਾ ਗਿਆ ਹੈ ਜਿਸ ਦੇ ਪਹਿਲੇ ਪੜਾਅ ਤਹਿਤ 30 ਕਰੋੜ ਨਾਲ 32000 ਏਕੜ ਰਕਬੇ ਨੂੰ ਨਹਿਰੀ ਪਾਣੀ ਮਿਲ ਸਕੇਗਾ। ਤੋਲਾਵਾਲ ਵਿਖੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਖੇਤੀ ਲਈ ਨਹਿਰੀ ਪਾਣੀ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਦੇ ਤਹਿਤ ਪੰਜਾਬ ਸਰਕਾਰ ਧਰਤੀ ਦੇ ਹੇਠਲੇ ਪਾਣੀ ਨੂੰ ਬਚਾਉਣ ਦੀ ਦਿਸ਼ਾ 'ਚ ਇਹ ਮਹੱਤਵਪੂਰਨ ਉਪਰਾਲਾ ਕਰ ਰਹੀ ਹੈ ਜਿਸ ਵਿੱਚ ਕਿਸਾਨਾਂ ਅਤੇ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਦੀ ਵੀ ਲੋੜ ਹੈ।

ਇਸ ਮੌਕੇ ਉਨ੍ਹਾ ਕਿਸਾਨਾਂ ਨੂੰ ਕਣਕ ਅਤੇ ਝੋਨੇ ਦੇ ਰਵਾਇਤੀ ਫਸਲੀ ਚੱਕਰ ਵਿੱਚੋਂ ਨਿਕਲ ਕੇ ਫਸਲੀ ਵਿਭਿੰਨਤਾ ਅਪਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾ ਪਿੰਡ ਤੋਲਾਵਾਲ ਵਿਖੇ ਹੀ ਲਗਭਗ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ਹੀਦ ਗੁਰਬਿੰਦਰ ਸਿੰਘ ਯਾਦਗਾਰੀ ਗੇਟ ਦਾ ਵੀ ਨਿਰਮਾਣ ਕਾਰਜ ਸ਼ੁਰੂ ਕਰਵਾਇਆ। ਅਮਨ ਅਰੋੜਾ ਵੱਲੋਂ ਬੀਤੇ ਸਾਲ ਸਤੰਬਰ ਮਹੀਨੇ 'ਚ ਸ਼ਹੀਦ ਗੁਰਬਿੰਦਰ ਸਿੰਘ ਦੀ ਯਾਦ 'ਚ ਏਸੇ ਪਿੰਡ ਵਿਖੇ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ ਸੀ। ਇਸ ਮੌਕੇ ਕੈਬਨਿਟ ਮੰਤਰੀ ਨੇ ਭਾਰਤੀ ਫ਼ੌਜ ਦੇ ਜਾਂਬਾਜ਼ ਸਿਪਾਹੀ ਸ਼ਹੀਦ ਗੁਰਬਿੰਦਰ ਸਿੰਘ ਦੀ ਸ਼ਹਾਦਤ ਨੂੰ ਨਮਨ ਕੀਤਾ ਅਤੇ ਕਿਹਾ ਕਿ ਦੇਸ਼ ਦੇ ਯੋਧਿਆਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀ ਜਾ ਸਕਦਾ। ਇਸ ਮੌਕੇ ਮੇਵਾ ਸਿੰਘ ਸਰਪੰਚ, ਸਰਬਾ ਸਿੰਘ, ਜੇਂਟੀ, ਦੀਪਾ ਤੋਲਾਵਾਲ ਆਦਿ ਵੀ ਹਾਜ਼ਰ ਸਨ।

## ਤਰਕਸ਼ੀਲਾਂ ਨੇ ਕਰਵਾਇਆ ਸਿੱਖਿਆਦਾਇਕ ਪ੍ਰੋਗਰਾਮ

**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਸੰਗਰੂਰ-ਬਰਨਾਲਾ ਦੇ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਮੀਡੀਆ ਮੁਖੀ ਸੀਤਾ ਰਾਮ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਭਵਾਨੀਗੜ੍ਹ ਵਿਖੇ ਇਕਾਈ ਬਣਾਉਣ ਲਈ ਸੁਹਿਰਦ ਯਤਨ ਜਾਰੀ ਹਨ, ਭਵਾਨੀਗੜ੍ਹ ਦੇ ਤਰਕਸ਼ੀਲ ਸਾਥੀਆਂ ਦੇ ਯਤਨਾਂ ਵਿੱਚ ਮਿਹਨਤ, ਲਗਨ ਤੇ ਪ੍ਰਤੀਬੱਧਤਾ ਝਲਕਦੀ ਹੈ, ਸਿੱਟੇ ਵਜੋਂ ਉਨ੍ਹਾਂ ਆਪਣੀ ਮੀਟਿੰਗ ਤੋਂ ਪਹਿਲਾਂ ਪਹਿਲੇ ਦਿਨ ਹੀ ਭਵਾਨੀਗੜ੍ਹ ਪੰਕਜ ਦੇ ਘਰ ਵਿਖੇ ਵਿਦਿਆਰਥੀਆਂ ਲਈ ਤਰਕਸ਼ੀਲ ਪ੍ਰੋਗਰਾਮ ਕਰਵਾਇਆ, ਹਰਪ੍ਰੀਤ ਦਾਸ ਝਨੇੜੀ, ਸੀਤਾ ਰਾਮ, ਜਸਦੇਵ ਸਿੰਘ, ਰਘਵੀਰ ਸਿੰਘ ਤੇ ਮਾਸਟਰ ਪਰਮਵੇਦ ਨੇ ਹਾਜ਼ਰੀਨ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ ਤੇ ਰੂੜੀਵਾਦੀ ਵਿਚਾਰਾਂ ਦੇ ਹਨੇਰੇ ਵਿੱਚ ਨਿਕਲਣ ਤੇ ਆਪਣਾ ਸੋਚਣ ਢੰਗ ਵਿਗਿਆਨਕ ਬਣਾਉਣ ਦਾ ਭਾਵਪੂਰਤ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਦੁਨੀਆ ਵਿੱਚ ਘਟਨਾਵਾਂ ਵਾਪਰਦੀਆਂ ਹਨ, ਉਨ੍ਹਾਂ ਦੇ ਕਾਰਨ ਜਾਨਣਾ ਹੀ ਤਰਕਸ਼ੀਲਤਾ/ਵਿਗਿਆਨਕ ਸੋਚ ਹੈ। ਉਨ੍ਹਾਂ ਹਾਜ਼ਰ ਵਿਦਿਆਰਥੀਆਂ ਨੂੰ ਅਗਸਤ ਮਹੀਨੇ ਤਰਕਸ਼ੀਲ ਸੁਸਾਇਟੀ ਵੱਲੋਂ ਕਰਵਾਈ ਜਾ ਰਹੀ ਪੰਜਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਬਾਰੇ ਵੀ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਇਸ ਪ੍ਰੀਖਿਆ 'ਚ 6ਵੀਂ ਤੋਂ 12ਵੀਂ ਦੇ ਬੱਚੇ ਭਾਗ ਲੈਣ ਸਕਦੇ, ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਤੇ ਪੜ੍ਹਨ ਸਮੱਗਰੀ ਨਾਲ ਸਨਮਾਨਤ ਕੀਤਾ ਜਾਵੇਗਾ, ਸਰਟੀਫਿਕੇਟ ਭਾਗ ਲੈਣ ਵਾਲੇ ਹਰ ਬੱਚੇ ਨੂੰ ਦਿੱਤੇ ਜਾਣਗੇ। ਇਸ ਸਮੇਂ ਜਗਦੇਵ ਕਮੋਮਾਜਰਾ ਨੇ ਜਾਦੂ ਸ਼ੋਅ ਪੇਸ਼ ਕੀਤਾ ਤੇ ਵਿਗਿਆਨਕ ਵਿਚਾਰਾਂ ਦੀ ਜਾਗ ਲਾਈ। ਉਨ੍ਹਾਂ ਕਿਹਾ ਕਿ ਜਾਦੂ ਕਰਾਮਾਤ ਨਾ ਹੋ ਕੇ ਇੱਕ ਕਲਾ ਹੈ, ਹੱਥ ਦੀ ਸਫਾਈ ਹੈ। ਇਸ ਸਮੇਂ ਵਿਦਿਆਰਥੀਆਂ ਨੂੰ ਤਰਕਸ਼ੀਲ ਸਾਹਿਤ ਵੀ ਵੰਡਿਆ ਗਿਆ, ਤਰਕਸ਼ੀਲ ਮੈਗਜ਼ੀਨ ਵੀ ਦਿੱਤੇ ਗਏ। ਮੀਟਿੰਗ ਵਿੱਚ ਹਰਪ੍ਰੀਤ ਦਾਸ, ਰਮੇਸ਼ ਕੁਮਾਰ, ਮਾਸਟਰ ਰਘਵੀਰ ਸਿੰਘ, ਦੀਪਕ ਕੁਮਾਰ, ਇੰਦਰਜੀਤ ਸਿੰਘ, ਕਰਮਜੀਤ ਨਦਾਮਪੁਰ, ਕੁਲਵੰਤ ਸਿੰਘ, ਜਸਵਿੰਦਰ ਸਿੰਘ, ਚਰਨ ਸਿੰਘ, ਪੰਕਜ ਕੁਮਾਰ ਨੇ ਸ਼ਮੂਲੀਅਤ ਕੀਤੀ।

17-May-PAGE-8.qxd 5/16/2023 10:06 PM Page 1



# ਟਾਂਡਾ ਬਲਾਕ ਦੀਆਂ 9 ਪੰਚਾਇਤਾਂ ਨੇ ਨਹਿਰੀ ਪਾਣੀ ਦੇ ਹੱਕ 'ਚ ਮਤੇ ਪਾਏ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਮਿਸਲ ਪੰਜ-ਆਬ ਕਮੇਟੀ ਵੱਲੋਂ ਚਲਾਈ ਗਈ ਨਹਿਰੀ ਪਾਣੀ ਦੀ ਮੰਗ ਲਈ ਮੁਹਿੰਮ ਅਤੇ ਅਵਾਰਾ ਪਸ਼ੂਆਂ ਦੇ ਹੱਲ ਲਈ ਗੁਰਦੁਆਰਾ ਸਿੰਘ ਸਭਾ ਪਿੰਡ ਖੁੱਡਾ ਵਿਖੇ ਇਲਾਕੇ ਦੀਆਂ 9 ਪੰਚਾਇਤਾਂ ਅਤੇ ਕਿਸਾਨਾ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਮਿਸਲ ਪੰਜ-ਆਬ ਵਲੋਂ ਜੁਝਾਰ ਸਿੰਘ ਕੇਸੋਪੁਰ, ਕਿਸਾਨ ਆਗੂ ਜੰਗਵੀਰ ਸਿੰਘ ਚੌਹਾਨ ਅਤੇ ਅਵਤਾਰ ਸਿੰਘ ਸੇਖੋਂ ਨੇ ਨਹਿਰੀ ਪਾਣੀ ਦੀ ਮੰਗ ਦੇ ਸੰਬੰਧ ਵਿੱਚ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਨਹਿਰੀ ਪਾਣੀ ਦਾ ਹਰ ਪਿੰਡ ਨੂੰ ਖੇਤਾਂ ਦੀ ਸਿੰਚਾਈ ਵਾਸਤੇ ਅਤੇ ਸਾਫ ਕਰਕੇ ਪੀਣ ਲਈ ਹਰ ਪਿੰਡ ਵਾਸੀ ਅਤੇ ਹਰ ਸ਼ਹਿਰੀ ਨੂੰ ਮਿਲਣਾਂ ਸਮੇਂ ਦੀ ਮੁੱਢਲੀ ਲੋੜ ਹੈ, ਜਿਸ ਤਰ੍ਹਾਂ ਹਰ ਸਾਲ ਜਮੀਨੀ ਪਾਣੀ ਦਾ ਪੱਧਰ ਨੀਵਾਂ ਜਾ ਰਿਹਾ ਹੈ ਜੇਕਰ ਨਹਿਰੀ ਪਾਣੀ ਨੂੰ ਪ੍ਰਾਪਤ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਾਨੂੰ ਪਾਣੀ ਦੀ ਬੂੰਦ ਬੂੰਦ ਲਈ ਤਰਲੋਂ ਮੱਛੀ ਹੋਣਾ ਪਵੇਗਾ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਸਾਥੋਂ ਪਾਣੀ ਦੇ ਇਸ ਸੰਕਟ ਤੋਂ ਬਚਣ ਲਈ ਸਾਡੇ ਵੱਲੋਂ ਕੀ ਉਪਰਾਲੇ ਕੀਤੇ ਗਏ ਇਸ ਤੇ ਸਵਾਲ ਕਰਨਗੀਆਂ ਇਸ ਲਈ ਅੱਜ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਮਿਸਲ ਪੰਜ-ਆਬ ਵੱਲੋਂ ਨਹਿਰੀ ਪਾਣੀ ਦੀ ਮੰਗ ਲਈ ਚਲਾਈ ਮੁਹਿੰਮ ਨੂੰ ਹਰ ਪਿੰਡ ਦੀ ਪੰਚਾਇਤ ਦੁਆਰਾ ਮਤੇ ਪਾ ਕੇ ਦੇਣ ਦੀ ਲੋੜ ਹੈ ਤਾਂ ਜੋ ਨਹਿਰੀ ਪਾਣੀ ਹਰ ਪਿੰਡ ਹਰ ਸਹਿਰ ਕਸਬੇ ਨੂੰ ਮਿਲ ਸਕੇ। ਇਸ ਮੌਕੇ ਸਿੱਖ ਯੂਥ ਆਫ ਪੰਜਾਬ ਦੇ ਪ੍ਰਧਾਨ ਭਾਈ ਗੁਰਨਾਮ ਸਿੰਘ ਅਤੇ ਡਾ ਜਸਵੀਰ ਸਿੰਘ ਨੇ ਅਵਾਰਾ ਪਸ਼ੂਆਂ ਦੇ ਵਿਸੇ ਤੇ ਬੋਲਦਿਆਂ ਕਿਹਾ ਕਿ ਸਰਕਾਰ ਦੁਆਰਾ ਸਾਨੂੰ ਗਊ ਸੈਸ ਲਗਾਇਆ ਗਿਆ ਹੈ ਪਰ ਫਿਰ ਵੀ ਅਵਾਰਾ ਪਸ਼ੂਆਂ ਦੀ ਗਿਣਤੀ ਇੰਨੀ ਜਿਆਦਾ ਹੈ ਕਿ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਵੱਡੀ ਪੱਧਰ 'ਤੇ ਹੋਣ ਦੇ ਨਾਲ ਨਾਲ ਇਹ ਅਵਾਰਾ ਪਸ਼ੂ ਸੜਕ ਹਾਦਸਿਆ ਦਾ ਕਾਰਨ ਬਣਦੇ ਹਨ ਜਿਸ ਨਾਲ ਜਾਨ ਮਾਲ ਦੋਵਾਂ ਦਾ ਹੀ ਨੁਕਸਾਨ ਹੁੰਦਾ ਹੈ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਇਸ ਮਸਲੇ ਦਾ ਹੱਲ ਸਰਕਾਰ ਤੋਂ ਕਰਵਾਉਣਾ ਚਾਹੀਦਾ ਹੈ। ਇਸ ਤੋਂ ਬਾਅਦ ਬਲਾਕ ਸੰਮਤੀ ਮੈਂਬਰ ਰਤਨ ਸਿੰਘ ਖੁੱਡਾ ਅਤੇ ਗੁਰਪ੍ਰੀਤ ਸਿੰਘ ਖਾਲਸਾ ਨੇ ਨੇ ਸਭਨਾਂ ਦਾ ਇਕੱਠ 'ਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ। ਇਸ ਮੌਕੇ 9 ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਮਤੇ ਪਾ ਕੇ ਮਿਸਲ ਪੰਜ-ਆਬ ਕਮੇਟੀ ਦੇ ਅਹੁਦੇਦਾਰਾਂ ਨੂੰ ਸੌਂਪੇ ਗਏ। ਇਸ ਮੌਕੇ ਸਰਪੰਚ ਡਾ.ਜਸਵੀਰ ਸਿੰਘ ਖੁੱਡਾ, ਬੰਤ ਸਿੰਘ ਜੀਆ ਨੱਥਾ , ਸਰਦਾਰਾ ਸਿੰਘ ਜੱਕੋਵਾਲ, ਵਰਿੰਦਰਜੀਤ ਸਿੰਘ ਦਵਾਖਰੀ, ਨਰਾਇਣ ਸਿੰਘ ਖੁਣਖੁਣ, ਸਰਵਣ ਸਿੰਘ ਰਲਹਣਾ, ਬਲਵਿੰਦਰ ਸਿੰਘ ਬਗੋਲ ਕਲਾ , ਸਰਪੰਚ ਜਰਨੈਲ ਸਿੰਘ ਕੁਰਾਲਾ, ਸਤਿੰਦਰ ਸਿੰਘ ਬਗੋਲ ਖੁਰਦ ਤੋਂ ਇਲਾਵਾ ਰਣਜੀਤ ਸਿੰਘ ਢੁੱਡ, ਸੁਰਜੀਤ ਸਿੰਘ, ਜਗਜੀਤ ਸਿੰਘ, ਗੁਰਦੀਪ ਸਿੰਘ, ਰਜਿੰਦਰ ਸਿੰਘ, ਪ੍ਰਦੀਪ ਸਿੰਘ, ਇਲਾਕਾ ਨਿਵਾਸੀ ਹਾਜ਼ਰ ਸਨ।



# ਅਮਨ ਅਰੋੜਾ ਨੇ ਈਲਵਾਲ ਤੇ ਤੂੰਗਾਂ 'ਚ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ ਰੱਖਿਆ ਨੀਂਹ ਪੱਥਰ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪਿੰਡ ਈਲਵਾਲ ਅਤੇ ਤੂੰਗਾਂ ਦੇ ਵਸਨੀਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕਰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਤੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਦੋਵਾਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ। ਅਮਨ ਅਰੋੜਾ ਵੱਲੋਂ ਪਿੰਡ ਈਲਵਾਲ ਵਿਖੇ ਛੱਪੜ ਦੇ ਨਵੀਨੀਕਰਨ ਲਈ 36 ਲੱਖ ਰੁਪਏ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਪਿੰਡ ਤੂੰਗਾਂ ਵਿਖੇ 45 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਨਵੇਂ ਪੰਚਾਇਤ ਘਰ ਅਤੇ 33 ਲੱਖ ਰੁਪਏ ਦੀ ਲਾਗਤ ਨਾਲ ਛੱਪੜ ਦੇ ਨਵੀਨੀਕਰਨ ਦੇ ਕੰਮ ਦਾ ਨੀਂਹ ਪੱਥਰ ਵੀ ਰੱਖਿਆ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।

# 'ਮਿਸ਼ਨ ਲਾਈਫ' ਤਹਿਤ ਸੈਮੀਨਾਰ ਕਰਵਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਅਤੇ ਮੈਂਬਰ ਸਕੱਤਰ ਦੀਆਂ ਹਦਾਇਤਾਂ 'ਤੇ ਵਰਧਮਾਨ ਯਾਰਨ ਐਂਡ ਥ੍ਰੈਡਜ਼ ਲਿਮਟਿਡ, ਹੁਸ਼ਿਆਰਪੁਰ ਵਿਖੇ ਮੁੱਖ ਮਹਿਮਾਨ ਵਾਤਾਵਰਨ ਇੰਜੀਨੀਅਰ ਸ਼ਿਵ ਕੁਮਾਰ ਵੱਲੋਂ ਊਰਜਾ ਬਚਾਉਣ ਅਤੇ ਈ-ਵੇਸਟ ਨੂੰ ਘਟਾਉਣ ਦੇ ਵਿਸ਼ੇ 'ਤੇ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। 'ਮਿਸ਼ਨ ਲਾਈਫ-ਵਾਤਾਵਰਣ ਮੁਹਿੰਮ ਲਈ ਜੀਵਨ ਸ਼ੈਲੀ'। ਇਸ ਵਿੱਚ ਉਨ੍ਹਾਂ ਨੇ ਐਲ.ਈ.ਡੀ ਬੱਲਬ/ਟਿਊਬ ਲਾਈਟ ਦੀ ਵਰਤੋਂ ਕਰਨ, ਛੱਤ 'ਤੇ ਸੋਲਰ ਵਾਟਰ ਹੀਟਰ ਜਾਂ ਸੋਲਰ ਕੂਕਰ ਹੀਟਰ ਲਗਾਉਣ, ਪੈਟਰੋਲ/ਡੀਜ਼ਲ ਵਾਹਨਾਂ ਨਾਲੋਂ ਸੀ ਐਨ ਵੀ/ਈ.ਵੀ. ਵਾਹਨਾਂ ਨੂੰ ਤਰਜੀਹ ਦੇਣ ਅਤੇ ਇਲੈਕਟ੍ਰਾਨਿਕ ਉਪਕਰਨਾਂ ਨੂੰ ਹਟਾਉਣ ਦੀ ਬਜਾਏ ਇਲੈਕਟ੍ਰਾਨਿਕ ਉਪਕਰਨਾਂ ਦੀ ਮੁਰੰਮਤ ਕਰਕੇ ਉਨ੍ਹਾਂ ਦੀ ਵਰਤੋਂ ਕੀਤੀ ਜਾਵੇ। ਐਸ.ਡੀ.ਓ ਜਤਿੰਦਰ ਕੁਮਾਰ ਵਾਤਾਵਰਨ ਨੇ ਕਿਹਾ ਕਿ ਲੋਕਲ ਜਾਂ ਛੋਟੇ ਸਫ਼ਰ ਲਈ ਸਾਥੀਆਂ ਨਾਲ ਸਾਈਕਲ ਅਤੇ ਕਾਰ ਪੂਲਿੰਗ ਦੀ ਵਰਤੋਂ ਕਰੋ। ਕੰਪਨੀ ਦੇ ਵਿੱਤ ਮੁਖੀ ਤਰੁਣ ਚਾਵਲਾ ਨੇ ਕਿਹਾ ਕਿ ਕੰਪਨੀ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਵਚਨਬੱਧ ਹੈ ਅਤੇ ਅਸੀਂ ਤੁਹਾਨੂੰ ਭਰੋਸਾ ਦਿਵਾਉਂਦੇ ਹਾਂ ਕਿ ਅਸੀਂ ਤੁਹਾਡਾ ਸੁਨੇਹਾ "ਮਿਸ਼ਨ ਲਾਈਫ" ਸਾਰੇ ਕਰਮਚਾਰੀਆਂ ਤੱਕ ਪਹੁੰਚਾਵਾਂਗੇ। ਇਸ ਮੌਕੇ ਡੀ.ਐਸ.ਖ਼ਰਬ, ਪੰਡਿਤ ਜਵਾਹਰ ਲਾਲ ਨਹਿਰੂ, ਪਰਮਿੰਦਰ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ



**ਫਗਵਾੜਾ (ਡਾ. ਰਮਨ)** ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ਼ਹੀਦਾਂ ਸਿੰਘਾਂ ਪਿੰਡ ਹਰਬੰਸਪੁਰ (ਜਗਜੀਤਪੁਰ) ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾ ਰਹੇ ਤਿੰਨ ਰੋਜ਼ਾ ਮਹਾਨ ਸ਼ਹੀਦੀ ਸਮਾਗਮ ਦੇ ਦੂਸਰੇ ਦਿਨ ਸਿੱਖ ਜਥੇਬੰਦੀਆਂ, ਸਮੂਹ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦਾ ਪਿੰਡ ਹਰਬੰਸਪੁਰ/ਜਗਜੀਤਪੁਰ ਤੋਂ ਇਲਾਵਾ ਪਿੰਡ ਪ੍ਰੇਮਪੁਰ, ਸਾਹਨੀ, ਪਾਂਛਟ ਮੋੜ, ਰੋਮੀ ਢਾਬਾ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਵੱਖ-ਵੱਖ ਪੜਾਵਾਂ 'ਤੇ ਢਾਡੀ ਜੱਥਾ ਗੁਰਦਿਆਲ ਸਿੰਘ ਲੱਖਪੁਰ ਵਾਲਿਆਂ ਨੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੰਗਤਾਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸੁੰਦਰ ਰੁਮਾਲੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਂਟ ਕੀਤੇ ਗਏ। ਢਾਡੀ ਦਰਬਾਰ ਦੁਪਹਿਰ 2 ਵਜੇ ਤੱਕ ਸਜਾਇਆ ਜਾਵੇਗਾ। ਜਿਸ ਵਿਚ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ (ਨੰਗਲ ਮੱਝਾ), ਭਗਵਾਨ ਸਿੰਘ ਹੈੱਡ ਗ੍ਰੰਥੀ ਪਿੰਡ ਸਾਹਨੀ, ਹੈੱਡ ਗ੍ਰੰਥੀ ਸਤਨਾਮ ਸਿੰਘ ਗੁਰਦੁਆਰਾ ਸ਼ਹੀਦਾਂ ਸਿੰਘਾਂ ਪਿੰਡ ਹਰੰਸਪੁਰ/ਜਗਜੀਤਪੁਰ ਵਲੋਂ ਸੰਗਤਾਂ ਨੂੰ ਢਾਡੀ ਵਾਰਾਂ, ਕਥਾ ਕੀਰਤਨ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਮੁੱਖ ਸੇਵਾਦਾਰ ਜਰਨੈਲ ਸਿੰਘ, ਸਤਪਾਲ ਸਿੰਘ, ਜਸਬੀਰ ਸਿੰਘ ਸੋਨੀ, ਗੁਰਮੀਤ ਸਿੰਘ, ਗੁਰਦੀਪ ਸਿੰਘ, ਮੇਜਰ ਸਿੰਘ, ਅਜੈਬ ਸਿੰਘ ਪ੍ਰਧਾਨ ਗੁਰਦੁਆਰਾ ਨਾਨਕਸਰ ਹਰਬੰਸਪੁਰ/ਜਗਜੀਤਪੁਰ, ਮਹਿੰਦਰ ਸਿੰਘ, ਗੁਰਮੁਖ ਸਿੰਘ, ਲਖਵਿੰਦਰ ਸਿੰਘ, ਭੁਪਿੰਦਰ ਸਿੰਘ ਭਿੰਦੀ, ਰਣਜੋਧ ਸਿੰਘ, ਮਾਲਾ ਸਿੰਘ, ਟਹਿਲ ਸਿੰਘ, ਸਰਪੰਚ ਨਛੱਤਰ ਸਿੰਘ, ਕੇਵਲ ਸਿੰਘ, ਹਰਮੇਸ਼ ਸਿੰਘ, ਤੀਰਥ ਸਿੰਘ, ਜੋਗਾ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਪ੍ਰਿੰਸੀਪਲ ਰਚਨਾ ਕੌਰ ਨੇ ਨਿਯੁਕਤੀ ਪੱਤਰ ਸੌਂਪੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਭਰ ਦੇ ਤਕਨੀਕੀ ਸਿੱਖਿਆ ਦੇ ਸਰਵੋਤਮ ਕਾਲਜ਼ਾਂ ਵਿੱਚ ਜਾਣੇ ਜਾਂਦੇ ਪੰਡਤ ਜਗਤ ਰਾਮ ਸਰਕਾਰੀ ਪੋਲੀਟੈਕਨਿਕ ਕਾਲਜ ਹੁਸ਼ਿਆਰਪੁਰ ਜੋ ਕਿ ਦਹਾਕਿਆਂ ਤੋਂ ਇਲਾਕੇ ਦੀ ਸੇਵਾ ਕਰ ਰਿਹਾ ਹੈ ਵਿਖੇ ਨਿਯੁਕਤੀ ਪੱਤਰ ਵੰਡਣ ਲਈ ਇਕ ਸਮਾਗਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਸ਼੍ਰੀਮਤੀ ਰਚਨਾ ਕੌਰ ਨੇ ਕੀਤੀ। ਬੇਂਗਲੁਰੂ ਦੀ ਪ੍ਰਸਿੱਧ ਬਹੁਰਾਸ਼ਟਰੀ ਕੰਪਨੀ ਵੱਲੋਂ ਕਾਲਜ ਦੇ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਦੇ ਆਖਰੀ ਸਾਲ ਦੇ ਵਿਦਿਆਰਥੀਆਂ ਨੂੰ ਨੌਕਰੀ ਲਈ ਸਿਲੈਕਟ ਕਰਕੇ ਕਾਲਜ ਦਾ ਹੋਰ ਮਾਣ ਵਧਾਇਆ ਗਿਆ। ਪ੍ਰਿਸੀਪਲ ਸ਼੍ਰੀਮਤੀ ਰਚਨਾ ਕੌਰ ਵੱਲੋਂ ਸਲੈਕਟ ਹੋਏ ਵਿਦਿਆਰਥੀਆਂ ਵਿਵੇਕ, ਰਜਤ, ਰੋਹਿਤ, ਗੁਰਪ੍ਰੀਤ ਸਿੰਘ, ਕਮਲਪ੍ਰੀਤ, ਹਰਸ਼, ਤਰੁਨ, ਗੁਰਪ੍ਰੀਤ ਅਤੇ ਅਵਤਾਰ ਨੂੰ ਨਿਯੁਕਤੀ ਪੱਤਰ ਵੰਡੇ ਗਏ ਅਤੇ ਉਨ੍ਹਾਂ ਨੂੰ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰਨ ਦੀ ਅਪੀਲ ਕੀਤੀ ਤਾਂ ਕਿ ਉਹ ਆਪਣੇ ਮਾਤਾ-ਪਿਤਾ ਅਤੇ ਕਾਲਜ ਦਾ ਨਾਮ ਰੋਸ਼ਨ ਕਰ ਸਕਣ। ਉਨ੍ਹਾਂ ਨੇ ਵਿਦਿਆਰਥੀਆਂ ਦੇ ਆਉਣ ਵਾਲੇ ਉਜਵਲ ਭਵਿੱਖ ਲਈ ਵੀ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਿਭਾਗ ਦੇ ਮੁੱਖੀ ਪ੍ਰੋਫੈਸਰ ਖੁਸ਼ਵਖਤ ਸਿੰਘ ਅਤੇ ਸਮੂਹ ਸਟਾਫ ਵੱਲੋਂ ਵੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਗਈ।

# ਸੂਬੇ ਦੀ ਤਰੱਕੀ 'ਚ ਕਿਰਤੀ ਵਰਗ ਦਾ ਅਹਿਮ ਯੋਗਦਾਨ : ਅਨਮੋਲ ਗਗਨ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ ਪ੍ਰੋਤਸਾਹਨ ਅਤੇ ਪ੍ਰਾਹੁਣਚਾਰੀ ਮੰਤਰੀ ਅਨਮੋਲ ਗਗਨ ਮਾਨ ਨੇ ਦੱਸਿਆ ਕਿ ਉਸਾਰੀ ਕਿਰਤੀ ਜਿਵੇਂ ਮਿਸਤਰੀ, ਫਰਸ਼ ਰਗੜਾਈ ਕਰਨ ਵਾਲੇ ਕਾਮੇ, ਸ਼ੀਸ਼ੇ ਲਗਾਉਣ ਵਾਲੇ ਕਾਮੇ, ਤਰਖਾਣ, ਪਲੰਬਰ, ਵੈਲਡਰ, ਇਲੈਕਟ੍ਰੀਸ਼ੀਅਨ, ਪੇਂਟਰ, ਪੀ.ਓ.ਪੀ ਕਾਮੇ, ਸੜਕ ਬਣਾਉਣ ਵਾਲੇ ਕਾਮੇ, ਬਿਲਡਿੰਗ ਨਿਰਮਾਣ ਕਰਨ ਵਾਲੇ ਆਦਿ ਕਾਮੇ ਜੋ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ ਵੈਲਫੇਅਰ ਬੋਰਡ ਨਾਲ ਰਜਿਸਟਰਡ ਹੋਣ ਉਹ ਸੂਬਾ ਸਰਕਾਰ ਦੀ ਕਿਰਤੀ ਭਲਾਈ ਸਕੀਮਾਂ ਦੇ ਲਾਭਪਾਤਰੀ ਬਣ ਸਕਦੇ ਹਨ। ਉਨਾਂ ਨੇ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸਨ ਵਰਕਰਜ ਵੈਲਫੇਅਰ ਬੋਰਡ ਦੀਆਂ ਕਿਰਤ ਭਲਾਈ ਸਕੀਮਾਂ ਵਿੱਚ ਵਜੀਫਾ ਸਕੀਮ, ਸਗਨ ਸਕੀਮ, ਐਕਸਗ੍ਰੇਸ਼ੀਆ ਸਕੀਮ, ਐਨਕਾਂ, ਦੰਦਾਂ ਅਤੇ ਸੁਣਨ ਵਾਲੀਆਂ ਮਸ਼ੀਨਾਂ ਅਤੇ ਹੋਰ ਸਕੀਮਾਂ ਸ਼ਾਮਲ ਹਨ ਮੰਤਰੀ ਨੇ ਕਿਹਾ ਕਿ ਕੋਈ ਵੀ ਉਸਾਰੀ ਕਿਰਤੀ ਜਿਸ ਨੇ ਪਿਛਲੇ 12 ਮਹੀਨਿਆਂ ਵਿਚ 90 ਦਿਨਾਂ ਤੋਂ ਵੱਧ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ ਅਤੇ ਉਸ ਦੀ ਉਮਰ 18-60 ਸਾਲਾਂ ਵਿਚਕਾਰ ਹੋਵੇ ਉਹ ਵਿਅਕਤੀ ਲਾਭਪਾਤਰੀ ਬਣ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਸਾਰੀ ਕਿਰਤੀ ਨੇੜੇ ਦੇ ਸੇਵਾ ਕੇਂਦਰ ਵਿਚ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ। ਇਸ ਤੋਂ ਇਲਾਵਾ ਮੰਤਰੀ ਨੇ ਅੱਗੇ ਦੱਸਿਆ ਕਿ ਉਸਾਰੀ ਕਿਰਤੀਆਂ ਨੂੰ ਵੱਡੀ ਸਹੂਲਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਮੋਬਾਈਲ ਐਪ "ਪੰਜਾਬ ਕਿਰਤੀ ਸਹਾਇਕ" ਪਹਿਲਾਂ ਹੀ ਲਾਂਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਮੋਬਾਈਲ ਐਪ ਨਾਲ ਉਸਾਰੀ ਕਿਰਤੀ ਨੂੰ ਸੁਵਿਧਾ ਕੇਂਦਰ ਵਿੱਚ ਜਾਣ ਦੀ ਵੀ ਲੋੜ ਨਹੀਂ ਹੈ, ਸਗੋਂ ਉਹ ਆਪਣੇ ਮੋਬਾਈਲ ਫੋਨ ਦੀ ਵਰਤੋਂ ਕਰਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ ਅਤੇ ਰਾਜ ਸਰਕਾਰ ਦੀਆਂ ਕਿਰਤੀ ਭਲਾਈ ਸਕੀਮਾਂ ਦਾ ਲਾਭ ਲੈ ਸਕਦਾ ਹੈ।

# ਹਿਮਾਲਿਆ ਐੱਫ ਪੀ ਓ ਵੱਲੋਂ ਬੀ ਡੀ ਪੀ ਓ ਟਾਂਡਾ ਵਿਖੇ ਮੀਟਿੰਗ



**ਅੱਡਾਂ ਸਰਾਂ/ਟਾਂਡਾ (ਜਸਵੀਰ ਕਾਜਲ)** ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈੱਲਪਮੈਂਟ ਪੰਜਾਬ ਚੰਡੀਗੜ੍ਹ ਅਤੇ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹਿਮਾਲਿਆ ਫਾਰਮਰ ਪ੍ਰੋਡਿਊਸਰ ਆਰਗੇਨਾਈਜੇਸ਼ਨ ਬਲਾਕ ਟਾਂਡਾ ਦੀ ਮੀਟਿੰਗ ਸੁਖਵਿੰਦਰਜੀਤ ਸਿੰਘ ਸਰਪੰਚ ਝਾਵਾ ਅਤੇ ਪ੍ਰਧਾਨ ਹਿਮਾਲਿਆ ਐਫ.ਪੀ.ਓ. ਬਲਾਕ ਟਾਂਡਾ ਦੀ ਅਗਵਾਈ ਹੇਠ ਬੀ.ਡੀ.ਪੀ.ਓ.ਆਫਿਸ ਟਾਂਡਾ ਵਿਖੇ ਕੀਤੀ ਗਈ। ਜਿਸ ਵਿੱਚ ਹਿਮਾਲਿਆ ਐਫ.ਪੀ.ਓ. ਵੱਲੋਂ ਬਲਾਕ ਟਾਡਾ ਦੇ 24 ਪਿੰਡਾਂ ਦੀ ਚੋਣ ਕਰਕੇ ਉਨ੍ਹਾਂ ਪਿੰਡਾਂ ਦੇ ਕਿਸਾਨਾਂ ਨੂੰ ਖੇਤੀਬਾੜੀ ਅਤੇ ਸਹਾਇਕ ਧੰਦਿਆ ਵਿੱਚ ਲਾਭ ਪਹੁੰਚਾਉਣ ਅਤੇ ਕਿਸਾਨਾਂ ਦਾ ਆਰਥਿਕ ਪੱਧਰ ਉੱਚਾ ਚੁੱਕਣ ਸਬੰਧੀ ਅਜੰਡਿਆਂ ਬਾਰੇ ਵਿਚਾਰ ਚਰਚਾ ਕੀਤੀ ਗਈ ਅਤੇ ਇਸ ਮੌਕੇ ਬੀ.ਡੀ.ਪੀ.ਓ. ਟਾਂਡਾ ਵੱਲੋਂ ਇਕਬਾਲ ਸਿੰਘ ਸੁਪਰਡੈਂਟ ਬੀ.ਡੀ.ਪੀ.ਓ. ਦਫਤਰ ਬਲਾਕ ਟਾਂਡਾ ਨੂੰ ਹਿਮਾਲਿਆ ਐਫ.ਪੀ.ਓ. ਬਲਾਕ ਟਾਂਡਾ ਦਾ ਐਕਸ਼ਨ ਪਲਾਨ ਦਿੱਤਾ ਗਿਆ ਅਤੇ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਮੌਕੇ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਦੇ ਦੱਸਿਆ ਕਿ ਐਫ.ਪੀ.ਓ.ਵੱਲੋ ਚੋਣ ਕੀਤੇ ਪਿੰਡਾਂ ਦੇ ਕਿਸਾਨਾਂ ਨੂੰ ਖੇਤੀ ਸਬੰਧੀ ਆ ਰਹੀਆਂ ਸਮੱਸਿਆਵਾਂ ਦੇ ਹੱਲ, ਉਨ੍ਹਾਂ ਦੀਆਂ ਫਸਲਾਂ ਦਾ ਸਹੀ ਮੁੱਲ ਪ੍ਰਾਪਤ ਕਰਵਾਉਣ, ਗਰੇਡਿੰਗ, ਪ੍ਰੋਸੈਸਿੰਗ, ਪੈਕਜਿੰਗ, ਡਾਇਰੈਕਟ ਮਾਰਕੀਟਿੰਗ, ਆਰਗਿਆਨਿਕ ਖੇਤੀ ਕਰਨ ਅਤੇ ਘਰੇਲੂ ਬਗੀਚੀਆ ਆਦਿ ਵਿਸ਼ਿਆ ਲਈ ਪਿੰਡ ਪੱਧਰ ਜਾਗਰੂਕਤਾ ਮੀਟਿੰਗ ਦੀ ਮੁਹਿੰਮ ਚਲਾਈ ਜਾਵੇਗੀ। ਇਸ ਮੌਕੇ ਸੁਖਵਿੰਦਰਜੀਤ ਸਿੰਘ ਨੇ ਜ਼ਹਿਰਾਂ ਮੁਕਤ ਕੁਦਰਤੀ ਖੇਤੀ ਕਰਨ ਬਾਰੇ ਸੁਝਾਅ ਦਿੱਤਾ ਅਤੇ ਕਿਹਾ ਕਿ ਹਿਮਾਲਿਆ ਐਫ.ਪੀ.ਓ. ਦਾ ਇਹ ਉਪਰਾਲਾ ਸ਼ਲਾਘਾ ਯੋਗ ਹੈ ਜਿਸ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨਾ ਚਾਹੀਦਾ ਹੈ। ਇਸ ਮੌਕੇ ਮੋਹਿਤ ਏ.ਪੀ.ਓ.ਬਲਾਕ ਟਾਂਡਾ ਨੇ ਕਿਹਾ ਕਿ ਐਫ.ਪੀ.ਓ. ਕਿਸਾਨਾਂ ਦੀਆ ਸਮੱਸਿਆਵਾਂ ਨੂੰ ਹੱਲ ਕਰਕੇ ਉਨ੍ਹਾਂ ਨੂੰ ਖੁਸ਼ਹਾਲ ਬਣਾਉਣ ਦੇ ਉਦੇਸ਼ ਨਾਲ ਕੰਮ ਕਰ ਰਹੀ ਹੈ ਜਿਸ ਵਿੱਚ ਸਾਡੇ ਵੱਲੋਂ ਪੂਰਨ ਸਹਿਯੋਗ ਕੀਤਾ ਜਾਵੇਗਾ। ਇਸ ਮੌਕੇ ਸੁਮਨਾ ਦੇਵੀ ਸੀ.ਈ.ਓ. ਹਿਮਾਲਿਆ ਐਫ.ਪੀ.ਓ., ਸੁਖਜੀਤ ਕੌਰ, ਹਰਦੀਪ ਸਿੰਘ, ਸਰਪੰਚ ਅਤੇ ਹੋਰ ਹਾਜ਼ਰ ਸਨ।

# ਦੋਆਬੇ ਦੀ ਰਾਜਨੀਤੀ 'ਚ ਸੁਸ਼ੀਲ ਰਿੰਕੂ ਦਾ ਕੱਦ ਵਧਿਆ

**ਜਲੰਧਰ, (ਯੋਗੇਸਵਰ, ਰੀਨਾ ਸ਼ਰਮਾ)** : ਦੋਆਬੇ 'ਚ ਜਲੰਧਰ ਲੋਕ ਸਭਾ ਸੀਟ ਦੀ ਜ਼ਿਮਨੀ ਚੋਣ ਜਿੱਤਣ ਤੋਂ ਬਾਅਦ ਦੁਆਬੇ 'ਚ ਸੁਸ਼ੀਲ ਕੁਮਾਰ ਰਿੰਕੂ ਦਾ ਕੱਦ ਵਧ ਗਿਆ ਹੈ ਅਤੇ ਕੇਜਰੀਵਾਲ ਤੇ ਭਗਵੰਤ ਮਾਨ ਦਾ ਉਨ੍ਹਾਂ 'ਚ ਭਰੋਸਾ ਵੀ ਵੱਧ ਗਿਆ ਹੈ। ਜਲੰਧਰ ਸੰਸਦੀ ਸੀਟ 'ਤੇ ਇਤਿਹਾਸਕ ਜਿੱਤ ਦਰਜ ਕਰਨ ਤੋਂ ਬਾਅਦ ਨਵੇਂ ਚੁਣੇ ਗਏ ਸੰਸਦ ਮੈਂਬਰ ਸੁਸੀਲ ਕੁਮਾਰ ਰਿੰਕੂ ਨੇ ਪੰਜਾਬ ਦੇ ਸੀ. ਐੱਮ. ਭਗਵੰਤ ਮਾਨ ਦੇ ਨਾਲ ਐਤਵਾਰ ਸਵੇਰੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਉਨ੍ਹਾਂ ਦੀ ਰਿਹਾਇਸ 'ਤੇ ਮਿਲੇ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਉਨ੍ਹਾਂ ਦਾ ਆਸ਼ੀਰਵਾਦ ਲਿਆ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੂੰ ਪੰਜਾਬ ਅਤੇ ਉੱਥੋਂ ਦੇ ਲੋਕਾਂ ਦੇ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ ਸੰਸਦ 'ਚ ਮਜਬੂਤੀ ਨਾਲ ਉਠਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਦੌਰਾਨ ਰਾਜ ਸਭਾ ਮੈਂਬਰ ਸੰਜੇ ਸਿੰਘ ਅਤੇ ਅਸ਼ੋਕ ਮਿੱਤਲ ਵੀ ਮੌਜੂਦ ਰਹੇ। ਮੀਟਿੰਗ ਤੋਂ ਬਾਅਦ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਮੇਰੇ ਲਈ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਆਸ਼ੀਰਵਾਦ ਹੀ ਕਾਫੀ ਹੈ। ਜਲੰਧਰ ਦੇ ਲੋਕਾਂ ਨੇ ਭਾਰੀ ਜਨ ਸਮਰਥਨ ਦੇ ਕੇ ਸਾਨੂੰ ਜਿਤਾਇਆ ਹੈ। ਇਸ ਦੇ ਲਈ ਮੈਂ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਾ ਹਾਂ ਅਤੇ ਉਨ੍ਹਾਂ ਦਾ ਆਸ਼ੀਰਵਾਦ ਲੈਣ ਆਇਆ ਹਾਂ। ਇਸ ਮੌਕੇ ਰਿੰਕੂ ਨੇ ਕਿਹਾ ਮੈਂ ਜਲੰਧਰ ਸਮੇਤ ਪੂਰੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਸੀ. ਐੱਮ. ਭਗਵੰਤ ਮਾਨ ਨੇ ਜੋ ਵਾਅਦੇ ਕੀਤੇ ਹਨ, ਉਹ ਸਾਰੇ ਪੂਰੇ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਆਪਣਾ ਰੋਡਮੈਪ ਸਿਰਫ 11 ਮਹੀਨਿਆਂ ਦੇ ਬਾਕੀ ਰਹਿੰਦੇ ਕਾਰਜਕਾਲ ਨੂੰ ਲੈ ਕੇ ਨਹੀਂ ਚੱਲ ਰਹੇ ਹਾਂ, ਸਗੋਂ ਉਸ ਤੋਂ ਬਾਅਦ ਅਗਲੇ 5 ਸਾਲਾਂ ਦਾ ਰੋਡਮੈਪ ਲੈ ਕੇ ਚੱਲ ਰਹੇ ਹਾਂ।

# ਸਨਫ਼ੀਲਡਜ਼ ਇੰਟਰਨੈਸ਼ਨਲ ਸਕੂਲ ਦਾ 10ਵੀਂ ਤੇ 12ਵੀਂ ਦਾ ਨਤੀਜਾ



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** - ਸੀ ਬੀ ਐਸ ਈ ਵੱਲੋਂ ਐਲਾਨੇ ਗਏ ਨਤੀਜੇ 'ਚ ਸਨਫ਼ੀਲਡਜ਼ ਇੰਟਰਨੈਸ਼ਨਲ ਸਕੂਲ ਸਿਸਵਾਂ ਰੋਡ ਕੁਰਾਲੀ ਦਾ 10ਵੀਂ ਤੇ 12ਵੀਂ ਜਮਾਤ ਦਾ ਨਤੀਜਾ 100 ਫੀਸਦੀ ਆਉਣ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪ੍ਰਿੰ. ਹਰਿੰਦਰ ਹੁੰਦਲ ਨੇ ਦੱਸਿਆ ਕਿ ਸਕੂਲ ਦਾ ਵਿਦਿਆਰਥੀ ਸੀ ਬੀ ਐਸ ਈ ਵੱਲੋਂ ਐਲਾਨ 12ਵੀਂ ਦੇ ਨਤੀਜੇ 'ਚ ਮੈਡੀਕਲ ਗਰੁੱਪ 'ਚ ਦਲਜੀਤ ਕੌਰ 89.2 ਫੀਸਦੀ ਅੰਕ ਹਾਸਲ ਕਰ ਅਵੱਲ ਰਹੀ, ਨਾਨ ਮੈਡੀਕਲ ਸਟੀਮ ਚ ਹਰਮਨ ਸਿੰਘ ਨੇ 80 ਫੀਸਦੀ ਅਤੇ ਇਸੇ ਤਰ੍ਹਾਂ ਕਾਮਰਸ ਗਰੁੱਪ 'ਚ ਨਵਰਾਜ ਸਿੰਘ 75 ਫੀਸਦੀ ਅੰਕ ਹਾਸਲ ਕੀਤੇ। ਸੀ ਬੀ ਐਸ ਈ ਵੱਲੋਂ ਐਲਾਨੇ 10ਵੀਂ ਦੇ ਨਤੀਜੇ 'ਚ ਹਰਜੋਤ ਸਿੰਘ 92.4 ਫੀਸਦੀ ਨੰਬਰ ਹਾਸਲ ਕਰਕੇ ਸਕੂਲ 'ਚ ਪਹਿਲੇ ਸਥਾਨ 'ਤੇ ਰਿਹਾ ਜਦਕਿ ਸਮੀਕਸ਼ਾ ਨੇ 85 ਫੀਸਦੀ ਅੰਕ ਹਾਸਲ ਕਰਕੇ ਦੂਜਾ ਸਥਾਨ 'ਤੇ ਅਤੇ ਇਸੇ ਤਰ੍ਹਾਂ ਪਰਣਵ ਸ਼ੁਕਲਾ 84.2 ਫੀਸਦੀ ਅੰਕਾਂ ਨਾਲ ਤੀਜੇ ਸਥਾਨ 'ਤੇ ਰਿਹਾ ਹੈ। ਇਨ੍ਹਾਂ ਵਿਦਿਆਰਥੀਆਂ ਨੇ 10ਵੀਂ ਅਤੇ 12ਵੀਂ ਜਮਾਤ ਦੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰ: ਹਰਿੰਦਰ ਹੁੰਦਲ ਨੇ ਸਕੂਲ ਦਾ ਨਤੀਜਾ ਵਧੀਆ ਆਉਣ 'ਤੇ ਸਮੂਹ ਸਟਾਫ ਅਤੇ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# 'ਸੁਰੱਖਿਅਤ ਪੰਜਾਬ-ਸੋਹਣਾ ਪੰਜਾਬ' ਤਹਿਤ 7ਵੇਂ ਯੂ ਐਨ ਗਲੋਬਲ ਸੜਕ ਸੁਰੱਖਿਆ ਹਫਤੇ ਦੀ ਸ਼ੁਰੂਆਤ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ 'ਸੁਰੱਖਿਅਤ ਪੰਜਾਬ-ਸੋਹਣਾ ਪੰਜਾਬ ਮੁਹਿੰਮ' ਤਹਿਤ 7ਵੇਂ ਯੂ.ਐਨ ਗਲੋਬਲ ਸੜਕ ਸੁਰੱਖਿਆ ਹਫਤੇ ਦੀ ਸ਼ੁਰੂਆਤ ਮੋਹਾਲੀ ਦੇ ਸ਼ਿਲਿਕ ਸਕੂਲ ਤੋਂ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਹਫਤਾ ਪੂਰੀ ਦੁਨੀਆਂ ਵਿਚ ਮਨਾਇਆ ਜਾ ਰਿਹਾ ਹੈ ਤਾਂ ਜੋ ਸੜਕ ਸੁਰੱਖਿਆ ਬਾਬਤ ਜਾਗਰੂਕਤਾ ਪੈਦਾ ਕਰਕੇ ਸੜਕ ਹਾਦਸਿਆਂ ਅਤੇ ਹਾਦਸਿਆਂ ਦੌਰਾਨ ਮੌਤਾਂ ਦੀ ਦਰ ਨੂੰ ਘਟਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ 'ਚ ਹਰ ਵਰ੍ਹੇ 4500 ਤੋਂ ਵੱਧ ਕੀਮਤੀ ਜਾਨਾਂ ਸੜਕ ਹਾਦਸਿਆਂ 'ਚ ਜਾਂਦੀਆਂ ਹਨ, ਜਿਨ੍ਹਾਂ 'ਚ ਵੱਡੀ ਗਿਣਤੀ 15 ਸਾਲ ਤੋਂ ਲੈ ਕੇ 45 ਸਾਲ ਦੀ ਉਮਰ ਦੇ ਵਿਅਕਤੀ ਸ਼ਾਮਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇਸ ਸੜਕ ਸੁਰੱਖਿਆ ਹਫਤੇ ਦੀ ਸ਼ੁਰੂਆਤ ਮੋਹਾਲੀ ਤੋਂ ਕੀਤੀ ਗਈ ਹੈ ਜਿਸ ਦੌਰਾਨ ਸੂਬੇ ਭਰ ਵਿੱਚ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਲਈ ਉਪਰਾਲੇ ਕੀਤੇ ਜਾਣਗੇ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ "ਫਰਿਸਤੇ ਸਕੀਮ" ਸ਼ੁਰੂ ਕੀਤੀ ਹੈ ਜਿਸ ਤਹਿਤ ਸੜਕ ਹਾਦਸੇ ਦੇ ਜਖ਼ਮੀ ਵਿਅਕਤੀ ਨੂੰ ਹਸਪਤਾਲ ਲੈ ਕੇ ਜਾਣ ਲਈ 5 ਹਜਾਰ ਰੁਪਏ ਇਨਾਮ ਦਿੱਤਾ ਜਾਂਦਾ ਹੈ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੜਕ ਸੁਰੱਖਿਆ ਬਹੁਤ ਜਰੂਰੀ ਹੈ।

ਸੜਕ ਹਾਦਸੇ 'ਚ ਮੌਤ ਹੋਣਾ ਹੀ ਨੁਕਸਾਨ ਨਹੀਂ ਹੈ, ਸਰੀਰ ਦਾ ਨਕਾਰਾ ਹੋਣਾ ਵੀ ਬਹੁਤ ਖਤਰਨਾਕ ਹੈ। ਹਰ ਰੋਜ ਵੱਡੀ ਗਿਣਤੀ ਲੋਕ ਸੜਕ ਹਾਦਸਿਆਂ ਦੀ ਭੇਟ ਚੜ੍ਹਦੇ ਹਨ। ਇਸ ਲਈ ਜਰੂਰੀ ਹੈ ਕਿ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾਂਦਾ ਰਹੇ। ਡਾਇਰੈਕਟਰ ਜਨਰਲ ਲੀਡ ਏਜੰਸੀ ਪੰਜਾਬ ਸੜਕ ਸੁਰੱਖਿਆ ਕੌਂਸਲ ਆਰ. ਵੈਂਕਟਮ ਰਤਨਮ ਨੇ ਦੱਸਿਆ ਕਿ ਗਲੋਬਲ ਸੜਕ ਸੁਰੱਖਿਆ ਹਫਤੇ ਦਾ ਇਹ 7ਵਾਂ ਐਡੀਸਨ 21 ਮਈ ਤੱਕ ਚੱਲੇਗਾ ਜਿਸ ਤਹਿਤ ਟਿਕਾਊ ਆਵਾਜਾਈ, ਖਾਸ ਤੌਰ 'ਤੇ ਪੈਦਲ ਚੱਲਣ, ਸਾਈਕਲ ਚਲਾਉਣ ਅਤੇ ਜਨਤਕ ਆਵਾਜਾਈ ਦੀ ਵਰਤੋਂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਜਾਵੇਗਾ।

# ਜੀ ਆਰ ਡੀ ਇੰਟਰਨੈਸ਼ਨਲ ਸਕੂਲ ਟਾਂਡਾ 'ਚ ਮਦਰ-ਡੇ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਸ੍ਰੀ ਗੁਰੂ ਰਾਮਦਾਸ ਸੇਵਾ-ਸਿਮਰਨ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਟਰਨੈਸਨਲ ਪਬਲਿਕ ਸਕੂਲ ਟਾਂਡਾ ਮਦਰ ਡੇਅ ਮਨਾਇਆ ਗਿਆ। ਜੀ ਆਰ ਡੀ ਸਿੱਖਿਆ ਸੰਸਥਾਵਾਂ ਦੇ ਚੇਅਰਪਰਸਨ ਪ੍ਰਦੀਪ ਕੌਰ, ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸਾ-ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਅਗਵਾਈ ਵਿੱਚ ਹੋਏ ਸਮਾਗਮ ਦੌਰਾਨ ਬੱਚਿਆਂ ਨੇ ਬੜੇ ਉਤਸਾਹ ਨਾਲ ਭਾਗ ਲਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਕਿਹਾ ਬੱਚਿਆਂ ਨੂੰ ਮਾਂ ਦਿਵਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਆਪਣੇ ਮਾਪਿਆ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਅਸੀ ਸਾਰੀ ਜ਼ਿੰਦਗੀ ਆਪਣੀ ਮਾਂ ਦਾ ਦੇਣ ਨਹੀਂ ਦੇ ਸਕਦੇ ਕਿਉਂਕਿ ਅੱਜ ਅਸੀਂ ਜਿਸ ਵੀ ਮੁਕਾਮ 'ਤੇ ਹਾਂ ਉਹ ਆਪਣੀ ਮਾਂ ਦੀ ਬਦੌਲਤ ਹੀ ਹਾਂ। ਇਸ ਮੌਕੇ ਦਲਜਿੰਦਰ ਕੌਰ, ਰੇਨੂੰ ਸ਼ਰਮਾ, ਮਨਦੀਪ ਕੌਰ, ਗਗਨਦੀਪ ਕੌਰ, ਮਨਪ੍ਰੀਤ ਕੌਰ, ਸਿਮਰਨ ਕੌਰ, ਕਸ਼ਮੀਰ ਕੌਰ, ਜਸਲੀਨ ਕੌਰ, ਰਾਜਵੀਰ ਕੌਰ, ਸੀਮਾ ਜਾਜਾ, ਮੈਡਮ ਪਿੰਕੀ, ਰਜਨੀ ਸੈਣੀ, ਮੈਡਮ ਪਾਇਲ, ਸਿਮਰਨ ਕੌਰ, ਤੇਜਿੰਦਰ ਕੌਰ, ਬਲਜੀਤ ਕੌਰ, ਮਨਦੀਪ ਕੌਰ, ਮਨਜੀਤ ਕੌਰ, ਰਜਿੰਦਰ ਕੌਰ, ਨਵਪ੍ਰੀਤ ਕੌਰ, ਬਲਜੀਤ ਕੌਰ, ਹਰਦੀਪ ਕੌਰ, ਰਾਜਵਿੰਦਰ ਕੌਰ ਆਦਿ ਵੀ ਮੌਜੂਦ ਸਨ।

# ਗੁਰਦੁਆਰਾ ਬਾਬਾ ਜਵਾਹਰ ਦਾਸ ਦੇ ਸਥਾਨ 'ਤੇ ਲੰਗਰ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**-ਧੰਨ -ਧੰਨ ਬਾਬਾ ਜਵਾਹਰ ਦਾਸ ਸੂਸਾਂ ਵਾਲਿਆਂ ਦੇ ਸਾਲਾਨਾ ਜੋੜ ਮੇਲੇ 'ਤੇ ਗੁਰਦੁਆਰਾ ਪਿੰਡ ਸੂਸਾਂ ਵਿਖੇ ਹਰ ਸਾਲ ਦੀ ਤਰ੍ਹਾਂ ਬੇਲਾਂ ਪਿੰਡ ਦੇ ਹਰਕੀਰਤ ਸਿੰਘ ਨਿੱਝਰ ਪਰਜਿੰਦਰ ਸਿੰਘ ਭੇਲਾ ਤੇ ਉਨਾ ਦੇ ਐਨ ਆਰ ਆਈ ਵੀਰਾਂ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਛੋਲੇ ਨਾਨ ਜਲੇਬੀਆਂ ਤੇ ਠੰਡੇ ਜਲ ਦਾ ਲੰਗਰ ਲਗਾਇਆ ਗਿਆ। ਇਸ



ਮੌਕੇ ਵੱਡੀ ਗਿਣਤੀ 'ਚ ਹਾਜ਼ਰ ਹਰੇ ਸੇਵਾਦਰ ਭੁਪਿੰਦਰ ਸਿੰਘ, ਇੰਦਰਜੀਤ ਸਿੰਘ, ਹਰਕੀਰਤ ਸਿੰਘ ਨਿੱਝਰ ਅਮਰਜੀਤ ਸਿੰਘ, ਮਨਿੰਦਰ ਸਿੰਘ, ਪਰਮਵੀਰ ਸਿੰਘ, ਮਨਪ੍ਰੀਤ ਸਿੰਘ, ਬਲ ਜੋਤ ਨਿੱਝਰ ਪਵਨ ਨਿੱਝਰ, ਹਰਪ੍ਰੀਤ ਸਿੰਘ, ਬਲਜੀਤ ਸਿੰਘ ਪ੍ਰਮਿੰਦਰ ਸਿੰਘ, ਰੋਹਿਤ ਮਾਹੀ, ਹਰਮਨ ਮਾਹੀ, ਸੁੱਖ ਰਾਜ ਸਿੰਘ ਸੁੱਖ ਜੋਤ, ਤਰਨ ਮਾਹੀ, ਮਹੰਦੀ, ਨੰਬਰਦਾਰ ਜਗਵਿੰਦਰ ਸਿੰਘ, ਜਮਨਾ ਸਿੰਘ ਆਦਿ ਹਾਜ਼ਰ ਸਨ।

# ਗੋਇੰਦਵਾਲ ਸਾਹਿਬ ਵਿਖੇ ਪਾਇਪ ਲਾਇਨ ਪਾਉਣ ਦਾ ਕੰਮ ਮੁਕੰਮਲ

**ਸੁਲਤਾਨਪੁਰ ਲੋਧੀ( ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਗੋਇੰਦਵਾਲ ਸਾਹਿਬ ਦੀ ਇਤਿਹਾਸਕ ਬਾਉਲੀ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਬਣਾਏ ਗਏ ਟਰੀਟਮੈਂਟ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਖੇਤਾਂ ਤੱਕ ਪਹੁੰਚਦਾ ਕਰਨ ਲਈ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਇਪ ਲਾਇਨ ਦਾ ਮੋਘਾ ਖੋਲ੍ਹ ਕੇ ਸ਼ੁਰੂਆਤ ਕੀਤੀ। ਉਹਨਾਂ ਗੁਰਦੁਆਰਾ ਸਾਹਿਬ ਜੇਠ ਮਹੀਨੇ ਦੀ ਸੰਗਰਾਂਦ ਮੌਕੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਨਤਮਸਕ ਹੋਣ ਤੇ ਬਾਅਦ ਇਸ ਪ੍ਰੋਜੈਕਟ ਦਾ ਦੌਰਾ ਕੀਤਾ। ਇਸ ਪ੍ਰੋਜੈਕਟ ਨੂੰ ਸੰਤ ਸੀਚੇਵਾਲ ਦੇ ਡਰੀਮ ਪ੍ਰੋਜੈਕਟ ਵਜੋਂ ਵੀ ਦੇਖਿਆ ਜਾ ਰਿਹਾ ਹੈ। ਇਸ ਪ੍ਰੋਜੈਕਟ ਦੀ ਦੇਖ ਰੇਖ ਕਰ ਰਹੇ ਸੰਤ ਸੁਖਜੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਪਵਿੱਤਰ ਬਾਉਲੀ ਨੂੰ ਪ੍ਰਦੂਸ਼ਿਤ ਮੁਕਤ ਕਰਨ ਲਈ ਸੰਗਤਾਂ ਦੇ ਸਹਿਯੋਗ ਨਾਲ ਬਣਾਏ ਗਏ ਟਰੀਟਮੈਂਟ ਪਲਾਂਟ ਦਾ ਸੋਧਿਆ ਹੋਇਆ ਪਾਣੀ 500 ਏਕੜ ਜ਼ਮੀਨ ਦੀ ਸਿੰਚਾਈ ਕਰੇਗਾ। ਉਨ੍ਹਾਂ ਦੱਸਿਆ ਕਿ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਬਣਾਏ ਗਏ ਟਰੀਟਮੈਂਟ ਪਲਾਂਟ ਵਿੱਚ ਜਲੰਧਰ ਤੋਂ ਐਮ.ਪੀ ਰਾਜ ਸਭਾ ਤੇ ਕ੍ਰਿਕਟਰ ਹਰਭਜਨ ਸਿੰਘ ਭੱਜੀ ਨੇ ਵੱਲੋਂ ਆਪਣੇ ਅਖਤਿਆਰੀ ਕੋਟੇ ਵਾਲੀ ਗਰਾਂਟ ਵਿੱਚੋਂ 20 ਲੱਖ ਤੋਂ ਵੱਧ ਦੀ ਰਾਸ਼ੀ ਦਿੱਤੀ ਗਈ। ਉਹਨਾਂ ਦੱਸਿਆ ਕਿ ਇਸ ਕਾਰਸੇਵਾ ਵਿੱਚ ਸੰਗਤਾਂ ਨੇ ਵੀ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਹੈ।

ਸੰਤ ਸੁਖਜੀਤ ਸਿੰਘ ਨੇ ਦੱਸਿਆ ਕਿ ਟਰੀਟਮੈਂਟ ਪਲਾਂਟ ਦਾ ਸੋਧਿਆ ਹੋਇਆ ਪਾਣੀ ਖੇਤਾਂ ਤੱਕ ਪਹੁੰਚਦਾ ਕਰਨ ਲਈ ਇਹ ਪਾਇਪ ਲਾਇਨ 2 ਕਿਲੋਮੀਟਰ ਤੱਕ ਪਾਈ ਗਈ ਹੈ ਜਿਸ ਨਾਲ 200 ਤੋਂ ਵੱਧ ਕਿਸਾਨ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣੀਆਂ ਫ਼ਸਲਾਂ ਨੂੰ ਪਾਣੀ ਲਗਾ ਸਕਣਗੇ। ਉਨ੍ਹਾਂ ਦੱਸਿਆ ਕਿ ਪਾਇਪ ਲਾਈਨ ਵਿੱਚੋਂ ਹੋਰ ਮੋਘੇ ਰੱਖਣ ਦਾ ਬਦਲਵਾ ਪ੍ਰਬੰਧ ਕੀਤਾ ਗਿਆ ਹੈ ਜਿਸ ਨਾਲ 500 ਏਕੜ ਤੱਕ ਪਾਣੀ ਦੀ ਸਿੰਚਾਈ ਹੋ ਸਕੇਗੀ। ਸੰਤ ਸੁਖਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੋਇੰਦਵਾਲ ਸਾਹਿਬ ਦਾ ਇਹ ਪ੍ਰੋਜੈਕਟ ਸੀਚੇਵਾਲ ਮਾਡਲ 'ਤੇ ਆਧਾਰਿਤ ਹੈ। ਜਿਸ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੇ ਨਾਲ-ਨਾਲ ਬਿਜਲੀ ਦੀ ਬੱਚਤ ਵੀ ਹੋਵੇਗੀ। ਕਿਸਾਨਾਂ ਨੂੰ ਖੇਤਾਂ ਵਿੱਚ ਖਾਦ ਘੱਟ ਵਰਤਣੀ ਪਵੇਗੀ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਜਿੱਥੇ ਸੋਧਿਆ ਹੋਇਆ ਪਾਣੀ ਖੇਤਾਂ ਨੂੰ ਲੱਗੇਗਾ ਉੱਥੇ ਹੀ ਇਸੇ ਪਾਇਪ ਲਾਇਨ ਰਾਹੀ ਜ਼ਿਆਦਾ ਬਾਰਿਸ਼ ਪਾਣੀ ਹੋਣ ਤੇ ਡਰੇਨ ਵੀ ਹੋ ਸਕੇਗਾ।



ਇਸ ਮੌਕੇ ਡਾ. ਸਤਨਾਮ ਸਿੰਘ ਧੂੰਧਾ, ਤਹਿਸੀਲਦਾਰ ਸੰਤੋਖ ਸਿੰਘ, ਕੁਲਵਿੰਦਰ ਸਿੰਘ ਐਸ.ਡੀ.ਓ ਬਿਜਲੀ ਬੋਰਡ, ਮਨਜਿੰਦਰ ਸਿੰਘ ਐਸ.ਡੀ.ਓ ਵਾਟਰ ਸਪਲਾਈ, ਜੁਗਰਾਜ ਸਿੰਘ ਮੈਨੇਜਰ, ਸਰਬਜੀਤ ਸਿੰਘ, ਸੁਰਿੰਦਰ ਸਿੰਘ, ਗਰਭਜਨ ਸਿੰਘ, ਵਰਿੰਦਰ ਸਿੰਘ, ਗੁਰਸ਼ਰਨ ਸਿੰਘ ਪੀ.ਏ ਐਮ.ਐਲ.ਏ, ਪਟਵਾਰੀ ਗੁਰਸਾਹਿਬ ਸਿੰਘ, ਰਣਜੀਤ ਸਿੰਘ ਗਿੱਲ, ਸੰਤੋਖ ਸਿੰਘ ਖੈਹਿਰਾ ਅਤੇ ਹਰਦੀਪ ਸਿੰਘ ਆਦਿ ਹਾਜ਼ਰ ਸੀ।

ਗੋਇੰਦਵਾਲ ਸਾਹਿਬ ਦੇ ਗੁਰਦੁਆਰਾ 'ਸ੍ਰੀ ਬਾਉਲੀ ਸਾਹਿਬ' ਸਿੱਖ ਜਗਤ ਲਈ ਬਹੁਤ ਹੀ ਮਹੱਤਵਪੂਰਨ ਧਾਰਮਿਕ ਅਸਥਾਨ ਹੈ। ਉਨ੍ਹਾਂ ਦੱਸਿਆ ਕਿ ਪਰ ਪਿਛਲੇ ਕਈ ਸਾਲਾਂ ਤੋਂ ਇਸ ਸ਼ਹਿਰ ਦਾ ਗੰਦਾ ਪਾਣੀ ਬਿਆਸ ਦਰਿਆ ਦੇ ਪੁਰਾਤਨ ਵਹਿਣ ਵਿਚ ਪੈਣ ਕਾਰਨ ਪਵਿੱਤਰ ਬਾਉਲੀ ਸਾਹਿਬ ਦਾ ਜਲ ਵੀ ਦੂਸ਼ਿਤ ਹੋ ਰਿਹਾ ਸੀ। ਬਾਉਲੀ ਸਾਹਿਬ ਦੇ ਦੂਸ਼ਿਤ ਪਾਣੀ ਕਾਰਨ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚ ਰਹੀ ਸੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਜੂਨ 2022 ਵਿੱਚ ਇਲਾਕੇ ਦੇ ਮਹਾਂਪੁਰਸ਼ਾਂ ਤੇ ਸੰਗਤਾਂ ਨਾਲ ਮਿਲਕੇ ਸੰਤ ਬਲਬੀਰ ਸਿੰਘ ਸੀਚੇਵਾਲ ਜੀ ਦੀ ਅਗਵਾਈ ਹੇਠ ਇਹ ਕਾਰ ਸੇਵਾ ਸ਼ੁਰੂ ਕੀਤੀ ਗਈ ਸੀ।

# ਪਲਕ ਤੇ ਜੋਵਨਜੀਤ ਨੇ ਬੀ ਐੱਡ 'ਚ ਕੀਤਾ ਪਹਿਲਾ ਸਥਾਨ ਪ੍ਰਾਪਤ



**ਜਲੰਧਰ (ਇਕਬਾਲ ਸਿੰਘ ਉੱਭੀ)** ਡਿਪਸ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਜੀ ਐਨ ਡੀ ਯੂ ਵੱਲੋਂ ਲਈ ਗਈ ਬੀ ਐੱਡ ਦੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ: ਮੁਕੇਸ਼ ਨੇ ਦੱਸਿਆ ਕਿ ਬੀ ਐੱਡ ਤੀਜੇ ਸਮੈਸਟਰ 'ਚ ਜੋਵਨਜੀਤ ਕੌਰ ਨੇ 82.25 ਫੀਸਦੀ ਅੰਕ ਲੈ ਕੇ ਪਹਿਲਾ, ਸੋਨਲ ਨੇ 80.25 ਫੀਸਦੀ ਅੰਕ ਲੈ ਕੇ ਦੂਜਾ, ਰਮਨਪ੍ਰੀਤ ਕੌਰ ਨੇ 79.75 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਬੀ ਐੱਡ ਪਹਿਲੇ ਸਮੈਸਟਰ ਵਿੱਚ ਪਲਕ ਸ਼ਰਮਾ ਨੇ 72.42 ਫੀਸਦੀ ਅੰਕ ਲੈ ਕੇ ਪਹਿਲਾ, ਸਰਨਜੀਤ ਰੰਧਾਵਾ ਨੇ 72.42 ਫੀਸਦੀ ਅੰਕ ਲੈ ਕੇ ਦੂਜਾ, ਸੁਸ਼ਮੀਤ ਕੌਰ ਨੇ 72 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ: ਮੁਕੇਸ਼ ਨੇ ਪ੍ਰੀਖਿਆ ਵਿਚ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਐਮ ਡੀ ਤਰਵਿੰਦਰ ਸਿੰਘ ਅਤੇ ਸੀ ਈ ਓ ਮੋਨਿਕਾ ਮੰਡੋਤਰਾ ਨੇ ਸਟਾਫ, ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਕਾਵਿ-ਸੰਗ੍ਰਹਿ 'ਪੁਲ ਤੇ ਪਾਣੀ' ਲੋਕ ਅਰਪਣ




**ਐਸ.ਏ.ਐਸ ਨਗਰ, (ਗੁਰਜੀਤ ਬਿੱਲਾ)** ਜ਼ਿਲ੍ਹਾ ਭਾਸ਼ਾ ਅਫਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵੱਲੋਂ ਸੁਰਿੰਦਰ ਗਿੱਲ ਦੇ ਕਾਵਿ-ਸੰਗ੍ਰਹਿ 'ਪੁਲ ਤੇ ਪਾਣੀ' ਨੂੰ ਲੋਕ ਅਰਪਣ ਅਤੇ ਵਿਚਾਰ ਚਰਚਾ ਕੀਤੀ ਗਈ। ਸਮਾਗਮ ਦੇ ਆਰੰਭ ਵਿੱਚ ਜਿਲ੍ਹਾ ਭਾਸ਼ਾ ਅਫਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸਮੂਹ ਪ੍ਰਧਾਨਗੀ ਮੰਡਲ ਅਤੇ ਪਤਵੰਤੇ ਸੱਜਣਾਂ ਨੂੰ 'ਜੀ ਆਇਆਂ ਨੂੰ' ਕਹਿੰਦਿਆਂ ਸੁਰਿੰਦਰ ਗਿੱਲ ਦੇ ਕਾਵਿ-ਸੰਗ੍ਰਹਿ 'ਪੁਲ ਤੇ ਪਾਣੀ' ਲਈ ਮੁਬਾਰਕਬਾਦ ਦਿੱਤੀ ਗਈ। ਉਨ੍ਹਾਂ ਆਖਿਆ ਕਿ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਉੱਘਾ ਯੋਗਦਾਨ ਪਾਉਣ ਵਾਲੇ ਸੁਰਿੰਦਰ ਗਿੱਲ ਆਪਣੀਆਂ ਲਿਖਤਾਂ ਰਾਹੀਂ ਗੱਲਾਂ ਨੂੰ ਬੇਬਾਕੀ ਨਾਲ ਕਹਿਣ ਤੇ ਲਿਖਣ ਦੀ ਸਮਰੱਥਾ ਰੱਖਦੇ ਹਨ। ਉਨ੍ਹਾਂ ਵਲੋਂ ਸਮੁੱਚੇ ਪ੍ਰਧਾਨਗੀ ਮੰਡਲ ਨਾਲ ਮਿਲ ਕੇ ਸੁਰਿੰਦਰ ਗਿੱਲ ਦੇ ਕਾਵਿ-ਸੰਗ੍ਰਹਿ 'ਪੁਲ ਤੇ ਪਾਣੀ' ਲੋਕ ਅਰਪਣ ਕੀਤਾ ਗਿਆ।

ਰਾਮ ਅਰਸ ਵੱਲੋਂ ਆਪਣੇ ਪ੍ਰਧਾਨਗੀ ਭਾਸ਼ਣ 'ਚ ਕਿਹਾ ਕਿ ਕਵੀ ਦੀ ਪ੍ਰਤੀਬੱਧਤਾ ਉਹਨਾਂ ਵਿਅਕਤੀਆਂ ਨਾਲ ਹੈ ਜਿਨ੍ਹਾਂ ਨੂੰ ਅਸੀਂ ਅੱਖੋਂ ਪਰੋਖੇ ਕੀਤਾ ਹੈ। ਸੁਰਿੰਦਰ ਗਿੱਲ ਵਰਗੇ ਪ੍ਰਭਾਵਸਾਲੀ ਕਵੀ ਨੇ ਇਸ ਪੁਸਤਕ ਵਿੱਚ ਵੀ ਆਪਣੀ ਪਲੇਠੀ ਪੁਸਤਕ ਵਰਗੀ ਪ੍ਰਤੀਬੱਧਤਾ ਕਾਇਮ ਰੱਖੀ ਹੈ। ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਸਰਬਜੀਤ ਕੌਰ ਸੋਹਲ ਆਖਿਆ ਕਿ ਸੁਰਿੰਦਰ ਗਿੱਲ ਦੀ ਕਵਿਤਾ ਹਨ੍ਹੇਰੇ ਨੂੰ ਚੀਰਦੀ ਕਿਰਨ ਵਾਂਗਰ ਹੈ ਜੋ ਸ਼ਿੱਦਤ ਅਤੇ ਜਜ਼ਬੇ ਨਾਲ ਲਬਰੇਜ਼ ਹੈ। ਵਿਸ਼ੇਸ਼ ਮਹਿਮਾਨ ਸ਼ਿਵ ਨਾਥ ਵੱਲੋਂ ਸੁਰਿੰਦਰ ਗਿੱਲ ਦੀ ਕਵਿਤਾ ਅਤੇ ਸਖਸ਼ੀਅਤ ਬਾਰੇ ਬੋਲਦਿਆਂ ਆਖਿਆ ਗਿਆ ਕਿ ਮੈਂ ਸੁਰਿੰਦਰ ਦੀ ਕਵਿਤਾ ਤੋਂ ਇਹੀ ਸਿੱਖਿਆ ਹੈ ਕਿ ਕੀ ਲਿਖਣਾ ਚਾਹੀਦਾ ਹੈ ਅਤੇ ਕਿਉਂ ਲਿਖਣਾ ਚਾਹੀਦਾ ਹੈ ? ਉਸ ਦੀ ਕਵਿਤਾ ਸਾਨੂੰ ਜਿਊਣ ਤੇ ਲਿਖਣ ਦੀ ਜਾਚ ਸਿਖਾਉਂਦੀ ਹੈ। ਸਮੂਹ ਬੁਲਾਰਿਆਂ ਵੱਲੋਂ ਦਫਤਰ ਜਿਲ੍ਹਾ ਭਾਸ਼ਾ ਅਫਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਦੀ ਕਾਰਜ ਸ਼ੈਲੀ ਅਤੇ ਸੁਹਜਮਈ ਦਿੱਖ ਦੀ ਸ਼ਲਾਘਾ ਕਰਦਿਆਂ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਗਈ।

# ਸਾਬਕਾ ਸੈਨਿਕਾਂ ਨੇ ਮੰਗਾਂ ਪ੍ਰਤੀ ਆਵਾਜ਼ ਕੀਤੀ ਬੁਲੰਦ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਸਾਬਕਾ ਸੈਨਿਕਾਂ ਲਈ ਕਾਰਜਸ਼ੀਲ ਸੰਸਥਾ ਐਕਸ ਸਰਵਿਸਮੈਨ ਵੈੱਲਫੇਅਰ ਸੁਸਾਇਟੀ ਖੁਣਖੁਣ ਕਲਾਂ ਦੀ ਮਹੀਨਾਵਾਰ ਵਿਸ਼ੇਸ਼ ਮੀਟਿੰਗ ਹੋਈ ਜਿਸ ਵਿਚ ਦੌਰਾਨ ਸਾਬਕਾ ਫੌਜੀਆਂ ਨੇ ਆਪਣੀਆਂ ਮੰਗਾਂ ਪ੍ਰਤੀ ਆਵਾਜ਼ ਬੁਲੰਦ ਕੀਤੀ। ਸੰਸਥਾ ਦੇ ਪ੍ਰਧਾਨ ਸੂਬੇਦਾਰ ਸਵਰਨ ਸਿੰਘ ਦੀ ਅਗਵਾਈ ਵਿਚ ਹੋਈ ਇਸ ਮੀਟਿੰਗ ਦੌਰਾਨ ਸ਼ਾਮਲ ਹੋਏ ਸਾਬਕਾ ਸੈਨਿਕਾਂ ਨੇ ਵਨ ਰੈਂਕ ਵਨ ਪੈਨਸ਼ਨ ਨੂੰ ਲਾਗੂ ਨਾ ਕਰਨ ਦੇ ਰੋਸ ਵਜੋਂ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਸੂਬੇਦਾਰ ਸਵਰਨ ਸਿੰਘ ਨੇ ਕਿਹਾ ਵਨ ਰੈਂਕ ਵਨ ਪੈਨਸ਼ਨ ਦੇ ਮੁੱਦੇ ਤੇ ਕੇਂਦਰ ਸਰਕਾਰ ਨੇ ਹੁਣ ਤਕ ਸਾਬਕਾ ਸੈਨਿਕਾਂ ਨੂੰ ਲਾਰੇ ਲਾ ਕੇ ਡੰਗ-ਟਪਾਊ ਵਾਲੀ ਰਾਜਨੀਤੀ ਕੀਤੀ ਹੈ ਜਿਸ ਕਾਰਨ ਸਾਬਕਾ ਸੈਨਿਕਾਂ ਅੰਦਰ ਕੇਂਦਰ ਸਰਕਾਰ ਖਿਲਾਫ ਪ੍ਰਤੀ ਬਹੁਤ ਜਿਆਦਾ ਰੋਸ ਹੈ। ਇਸ ਮੌਕੇ ਉਨ੍ਹਾਂ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਵਨ ਰੈਂਕ ਵਨ ਪੈਨਸ਼ਨ ਨੂੰ ਜਲਦ ਤੋਂ ਜਲਦ ਲਾਗੂ ਕਰਨ ਦੀ ਮੰਗ ਕੀਤੀ। ਇਸ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਸੁਸਾਇਟੀ ਦੇ ਮੀਤ ਪ੍ਰਧਾਨ ਸੂਬੇਦਾਰ ਕੁਲਵਿੰਦਰ ਸਿੰਘ ਨੇ ਸਾਬਕਾ ਸੈਨਿਕਾਂ ਨੂੰ ਦਰਪੇਸ ਆ ਰਹੀਆਂ ਮੁਸ਼ਕਲਾਂ ਦਾ ਜਿਕਰ ਕੀਤਾ ਹੈ ਤੇ ਸਰਕਾਰ ਤੋਂ ਇਨ੍ਹਾਂ ਮੁਸਕਿਲਾਂ ਨੂੰ ਹੱਲ ਕਰਨ ਲਈ ਕਿਹਾ। ਇਸ ਮੌਕੇ ਸਮੂਹ ਸੈਨਿਕਾਂ ਨੇ ਪੰਜਾਬ ਸਰਕਾਰ ਤੋਂ ਇਕ ਵਾਰ ਫਿਰ ਮੰਗ ਕੀਤੀ ਕਿ ਜਲੰਧਰ-ਪਠਾਨਕੋਟ ਨੈਸਨਲ ਹਾਈਵੇ ਖੁਣਖੁਣ ਕਲਾਂ ਸੰਪਰਕ ਸੜਕ ਦੀ ਹਾਲਤ ਹੋ ਕਿ ਸਰਕਾਰਾਂ ਦੀ ਅਣਦੇਖੀ ਅਤੇ ਲਾਪਰਵਾਹੀ ਕਾਰਨ ਬਦਤਰ ਹੋ ਚੁੱਕੀ ਹੈ ਇਸ ਹਾਲਤ ਵਿੱਚ ਸੁਧਾਰ ਕੀਤਾ ਜਾਵੇਗਾ ਕਿਉਂਕਿ ਇਸ ਸੜਕ ਤੇ ਪਏ ਹੋਏ ਵੱਡੇ-ਵੱਡੇ ਟੋਏ ਵਾਹਨ ਰਾਹਗੀਰਾਂ ਲਈ ਵੱਡੀ ਮੁਸਕਿਲ ਪੈਦਾ ਕਰ ਰਹੇ ਹਨ। ਮੀਟਿੰਗ ਦੌਰਾਨ ਸੁਸਾਇਟੀ ਵੱਲੋਂ ਕੀਤੇ ਜਾਣ ਵਾਲੇ ਹੋਰਨਾਂ ਸਮਾਜ ਸੇਵੀ ਕਾਰਜਾਂ ਸੰਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੂਬੇਦਾਰ ਕੁਲਵਿੰਦਰ ਸਿੰਘ ਨਾਇਬ ਸੂਬੇਦਾਰ ਅਮਰਿੰਦਰ ਸਿੰਘ ਨਾਇਬ ਸੂਬੇਦਾਰ ਸਵਰਨ ਸਿੰਘ, ਮਹਿੰਦਰ ਸਿੰਘ, ਡਾ. ਜਸਵਿੰਦਰ ਸਿੰਘ, ਸੂਬੇਦਾਰ ਨਿਰਮਲ ਸਿੰਘ, ਸੂਬੇਦਾਰ ਸੁਭਾਸ ਕੁਮਾਰ, ਨਰਵਿੰਦਰ ਸਿੰਘ, ਬਹਾਦਰ ਸਿੰਘ, ਜਸਪਾਲ ਸਿੰਘ, ਸੱਤਿਆਪਾਲ ਸਿੰਘ, ਰਣਜੋਧ ਸਿੰਘ, ਸੁਖਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

# ਪੇਂਡੂ ਮਜ਼ਦੂਰ ਯੂਨੀਅਨ 22 ਦੇ ਧਰਨੇ ਦੀ ਰੂਪਰੇਖਾ ਉਲੀਕੀ



**ਕਰਤਾਰਪੁਰ (ਹਰਮੇਸ਼ ਦੱਤ)** ਪਿੰਡ ਦਿਆਲਪੁਰ ਦੀ ਦਲਿਤ ਔਰਤਾਂ ਤੇ ਵਿਦਿਆਰਥਣ ਦੁਆਰਾ ਕੀਤੇ ਸਵਾਲਾਂ ਦੇ ਜਵਾਬ ਦੇਣ ਦੀ ਥਾਂ ਤੈਸ਼ 'ਚ ਆ ਕੇ ਆਪਣੀ ਮੁੱਛ ਦਾ ਸਵਾਲ ਬਣਾ ਕੇ ਆਪਣੇ ਲੱਠਮਾਰਾਂ ਤੋਂ ਵਧੀਕੀ ਕਰਵਾਉਣ ਵਾਲੇ ਅਕਾਲੀ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਏ ਨੂੰ ਦਰਜ ਮੁਕੱਦਮੇ 'ਚ ਨਾਮਜ਼ਦ ਕਰਵਾਉਣ ਅਤੇ ਉਹਨਾਂ ਸਭਨਾਂ ਦੀ ਗ੍ਰਿਫ਼ਤਾਰੀ ਲਈ ਪਿੰਡੋਂ ਪਿੰਡ ਮੁਹਿੰਮ ਚਲਾਉਂਦੇ ਹੋਏ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ 22 ਮਈ ਨੂੰ ਸੂਬਾ ਸੱਦੇ ਤਹਿਤ ਜਲੰਧਰ ਵਿਖੇ ਕੀਤੇ ਜਾਣ ਧਰਨੇ ਮੁਜਾਹਰੇ 'ਚ ਇਲਾਕੇ ਭਰ 'ਚੋਂ ਮਜਦੂਰਾਂ ਦੀ ਭਰਵੀਂ ਸ਼ਮੂਲੀਅਤ ਕਰਵਾਈ ਜਾਵੇਗੀ। ਇਸ ਸੰਬੰਧੀ ਯੂਨੀਅਨ ਦੀ ਤਹਿਸੀਲ ਕਮੇਟੀ ਦੀ ਮੀਟਿੰਗ ਕਰਕੇ ਤਿਆਰੀਆਂ ਦੀ ਰੂਪ-ਰੇਖਾ ਤਿਆਰ ਕੀਤੀ ਗਈ।

17-May-PAGE-9.qxd 5/16/2023 10:03 PM Page 1



# ਬ੍ਰਿਜ ਭੂਸ਼ਣ ਨੂੰ ਗ੍ਰਿਫ਼ਤਾਰ ਕਰਕੇ ਪਹਿਲਵਾਨ ਬੱਚੀਆਂ ਨਾਲ ਨਿਆਂ ਕਰੋ : ਜਨਤਕ ਜਥੇਬੰਦੀਆਂ




**ਬਹਿਰਾਮ (ਅਵਤਾਰ ਕਲੇਰ)** ਜਨਤਕ ਜਥੇਬੰਦੀਆਂ ਵੱਲੋਂ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਨ ਸਰਨ ਸਿੰਘ ਦੀ ਗ੍ਰਿਫਤਾਰੀ ਲਈ ਬੱਸ ਅੱਡਾ ਨਵਾਂਸ਼ਹਿਰ ਵਿਖੇ ਰੈਲੀ ਕਰਕੇ ਸ਼ਹਿਰ ਵਿਚ ਰੋਸ ਪ੍ਰਦਰਸ਼ਨ ਕੀਤਾ ਗਿਆ। ਬ੍ਰਿਜ ਭੂਸ਼ਨ ਦੀ ਗ੍ਰਿਫਤਾਰੀ ਦੀ ਮੰਗ ਕਰਦਿਆਂ ਇਫਟੂ ਦੇ ਸੂਬਾ ਸਹਾਇਕ ਸਕੱਤਰ ਅਵਤਾਰ ਸਿੰਘ ਤਾਰੀ,ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਭੁਪਿੰਦਰ ਸਿੰਘ ਵੜੈਚ, ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਤੇ ਆਸ਼ਾ ਵਰਕਰ ਯੂਨੀਅਨ ਦੇ ਸੂਬਾ ਸਕੱਤਰ ਸ਼ਕੁੰਤਲਾ ਸਰੋਆ ਨੇ ਕਿਹਾ ਜੇ ਅੱਜ ਦੇਸ਼ ਦੀਆਂ ਨਾਮਵਰ ਭਾਰਤੀ ਉਲੰਪਿਕ ਗੋਲਡ ਮੈਡਲਲਿਸਟ ਬੱਚੀਆਂ ਵਿਨੇਸ ਫੋਗਾਟ,ਸਾਕਸ਼ੀ ਮਲਿਕ ਸਮੇਤ ਬਜਰੰਗ ਪੂਨੀਆ ਕਈ ਦਿਨਾਂ ਤੋਂ ਜੰਤਰ-ਮੰਤਰ ਵਿਖੇ ਧਰਨੇ 'ਤੇ ਬੈਠ ਕੇ ਬੀ ਜੇ ਪੀ ਦੀ ਸਰਕਾਰ ਕੋਲੋਂ ਇਨਸਾਫ ਦੀ ਮੰਗ ਕਰ ਰਹੀਆਂ ਹਨ। ਬੀ ਜੇ ਪੀ ਦੀ ਸਰਕਾਰ ਹੈ ਕਿ ਜਿਨਸੀ ਸ਼ੋਸ਼ਣ ਦੇ ਮੁਲਜ਼ਮ ਬ੍ਰਿਜ ਭੂਸ਼ਨ ਦੀ ਪਿੱਠ 'ਤੇ ਖੜ੍ਹੀ ਹੈ। ਪੇਂਡੂ ਮਜਦੂਰ ਯੂਨੀਅਨ ਦੇ ਸੂਬਾਈ ਆਗੂ ਕਮਲਜੀਤ ਸਨਾਵਾ,ਇਫਟੂ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਰੱਕੜ,ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਸਕੱਤਰ ਬਲਜੀਤ ਸਿੰਘ ਤੇ ਪ੍ਰਵਾਸੀ ਮਜਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਨਿਰਾਲਾ ਕਿਹਾ ਕਿ ਜੇਕਰ ਨਾਮਵਰ ਪਹਿਲਵਾਨ ਨੂੰ ਬੱਚੀਆਂ ਨੂੰ ਨਿਆਂ ਲੈਣ ਵਾਸਤੇ ਸੰਘਰਸ਼ ਕਰਨਾ ਪੈ ਰਿਹਾ ਹੈ,ਤਾਂ ਸਮਾਜ ਦੀਆਂ ਹੋਰਨਾਂ ਔਰਤਾਂ ਨੂੰ ਇਨਸਾਫ ਲੈਣ ਦੇ ਲਈ ਕੀ ਕੁਝ ਨਹੀਂ ਕਰਨਾ ਪਵੇਗਾ ? ਉਪਰੋਕਤ ਆਗੂਆਂ ਨੇ ਕਿਹਾ ਕਿ ਜਦ ਤੱਕ ਬ੍ਰਿਜ ਭੂਸ਼ਨ ਨੂੰ ਬਰਖਾਸਤ ਕਰਕੇ ਗ੍ਰਿਫਤਾਰ ਨਹੀਂ ਕੀਤਾ ਜਾਂਦਾ,ਉਦੋਂ ਤੱਕ ਪਹਿਲਵਾਨ ਬੱਚੀਆਂ ਦੇ ਹੋ ਰਹੇ ਸੰਘਰਸ ਦੇ ਮੈਦਾਨ ਵਿਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹਿਣਗੇ। ਸਟੇਜ ਦੀ ਕਾਰਵਾਈ ਹਰੀ ਰਾਮ ਰਸੂਲਪੁਰੀ ਨੇ ਕੀਤੀ। ਰੋਸ ਪ੍ਰਦਰਸ਼ਨ ਵਿੱਚ ਕਿਸਾਨ ਆਗੂ ਸੁਰਜੀਤ ਕੌਰ,ਸੁਰਿੰਦਰ ਸਿੰਘ ਮੀਰਪੁਰੀ,ਅਸ਼ੋਕ ਕੁਲਾਰ,ਪਰਮਜੀਤ ਸਿੰਘ ਸੰਘਾ,ਪੁਨੀਤ ਕੁਮਾਰ ਆਦਿ ਮੌਜੂਦ ਸਨ।

## ਝੋਨੇ ਦੀ ਬਿਜਾਈ 19 ਜੂਨ ਤੋਂ ਸ਼ੁਰੂ ਕੀਤੀ ਜਾਵੇ : ਮੁੱਖ ਖੇਤੀਬਾੜੀ ਅਫ਼ਸਰ

**ਕੁਰਾਲੀ (ਮੋਹਨ ਅਗਰਵਾਲ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਐਸ.ਏ.ਐਸ ਨਗਰ ਵੱਲੋਂ ਸਾਉਣੀ ਦੀਆਂ ਫਸਲਾਂ ਦੀ ਬਿਜਾਈ ਤੋਂ ਪਹਿਲਾਂ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਲਈ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਅਤੇ ਕਿਸਾਨ ਸਿਖਲਾਈ ਕੈਂਪਾਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ। ਡਾ. ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਪਾਣੀ ਅਤੇ ਬਿਜਲੀ ਦੀ ਬੱਚਤ ਨੂੰ ਮੁੱਖ ਰੱਖਦੇ ਹੋਏ ਝੋਨੇ ਦੀ ਬਿਜਾਈ ਲਈ ਪੰਜਾਬ ਨੂੰ ਚਾਰ ਜੋਨਾਂ ਵਿੱਚ ਵੰਡਿਆ ਗਿਆ ਹੈ,ਜਿਸ ਅਨੁਸਾਰ ਐਸ.ਏ.ਐਸ ਨਗਰ ਜ਼ਿਲ੍ਹੇ ਵਿੱਚ ਕਿਸਾਨ ਝੋਨੇ ਦੀ ਬਿਜਾਈ 19 ਜੂਨ ਤੋਂ ਸ਼ੁਰੂ ਕਰ ਸਕਦੇ ਹਨ। ਇਸ ਲਈ ਕਿਸਾਨ ਭਰਾਵਾਂ ਨੂੰ ਅਪੀਲ ਹੈ ਕਿ ਉਹ ਹੁਣ ਝੋਨੇ ਦੀ ਬਿਜਾਈ ਦੀ ਮਿਤੀ ਦੇ ਅਨੁਸਾਰ ਝੋਨੇ ਦੀ ਪਨੀਰੀ ਬੀਜਣ ਦੀ ਤਿਆਰੀ ਕਰਨ। ਇਸ ਤੋਂ ਇਲਾਵਾ ਕਿਸਾਨ ਕੱਦੂ ਵਾਲੇ ਝੋਨੇ ਹੇਠੋਂ ਰਕਬਾ ਘਟਾ ਕੇ ਮੱਕੀ, ਅਰਹਰ,ਤਿੱਲ,ਕਪਾਹ, ਮੂੰਗਫਲੀ ਅਤੇ ਬਿਨਾਂ ਕੱਦੂ ਕੀਤੇ ਝੋਨੇ ਦੀ ਸਿੱਧੀ ਬਿਜਾਈ ਹੇਠ ਲਿਆਉਣ ਨੂੰ ਤਰਜੀਹ ਦੇਣ ਕਿਉਂਕਿ ਕੰਢੀ ਖੇਤਰ ਵਿੱਚ ਪਾਣੀ ਦਾ ਪੱਧਰ ਦਿਨੋਂ ਦਿਨ ਥੱਲੇ ਜਾ ਰਿਹਾ ਹੈ। ਇਸ ਮੌਕੇ ਡਾ. ਗੁਰਬਚਨ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500/ ਰੁਪਏ ਪ੍ਰਤੀ ਏਕੜ ਦਿੱਤਾ ਜਾਵੇਗਾ, ਇਸ ਲਈ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਵਿਧੀ ਆਪਣਾ ਕੇ ਪਾਣੀ ਦੀ ਬੱਚਤ ਅਤੇ ਲੇਬਰ ਦੇ ਖਰਚੇ ਘਟਾ ਸਕਦੇ ਹਨ। ਝੋਨੇ ਦੀ ਸਿੱਧੀ ਬਿਜਾਈ ਕਰਨ ਸਮੇਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਕੀਤੀਆਂ ਸ਼ਿਫਾਰਿਸ਼ ਅਨੁਸਾਰ ਬਿਜਾਈ ਕੀਤੀ ਜਾਵੇ ਤਾਂ ਜੋ ਫਸਲ ਨੂੰ ਕਿਸੇ ਵੀ ਕਿਸਮ ਦੀ ਕੋਈ ਘਾਟ/ ਸਮੱਸਿਆ ਨਾ ਆਵੇ।

## ਮੁਸਲਿਮ ਭਾਈਚਾਰਾ ਮੁੱਖ ਮੰਤਰੀ ਦਾ ਪੁਤਲਾ ਫੂਕ ਕਰੇਗਾ ਰੋਸ ਪ੍ਰਦਰਸ਼ਨ




**ਮੋਹਾਲੀ, (ਗੁਰਜੀਤ ਬਿੱਲਾ) :** ਮੋਹਾਲੀ ਇਲਾਕੇ ਦੇ ਮੁਸਲਮਾਨਾਂ ਦੀਆਂ ਵਿਰਾਸਤੀ ਅਤੇ ਧਾਰਮਿਕ ਜਾਇਦਾਦਾਂ ਦੇ ਸੰਭਾਲ ਲਈ ਬਣੀ ਇੰਤਜਾਮੀਆਂ ਕਮੇਟੀ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਉਹਨਾਂ ਨਾਲ ਇਨਸਾਫ ਨਾ ਕੀਤਾ ਗਿਆ ਤਾਂ ਮੋਹਾਲੀ ਜ਼ਿਲ੍ਹੇ ਦਾ ਮੁਸਲਮਾਨ ਭਾਈਚਾਰਾ 22 ਮਈ ਨੂੰ ਡਿਪਟੀ ਕਮਿਸ਼ਨਰ ਮੋਹਾਲੀ ਦੇ ਦਫਤਰ ਸਾਹਮਣੇ ਪੰਜਾਬ ਦੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ। ਪ੍ਰੈਸ ਕਲੱਬ ਵਿਖੇ ਕਮੇਟੀ ਦੇ ਸਾਬਕਾ ਮੈਂਬਰ ਮੁਸਲਿਮ ਵਿਕਾਸ ਬੋਰਡ ਪੰਜਾਬ ਸਰਕਾਰ ਡਾ. ਅਨਵਰ ਹੁਸੈਨ ਅਤੇ ਬਹਾਦੁਰ ਖਾਨ ਧਬਲਾਨ ਮੈਂਬਰ ਘੱਟ ਗਿਣਤੀ ਕਮਿਸ਼ਨ ਅਤੇ ਚੇਅਰਮੈਨ ਮੁਸਲਿਮ ਮਹਾਂਸਭਾ ਪੰਜਾਬ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਮੋਹਾਲੀ ਦੇ ਪਿੰਡ ਭਾਗੋਮਾਜਰਾ, ਸੈਕਟਰ 109 ਵਿਖੇ ਕਬਰਸਤਾਨ ਦੀ 3 ਕਨਾਲ 7 ਮਰਲੇ ਜ਼ਮੀਨ ਨੂੰ ਪੰਜਾਬ ਵਕਫ ਬੋਰਡ ਵਲੋਂ ਕਿਸੇ ਹੋਰ ਵਿਅਕਤੀ ਦੇ ਨਾਂਅ ਉਤੇ ਕੁਝ ਹਿੱਸਾ ਅਲਾਟ ਕਰ ਦਿੱਤਾ ਗਿਆ ਹੈ, ਜਿਸ ਦੇ ਇਲਾਕੇ ਦੇ ਮੁਸਲਮਾਨਾਂ ਵਲੋਂ ਭਾਰੀ ਵਿਰੋਧ ਕੀਤਾ ਜਾ ਰਿਹਾ ਹੈ। ਮਸਲੇ ਦਾ ਕੋਈ ਹੱਲ ਨਹੀਂ ਨਿਕਲਿਆ। ਉਹਨਾਂ ਇਹ ਵੀ ਦੋਸ਼ ਲਾਇਆ ਕਿ ਸਾਰੀਆਂ ਸਰਕਾਰਾਂ ਪੰਜਾਬ ਵਕਫ ਬੋਰਡ ਦੇ ਮੁਖੀ ਪੰਜਾਬ ਤੋਂ ਬਾਹਰਲੇ ਮੁਸਲਿਮ ਅਫਸਰਾਂ ਨੂੰ ਹੀ ਲਾਉਂਦੀਆਂ ਰਹੀਆਂ ਹਨ, ਜਿਨ੍ਹਾਂ ਦਾ ਪੰਜਾਬ ਵਿਚ ਮੁਸਲਮਾਨਾਂ ਦੀਆਂ ਵਿਰਾਸਤੀ ਤੇ ਧਾਰਮਿਕ ਥਾਵਾਂ ਨਾਲ ਕੋਈ ਲਗਾਅ ਨਹੀਂ ਹੁੰਦਾ। ਇਸ ਮੌਕੇ ਉਹਨਾਂ ਨਾਲ ਅਬਦੁਲ ਗਫਾਰ ਪ੍ਰਧਾਨ ਇੰਤਜਾਮੀਆਂ ਕਮੇਟੀ ਸੈਕਟਰ 109, ਅਮਜਦ ਚੌਧਰੀ, ਰੌਸ਼ਨ ਪ੍ਰਧਾਨ ਮੁਸਲਿਮ ਵੈਲਫੇਅਰ ਕਮੇਟੀ ਸਨੇਟਾ, ਸੁਦਾਗਰ ਖਾਨ ਸਬਕਾ ਪ੍ਰਧਾਨ ਮੁਸਲਿਮ ਵੈਲਫੇਅਰ ਕਮੇਟੀ ਮਟੌਰ, ਸਫਲੁ ਉਰ ਰਹਿਮਾਨ ਵਾਇਸ ਪ੍ਰਧਾਨ ਇੰਤਜਾਮੀਆਂ ਕਮੇਟੀ ਸੈਕਟਰ-109, ਅਜ਼ਮੀਲ ਖਾਨ ਜਨਰਲ ਸਕੱਤਰ ਮਸਲਿਮ ਮਹਾਂ ਸਭਾ ਪੰਜਾਬ ਵਸੀਮ ਅਹਿਮਦ, ਜੁਲਫਕਾਰ, ਮੁਹੰਮਦ ਆਰਿਫ, ਦਿਲਬਰ ਖਾਨ ਕੁਰੜੀ, ਅਸਲਮ ਪਰਵੇਜ, ਅਬਦੁਲ ਸਤਾਰ ਮਲਿਕ ਮੈਂਬਰ ਹੱਜ ਕਮੇਟੀ ਪੰਜਾਬ ਸਰਕਾਰ, ਸਦੀਕ ਮਲਿਕ ਕਬਰਸਤਾਨ ਬਚਾਓ ਫਰੰਟ ਮੁਹਾਲੀ ਚੰਡੀਗੜ੍ਹ ਦੇ ਪ੍ਰਧਾਨ ਮੰਗਤ ਖਾਨ ਇੰਜੇੜੀ ਸਾਬਕਾ ਪ੍ਰਧਾਨ ਪੰਜਾਬ ਰੋਡਵੇਜ, ਮੁਹੰਮਦ ਮੁਸਤਫਾ ਪ੍ਰਧਾਨ ਮੁਸਲਿਮ ਮਹਾਂ ਜ਼ਿਲ੍ਹਾ ਮੋਹਾਲੀ, ਅਬਦੁਲ ਸਤਾਰ ਰਾਏਪੁਰ, ਮੁਹੰਮਦ ਸਲੀਮ, ਮੁਹੰਮਦ ਅਸਲਮ, ਮਹੰਮਦ ਗਲਜਾਰ ਸਨੇਟਾ, ਮੁਹੰਮਦ ਦਿਲਦਾਰ ਸਨੇਟਾ, ਧਰਮ ਪਾਲ ਮੱਛਲੀ ਕਲਾਂ ਆਦਿ ਹਾਜ਼ਰ ਸਨ।

## ਜਿੱਤ ਦੀ ਖੁਸ਼ੀ 'ਚ ਲੱਡੂ ਵੰਡੇ



**ਫਿਲੌਰ (ਨਿਰਮਲ)**-ਆਮ ਆਦਮੀ ਪਾਰਟੀ ਦੀ ਇਤਿਹਾਸਕ ਜਿੱਤ ਦਾ ਜਸ਼ਨ ਅੱਪਰਾ ਵਿੱਚ ਲੱਡੂ ਵੰਡ ਕੇ ਮਨਾਇਆ ਗਿਆ ਅਤੇ ਪੂਰੇ ਬਜ਼ਾਰ ਵਿੱਚ ਰੋਡ ਸ਼ੋਅ ਕਰਕੇ ਵੋਟਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਬਲਾਚੌਰ ਦੇ ਐਮ ਐਲ ਏ ਮੈਡਮ ਸੰਤੋਸ਼ ਕਟਾਰੀਆ , ਪਹਿਲਵਾਨ ਬੁੱਧ ਸਿੰਘ ਧੁਲੇਤਾ, ਜਤਿੰਦਰ ਸਿੰਘ ਕਾਲਾ ਮੰਡੀ, ਕੇਸਰ ਮੈਂਗੜਾ ਸਰਕਲ ਇੰਚਾਰਜ, ਡਾ: ਸੀਤਲ ਕੁਮਾਰ ਸਰਕਲ ਇੰਚਾਰਜ, ਪੰਕਜ ਸ਼ਰਮਾ ਐਡਵੋਕੇਟ, ਪੰਡਤ ਰਣਯੋਧ ਕੁਮਾਰ ਮੋਰੋਂ, ਤਜਿੰਦਰ ਲਾਲੀ, ਦਵਿੰਦਰ ਸਿੰਘ, ਲਖਬੀਰ ਸਿੰਘ ਰਾਜਪੁਰਾ, ਦੇਸ ਰਾਜ ਸੁਲਤਾਨਪੁਰ, ਵਿਜੇ ਕੁਮਾਰ ਲੱਲੀਆਂ, ਬਲਵਿੰਦਰ ਕੌਰ ਨੰਬਰਦਾਰ, ਰਾਕੇਸ਼ ਕੁਮਾਰ ਬੱਬੂ, ਅਮਰਜੀਤ ਕਾਲਾ, ਦੇਸ ਰਾਜ ਅੱਪਰਾ, ਕੁਲਵਿੰਦਰ ਸਿੰਘ ਲੋਹਗੜ੍ਹ, ਬਲਵੀਰ ਸਿੰਘ, ਰਾਜਨ ਬਾਬੂ, ਰੌਸ਼ਨ ਅੱਪਰਾ, ਗੁਰਦੀਪ ਸਿੰਘ ਜੱਜਾ ਖੁਰਦ ਅਤੇ ਹੋਰ ਬਹੁਤ ਸਾਰੇ ਵਲੰਟੀਅਰ ਸ਼ਾਮਲ ਹੋਏ।

## ਯੂਸਫਪੁਰ ਦਾਰੇਵਾਲ 'ਚ 'ਆਪ' ਦੀ ਜਿੱਤ ਦੀ ਖ਼ੁਸ਼ੀ ਮਨਾਈ

**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ) :** ਜਲੰਧਰ ਦੀ ਹੋਈ ਜ਼ਿਮਨੀ ਚੋਣ 'ਚ ਸੁਸ਼ੀਲ ਕੁਮਾਰ ਰਿੰਕੂ ਦੀ ਵੱਡੀ ਜਿੱਤ ਪਿੱਛੇ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਹਨ। ਇਸ ਖ਼ੁਸ਼ੀ 'ਚ ਪਿੰਡ ਯੂਸਫਪੁਰ ਦਾਰੇਵਾਲ 'ਚ ਲੱਡੂ ਵੰਡਣ ਮੌਕੇ ਹਰਵਿੰਦਰ ਸਿੰਘ ਜੱਜ, ਸਰਬਜੀਤ ਸਿੰਘ ਸਾਥੀ ਮਰੋਕ, ਰੂੜ ਸਿੰਘ ਮਰੋਕ, ਸੰਦੀਪ ਸਿੰਘ ਜੱਜ, ਬਚਿੱਤਰ ਸਿੰਘ ਮਰੋਕ, ਭਜਨ ਸਿੰਘ ਨੰਬਰਦਾਰ, ਪਰਵਿੰਦਰ ਸਿੰਘ ਜੱਜ, ਹਰਜਿੰਦਰ ਸਿੰਘ ਜੱਜ, ਰਣਜੋਧ ਸਿੰਘ ਮਰਕ, ਰੇਸ਼ਮ ਸਿੰਘ ਜੱਜ, ਬਲਦੇਵ ਸਿੰਘ, ਜੱਜ, ਦਿਲਬਾਗ ਸਿੰਘ ਖਿੰਡਾ ਆਦਿ ਨੇ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ 'ਆਪ' ਵਿਚ ਆਏ ਵਰਕਰਾਂ ਦੀ ਬਦੌਲਤ ਹੀ ਇਹ ਪਹਿਲੀ ਵਾਰ ਹੈ ਕਿ ਪਿੰਡ ਯੂਸਫਪੁਰ ਦਾਰੇਵਾਲ 'ਚੋਂ 'ਆਪ' ਉਮੀਦਵਾਰ ਨੂੰ 257 ਵੋਟਾਂ ਮਿਲੀਆਂ ਹਨ ਤੇ ਕਾਂਗਰਸ ਨੂੰ ਕੇਵਲ 141, ਜਦਕਿ ਅਕਾਲੀ ਦਲ ਨੂੰ 100 ਵੋਟਾਂ 'ਤੇ ਸਬਰ ਕਰਨਾ ਪਿਆ ਹੈ।

## ਲਾਇਨ ਕਲੱਬ ਬਿਲਗਾ ਆਸਥਾ ਨੇ ਮਨਾਇਆ ਮਦਰਜ਼ ਡੇ



**ਬਿਲਗਾ (ਵਿਜੇ ਕੁਮਾਰ)**-ਇੰਟਰਨੈਸ਼ਨਲ ਲਾਇਨਜ ਕਲੱਬ ਬਿਲਗਾ ਆਸਥਾ ਨੇ ਮਦਰਜ ਡੇ ਮਨਾਉਂਦੇ ਹੋਏ ਜਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਕਲੱਬ ਪ੍ਰਧਾਨ ਪੁਸਕਰ ਅਰੋੜਾ ਨੇ ਕਿਹਾ ਕਿ ਮਦਰਜ ਡੇ 'ਤੇ ਸਾਨੂੰ ਸਭ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਮਾਤਾ ਪਿਤਾ ਦਾ ਮਾਣ-ਸਨਮਾਨ ਕਰਦੇ ਰਹੀਏ ਤੇ ਉਨ੍ਹਾਂ ਦੀ ਆਗਿਆ ਦਾ ਹਮੇਸ਼ਾ ਪਾਲਣਾ ਕੀਤਾ ਜਾਵੇ ।ਮਾਂ ਦਾ ਦੇਣ ਤਾਂ ਅਸੀਂ ਕਦੇ ਵੀ ਨਹੀਂ ਦੇ ਸਕਦੇ ਮਾਂ ਦਾ ਦਰਜਾ ਰੱਬ ਤੋਂ ਵੀ ਵੱਧ ਹੈ ਇਲੈਕਟਡ ਰਿਜਨ ਚੇਅਰਮੈਨ ਲਾਇਨ ਤੀਰਥ ਰਾਮ ਪਟਵਾਰੀ ਨੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਡਿਸਟ੍ਰਿਕ ਚੇਅਰਮੈਨ ਲਾਇਨ ਵਿਜੇ ਕੁਮਾਰ, ਕੈਸੀਅਰ ਲਾਇਨ ਕਮਲਜੀਤ ਕਾਲੀਆ, ਸਾਬਕਾ ਜੋਨ ਚੇਅਰਮੈਨ ਲਾਇਨ ਸਤੀਸ ਕੁਮਾਰ ਪਟਵਾਰੀ, ਪੀ.ਆਰ.ਓ. ਲਾਇਨ ਬਹਾਦਰ ਸਿੰਘ,ਲਾਇਨ ਭੁਪਿੰਦਰ ਕੈਥ ਹੋਰ ਕਲੱਬ ਮੈਂਬਰ ਹਾਜਰ ਸਨ।

## ਠੰਢੇ ਮਿੱਠੇ ਜਲ ਦੀ ਛਬੀਲ ਤੇ ਛੋਲੇ ਪੂਰੀਆਂ ਦਾ ਲੰਗਰ 21 ਨੂੰ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਮਾਹਿਲਪੁਰ - ਜੇਜੋਂ ਦੋਆਬਾ ਮੁੱਖ ਮਾਰਗ 'ਤੇ ਸਥਿਤ ਪਿੰਡ ਝੰਜੋਵਾਲ ਦੇ ਨਜ਼ਦੀਕ ਡੇਰਾ ਸੇਵਾਪੁਰੀ ਨਿਊ ਸਰਬ ਸਾਂਝਾ ਦਰਬਾਰ ਵਿਖੇ ਸਮੂਹ ਸੰਤਾਂ-ਮਹਾਂਪੁਰਸ਼ਾਂ ਦੀ ਸਰਬੱਤ ਦੇ ਭਲੇ ਦੀ ਸੋਚ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਤੇ ਛੋਲੇ ਪੂਰੀਆਂ ਦਾ ਲੰਗਰ 21 ਮਈ ਨੂੰ ਲਗਾਇਆ ਜਾ ਰਿਹਾ ਹੈ। ਅਸਥਾਨ ਦੇ ਮੁੱਖ ਸੰਚਾਲਕ ਸੰਤ ਬਾਬਾ ਜਗਦੀਸ਼ਵਰਾ ਨੰਦ ਨੇ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਇਸ ਲੰਗਰ ਦਾ ਮੁੱਖ ਮਨੋਰਥ ਸੰਤਾਂ ਮਹਾਂਪੁਰਸ਼ਾਂ ਵੱਲੋਂ ਦਿੱਤੀ ਸਰਬੱਤ ਦੇ ਭਲੇ ਦੀ ਸੋਚ ਉੱਤੇ ਪਹਿਰਾ ਦੇਣਾ ਹੈ। ਇਸ ਸਮਾਗਮ ਵਿੱਚ ਜੋਗਿੰਦਰ ਸਿੰਘ ਲੁਧਿਆਣਾ, ਮੱਖਣ ਸਿੰਘ ਲੁਧਿਆਣਾ, ਸੁਰਜੀਤ ਕੌਰ ਢੋਡੇਮਜਾਰਾ, ਪਰਦੀਪ ਸਿੰਘ ਇਸਲਾਮਾਬਾਦ, ਹਰੀ ਸਿੰਘ ਰਾਮਪੁਰ, ਕੁਲਬੀਰ ਸਿੰਘ, ਹਰਵੀਰ ਸਿੰਘ ਲਲਵਾਨ ਵਿਸ਼ੇਸ਼ ਸਹਿਯੋਗ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਡੇਰਾ ਸੇਵਾਪੁਰੀ ਪਿੰਡ ਲਲਵਾਨ ਵਿਖੇ ਸੰਗਰਾਂਦ ਦਾ ਪਵਿੱਤਰ ਦਿਹਾੜਾ ਸ਼ਰਧਾ ਅਤੇ ਉਤਸਸ਼ਹ ਪੂਰਵਕ ਢੰਗ ਨਾਲ ਮਨਾਇਆ ਗਿਆ। ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਕੀਰਤਨ ਸੁਣਿਆ ਅਤੇ ਸੇਵਾ ਕਰਕੇ ਗੁਰੂ-ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਗੁਰੂ ਦਾ ਲੰਗਰ ਅਤੁੱਟ ਚੱਲਿਆ।

## ਕਟਾਰੂ ਚੱਕ ਵੱਲੋਂ ਪਨਸਪ ਮੁਲਾਜ਼ਮਾਂ ਨੂੰ 6ਵੇਂ ਤਨਖਾਹ ਕਮਿਸ਼ਨ ਦੀ ਸੌਗਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**—ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਹਮੇਸ਼ਾ ਹੀ ਮੁਲਾਜ਼ਮ ਵਰਗ ਦੇ ਹਿੱਤਾਂ ਦੀ ਰਾਖੀ ਕਰਦੇ ਹੋਏ ਹਰ ਸੰਭਵ ਕਦਮ ਚੁੱਕੇ ਹਨ। ਇਸੇ ਲੜੀ ਨੂੰ ਅੱਗੇ ਤੋਰਦੇ ਹੋਏ ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਨਸਪ ਅਦਾਰੇ ਦੇ ਮੁਲਾਜ਼ਮਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰ ਦਿੱਤਾ ਹੈ। ਉਨ੍ਹਾਂ ਵੱਲੋਂ ਪਨਸਪ ਦੇ ਮੁਲਾਜ਼ਮਾਂ ਸਬੰਧੀ 6ਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਿਸ਼ਾਂ ਲਾਗੂ ਕਰਨ ਲਈ ਤੁਰੰਤ ਕਾਰਵਾਈ ਕਰਨ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ। ਇੱਥੇ ਜਾਰੀ ਇੱਕ ਬਿਆਨ ਵਿੱਚ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਆਪਣੇ ਪਹਿਲੇ ਦਿਨ ਤੋਂ ਹੀ ਮੁਲਾਜ਼ਮਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਕਿਉਂਕਿ ਮੁਲਾਜ਼ਮ ਵਰਗ ਪੰਜਾਬ ਦੇ ਪ੍ਰਸ਼ਾਸਕੀ ਢਾਂਚੇ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀ ਭਲਾਈ ਲਈ ਹਰ ਸੰਭਵ ਹੰਭਲਾ ਮਾਰਨ ਤੋਂ ਕਦੇ ਵੀ ਪਿੱਛੇ ਨਹੀਂ ਹਟੇਗੀ।

## ਆਯੂਸ਼ਮਾਨ ਕਾਰਡ ਬਣਾਉਣ ਦਾ ਕੰਮ ਤੇਜ਼ੀ ਨਾਲ ਜਾਰੀ : ਡਾ. ਪਰਵਿੰਦਰਪਾਲ ਕੌਰ

**ਮੋਹਾਲੀ, ( ਗੁਰਜੀਤ ਬਿੱਲਾ )** : ਜ਼ਿਲ੍ਹਾ ਸਿਹਤ ਵਿਭਾਗ ਦੀ ਦੇਖਰੇਖ ਹੇਠ ਜ਼ਿਲ੍ਹੇ ਵਿਚ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲਾਭਪਾਤਰੀਆਂ ਦੇ ਈ-ਕਾਰਡ ਬਣਾਉਣ ਦਾ ਕੰਮ ਜ਼ੋਰ-ਸ਼ੋਰ ਨਾਲ ਚੱਲ ਰਿਹਾ ਹੈ। ਡਿਪਟੀ ਮੈਡੀਕਲ ਕਮਿਸ਼ਨਰ ਡਾ. ਪਰਵਿੰਦਰਪਾਲ ਕੌਰ ਨੇ ਦਸਿਆ ਕਿ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਅਤੇ ਸਿਵਲ ਸਰਜਨ ਡਾ. ਰੁਪਿੰਦਰ ਗਿੱਲ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਵੱਖ-ਵੱਖ ਥਾਈਂ ਲਾਭਪਾਤਰੀਆਂ ਦੇ ਈ.ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਦਸਿਆ ਕਿ ਇਸ ਯੋਜਨਾ ਤਹਿਤ 6 ਤਰ੍ਹਾਂ ਦੇ ਲਾਭਪਾਤਰੀ ਪਰਵਾਰਾਂ ਦੇ ਕਾਰਡ ਬਣਾਏ ਜਾਂਦੇ ਹਨ ਜਿਨ੍ਹਾਂ ਵਿਚ ਐਸ.ਈ.ਸੀ.ਸੀ. ਡਾਟਾ ਵਾਲੇ ਗ਼ਰੀਬ ਪਰਵਾਰ, ਰਾਸ਼ਨ ਕਾਰਡ ਧਾਰਕ, ਉਸਾਰੀ ਕਾਮੇ, ਛੋਟੇ ਟਰੇਡਰ, ਛੋਟੇ ਕਿਸਾਨ ਅਤੇ ਪੱਤਰਕਾਰ ਸ਼ਾਮਲ ਹਨ। ਡੀ.ਐਮ.ਸੀ. ਨੇ ਦੱਸਿਆ ਕਿ ਇਸ ਯੋਜਨਾ ਤਹਿਤ ਜ਼ਿਲ੍ਹੇ ਵਿਚ 1 ਲੱਖ 26 ਹਜ਼ਾਰ ਪਰਵਾਰ ਯੋਗ ਲਾਭਪਾਤਰੀ ਹਨ ਜਿਨ੍ਹਾਂ ਵਿਚੋਂ 92 ਹਜ਼ਾਰ ਪਰਵਾਰਾਂ ਦੇ ਕਾਰਡ ਬਣ ਚੁੱਕੇ ਹਨ ਅਤੇ ਜ਼ਿਲ੍ਹੇ ਵਿਚ ਹੁਣ ਤਕ ਪ੍ਰਤੀ ਲਾਭਪਾਤਰੀ ਕੁਲ 2 ਲੱਖ ਕਾਰਡ ਬਣਾਏ ਜਾ ਚੁੱਕੇ ਹਨ। ਇਸ ਹਿਸਾਬ ਨਾਲ 72 ਫ਼ੀਸਦੀ ਪਰਵਾਰਾਂ ਦੇ ਕਾਰਡ ਬਣ ਚੁੱਕੇ ਹਨ ਜਦਕਿ ਬਾਕੀ ਰਹਿੰਦੇ ਪਰਵਾਰਾਂ ਦੇ ਕਾਰਡ ਬਣਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਡਾ. ਪਰਵਿੰਦਰਪਾਲ ਕੌਰ ਮੁਤਾਬਕ ਆਯੂਸ਼ਮਾਨ ਕਾਰਡ ਵੱਖ-ਵੱਖ ਥਾਈਂ ਖੁਲ੍ਹੇ ਹੋਏ ਕਾਮਨ ਸਰਵਿਸ ਸੈਂਟਰਾਂ ਵਿਚ ਬਣਾਏ ਜਾ ਰਹੇ ਹਨ ਜਦਕਿ ਹਸਪਤਾਲਾਂ ਵਿਚ ਸਿਰਫ਼ ਮਰੀਜ਼ਾਂ ਦੇ ਕਾਰਡ ਬਣਦੇ ਹਨ। ਕਾਮਨ ਸਰਵਿਸ ਸੈਂਟਰ ਵਲੋਂ 30 ਰੁਪਏ ਫ਼ੀਸ ਲੈ ਕੇ ਕਾਰਡ ਬਣਾਏ ਜਾ ਰਹੇ ਹਨ। ਜ਼ਿਲ੍ਹੇ ਵਿਚ ਸਰਕਾਰੀ ਹਸਪਤਾਲਾਂ ਤੋਂ ਇਲਾਵਾ 34 ਨਿੱਜੀ ਸੂਚੀਬੱਧ ਹਸਪਤਾਲਾਂ ਵਿਚ ਵੀ ਇਸ ਸਹੂਲਤ ਦਾ ਲਾਭ ਲਿਆ ਜਾ ਸਕਦਾ ਹੈ। ਲੋਕ ਸਰਕਾਰੀ ਵੈੱਬਸਾਈਟ www.shapunjab.in 'ਤੇ ਅਪਣੀ ਪਾਤਰਤਾ (ਯੋਗਤਾ) ਚੈੱਕ ਕਰ ਸਕਦੇ ਹਨ।

## ਰੋੜੀ ਨੇ ਕੀਤੀ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀਆਂ ਨਾਲ ਮੀਟਿੰਗ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਪੰਜਾਬ ਮੰਡੀ ਬੋਰਡ,ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਸਥਾਨਕ ਰੈਸਟ ਹਾਊਸ 'ਚ ਇਕ ਵਿਸ਼ੇਸ਼ ਮੀਟਿੰਗ ਕੀਤੀ। ਰੋੜੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਚ ਸੂਬਾ ਲਗਾਤਾਰ ਤਰੱਕੀ ਕਰ ਰਿਹਾ ਹੈ। ਇਸੇ ਲੜੀ ਤਹਿਤ ਅੱਜ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕਰਕੇ ਗੜ੍ਹਸ਼ੰਕਰ ਬਾਈਪਾਸ ਦੀ ਰੂਪ ਰੇਖਾ ਜਲਦ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਬੀਤ ਦੇ ਸੱਤ ਪਿੰਡਾਂ ਨੂੰ ਸਾਫ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਪਿੰਡ ਸੇਖੋਵਾਲ 'ਚ ਇਕ ਕਰੋੜ ਪੰਜਾਹ ਲੱਖ ਰੁਪਏ ਨਾਲ ਜਲਦ ਟਿਊਬਵੈੱਲ ਲਗਾਉਣ ਲਈ ਪ੍ਰਕ੍ਰਿਆ ਪੂਰੀ ਹੋ ਚੁੱਕੀ ਹੈ ਤੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨ ਛੋਹ ਗੰਗਾ ਸ਼੍ਰੀ ਖੁਰਾਲਗੜ੍ਹ ਸਾਹਿਬ ਵਿੱਖੇ 96 ਲੱਖ ਦੀ ਲਾਗਤ ਨਾਲ ਪਾਣੀ ਵਾਲਾ ਟਿਊਬਵੈੱਲ ਲਗਾਇਆ ਜਾਵੇਗਾ। ਪੰਡੋਰੀ ਪਿੰਡ ਪਾਣੀ ਦੀ ਨਿਰਵਿਗਨ ਸਪਲਾਈ ਲਈ 19 ਲੱਖ ਦੀ ਲਾਗਤ ਨਾਲ ਪਾਈਪ ਲਾਈਨ ਪਾਈ ਜਾ ਰਹੀ ਹੈ। 70 ਲੱਖ ਦੀ ਲਾਗਤ ਨਾਲ ਪਿੰਡ ਡਾਨਸੀਵਾਲ ਵਿੱਖੇ ਪੀਣ ਵਾਲੇ ਪਾਣੀ ਲਈ ਟੈਂਕੀ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ। 45 ਲੱਖ ਦੀ ਲਾਗਤ ਨਾਲ ਸਰਕਾਰੀ ਹਸਪਤਾਲ ਬੀਨੇਵਾਲ ਵਿੱਖੇ ਪੀਣ ਵਾਲੇ ਟਿਊਬਲ ਨੂੰ ਜਲਦ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਨਾਇਬ ਤਹਿਸੀਲਦਾਰ ਤਪਨ ਭਨੋਟ, ਪੰਜਾਬ ਮੰਡੀ ਬੋਰਡ ਦੇ ਸੁਪਰਟੈਂਡ ਇੰਜੀਨੀਅਰ, ਵਾਟਰ ਸਪਲਾਈ ਤੇ ਸੀਵਰੇਜ ਬੋਰਡ ਤੋਂ ਮੁੱਖ ਇੰਜੀਨੀਅਰ, ਪੀ ਐਸ ਪੀ ਸੀ ਐਲ ਤੋਂ ਐਸ ਸੀ ਤੋਂ ਇਲਾਵਾ ਓ ਐਸ ਡੀ ਚਰਨਜੀਤ ਸਿੰਘ ਚੰਨੀ, ਜਥੇਦਾਰ ਜਰਨੈਲ ਸਿੰਘ, ਸੰਜੇ ਪੀਪਲੀਵਾਲ , ਪ੍ਰਿੰਸ ਚੌਧਰੀ ਹਾਜਰ ਸਨ।

## ਮੋਬਾਇਲ 'ਤੇ ਐੱਸ ਐੱਮ ਐੱਸ ਰਾਹੀਂ ਰਾਹੀਂ ਭੇਜੀ ਜਾਵੇਗੀ ਰਸੀਦ : ਡੀ ਸੀ

**ਹੁਸ਼ਿਆਰਪੁਰ, (ਓ ਪੀ ਰਾਣਾ )**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਵਾਤਾਵਰਨ ਪੱਖੀ ਪਹਿਲਕਦਮੀ ਕਰਦਿਆਂ ਪੰਜਾਬ ਪ੍ਰਸ਼ਾਸਨਿਕ ਸੁਧਾਰ ਵਿਭਾਗ ਵੱਲੋਂ ਸੇਵਾ ਕੇਂਦਰਾਂ ਵਿੱਚ ਸਰਕਾਰੀ ਸੇਵਾਵਾਂ ਲਈ ਅਦਾ ਕੀਤੀਆਂ ਫੀਸਾਂ ਦੀਆਂ ਰਸੀਦਾਂ ਬਿਨੈਕਾਰਾਂ ਨੂੰ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਐਸ.ਐਮ.ਐਸ. ਰਾਹੀਂ ਭੇਜੀਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ 28 ਸੇਵਾ ਕੇਂਦਰਾਂ 'ਤੇ ਬਿਨੈਕਾਰਾਂ ਨੂੰ ਹੁਣ ਕਾਗਜ਼ੀ ਰਸੀਦਾਂ ਨਹੀਂ ਦਿੱਤੀਆਂ ਜਾਣਗੀਆਂ ਕਿਉਂਕਿ ਉਹ ਹੁਣ ਐਸ.ਐਮ.ਐਸ. ਰਾਹੀਂ ਆਪਣੇ ਭੁਗਤਾਨਾਂ ਦੀਆਂ ਰਸੀਦਾਂ ਪ੍ਰਾਪਤ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਡਿਜੀਟਲ ਰਸੀਦਾਂ 'ਤੇ ਆਮ ਕਾਗਜ਼ੀ ਰਸੀਦਾਂ ਵਾਲੀ ਸਾਰੀ ਜਾਣਕਾਰੀ ਉਪਲਬੱਧ ਹੋਵੇਗੀ। ਉਨ੍ਹਾਂ ਕਿਹਾ ਕਿ ਜੇਕਰ ਬਿਨੈਕਾਰ ਕਾਗਜ਼ੀ ਰਸੀਦ ਲੈਣਾ ਚਾਹੁੰਦਾ ਹੈ ਤਾਂ ਉਸ ਨੂੰ ਬਿਨਾਂ ਕਿਸੇ ਵਾਧੂ ਖਰਚੇ ਤੋਂ ਦਸਤਖਤ ਅਤੇ ਮੋਹਰ ਵਾਲੀ ਰਸੀਦ ਦਿੱਤੀ ਜਾਵੇਗੀ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਕਾਗਜ਼ੀ ਰਸੀਦਾਂ ਦੀ ਮੰਗ ਨਾ ਕਰਕੇ ਵਾਤਾਵਰਨ ਪੱਖੀ ਇਸ ਉਪਰਾਲੇ ਦਾ ਹਿੱਸਾ ਬਣਨ। ਕੋਮਲ ਮਿੱਤਲ ਨੇ ਦੱਸਿਆ ਕਿ ਰਸੀਦ ਦੀ ਦਫ਼ਤਰੀ ਕਾਪੀ ਬਿਨੈ-ਪੱਤਰ ਦੇ ਪਹਿਲੇ ਪੰਨੇ ਦੇ ਉਲਟ ਪਾਸੇ ਛਾਪੀ ਜਾਵੇਗੀ ਅਤੇ ਸੇਵਾ ਕੇਂਦਰਾਂ ਦੇ ਆਪ੍ਰੇਟਰਾਂ ਦੁਆਰਾ ਦਸਤਖਤ ਅਤੇ ਮੋਹਰ ਲਗਾਈ ਜਾਵੇਗੀ। ਫਾਰਮ-ਰਹਿਤ ਸੇਵਾ ਕੇਂਦਰ ਦੇ ਕੇਸ ਵਿੱਚ ਸਿਸਟਮ ਜਨਰੇਟਿਡ ਫਾਰਮ ਦੇ ਪਿਛਲੇ ਪਾਸੇ ਲੋੜ ਪੈਣ 'ਤੇ ਰਸੀਦ ਪ੍ਰਿੰਟ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੇਪਰ ਰਹਿਤ ਫੀਸ ਰਸੀਦ ਪ੍ਰਣਾਲੀ ਨਾਲ ਸੇਵਾ ਪ੍ਰਦਾਤਾਵਾਂ ਅਤੇ ਖਪਤਕਾਰਾਂ ਦੋਵਾਂ ਦੇ ਸਮੇਂ ਦੀ ਵੀ ਬੱਚਤ ਹੋਵੇਗੀ ਕਿਉਂਕਿ ਇਸ ਨਾਲ ਸੇਵਾ ਕੇਂਦਰਾਂ ਦੇ ਕਾਊਂਟਰਾਂ 'ਤੇ ਰਸੀਦਾਂ ਦੀ ਛਪਾਈ ਦਾ ਸਮਾਂ ਵੀ ਬਚੇਗਾ।

## 13 ਸਾਲਾਂ ਤੋਂ ਆ ਰਹੇ ਨੇ ਸੌ ਫੀਸਦੀ ਨਤੀਜੇ : ਅਰੋੜਾ



**ਟਾਂਡਾ ਉੜਮੜ (ਉਂਕਾਰ ਸਿੰਘ ਜਸਵਿੰਦਰ ਸੰਧੂ )** —ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਮ.ਐੱਸ.ਕੇ. ਡੇ ਬੋਰਡਿੰਗ ਸੀ.ਬੀ. ਐਸ.ਈ.ਸਕੈਂਡਰੀ ਸਕੂਲ, ਕੋਟਲੀ ਜੰਡ ਦਾ ਦਸਵੀਂ ਕਲਾਸ ਦਾ ਨਤੀਜਾ ਬੀਤੇ 13 ਸਾਲਾਂ ਤੋਂ ਸੌ ਫੀਸਦੀ ਆਉਣ 'ਤੇ ਸਕੂਲ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਨੇ ਸਮੂਹ ਵਿਦਿਆਰਥੀਆਂ ਅਤੇ ਸਕੂਲ ਸਟਾਫ ਨੂੰ ਵਧਾਈ ਦਿੱਤੀ ਹੈ।

ਇਸ ਸਾਲ ਸਕੂਲ ਦੀ ਵਿਦਿਆਰਥਣ ਇਸ਼ਿਤਾ ਨੇ ਦਸਵੀਂ ਵਿੱਚੋਂ ਏ ਗਰੇਡ ਪ੍ਰਾਪਤ ਕਰਕੇ ਪਹਿਲਾ ਸਥਾਨ, ਮਨਜੋਤ ਸੈਣੀ ਨੇ ਦੂਜਾ ਸਥਾਨ, ਸੁੱਖਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸਦੇ ਨਾਲ ਹੀ ਸਕੂਲ ਦੇ ਵੱਡੀ ਗਿਣਤੀ ਵਿਦਿਆਰਥੀਆਂ ਨੇ 70 ਤੋਂ 80 ਪ੍ਰਤੀਸ਼ਤ ਨੰਬਰ ਲੈ ਕੇ ਸਕੂਲ ਦਾ ਮਾਣ ਵਧਾਇਆ। ਏ ਗਰੇਡ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਪਰਵਿੰਦਰ ਕੌਰ ਨੇ ਸਨਮਾਨਤ ਕੀਤਾ । ਪ੍ਰਿੰਸੀਪਲ ਪਰਵਿੰਦਰ ਕੌਰ ਨੇ ਬੱਚਿਆਂ ਨੂੰ ਵਧੀਆ ਪ੍ਰਦਰਸ਼ਨ ਕਰਨ ਲਈ ਵਧਾਈ ਦਿੱਤੀ ਅਤੇ ਆਪਣੇ ਜੀਵਨ ਵਿਚ ਹੋਰ ਵੀ ਮਿਹਨਤ ਕਰਕੇ ਕਾਮਯਾਬ ਹੋਣ ਲਈ ਪ੍ਰੇਰਿਆ। ਇਸ ਮੌਕੇ ਸਕੂਲ ਸਟਾਫ ਵਿਚ ਮਨਦੀਪ ਕੌਰ, ਨਰਿੰਦਰ ਕੌਰ, ਆਗਿਆ ਕੌਰ ,ਗੁਰਸ਼ਰਨ ਕੌਰ, ਸਿਮਰਨਜੀਤ ਕੌਰ, ਪ੍ਰਭਜੋਤ ਕੌਰ, ਗੁਰਪ੍ਰੀਤ ਕੌਰ ,ਅਮਨਪ੍ਰੀਤ ਸਿੰਘ ,ਮਨਮੋਹਨ ਸਿੰਘ ,ਪਰਦੀਪ ਸਿੰਘ ,ਰਜਿੰਦਰ ਕੌਰ ਅਤੇ ਸੁਖਵਿੰਦਰ ਕੌਰ ਹਾਜਰ ਸਨ।

## ਲੜੀਵਾਰ ਕਥਾ ਦੀ ਸੰਪੂਰਨਤਾਈ 'ਤੇ ਗੁਰਮਤਿ ਸਮਾਗਮ

**ਮੋਹਾਲੀ ( ਗੁਰਜੀਤ ਬਿੱਲਾ )**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਲੜੀਵਾਰ ਕਥਾ ਦੀ ਸੰਪੂਰਨਤਾਈ ਦੀ ਖੁਸ਼ੀ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਗੁਰਮਤਿ ਸਮਾਗਮ ਵਿੱਚ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜੱਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ (ਅਨੰਦਪੁਰ ਸਾਹਿਬ) ਵਾਲਿਆਂ ਨੇ ਲੜੀਵਾਰ ਕਥਾ ਦੀ ਸੰਪੂਰਨਤਾਈ ਦੀ ਅਤੇ ਅਗਲੀ ਲੜੀਵਾਰ ਕਥਾ ਦੀ ਅਰੰਭਤਾ ਦੀ ਅਰਦਾਸ ਕੀਤੀ। ਉਨਾ ਆਪਣੇ ਪ੍ਰਵਚਨਾਂ ਰਾਹੀਂ ਧੁਰ ਕੀ ਬਾਣੀ ਦੀ ਅੰਮ੍ਰਿਤ ਕਥਾ ਦੀ ਮਹਾਨਤਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਭਾਈ ਲਖਵਿੰਦਰ ਸਿੰਘ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਨਿਹਾਲ ਕੀਤਾ। ਭਾਈ ਜਸਪਾਲ ਸਿੰਘ ਮਾਛੀਵਾੜੇ ਵਾਲਿਆਂ ਦਾ ਪੰਥਕ ਢਾਡੀ ਜੱਥਾ, ਭਾਈ ਗੁਰਪਾਲ ਸਿੰਘ ਦਮਦਮੀ ਟਕਸਾਲ, ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਅਨੰਦਪੁਰ ਸਾਹਿਬ ਵਾਲੇ, ਸੰਤ ਬਾਬਾ ਕੁਲਦੀਪ ਸਿੰਘ, ਅਕਾਲ ਕਵੀਸ਼ਰੀ ਜੱਥਾ, ਭਾਈ ਗੁਰਮੀਤ ਸਿੰਘ, ਮਾਤਾ ਸੁੰਦਰ ਕੌਰ ਸਰਬ ਸਾਂਝੀ ਸੋਸਾਇਟੀ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥੇ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਸੁਖਵਿੰਦਰ ਸਿੰਘ , ਭਾਈ ਜਸਵੰਤ ਸਿੰਘ, ਭਾਈ ਹਰਬਖ਼ਸ਼ ਸਿੰਘ ਅਤੇ ਭਾਈ ਜਸਵਿੰਦਰ ਸਿੰਘ ਨੇ ਕਥਾ ਕੀਰਤਨ ਕਵੀਸ਼ਰੀ ਅਤੇ ਗਰਮਤਿ ਵਿਚਾਰਾਂ ਰਾਹੀ ਸੰਗਤਾਂ ਨੂੰ ਸਾਰਾ ਦਿਨ ਹਰਜੱਸ ਸੁਣਾ ਕੇ ਨਿਹਾਲ ਕੀਤਾ।

## ਜੀ ਟੀ ਯੂ ਵੱਲੋਂ ਜ਼ਿਲ੍ਹਾ ਪੱਧਰੀ ਧਰਨਾ ਅੱਜ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)**-ਪੰਜਾਬ ਅੰਦਰ ਬਦਲਾਅ ਦੇ ਨਾਅਰੇ ਹੇਠ ਵੱਡੇ ਬਹੁਮਤ ਨਾਲ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਹੋਂਦ ਵਿੱਚ ਆਏ ਇੱਕ ਸਾਲ ਤੋਂ ਵੱਧ ਦਾ ਸਮਾਂ ਹੋ ਗਿਆ ਹੈ, ਪ੍ਰੰਤੂ ਅਜੇ ਤੱਕ ਸਿੱਖਿਆ ਦੇ ਖੇਤਰ ਵਿੱਚ ਹੇਠਲੇ ਪੱਧਰ 'ਤੇ ਕੋਈ ਵੀ ਨਵੀਂ ਤੰਦ ਨਹੀਂ ਛੇੜੀ ਗਈ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜੀ ਟੀ ਯੂ ਦੇ ਸੂਬਾ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਹੀਰਾ ਨੇ ਦੱਸਿਆ ਕਿ ਜੇਕਰ ਸੂਬਾਈ ਮਸਲਿਆਂ ਨੂੰ ਇੱਕ ਪਾਸੇ ਰੱਖ ਜ਼ਿਲ੍ਹੇ ਦੇ ਮਸਲਿਆਂ ਤੇ ਹੀ ਧਿਆਨ ਰੱਖੀਏ ਤਾਂ ਅੱਜ ਹਾਲ ਇਹ ਹੈ ਕਿ ਜ਼ਿਲ੍ਹੇ ਦੇ ਸਮੂਹ ਦਸ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਖਾਲੀ ਹਨ। ਵੱਡੀ ਗਿਣਤੀ ਵਿੱਚ ਸਕੂਲ, ਹੈੱਡ ਮਾਸਟਰ ਤੇ ਪ੍ਰਿੰਸੀਪਲ ਦੀਆਂ ਖਾਲੀ ਅਸਾਮੀਆਂ ਭਰਨ ਦੀ ਉਡੀਕ ਵਿੱਚ ਹਨ। ਜ਼ਿਲ੍ਹੇ ਦੇ 118 ਪ੍ਰਾਇਮਰੀ ਸਕੂਲ ਸਿੰਗਲ ਟੀਚਰ ਸਨ। ਐਮੀਨੈਂਸ ਸਕੂਲ ਸਿਰਫ ਇਸ਼ਤਿਹਾਰਬਾਜੀ ਤੱਕ ਸੀਮਤ ਹਨ। ਅਧਿਆਪਕ ਆਗੂ ਨੇ ਦੱਸਿਆ ਕਿ ਉਹਨਾਂ ਕੋਲ ਅਜਿਹੀ ਉਦਾਹਰਣ ਮੌਜੂਦ ਹੈ ਜਿੱਥੇ ਇੱਕ ਐਮੀਨੈਂਸ ਸਕੂਲ ਅੰਦਰ ਹਿੰਦੀ ਅਧਿਆਪਕ ਦੀ ਅਸਾਮੀ ਖਾਲੀ ਹੋਣ ਕਾਰਨ ਸਾਇੰਸ ਅਧਿਆਪਕ ਨੂੰ ਹਿੰਦੀ ਪੜ੍ਹਾਉਣੀ ਪੈ ਰਹੀ ਹੈ। ਜ਼ਿਲ੍ਹਾ ਪੱਧਰੀ ਅਧਿਕਾਰੀਆਂ ਵੱਲੋਂ ਮਨਮਰਜ਼ੀ ਨਾਲ ਆਰਜ਼ੀ ਪ੍ਰਬੰਧ ਲਈ ਅਧਿਆਪਕਾਂ ਅੰਦਰ ਭਾਈ ਭਤੀਜਾਵਾਦ ਦਾ ਸੱਭਿਆਚਾਰ ਪ੍ਰਫੁੱਲਤ ਕੀਤਾ ਜਾ ਰਿਹਾ ਹੈ। ਪੁਰਾਣੀ ਪੈਨਸ਼ਨ ਦੀ ਬਹਾਲੀ, ਈ ਟੀ ਟੀ ਤੋਂ ਮਾਸਟਰ ਕਾਡਰ ਦੀਆਂ ਚਿਰਾਂ ਤੋਂ ਰੁਕੀਆਂ ਤਰੱਕੀਆਂ, ਸਮੂਹ ਵਰਗਾ ਦੀਆਂ ਤਰੱਕੀਆਂ ਨੂੰ ਸਮਾਂਬੱਧ ਕਰਨਾ ਯਕੀਨੀ ਬਣਾਉਣਾ, ਅਨੇਕਾਂ ਖੋਹੇ ਭੱਤੇ ਬਹਾਲ ਕਰਨਾ, ਡੀ ਏ ਦੀਆਂ ਬਕਾਇਦਾ ਕਿਸ਼ਤਾਂ ਜਾਰੀ ਕਰਨਾ, ਸਮੂਹ ਬਕਾਏ ਜਾਰੀ ਕਰਨਾ, ਨਵੀਂ ਭਰਤੀ ਪੂਰੇ ਗਰੇਡ ਤੇ ਰੈਗੂਲਰ ਤੌਰ ਤੇ ਕਰਨਾ, ਠੇਕਾ-ਅਧਾਰਿਤ, ਆਊਟਸੋਰਸਿੰਗ ਅਧਾਰਿਤ ਅਧਿਆਪਕਾਂ ਨੂੰ ਪੱਕੇ ਕਰਨਾ, ਬਾਹਰਲੇ ਜਿਲਿਆਂ ਵਿੱਚ ਕੰਮ ਕਰਦੇ ਅਧਿਆਪਕਾਂ ਨੂੰ ਜਿਲੇ ਵਿੱਚ ਬਦਲੀ ਦਾ ਮੌਕਾ ਦੇਣ ਸਮੇਤ ਅਨੇਕਾਂ ਹੋਰ ਹੱਕੀ ਮੰਗਾਂ ਲਈ ਜੀ ਟੀ ਯੂ ਵੱਲੋਂ 17 ਮਈ ਨੂੰ ਬਾਅਦ ਦੁਪਹਿਰ ਸਹੀ 2.30 ਵਜੇ ਮਹਾਰਾਜਾ ਰਣਜੀਤ ਸਿੰਘ ਬਾਗ ਵਿੱਚ ਧਰਨਾ ਲਗਾਇਆ ਜਾ ਰਿਹਾ ਹੈ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਮਨਾਇਆ ਮਦਰ ਡੇ



**ਕਪੂਰਥਲਾ, ( ਹਨੀ )** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਮਦਰ ਡੇ ਸਬੰਧੀ ਸਮਾਗਮ ਕਰਵਾਇਆ ਗਿਆ । ਸਮਾਗਮ ਵਿਚ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਮਾਵਾਂ ਪ੍ਰਤੀ ਆਪਣੇ ਪਿਆਰ ਦਾ ਇਜ਼ਹਾਰ ਕੀਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਜਿਨ੍ਹਾਂ ਦਾ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ । ਇਸ ਦੌਰਾਨ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਪੋਸਟਰ ਮੇਕਿੰਗ ਅਤੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਲਈ ਕਾਰਡ ਮੇਕਿੰਗ ਪ੍ਰਤੀਯੋਗਤਾ ਕਰਵਾਈ ਗਈ। ਕੇ ਜੀ ਵਿੰਗ ਦੇ ਵਿਦਿਆਰਥੀਆਂ ਆਪਣੀਆਂ ਮਾਵਾਂ ਨਾਲ ਮਿਲ ਕੇ ਵੱਖ ਵੱਖ ਪ੍ਰਕਾਰ ਦੀਆਂ ਗੇਮਜ਼ ਖੇਡੀਆਂ, ਜੋ ਸਮਾਗਮ ਦਾ ਮੁੱਖ ਆਕਰਸ਼ਣ ਵੀ ਰਿਹਾ। ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਮਾਂ ਦੇ ਚਰਨਾਂ ਵਿੱਚ ਹੀ ਸਵਰਗ ਹੈ ਅਤੇ ਇਸੇ ਲਈ ਹੀ ਮਾਂ ਨੂੰ ਰੱਬ ਦਾ ਰੂਪ ਵੀ ਕਿਹਾ ਜਾਂਦਾ ਹੈ । ਇਸ ਦੌਰਾਨ ਵਿਦਿਆਰਥੀਆਂ ਵਲੋਂ ਮਦਰ ਡੇ ਸਬੰਧੀ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ । ਇਸ ਮੌਕੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ, ਮੈਡਮ ਨਰਿੰਦਰ ਪੱਤੜ, ਨੀਲਮ ਕਾਲੜਾ, ਅਨੀਤਾ ਸਹਿਗਲ, ਰਜਨੀ ਅਰੋੜਾ, ਰੇਨੂੰ ਬਾਲਾ, ਲਵਿਤਾ, ਅਮਨਦੀਪ ਕੌਰ, ਪ੍ਰਵੀਨ ਕੌਰ, ਦਵਿੰਦਰ ਕੌਰ, ਪਰਮਿੰਦਰ ਕੌਰ, ਮੀਨਾਕਸ਼ੀ, ਜਸਵਿੰਦਰ ਸਿੰਘ, ਹਰਜਿੰਦਰ ਸਿੰਘ, ਰਣਧੀਰ ਸਿੰਘ, ਰਣਜੀਤ ਸਿੰਘ, ਕੁਲਵਿੰਦਰ ਕੌਰ, ਸੁਮਨਦੀਪ ਕੌਰ, ਰਾਜ ਰਾਣੀ, ਮਨਜਿੰਦਰ ਸਿੰਘ ਆਦਿ ਸਟਾਫ਼ ਮੈਂਬਰ ਹਾਜਰ ਸਨ ।

## ਮੁਲਾਜ਼ਮ ਫੈਡਰੇਸ਼ਨ ਵੱਲੋਂ ਪਹਿਲਵਾਨਾਂ ਦੇ ਸਮਰਥਨ ਲਈ 23 ਨੂੰ ਦਿੱਲੀ ਜਾਣ ਦਾ ਐਲਾਨ




**ਜਲੰਧਰ ( ਰਜੇਸ਼ ਥਾਪਾ)** — ਦੇਸ਼ ਭਰ ਦੇ ਰਾਜ ਸਰਕਾਰੀ ਮੁਲਾਜਮਾਂ ਦੀ ਪ੍ਰਤੀਨਿਧਤਾ ਕਰਦੀ ਕੁਲ ਹਿੰਦ ਰਾਜ ਸਰਕਾਰੀ ਮੁਲਾਜਮ ਫੈਡਰੇਸ਼ਨ ਦੀ ਦੋ ਦਿਨਾਂ ਕੌਮੀ ਕਾਰਜਕਾਰਨੀ ਦੀ ਮੀਟਿੰਗ ਕੇਰਲ ਦੀ ਰਾਜਧਾਨੀ ਥਿਰੂਵਨਥਾਪੁਰਮ ( ਤਰਿਵਨਦਰਮ ) ਵਿਖੇ ਹੋਈ । ਮੀਟਿੰਗ ਦੇ ਫੈਸਲੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਰਾਜ ਸਰਕਾਰੀ ਮੁਲਾਜਮ ਫੈਡਰੇਸਨ ਦੇ ਕੌਮੀ ਉਪ ਪ੍ਰਧਾਨ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨੇ ਦੱਸਿਆ ਕਿ ਇਸ ਦੋ ਦਿਨਾਂ ਮੀਟਿੰਗ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਦੀ ਮੁਲਾਜਮਾਂ ਪ੍ਰਤੀ ਪਹੁੰਚ ਅਤੇ ਉਹਨਾਂ ਵਲੋਂ ਅਪਣਾਈਆਂ ਜਾ ਰਹੀਆਂ ਨੀਤੀਆਂ 'ਤੇ ਗਭੀਰ ਚਰਚਾ ਕੀਤੀ ਗਈ ।

ਵਿਭਾਗਾਂ ਦਾ ਨਿੱਜੀਕਰਣ ਕਰਨ , ਕੱਚੇ ਮੁਲਾਜਮਾਂ ਨੂੰ ਪੱਕੇ ਕਰਨ , ਮਾਣ ਭੱਤਾ/ ਇਨਸੈਨਟਿਵ , ਖਾਲੀ ਅਸਾਮੀਆਂ ਤੇ ਰੈਗੂਲਰ ਨਿਯੁਕਤੀਆਂ ਕਰਨ , ਪੈਨਸ਼ਨ ਫੰਡ ਰੈਗੂਲੇਟਰੀ ਡਿਵੈੱਲਪਮੈਂਟ ਅਥਾਰਟੀ ਬਿਲ ਖਤਮ ਕਰਨ ਅਤੇ ਸਮੁੱਚੇ ਦੇਸ਼ ਅੰਦਰ ਪੁਰਾਣੀ ਪੈਨਸ਼ਨ ਬਹਾਲ ਕਰਨ , ਰਾਜ ਸਰਕਾਰਾਂ ਵਲੋਂ ਮਹਿੰਗਾਈ ਭੱਤੇ ਨੂੰ ਡੀ-ਲਿੰਕ ਕਰਨ ਆਦਿ ਮੁੱਦਿਆ 'ਤੇ ਵਿਚਾਰਾਂ ਕਰਦਿਆਂ ਪ੍ਰਤੀਨਿਧਾਂ ਵਲੋਂ ਆਪਣੇ- ਅਪਣੇ ਰਾਜ ਦੀ ਸਥਿਤੀ ਅਤੇ ਮੁਲਾਜਮਾਂ ਦੇ ਚੱਲ ਰਹੇ ਅਜਾਦਾਨਾ ਅਤੇ ਸਾਂਝੇ ਸੰਘਰਸ਼ ਬਾਰੇ ਵੀ ਸਾਂਝ ਪਾਈ। ਇਸ ਮੌਕੇ ਦਿੱਲੀ ਅੰਦਰ ਇਨਸਾਫ ਲਈ ਲੜ ਰਹੇ ਪਹਿਲਵਾਨਾਂ ਦੇ ਸਮਰਥਨ ਲਈ 23 ਮਈ ਨੂੰ ਦਿੱਲੀ ਜਾਣ ਦਾ ਐਲਾਨ ਕੀਤਾ ਗਿਆ, ਇਸ ਤੋਂ ਇਲਾਵਾ ਕਿਰਤੀ ਲੋਕਾਂ ਦੀਆਂ ਮੰਗਾਂ ਨੂੰ ਲੈ ਕੇ 09 ਅਗਸਤ ਨੂੰ ਭਾਰਤ ਛੱਡੋ ਅੰਦੋਲਨ ਦੇ ਇਤਿਹਾਸਕ ਦਿਨ ਤੋਂ ਪੂਰੇ ਦੇਸ਼ ਅੰਦਰ ਵਹੀਕਲ ਜੱਥਾ ਮਾਰਚ ਸ਼ੁਰੂ ਕੀਤਾ ਜਾਵੇਗਾ ਅਤੇ 03 ਨਵੰਬਰ ਨੂੰ ਇੱਕ ਲੱਖ ਤੋਂ ਵੱਧ ਮੁਲਾਜਮ ਦਿੱਲੀ ਵਿਖੇ ਪਾਰਲੀਮੈਂਟ ਵੱਲ ਮਾਰਚ ਕਰਨਗੇ ।

## ਕਿਰਤੀ ਵਰਗਾਂ ਨੂੰ ਸਿਰੇ ਦੀ ਕੰਗਾਲੀ ਤੇ ਭੁੱਖਮਰੀ ਦੀ ਅਵਸਥਾ 'ਚ ਪੁਚਾ ਦਿੱਤਾ : ਪ੍ਰੋ. ਜੈਪਾਲ



**ਜਲੰਧਰ (ਰਾਜੇਸ਼ ਥਾਪਾ )**-"ਸਾਮਰਾਜੀ ਅਤੇ ਕਾਰਪੋਰੇਟ ਲੋਟੂਆਂ ਦੇ ਹਿੱਤਾਂ ਦੀ ਰਾਖੀ ਲਈ ਘੜੀਆਂ ਗਈਆਂ ਅਤੇ ਭਾਰਤ ਦੀ ਕਾਰਪੋਰੇਟ ਪੱਖੀ ਫਿਰਕੂ-ਫਾਸਿਸਟ ਸੱਤਾ ਵੱਲੋਂ ਤੇਜੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਨਵ ਉਦਾਰਵਾਦੀ ਨੀਤੀਆਂ ਨੇ ਮੁੱਠੀ ਭਰ ਵੱਡੇ ਸਰਮਾਏਦਾਰਾਂ (ਸੁਪਰ ਰਿੱਚ) ਦੇ ਵਾਰੇ-ਨਿਆਰੇ ਕਰ ਦਿੱਤੇ ਹਨ, ਜਦਕਿ ਭਾਰਤੀ ਆਵਾਮ, ਖਾਸ ਕਰਕੇ ਕਿਰਤੀ ਵਰਗਾਂ ਨੂੰ ਸਿਰੇ ਦੀ ਕੰਗਾਲੀ ਅਤੇ ਭੁੱਖਮਰੀ ਦੀ ਅਵਸਥਾ ਵਿੱਚ ਪੁਚਾ ਦਿੱਤਾ ਹੈ।" ਇਹ ਸ਼ਬਦ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਜਲੰਧਰ ਤਹਿਸੀਲ ਕਮੇਟੀ ਵੱਲੋਂ ਇੱਥੋਂ ਦੇ ਮੁਹੱਲਾ ਸੰਤੋਖਪੁਰਾ ਵਿਖੇ ਸੱਦੇ ਗਏ ਪ੍ਰਭਾਵਸ਼ਾਲੀ ਸੈਮੀਨਾਰ ਵਿੱਚ ਸ਼ਾਮਲ ਕਾਰਕੁੰਨਾਂ ਅਤੇ ਪਤਵੰਤੇ ਸ਼ਹਿਰੀਆਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾਈ ਵਿੱਤ ਸਕੱਤਰ ਪ੍ਰੋਫੈਸਰ ਜੈਪਾਲ ਸਿੰਘ ਨੇ ਕਹੇ। ਉਨ੍ਹਾਂ ਕਿਹਾ ਕਿ ਤਿੱਖੇ ਮਜਦੂਰ ਸੰਘਰਸ਼ਾਂ ਅਤੇ ਕਿਰਤੀ ਸ਼੍ਰੇਣੀ ਦੇ ਬਾਕੀ ਮਿਹਨਤੀ ਵਰਗਾਂ ਨਾਲ ਦੇਸ਼ ਵਿਆਪੀ, ਸਾਂਝੇ ਸੰਘਰਸ਼ਾਂ ਰਾਹੀਂ ਉਕਤ ਨੀਤੀਆਂ ਰੱਦ ਕੀਤੇ ਬਿਨਾਂ ਭਾਰਤ ਦੀ ਕਿਰਤੀ ਵਸੋਂ ਬੇਰੁਜ਼ਗਾਰੀ, ਮਹਿੰਗਾਈ ਆਦਿ ਚੌਤਰਫਾ ਦੁਸ਼ਵਾਰੀਆਂ ਤੋਂ ਕਦੀ ਵੀ ਮੁਕਤ ਨਹੀਂ ਹੋ ਸਕਦੀ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਨੀਤੀਆਂ ਸਦਕਾ ਹੀ ਮੋਦੀ-ਸ਼ਾਹ ਸਰਕਾਰ ਅਤੇ ਵੱਖੋ-ਵੱਖ ਰੰਗਾਂ ਦੀਆਂ ਸੂਬਾਈ ਸਰਕਾਰਾਂ ਨੇ ਮਜਦੂਰਾਂ-ਮੁਲਾਜ਼ਮਾਂ ਅਤੇ ਗਰੀਬ ਵਸੋਂ ਨੂੰ ਲੱਖਾਂ ਕੁਰਬਾਨੀਆਂ ਸਦਕਾ ਹਾਸਲ ਕੀਤੇ ਕਿਰਤ ਕਾਨੂੰਨਾਂ, ਪੈਨਸ਼ਨਾਂ ਤੇ ਹੋਰ ਸਮਾਜਿਕ ਸੁਰੱਖਿਆ ਲਾਭਾਂ, ਸਰਕਾਰੀ ਸਿੱਖਿਆ ਅਤੇ ਸਿਹਤ ਸਹੂਲਤਾਂ, ਸਰਵਪੱਖੀ ਜਨਤਕ ਵੰਡ ਪ੍ਰਣਾਲੀ ਆਦਿ ਤੋਂ ਵਾਂਝੇ ਕਰ ਦਿੱਤਾ ਹੈ, ਜਦਕਿ ਟੈਕਸ ਚੋਰੀ ਰਾਹੀਂ ਮਿੰਟੋ-ਮਿੰਟੀ ਟਨਾਂ ਦੇ ਹਿਸਾਬ ਨਾਲ ਨੋਟ ਇਕੱਠੇ ਕਰਕੇ ਦੇਸ਼ ਨੂੰ ਘੁਣ ਵਾਂਗ ਖਾ ਰਹੇ ਕਾਰਪੋਰੇਟਾਂ ਦੇ ਲੱਖਾਂ ਕਰੋੜ ਰੁਪਏ ਦੇ ਕਰਜੇ ਵੱਟੇ-ਖਾਤੇ ਪਾਏ ਜਾ ਰਹੇ ਹਨ। ਬੁਲਾਰੇ ਨੇ ਹਾਜਰੀਨ ਨੂੰ ਨਿੱਜੀਕਰਨ, ਉਦਾਰੀਕਰਨ, ਸੰਸਾਰੀਕਰਨ ਦੇ ਚੌਖਟੇ ਵਾਲੀਆਂ ਉਕਤ ਨੀਤੀਆਂ ਖਿਲਾਫ਼ ਵਿਸ਼ਾਲ ਲੋਕ ਲਾਮਬੰਦੀ 'ਤੇ ਆਧਾਰਿਤ ਤਿੱਖੇ ਘੋਲ ਵਿੱਢਣ ਦਾ ਸੱਦਾ ਦਿੱਤਾ। ਤਹਿਸੀਲ ਸਕੱਤਰ ਸਾਥੀ ਬਲਦੇਵ ਸਿੰਘ ਨੂਰਪੁਰੀ ਨੇ ਵੀ ਵਿਚਾਰ ਰੱਖੇ। ਪ੍ਰਧਾਨਗੀ ਹਰੀਮੁਨੀ ਸਿੰਘ, ਸੰਭੂ ਨਾਥ ਚੌਹਾਨ, ਪਾਰਵਤੀ ਦੇਵੀ, ਕੰਚਨ ਸਿੰਘ ਅਤੇ ਜਵਾਹਰ ਚੌਰੱਸੀਆ ਨੇ ਕੀਤੀ।

## ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਵੱਲੋਂ ਪ੍ਰਦਰਸ਼ਨ ਅੱਜ



**ਜਲੰਧਰ, ( ਸੈਲੀ ਐਲਬਰਟ)** - ਵੱਖ-ਵੱਖ ਵਿਭਾਗਾਂ ਵਿਚ ਅਰਸੇ ਤੋਂ ਕੰਮ ਕਰਦੇ ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜਮਾਂ ਦੇ ਪੱਕੇ ਰੁਜਗਾਰ ਦੀ ਮੰਗ ਪ੍ਰਤੀ ਅਪਣਾਏ ਜਾ ਰਹੇ ਨਫਰਤੀ ਵਰਗੇ ਮੌਜੂਦਾ ਪੰਜਾਬ ਸਰਕਾਰ ਦੇ ਵਿਹਾਰ ਵਿਰੁੱਧ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਨੇ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਹੈ।

ਇਥੇ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾਈ ਆਗੂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ , ਪਵਨਦੀਪ ਸਿੰਘ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂ, ਸ਼ੇਰ ਸਿੰਘ ਖੰਨਾ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਸਿੰਘ ਗਗਨ ਅਤੇ ਸੁਰਿੰਦਰ ਕੁਮਾਰ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਜਿਹੜੀ ਪਿਛਲੀਆਂ ਸਰਕਾਰਾਂ ਦਾ ਬਦਲ ਪੇਸ਼ ਕਰਨ ਦੇ ਦਾਅਵੇ ਕਰਦੀ ਸੀ, ਪਰ ਇਸ ਨੇ ਮੇਹਨਤਕਸ਼ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਥਾਂ ਕਾਰਪੋਰੇਟ ਘਰਾਣਿਆਂ ਦੀ ਲੁੱਟ ਅਤੇ ਮੁਨਾਫੇ ਕਮਾਉਣ ਦੇ ਹਿੱਤਾਂ ਦੀ ਪੂਰਤੀ ਲਈ ਸੂਬੇ ਦੇ ਲੋਕਾਂ ਨਾਲ ਝੂਠ ਅਤੇ ਧੋਖੇ ਦੀ ਖੇਡ ਨੂੰ ਜਾਰੀ ਰੱਖਿਆ। ਵਿਭਾਗਾਂ ਦੇ ਨਿੱਜੀਕਰਨ ਵਿਰੁੱਧ ਅਤੇ ਹੋਰ ਭੱਖਦੀਆਂ ਅਹਿਮ ਮੰਗਾਂ ਦੀ ਪ੍ਰਾਪਤੀ ਲਈ ਜਦੋ-ਜਹਿਦ ਕਰਦੇ ਆ ਰਹੇ ਇਨ੍ਹਾਂ ਕਾਮਿਆਂ ਦੀਆਂ 'ਮੰਗਾਂ-ਮਸਲਿਆਂ' ਦਾ ਹੱਲ ਆਪਸੀ ਗੱਲਬਾਤ ਰਾਹੀ ਹੋਣ ਦੇ ਉਦੇਸ਼ ਨਾਲ ਪਿਛਲੇ 1 ਸਾਲ ਤੋਂ ਮੁੱਖ ਮੰਤਰੀ ਪੰਜਾਬ ਸਰਕਾਰ ਨਾਲ ਮੀਟਿੰਗ ਕਰਨ ਲਈ ਵਾਰ ਵਾਰ ਪੱਤਰ ਲਿੱਖ ਕੇ ਬੇਨਤੀ ਕਰ ਰਹੇ ਹਨ। ਜਿਸ 'ਤੇ ਭਾਵੇ ਕਿ ਮੁੱਖ ਮੰਤਰੀ ਪੰਜਾਬ ਵਲੋਂ 12 ਵਾਰ ਲਿਖਤੀ ਰੂਪ ਵਿਚ ਮੀਟਿੰਗ ਕਰਨ ਲਈ ਸਮਾਂ ਤੈਅ ਕੀਤਾ ਗਿਆ ਪਰ ਐਨ ਮੌਕੇ 'ਤੇ ਆ ਕੇ ਆਪਣੇ ਜਰੂਰੀ ਰੁਝੇਵਿਆਂ ਦਾ ਬਹਾਨਾ ਲਗਾ ਕੇ ਮੁੱਖ ਮੰਤਰੀ ਸਾਹਿਬ ਵਲੋਂ ਹਰ ਵਾਰ ਮੀਟਿੰਗ ਕਰਨ ਤੋਂ ਇਨਕਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੇ ਕੋਲ ਸੰਘਰਸ਼ ਤੋਂ ਬਿਨਾ ਕੋਈ ਹੋਰ ਰਾਹ ਨਹੀਂ ਹੈ। ਵੱਖ-ਵੱਖ ਵਿਭਾਗਾਂ ਦੇ ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜਮਾਂ ਵਲੋਂ 17 ਮਈ ਨੂੰ ਜਲੰਧਰ ਪੁੱਜ ਕੇ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ ਹੈ।

# ਨਸ਼ਾ ਤਸਕਰਾਂ ਵਿਰੁੱਧ ਪ੍ਰਚਾਰ ਮੁਹਿੰਮ ਰਾਹੀਂ ਸੰਘਰਸ਼ ਦੀ ਲੋੜ : ਨੀਟਾ, ਵਿਜੈ

## ਨਸ਼ਿਆਂ ਖ਼ਿਲਾਫ ਅੱਗੇ ਆਈ ਲਿਬਰੇਸ਼ਨ



ਮੀਟਿੰਗ ਦੌਰਾਨ ਨਾਅਰੇਬਾਜ਼ੀ ਕਰਦੇ ਵਰਕਰ।

**ਭੀਖੀ (ਧਰਮਵੀਰ ਸ਼ਰਮਾ)**-ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੀ ਅਗਵਾਈ ਹੇਠ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਭੀਖੀ ਸ਼ਹਿਰ ਦੇ ਵਾਰਡ ਨੰਬਰ 2 ਵਿੱਚ ਖੁੱਲ੍ਹੇਆਮ ਵਿਕ ਰਹੇ ਨਸ਼ਿਆਂ ਖ਼ਿਲਾਫ਼ 'ਨਸ਼ੇ ਨਹੀਂ ਰੁਜ਼ਗਾਰ ਦਿਓ' ਇਕੱਠ ਕੀਤਾ ਗਿਆ, ਜਿਸ ਵਿੱਚ ਵੱਡੀ ਪੱਧਰ 'ਤੇ ਵਾਰਡ ਵਾਸੀਆਂ ਵੱਲੋਂ ਸ਼ਮੂਲੀਅਤ ਕਰਕੇ ਨਸ਼ਿਆਂ ਖ਼ਿਲਾਫ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ। ਇਸ ਦੌਰਾਨ ਲਿਬਰੇਸ਼ਨ ਦੇ ਤਹਿਸੀਲ ਸਕੱਤਰ ਕਾ. ਗੁਰਸੇਵਕ ਸਿੰਘ ਮਾਨ, ਸ਼ਹਿਰੀ ਸਕੱਤਰ ਕਾ. ਧਰਮਪਾਲ ਨੀਟਾ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਵਿਜੈ ਕੁਮਾਰ ਭੀਖੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਵਧ ਰਹੇ ਮੈਡੀਕਲ ਤੇ ਚਿੱਟੇ ਵਰਗੇ ਨਸ਼ੇ ਖਿਲਾਫ ਸ਼ਹਿਰ ਅੰਦਰ ਵੱਡੀ ਪੱਧਰ 'ਤੇ ਲਾਮਬੰਦੀ ਕਰਕੇ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਜਾਏਗੀ। ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਸੂਬੇ ਭਰ 'ਚ ਮਾਨ ਸਰਕਾਰ ਵੱਲੋਂ ਕੀਤੇ ਨਸ਼ਾ ਖ਼ਤਮ ਕਰਨ ਦੇ ਚੋਣ ਵਾਅਦੇ ਅਤੇ ਰੁਜ਼ਗਾਰ ਦੇਣ ਦੀ ਗਾਰੰਟੀ ਸਮੇਤ ਹੋਰ ਸਹੂਲਤਾਂ ਲਈ ਚੋਣ ਵਾਅਦੇ ਕਰਕੇ ਲੋਕਾਂ ਨਾਲ ਵਾਅਦਾ ਖਿਲਾਫੀ ਦੇ ਵਿਰੋਧ ਵਜੋਂ ਸੂਬੇ ਅੰਦਰ ਸੰਘਰਸ਼ ਛੇੜ ਦਿੱਤਾ ਹੈ। ਅੱਜ ਭੀਖੀ ਅੰਦਰ ਮੈਡੀਕਲ ਤੇ ਚਿੱਟੇ ਦੇ ਨਸ਼ੇ ਕਾਰਨ ਹੋ ਰਹੀਆਂ ਮੌਤਾਂ ਦੀ ਜ਼ਿੰਮੇਵਾਰ ਭਗਵੰਤ ਮਾਨ ਸਰਕਾਰ ਹੈ, ਉਸ ਦੀ ਪੁਲਸ ਨਸ਼ੇ ਰੋਕਣ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ। ਕਈ ਥਾਵਾਂ 'ਤੇ ਤਾਂ ਆਪ ਪੁਲਸ ਦੇ ਮੁਲਾਜ਼ਮ ਨਸ਼ਿਆਂ ਦਾ ਵਪਾਰ ਕਰ ਰਹੇ ਹਨ। ਅੱਜ ਸ਼ਹਿਰ ਅੰਦਰ ਲੁੱਟ-ਖੋਹ ਦੀਆਂ ਵਾਰਦਾਤਾਂ, ਘਰਾਂ ਅੰਦਰੋਂ ਚੋਰੀ, ਨਸ਼ੇ ਦੀ ਲਤ ਲੱਗੇ ਨੌਜਵਾਨਾਂ ਵੱਲੋਂ ਲੁੱਟ-ਖੋਹ ਲਈ ਕੀਤੇ ਜਾਂਦੇ ਹਮਲਿਆਂ ਨੂੰ ਪੁਲਸ ਸ਼ਿਕਾਇਤਾਂ ਦੇ ਬਾਵਜੂਦ ਮੂਕ ਦਰਸ਼ਕ ਬਣ ਕੇ ਦੇਖ ਰਹੀ ਹੈ। ਸਰਕਾਰ ਤੇ ਪੁਲਸ ਦੀ ਮਿਲੀਭੁਗਤ ਨਾਲ ਨਸ਼ੇ ਵਿਕ ਰਹੇ ਹਨ ਤੇ ਪਿੰਡਾਂ, ਸ਼ਹਿਰਾਂ ਦੇ ਨੌਜਵਾਨ ਆਪਣੀਆਂ ਜਾਨਾਂ ਗੁਆ ਰਹੇ ਹਨ। ਇਸ ਸਿਆਸੀ ਪੁਲਸ ਤੇ ਨਸ਼ਾ ਤਸਕਰ ਗੱਠਜੋੜ ਖਿਲਾਫ਼ ਪਿੰਡਾਂ, ਸ਼ਹਿਰਾਂ ਅੰਦਰ ਵੱਡੀ ਪੱਧਰ 'ਤੇ ਪ੍ਰਚਾਰ ਮੁਹਿੰਮ ਤੇਜ਼ ਕਰਕੇ ਸੰਘਰਸ਼ ਦੇ ਰਾਹ ਪੈਣ ਦੀ ਲੋੜ ਹੈ। ਉਪਰੰਤ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਨਵੀਂ ਕਮੇਟੀ ਚੁਣੀ ਗਈ, ਜਿਸ ਵਿੱਚ ਦਰਸ਼ਨ ਸਿੰਘ, ਭੋਲ਼ਾ ਸਿੰਘ, ਬਲਕਾਰ ਸਿੰਘ, ਹਰਦੀਪ ਸਿੰਘ, ਜੱਸੀ ਸਿੰਘ, ਨਿਰਮਲ ਸਿੰਘ, ਕ੍ਰਿਸ਼ਨ ਸਿੰਘ, ਰਾਜੇਸ਼ ਕੁਮਾਰ, ਅਜੇ ਕੁਮਾਰ, ਮਹਿੰਦਰਪਾਲ, ਖੇਮ ਸਿੰਘ, ਅੰਮ੍ਰਿਤਪਾਲ, ਚਰਨਜੀਤ ਕੌਰ, ਪਰਮਜੀਤ ਕੌਰ, ਸੁਖਪਾਲ ਕੌਰ, ਰਣਜੀਤ ਕੌਰ, ਬਲਜੀਤ ਕੌਰ, ਨਿੱਕੀ ਕੌਰ, ਉਰਮਲਾ ਦੇਵੀ ਵਾਰਡ ਨੰਬਰ 2 ਨੂੰ ਕਮੇਟੀ ਮੈਂਬਰ ਚੁਣਿਆ ਗਿਆ।

# ਆਜ਼ਾਦੀ ਦੇ ਪ੍ਰਵਾਨਿਆਂ ਕਰਕੇ ਹੀ ਅਸੀਂ ਮਾਣ ਰਹੇ ਹਾਂ ਆਜ਼ਾਦ ਫ਼ਿਜ਼ਾ ਦਾ ਨਿੱਘ : ਕੌਸ਼ਲ

## ਸ਼ਹੀਦ ਸੁਖਦੇਵ ਦੇ ਜਨਮ ਦਿਨ ਦੀ ਖੁਸ਼ੀ 'ਚ ਕਰਾਇਆ ਸਮਾਗਮ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਸ਼ਹੀਦ ਭਗਤ ਸਿੰਘ ਅਤੇ ਰਾਜਗੁਰੂ ਦੇ ਨਾਲ ਫਾਂਸੀ ਦਾ ਰੱਸਾ ਚੁੰਮਣ ਵਾਲੇ ਸੁਖਦੇਵ ਦਾ ਜਨਮ ਦਿਨ ਹੈ। ਆਜ਼ਾਦੀ ਦੇ ਪ੍ਰਵਾਨਿਆਂ ਦੀਆਂ ਕੁਰਬਾਨੀਆਂ ਕਰਕੇ ਹੀ ਅਸੀਂ ਆਜ਼ਾਦ ਫ਼ਿਜ਼ਾ ਦਾ ਨਿੱਘ ਮਾਨਣ ਦੇ ਕਾਬਲ ਹੋਏ ਹਾਂ। ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੁਗਿਆਣਾ ਵਿਖੇ ਕਰਾਏ ਗਏ ਸਮਾਗਮ ਦੌਰਾਨ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਕੌਸ਼ਲ ਨੇ ਦਾਅਵਾ ਕੀਤਾ ਕਿ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਪੜ੍ਹਦੇ ਬੱਚਿਆਂ ਤੇ ਨੌਜਵਾਨਾਂ ਨੂੰ ਦੇਸ਼ ਭਗਤਾਂ ਦੀ ਜੀਵਨੀ ਤੇ ਕੁਰਬਾਨੀਆਂ ਬਾਰੇ ਵਿਸਥਾਰ ਵਿੱਚ ਦੱਸਣਾ ਬਹੁਤ ਜ਼ਰੂਰੀ ਹੈ। ਸੁਸਾਇਟੀ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਕਾਰਜਕਾਰਨੀ ਮੈਂਬਰ ਮਨਦੀਪ ਸਿੰਘ ਮਿੰਟੂ ਗਿੱਲ ਤੇ ਗੁਰਮੀਤ ਸਿੰਘ ਮਰਾੜ ਆਦਿ ਨੇ ਬੱਚਿਆਂ ਨੂੰ ਸਮਾਜਿਕ ਕੁਰੀਤੀਆਂ ਦੇ ਨੁਕਸਾਨ ਗਿਣਾਉਂਦਿਆਂ ਨੈਤਿਕਤਾ ਦਾ ਪਾਠ ਪੜ੍ਹਾਇਆ, ਜਦਕਿ ਹੋਰ ਬੁਲਾਰਿਆਂ ਨੇ ਵੀ ਵੱਖ-ਵੱਖ ਢੰਗ ਤਰੀਕਿਆਂ ਨਾਲ ਉਸਾਰੂ ਸੋਚ ਰੱਖਣ ਸਬੰਧੀ ਪ੍ਰੇਰਤ ਕੀਤਾ।

ਸਕੂਲ ਮੁਖੀ ਪ੍ਰਿੰਸੀਪਲ ਗੋਪਾਲ ਕ੍ਰਿਸ਼ਨ ਨੇ ਨਕਲ ਨੂੰ ਸਿਉਂਕ ਵਾਲਾ ਉਹ ਕੀੜਾ ਦੱਸਿਆ, ਜੋ ਹੌਲੀ ਹੌਲੀ ਅੰਦਰੋਂ ਖੋਖਲਾ ਕਰਨ ਦਾ ਸਬੱਬ ਬਣਦਾ ਹੈ। ਉਨ੍ਹਾਂ ਆਖਿਆ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਸਰਕਾਰੀ ਸਕੂਲਾਂ ਦੇ 100 ਫ਼ੀਸਦੀ ਨਤੀਜਿਆਂ ਦੇ ਲਏ ਫ਼ੈਸਲੇ ਮੁਤਾਬਕ ਸਾਨੂੰ ਨਕਲ ਦੇ ਕੋਹੜ ਦੇ ਖਾਤਮੇ ਲਈ ਯਤਨਸ਼ੀਲ ਹੋਣਾ ਪਵੇਗਾ, ਕਿਉਂਕਿ ਨਕਲ ਨਾਲ ਬੱਚੇ ਚੰਗੇ ਨੰਬਰ ਤਾਂ ਲਿਜਾ ਸਕਦੇ ਹਨ, ਪਰ ਉਨ੍ਹਾਂ ਵਿੱਚੋਂ ਪ੍ਰਤਿਭਾ, ਗਿਆਨ ਅਤੇ ਕਾਬਲੀਅਤ ਖੰਭ ਲਾ ਕੇ ਉੱਡ ਜਾਂਦੀ ਹੈ। ਸੇਵਾਮੁਕਤ ਪ੍ਰਿੰਸੀਪਲ ਮਨਜੀਤ ਸਿੰਘ ਭੁੱਲਰ ਨੇ ਵੀ ਆਪਣੇ ਸਕੂਲ ਸਮੇਂ ਦੀਆਂ ਅਨੇਕਾਂ ਗੱਲਾਂ ਸਾਂਝੀਆਂ ਕਰਦਿਆਂ ਸੁਸਾਇਟੀ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ।

ਸਕੂਲ ਦੇ ਹੋਣਹਾਰ ਵਿਦਿਆਰਥੀ-ਵਿਦਿਆਰਥਣਾਂ ਵੱਲੋਂ ਦੇਸ਼ ਭਗਤਾਂ ਦੀ ਜੀਵਨੀ ਨਾਲ ਸਬੰਧਤ ਨਾਟਕ, ਸਕਿੱਟ ਸਮੇਤ ਗੀਤ, ਗ਼ਜ਼ਲਾਂ ਤੇ ਸੱਭਿਆਚਾਰ ਪ੍ਰੋਗਰਾਮ ਪੇਸ਼ ਕੀਤਾ ਗਿਆ। ਅੰਤ ਵਿੱਚ ਗਤੀਵਿਧੀਆਂ 'ਚ ਹਿੱਸਾ ਲੈਣ ਵਾਲੇ ਵਿਦਿਆਰਥੀ-ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ ਹੋਇਆ।

## ਐੱਸ ਆਰ ਐੱਸ ਵਿੱਦਿਆਪੀਠ ਸਕੂਲ 'ਚ ਮਦਰ ਡੇਅ ਮੌਕੇ ਸਮਾਗਮ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਵਿੱਚ ਮਦਰ ਡੇਅ ਫੇਸ 2 ਬੜੇ ਹੀ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਵਿੱਚ ਛੇਵੀਂ ਜਮਾਤ ਤੋਂ ਪੰਜਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਨਿਉਤਾ ਦਿੱਤਾ ਗਿਆ। ਸਾਰੀਆਂ ਮਾਤਾਵਾਂ ਬੜੇ ਹੀ ਚਾਅ ਤੇ ਉਤਸ਼ਾਹ ਦੇ ਨਾਲ ਆਈਆਂ। ਬੱਚਿਆਂ ਨੇ ਬਹੁਤ ਵਧੀਆ ਢੰਗ ਨਾਲ ਉਨ੍ਹਾਂ ਦਾ ਸਵਾਗਤ ਕੀਤਾ ਤੇ ਸਕੂਲ ਵੱਲੋਂ ਇਨ੍ਹਾਂ ਦੇ ਖਾਣ-ਪੀਣ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਾਰੀਆਂ ਮਾਤਾਵਾਂ ਦਾ ਮਨ ਮੋਹ ਲਿਆ। ਇਸ ਸਮੇਂ ਸਾਰੀਆਂ ਮਾਤਾਵਾਂ ਨੂੰ ਕਈ ਪ੍ਰਕਾਰ ਦੀਆਂ ਖੇਡ ਗਤੀਵਿਧੀਆਂ ਕਰਾਈਆਂ ਗਈਆਂ। ਉਨ੍ਹਾਂ ਨੇ ਇਨ੍ਹਾਂ ਗਤੀਵਿਧੀਆਂ ਦਾ ਬਹੁਤ ਹੀ ਆਨੰਦ ਮਾਣਿਆ। ਉਹ ਬਹੁਤ ਖੁਸ਼ ਦਿਖਾਈ ਦੇ ਰਹੀਆਂ ਸਨ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਮਿਸ ਮਿਲੀ ਬੋਸ ਵੱਲੋਂ ਮਾਤਾਵਾਂ ਲਈ ਭਾਸ਼ਣ ਦੇ ਕੇ ਵਧਾਈ ਦਿੱਤੀ ਗਈ ਤੇ ਅੰਤ ਵਿੱਚ ਗਰੀਟਿੰਗ ਕਾਰਡ ਦੇ ਕੇ ਸਨਮਾਨਤ ਕੀਤਾ ਗਿਆ।

## ਭਾਈ ਦਿਆਲਾ ਜੀ ਸਕੂਲ ਦੇ ਵਿਦਿਆਰਥੀਆਂ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਸੀ.ਬੀ.ਐਸ. ਈ. ਨਵੀਂ ਦਿੱਲੀ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਦਾ ਨਤੀਜਾ ਇਸ ਸਾਲ ਵੀ 100 ਪ੍ਰਤੀਸ਼ਤ ਰਿਹਾ। ਸਕੂਲ ਦੇ ਵਿਦਿਆਰਥੀਆਂ ਨੇ ਕ੍ਰਮਵਾਰ ਲਕਸ਼ਦੀਪ ਸਿੰਘ ਰੋਮਾਣਾ ਨੇ 97.6% ਪ੍ਰਭਸਿਮਰਨ ਕੌਰ ਨੇ 95.6% ਤੇ ਤਰੁਣ ਗਰਗ ਨੇ 94.8% ਅੰਕ ਪ੍ਰਾਪਤ ਕਰਕੇ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ ਤੇ ਸ਼ਿਵਮ ਗਰਗ, ਦਵਿੰਦਰ ਕੌਰ, ਧਿਰਤੀ ਰਾਣੀ, ਸਾਹਿਲ ਬਾਂਸਲ, ਰਮਨਦੀਪ ਕੌਰ, ਹੈਰੀ, ਰੋਹਨ ਜਿੰਦਲ, ਗੁਰਪ੍ਰੀਤ ਸਿੰਘ, ਪੁਸ਼ਪਦੀਪ ਸਿੰਘ ਸਿੱਧੂ, ਮਯੰਕ ਬਾਂਸਲ, ਹਰਸ਼ਜੋਤ ਕੌਰ, ਪ੍ਰਿੰਸ ਕੁਮਾਰ, ਕਰਮਜੋਤ ਸਿੰਘ, ਗੁਰਕੀਰਤ ਸਿੰਘ, ਕ੍ਰਿਸ਼ ਗਰਗ, ਸਿਮਰਨਜੀਤ ਸਿੰਘ ਵਿਰਦੀ, ਕਸ਼ਿਸ਼, ਰਾਜਨਦੀਪ ਸਿੰਘ, ਜਸਨਪ੍ਰੀਤ ਸਿੰਘ, ਖੁਸ਼ਪ੍ਰੀਤ ਵਰਮਾ ਨੇ 85% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ ਹਨ, ਜੋ ਮਾਣ ਵਾਲੀ ਗੱਲ ਹੈ। ਇਨ੍ਹਾਂ ਪ੍ਰਾਪਤੀਆਂ ਉੱਪਰ 'ਤੇ ਖੁਸ਼ੀ ਜ਼ਾਹਰ ਕਰਦੇ ਹੋਏ ਸਕੂਲ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸੀਮਾ ਠਾਕੁਰ, ਸਕੂਲ ਪ੍ਰਬੰਧਕਾਂ ਤੇ ਸਮੂਹ ਸਟਾਫ਼ ਮੈਂਬਰਾਂ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਕਾਤਰਾਂ

### ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ 'ਚ ਮਾਂ ਦਿਵਸ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਧੀਨ ਚੱਲ ਰਹੇ ਵਿੱਦਿਅਕ ਅਦਾਰੇ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਵਜੀਦਪੁਰ ਵਿਖੇ ਪ੍ਰਿੰਸੀਪਲ ਰਮਨਦੀਪ ਕੌਰ ਦੀ ਸੁਚੱਜੀ ਅਗਵਾਈ ਅਧੀਨ 'ਮਾਂ-ਦਿਵਸ' ਮਨਾਇਆ ਗਿਆ। ਬੱਚਿਆਂ ਨੇ ਕਾਰਡ ਬਣਾ ਕੇ ਤੇ ਕਵਿਤਾਵਾਂ ਰਾਹੀਂ ਆਪਣੀ ਮਾਂ ਪ੍ਰਤੀ ਪਿਆਰ ਦੇ ਆਪਣੇ ਭਾਵਾਂ ਨੂੰ ਪ੍ਰਗਟ ਕੀਤਾ। ਨੌਵੀਂ ਜਮਾਤ ਦੀ ਵਿਦਿਆਰਥਣ ਬਵਨਪ੍ਰੀਤ ਕੌਰ ਵੱਲੋਂ ਮਾਂ-ਦਿਵਸ 'ਤੇ ਵਿਸ਼ੇਸ਼ ਤੌਰ 'ਤੇ ਭਾਸ਼ਣ ਦਿੱਤਾ ਗਿਆ।ਪ੍ਰਿੰਸੀਪਲ ਵੱਲੋਂ ਕਾਰਡ ਬਣਾਉਣ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।]

### ਸਕੂਲਾਂ ਦਾ ਸਮਾਂ ਬਦਲਣ ਦੀ ਮੰਗ

**ਬਰੇਟਾ (ਗੋਬਿੰਦ ਸ਼ਰਮਾ)**-ਅਧਿਆਪਕ ਦਲ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਰਾਜਦੀਪ ਸਿੰਘ ਬਰੇਟਾ ਨੇ ਇੱਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਵਧ ਰਹੀ ਗਰਮੀ ਕਾਰਨ ਦੁਪਹਿਰ ਵੇਲੇ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਉਨ੍ਹਾਂ ਸਿੱਖਿਆ ਮੰਤਰੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਕੂਲਾਂ ਦਾ ਸਮਾਂ ਸਵੇਰੇ 7:30 ਤੋਂ 12:30 ਤੱਕ ਕੀਤਾ ਜਾਵੇ ਤਾਂ ਕਿ ਬੱਚਿਆਂ ਨੂੰ ਵਧ ਰਹੀ ਗਰਮੀ ਤੋਂ ਰਾਹਤ ਮਿਲ ਸਕੇ। ਇਸ ਮੌਕੇ ਉਨ੍ਹਾ ਨਾਲ ਬਲਜਿੰਦਰ ਸਿੰਘ ਚਹਿਲ ਚੱਕ ਅਲੀਸ਼ੇਰ, ਰਾਜਿੰਦਰ ਸਿੰਘ ਜੱਗੀ, ਜਸਵੀਰ ਸਿੰਘ ਕੁਲਰੀਆਂ, ਨਿਰਮਲ ਸਿੰਘ ਸੈਦੇਵਾਲਾ ਆਦਿ ਆਗੂ ਹਾਜ਼ਰ ਸਨ।

### ਕੈਂਬ੍ਰਿਜ ਸਕੂਲ ਦੇ ਅਰਪਿਤ ਗੁਪਤਾ 10ਵੀਂ ਸ਼੍ਰੇਣੀ 'ਚੋਂ 98.8 ਫੀਸਦੀ ਅੰਕ ਲੈ ਕੇ ਜ਼ਿਲ੍ਹੇ 'ਚੋਂ ਅੱਵਲ



**ਧੂਰੀ (ਸੁਖਦੇਵ ਧੂਰੀ)**-10ਵੀਂ ਦੀ ਬੋਰਡ ਪ੍ਰੀਖਿਆ ਦੇ ਆਏ ਨਤੀਜਿਆਂ 'ਚੋਂ ਕੈਂਬ੍ਰਿਜ ਸਕੂਲ ਦੇ ਵਿਦਿਆਰਥੀਆਂ ਨੇ ਵਧੀਆ ਨੰਬਰ ਲੈ ਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਅਰਪਿਤ ਗੁਪਤਾ 98.8 ਫੀਸਦੀ ਅੰਕ ਲੈ ਕੇ ਜ਼ਿਲ੍ਹੇ 'ਚੋਂ ਟਾਪ ਕਰਕੇ ਧੂਰੀ ਅਤੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਅਰਪਿਤ ਗੁਪਤਾ ਦੀ ਇਸ ਪ੍ਰਾਪਤੀ 'ਤੇ ਜਿੱਥੇ ਕੈਂਬ੍ਰਿਜ ਸਕੂਲ ਚੇਅਰਮੈਨ ਮੱਖਣ ਲਾਲ ਗਰਗ ਅਤੇ ਪ੍ਰਿੰਸੀਪਲ ਬ੍ਰਜੇਸ਼ ਸਕਸੈਨਾ ਲਈ ਮਾਣ ਵਾਲੀ ਗੱਲ ਹੈ, ਉਥੇ ਹੀ ਅਰਪਿਤ ਦੇ ਮਾਤਾ ਪਿਤਾ ਮੋਨਿਕਾ ਗੁਪਤਾ ਅਤੇ ਨੀਰਜ ਗੁਪਤਾ ਦਾ ਵੀ ਨਾਂਅ ਰੌਸ਼ਨ ਕੀਤਾ। ਅਰਪਿਤ ਗੁਪਤਾ ਨੇ ਆਪਣੀ ਇਸ ਪ੍ਰਾਪਤੀ 'ਤੇ ਕਿਹਾ ਕਿ ਮੇਰੇ ਅੰਕਲ ਨਰੇਸ਼ ਗੁਪਤਾ ਅਤੇ ਆਂਟੀ ਨਿਸ਼ਾ ਗੁਪਤਾ ਦਾ ਇਸ 'ਚ ਬਹੁਤ ਯੋਗਦਾਨ ਹੈ ਅਤੇ ਉਹ ਡਾਕਟਰ ਬਣ ਕੇ ਆਪਣੇ ਭਰਾ ਡਾ. ਸਾਰੰਗ ਗੁਪਤਾ ਵਾਂਗ ਵਾਂਗ ਆਪਣੇ ਪਰਵਾਰ ਦੇ ਨਾਲ ਨਾਲ ਧੂਰੀ ਅਤੇ ਸਕੂਲ ਦਾ ਨਾਂਅ ਰੌਸ਼ਨ ਕਰਨਾ ਚਾਹੁੰਦੇ ਹਨ।

### ਡਰੀਮ ਬਿਲਡਰਜ਼ ਸੰਸਥਾ ਵਿਜ਼ਟਰ ਵੀਜ਼ੇ ਲਗਵਾਉਣ 'ਚ ਮੋਹਰੀ : ਐੱਮ ਡੀ ਨਵਜੋਤ ਬਰਾੜ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਮੁੱਖ ਸਟੈਂਡ ਦੇ ਸਾਹਮਣੇ ਵਾਲੀ ਗਲੀ 'ਚ ਸਥਿਤ ਡਰੀਮ ਬਿਲਡਰਜ਼ ਸੰਸਥਾ ਆਇਲਟਸ ਅਤੇ ਇੰਮੀਗ੍ਰੇਸ਼ਨ ਦੇ ਖੇਤਰ 'ਚ ਭਰੋਸੇਮੰਦ ਸੇਵਾਵਾਂ ਨਿਭਾਅ ਰਹੀ ਹੈ। ਐੱਮ ਡੀ ਨਵਜੋਤ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਨੇ ਸੁਖਮੰਦਰ ਸਿੰਘ ਪੁੱਤਰ ਦੇਵ ਸਿੰਘ ਵਾਸੀ ਮਾਣੂੰਕੇ ਗਿੱਲ ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਾ ਕੇ ਦਿੱਤਾ ਹੈ। ਐੱਮ ਡੀ ਨਵਜੋਤ ਸਿੰਘ ਬਰਾੜ ਨੇ ਸੁਖਮੰਦਰ ਸਿੰਘ ਨੂੰ ਕੈਨੇਡਾ ਵਿਜ਼ਟਰ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਕੈਨੇਡਾ, ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਇੰਗਲੈਂਡ ਦੇ ਹਰੇਕ ਪ੍ਰਕਾਰ ਦੇ ਵੀਜ਼ੇ ਲਗਾਏ ਜਾਂਦੇ ਹਨ ਅਤੇ ਪੈਕੇਜ ਕਰ ਕੇ ਸਾਰੇ ਪੈਸੇ ਵੀਜ਼ਾ ਆਉਣ ਤੋਂ ਬਾਅਦ ਲਏ ਜਾਂਦੇ ਹਨ।

### 'ਜੋਤਿਸ਼ ਦਾ ਕੱਚ-ਸੱਚ' ਵਿਸ਼ੇ 'ਤੇ ਸੈਮੀਨਾਰ 3 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਤਰਕਸ਼ੀਲ ਸੁਸਾਇਟੀ ਪੰਜਾਬ ਲੌਂਗੋਵਾਲ ਦੀ ਇਕੱਤਰਤਾ ਭਗਤ ਸਿੰਘ ਲਾਇਬ੍ਰੇਰੀ ਵਿਖੇ ਜੁਝਾਰ ਲੌਂਗੋਵਾਲ ਦੀ ਪ੍ਰਧਾਨਗੀ ਤੇ ਸੂਬਾ ਆਗੂ ਬਲਵੀਰ ਲੌਂਗੋਵਾਲ ਦੀ ਦੇਖ ਰੇਖ ਹੇਠ ਹੋਈ, ਜਿਸ ਵਿੱਚ ਇਲਾਕੇ 'ਚ ਪੁੱਛ ਦੇਣ, ਜੋਤਿਸ਼ ਦੇ ਨਾਂਅ 'ਤੇ ਲੋਕਾਂ ਦੀ ਮਾਨਸਿਕ ਤੇ ਆਰਥਿਕ ਲੁੱਟ ਕਰਨ ਵਾਲੇ ਅਖੌਤੀ ਚਮਤਕਾਰੀਆਂ ਦਾ ਸਖਤ ਨੋਟਿਸ ਲਿਆ ਗਿਆ। ਹਰ ਸਾਲ ਹੋਣ ਵਾਲੀ ਚੇਤਨਾ ਪਰਖ ਪ੍ਰੀਖਿਆ ਇਸ ਸਾਲ ਚਾਰਲਸ ਡਾਰਵਿਨ ਨੂੰ ਸਮਰਪਤ ਕਰਨ ਦੇ ਫੈਸਲੇ ਤੋਂ ਜਾਣੂ ਕਰਵਾਉਣ ਦੇ ਨਾਲ ਆਗੂਆਂ ਨੇ ਦੱਸਿਆ ਅਵਾਮ ਨੂੰ ਰਾਸ਼ੀਆ, ਅੰਧਵਿਸ਼ਵਾਸ, ਕਿਸਮਤਵਾਦ ਦੀ ਦਲ ਦਲ ਵਿੱਚੋਂ ਕੱਢਣ ਲਈ ਲੌਂਗੋਵਾਲ ਵਿਖੇ "ਜੋਤਿਸ਼ ਦਾ ਕੱਚ ਸੱਚ" ਵਿਸ਼ੇ 'ਤੇ ਸੈਮੀਨਾਰ 3 ਜੂਨ ਨੂੰ ਕੀਤਾ ਜਾਵੇਗਾ। ਇਸ ਸੈਮੀਨਾਰ ਵਿੱਚ ਕੋਈ ਵੀ ਚਮਤਕਾਰੀ, ਜੋਤਸ਼ੀ, ਤਾਂਤਰਿਕ ਆਪਣੀ ਸ਼ਕਤੀ ਦਾ ਪ੍ਰਦਰਸ਼ਨ ਕਰਕੇ 5 ਲੱਖ ਰੁਪਏ ਦਾ ਇਨਾਮ ਜਿੱਤ ਸਕਦਾ ਹੈ, ਜਿਸ ਲਈ ਉਸ ਨੂੰ ਸੁਸਾਇਟੀ ਦੀਆਂ ਸ਼ਰਤਾਂ ਮੰਨਦਿਆਂ ਚੈਲੰਜ ਦੇ ਰੂਪ 'ਚ ਜਮਾਨਤੀ ਰਾਸ਼ੀ ਜਮ੍ਹਾਂ ਕਰਵਾਉਣੀ ਪਵੇਗੀ। ਇਸ ਮੌਕੇ ਵਿੱਤ ਮੁਖੀ ਸੰਦੀਪ ਸਿੰਘ, ਕਮਲਜੀਤ ਵਿੱਕੀ, ਅਮਨ ਦੀਪ ਸਿੰਘ, ਭਾਗ ਸਿੰਘ ਆਦਿ ਆਗੂ ਹਾਜ਼ਰ ਸਨ।

### ਸ਼ਹੀਦ ਨਾਇਕ ਮਹਿੰਦਰ ਸਿੰਘ ਸਕੂਲ ਦਾ ਨਤੀਜਾ ਸ਼ਾਨਦਾਰ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ 'ਚੋਂ ਸ਼ਹੀਦ ਨਾਇਕ ਮਹਿੰਦਰ ਸਿੰਘ ਸਰਕਾਰੀ ਹਾਈ ਸਕੂਲ ਭੂੰਦੜ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਵਿੱਚੋਂ ਨਵਜੋਤ ਕੌਰ (92%) ਨੇ ਪਹਿਲਾ, ਨਵਨੀਤ ਕੌਰ ਤੇ ਅਮਨਦੀਪ ਕੌਰ ਦੋਵਾਂ ਨੇ (88%) ਬਰਾਬਰ-ਬਰਾਬਰ ਅੰਕ ਲੈ ਕੇ ਦੂਜਾ ਤੇ ਕੋਮਲਪ੍ਰੀਤ ਕੌਰ (87%) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੁਜ਼ੀਸ਼ਨਾਂ ਵਾਲੇ ਬੱਚਿਆਂ ਨੂੰ ਸਵੇਰ ਦੀ ਸਭਾ ਦੌਰਾਨ ਹੌਸਲਾ ਅਫਜ਼ਾਈ ਵਜੋਂ ਸਕੂਲ ਮੁਖੀ ਤੇ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕਾ ਸ੍ਰੀਮਤੀ ਪੂਜਾ ਰਾਣੀ ਵੱਲੋਂ ਸਮੂਹ ਸਟਾਫ, ਮਾਪਿਆਂ ਤੇ ਬੱਚਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਬੱਚੇ ਇਸੇ ਤਰ੍ਹਾਂ ਅਗਾਊਂ ਜਮਾਤਾਂ ਵਿੱਚ ਵੀ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਪਿੰਡ, ਮਾਪਿਆਂ ਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਦੇ ਰਹਿਣ।

## ਹੋਲੀ ਹਾਰਟ 'ਚ ਮਨਾਇਆ 'ਮਦਰਜ਼ ਡੇ'



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਇਲਾਕੇ ਦੀ ਉੱਘੀ ਵਿੱਦਿਅਕ ਸੰਸਥਾ ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਮਦਰਜ਼ ਡੇ' ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਸਕੂਲ ਪ੍ਰਬੰਧਕੀ ਕਮੇਟੀ ਮੈਂਬਰ ਸ੍ਰੀਮਾਨ ਇਸ਼ਾਨ ਗੋਇਲ, ਰਚਨਾ ਗੋਇਲ ਤੇ ਦੀਪਿਕਾ ਗੋਇਲ ਨੇ ਕੀਤਾ। ਇਸ ਦਿਨ ਨਰਸਰੀ ਤੋਂ ਕਲਾਸ ਦੂਜੀ ਤੱਕ ਦੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੂੰ ਸਕੂਲ ਬੁਲਾਇਆ ਗਿਆ, ਜਿਸ ਦੌਰਾਨ ਬੱਚਿਆਂ ਦੀਆਂ ਮਾਵਾਂ ਲਈ ਖਾਸ ਪ੍ਰਕਾਰ ਦੀਆਂ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ। ਇਸ ਦਿਨ ਦਾ ਉਦੇਸ਼ ਇਹ ਸੀ ਕਿ ਹਰ ਇੱਕ ਦੀ ਜ਼ਿੰਦਗੀ 'ਚ ਮਾਵਾਂ ਦੀ ਅਹਿਮੀਅਤ ਦਾ ਅਹਿਸਾਸ ਕਰਵਾਉਣਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਆਪਣੀ ਕਲਾ ਦੇ ਪ੍ਰਦਰਸ਼ਨ ਰਾਹੀ ਮਾਵਾਂ ਪ੍ਰਤੀ ਆਪਣੇ ਪਿਆਰ ਨੂੰ ਪ੍ਰਗਟ ਕੀਤਾ। ਸਕੂਲ ਦੁਆਰਾ ਵਖ ਵੱਖ ਗਤੀਵਿਧੀਆ ਜਿਵੇਂ ਗ੍ਰੀਟਿੰਗ ਕਾਰਡ, ਆਪਣੀ ਮਾਂ ਨੂੰ ਪੱਤਰ, ਫੋਟੋ ਫਰੇਮ ਬਣਾਉਣਾ ਕਰਵਾਈਆਂ ਗਈਆਂ, ਜਿਸ 'ਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਵਾਈਸ ਪ੍ਰਿੰਸੀਪਲ ਪੂਜਾ ਕੌਸ਼ਿਕ ਨੇ ਆਪਣੇ ਭਾਸ਼ਣ ਦੌਰਾਨ ਮਾਵਾਂ ਦੀ ਜ਼ਿੰਦਗੀ 'ਚ ਅਹਿਮੀਅਤ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਸਕੂਲ ਦੇ ਐਗਜ਼ੀਕਿਊਟਿਵ ਡਾਇਰੈਕਟਰ ਰਾਕੇਸ਼ ਬਾਂਸਲ ਨੇ ਵਾਈਸ ਪ੍ਰਿੰਸੀਪਲ, ਸਟਾਫ ਤੇ ਵਿਦਿਆਰਥੀਆਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

# ਵਿਜੀਲੈਂਸ ਵੱਲੋਂ ਲੱਖ ਰੁਪਏ ਰਿਸ਼ਵਤ ਲੈਂਦਾ ਸੁਪਰਡੈਂਟ ਇੰਜੀ. ਰੰਗੇ ਹੱਥੀਂ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਐੱਸ.ਏ.ਐੱਸ. ਨਗਰ ਵਿਖੇ ਤਾਇਨਾਤ ਸੁਪਰਡੈਂਟ ਇੰਜੀਨੀਅਰ (ਐੱਸ.ਈ.) ਕੁਆਲਿਟੀ ਕੰਟਰੋਲ ਆਰ. ਕੇ. ਗੁਪਤਾ ਨੂੰ ਇੱਕ ਲੱਖ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਲਖਪਤ ਰਾਏ ਵਾਸੀ ਸ੍ਰੀ ਮੁਕਤਸਰ ਸਾਹਿਬ ਦੀ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਹ ਇੱਕ ਸਰਕਾਰੀ ਠੇਕੇਦਾਰ ਨਾਲ ਕੰਮ ਕਰ ਰਿਹਾ ਹੈ, ਜਿਸ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਬਲਾਕ ਕੋਟਭਾਈ ਦੇ ਪਿੰਡ ਖੁੰਨਣ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸਕੀਮ ਸਬੰਧੀ ਟੈਂਡਰ ਅਲਾਟ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਉਕਤ ਸੁਪਰਡੈਂਟ ਇੰਜੀਨੀਅਰ ਨੇ ਬਕਾਇਆ ਬਿੱਲਾਂ ਦੇ ਨਿਪਟਾਰੇ ਤੇ ਉਕਤ ਪ੍ਰੋਜੈਕਟ ਦੀ ਨਿਰੀਖਣ ਰਿਪੋਰਟ ਪੇਸ਼ ਕਰਨ ਬਦਲੇ 2,00,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ, ਪਰ ਸੌਦਾ ਇੱਕ ਲੱਖ ਰੁਪਏ ਵਿੱਚ ਤੈਅ ਹੋਇਆ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਬਠਿੰਡਾ ਰੇਂਜ ਦੀ ਵਿਜੀਲੈਂਸ ਯੂਨਿਟ ਨੇ ਜਾਲ ਵਿਛਾਇਆ ਤੇ ਮੁਲਜ਼ਮ ਸੁਪਰਡੈਂਟ ਇੰਜੀਨੀਅਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 1,00,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਟੀਮ ਨੇ ਉਸ ਕੋਲੋਂ ਮੌਕੇ 'ਤੇ ਹੀ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ। ਇਸ ਸਬੰਧੀ ਉਕਤ ਮੁਲਜ਼ਮ ਖਿਲਾਫ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਆਰੰਭ ਦਿੱਤੀ ਗਈ ਹੈ।

## ਫਤਿਹ ਗਰੁੱਪ ਆਫ ਇੰਸ. ਵੱਲੋਂ ਪ੍ਰੋ. ਤ੍ਰਿਪਾਠੀ ਦਾ ਸਨਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪ੍ਰੋ. ਰਜਿੰਦਰ ਕੁਮਾਰ ਤ੍ਰਿਪਾਠੀ ਨੇ ਪਿਛਲੇ ਦਿਨੀਂ ਆਪਣੀ ਪੀ ਐੱਚ ਡੀ (ਕੰਪਿਊਟਰ ਸਾਇੰਸ) ਵਿਸ਼ੇ 'ਚ ਡਿਗਰੀ ਸੰਪੰਨ ਕਰਨ 'ਤੇ ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵੱਲੋਂ ਸਨਮਾਨ ਸਮਾਰੋਹ ਕੀਤਾ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸੰਸਥਾ ਦੇ ਚੇਅਰਮੈਨ ਐੱਸ ਐੱਸ ਚੱਠਾ ਨੇ ਉਕਤ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦ੍ਰਿੜ੍ਹ ਸੰਕਲਪ ਤੇ ਮਿਹਨਤ ਨਾਲ ਅਜਿਹੇ ਨਤੀਜੇ ਪ੍ਰਾਪਤ ਹੁੰਦੇ ਹਨ, ਉਨ੍ਹਾਂ ਸੰਸਥਾ ਵੱਲੋਂ ਅਧਿਆਪਕਾਂ ਲਈ ਉਚੇਰੀ ਸਿੱਖਿਆ ਕਰਨ 'ਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ। ਜਾਣਕਾਰੀ ਅਨੁਸਾਰ ਸ੍ਰੀ ਤ੍ਰਿਪਾਠੀ ਨੇ ਆਪਣੀ 'ਪੀ ਐੱਚ ਡੀ ਟੂ ਸਟੱਡੀ ਦਿ ਏਰੀਆ ਆਫ ਡਾਟਾ ਮਾਈਨਿੰਗ ਯੂਜ਼ਿੰਗ ਪ੍ਰਾਈਵੇਸੀ ਪ੍ਰੀਜ਼ਰਵਿੰਗ' ਟੌਪਿਕ 'ਤੇ ਗਾਈਡ ਡਾ. ਗਰਿਮਾ ਬਾਂਸਲ ਦੀ ਯੋਗ ਅਗਵਾਈ ਹੇਠ ਕੀਤੀ। ਪ੍ਰਿੰਸੀਪਲ ਡਾ. ਅਮਰਜੀਤ ਸਿੰਘ ਸਿੱਧੂ ਨੇ ਵੀ ਸ੍ਰੀ ਤ੍ਰਿਪਾਠੀ ਨੂੰ ਮੁਬਾਰਬਾਦ ਦਿੰਦਿਆਂ ਪੀ ਐੱਚ ਡੀ ਡਿਗਰੀ ਦੀ ਮਹੱਤਤਾ ਤੋਂ ਬਾਕੀ ਸਟਾਫ ਨੂੰ ਜਾਣੂੰ ਕਰਵਾਉਂਦਿਆਂ ਇਸ ਪ੍ਰਾਪਤੀ ਨੂੰ ਸੰਸਥਾ ਲਈ ਲਾਹੇਵੰਦ ਦੱਸਿਆ। ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ ਤੇ ਪ੍ਰੋ. ਜਸਵਿੰਦਰ ਸਿੰਘ ਨੇ ਵੀ ਸ੍ਰੀ ਤ੍ਰਿਪਾਠੀ ਦੀ ਪ੍ਰਾਪਤੀ ਨੂੰ ਸੰਸਥਾ ਲਈ ਅਹਿਮ ਦੱਸਦਿਆਂ ਮੁਬਾਰਕਬਾਦ ਦਿੱਤੀ। ਇਸ ਮੌਕੇ ਸਮੂਹ ਸਟਾਫ ਨੇ ਸ੍ਰੀ ਤ੍ਰਿਪਾਠੀ ਨੂੰ ਮੁਬਾਰਬਾਦ ਦਿੱਤੀ। ਇਸ ਮੌਕੇ ਡਾ. ਰਜਿੰਦਰ ਕੁਮਾਰ ਤ੍ਰਿਪਾਠੀ ਨੇ ਸਮੂਹ ਸਟਾਫ ਮੈਨੇਜਮੈਂਟ ਤੇ ਪ੍ਰਿੰਸੀਪਲ ਵੱਲੋਂ ਸਨਮਾਨ ਪਾਰਟੀ ਤੇ ਯੋਗ ਰਹਿਨੁਮਾਈ ਲਈ ਵਿਸ਼ੇਸ਼ ਧੰਨਵਾਦ ਕਰਦਿਆਂ ਆਪਣੇ ਮਾਤਾ-ਪਿਤਾ, ਪਤਨੀ, ਪੁੱਤਰ ਤੇ ਪੁੱਤਰੀ, ਦੋਸਤਾਂ-ਮਿੱਤਰਾਂ ਦਾ ਪੂਰਨ ਸਹਿਯੋਗ ਕਰਨ 'ਤੇ ਦਿਲੋਂ ਸਿਜਦਾ ਕੀਤਾ।

## ਸਪਰਿੰਗ ਡਿਊ ਸਕੂਲ ਨਾਨਕਸਰ ਦਾ ਦਸਵੀਂ ਤੇ ਬਾਰ੍ਹਵੀ ਦਾ ਨਤੀਜਾ ਰਿਹਾ ਸ਼ਾਨਦਾਰ



**ਜਗਰਾਉਂ (ਸੰਜੀਵ ਅਰੋੜਾ)**-ਸਪਰਿੰਗ ਡਿਊ ਸਕੂਲ ਨਾਨਕਸਰ ਦੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਦੀ ਦਸਵੀਂ ਤੇ ਬਾਰ੍ਹਵੀਂ ਕਲਾਸ ਦੇ ਨਤੀਜਿਆਂ ਵਿੱਚ ਚੜ੍ਹਤ ਬਰਕਰਾਰ ਰਹੀ। ਸਕੂਲ ਵਿਦਿਆਰਥੀ ਦਲਜਿੰਦਰ ਸਿੰਘ ਨੇ 96 ਪ੍ਰਤੀਸ਼ਤ ਕਾਮਰਸ ਗਰੁੱਪ 'ਚੋਂ ਟਾਪ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਜਗਜੀਤ ਸਿੰਘ ਨੇ 92 ਪ੍ਰਤੀਸ਼ਤ ਆਰਟਸ ਗਰੁੱਪ, ਗੁਰਮੁਖ ਸਿੰਘ ਮਾਨ 91 ਪ੍ਰਤੀਸ਼ਤ ਕਾਮਰਸ ਗਰੁੱਪ, ਵਿਸ਼ੇ ਬਾਂਸਲ 91.2 ਪ੍ਰਤੀਸ਼ਤ ਸਾਇੰਸ ਗਰੁੱਪ, ਸੁਮਨਪ੍ਰੀਤ ਕੌਰ 91.2 ਪ੍ਰਤੀਸ਼ਤ ਸਾਇੰਸ ਗਰੁੱਪ ਤੇ ਰਿਤਿਕਾ ਨੇ 91 ਪ੍ਰਤੀਸ਼ਤ ਅੰਕ ਹਾਸਲ ਕੀਤੇ। ਇਸੇ ਤਰ੍ਹਾਂ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੇ ਨਵਦੀਪ ਕੌਰ 91 ਪ੍ਰਤੀਸ਼ਤ, ਤਨਵੀਰ ਢੰਡ 88.2 ਪ੍ਰਤੀਸ਼ਤ, ਗੁਰਬਚਨ ਸਿੰਘ ਨੇ 88 ਪ੍ਰਤੀਸ਼ਤ, ਜਸਕਿਰਨਪ੍ਰੀਤ ਕੌਰ 86 ਪ੍ਰਤੀਸ਼ਤ, ਜਾਸਮੀਨ ਕੌਰ ਤੇ ਸੁਖਰਾਜਦੀਪ ਕੌਰ ਨੇ ਕ੍ਰਮਵਾਰ 84 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਨਵਨੀਤ ਚੌਹਾਨ ਨੇ ਦੱਸਿਆ ਕਿ ਸਕੂਲ ਦਾ ਨਤੀਜਾ ਪਿਛਲੇ ਸਾਲ ਦੀ ਤਰ੍ਹਾਂ 100 ਪ੍ਰਤੀਸ਼ਤ ਰਿਹਾ। ਵਾਈਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਨਤੀਜਿਆਂ ਉੱਪਰ ਤਸੱਲੀ ਜ਼ਾਹਰ ਕਰਦਿਆਂ ਕਿਹਾ ਕਿ ਬੱਚਿਆਂ ਦੀ ਇਸ ਸਫ਼ਲਤਾ ਪਿੱਛੇ ਮਾਪਿਆਂ ਤੇ ਅਧਿਆਪਕ ਸਾਹਿਬਾਨ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਮਨਜੋਤ ਕੁਮਾਰ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ, ਹਰਜੀਤ ਸਿੱਧੂ ਤੇ ਮੈਨੇਜਰ ਮਨਦੀਪ ਚੌਹਾਨ ਨੇ ਬੱਚਿਆਂ ਅਤੇ ਮਾਤਾ-ਪਿਤਾ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਤੇ ਬੱਚਿਆਂ ਦੇ ਅਗਲੇ ਭਵਿੱਖ ਲਈ ਆਸ਼ੀਰਵਾਦ ਦਿੱਤਾ। ਇਸ ਸਮੇਂ ਸਮੂਹ ਅਧਿਆਪਕ, ਅੰਜੂ ਬਾਲਾ, ਕੁਲਦੀਪ ਕੌਰ, ਅਮਨਦੀਪ ਕੌਰ, ਤੇਜਿੰਦਰਪਾਲ ਕੌਰ, ਲਖਵੀਰ ਸਿੰਘ ਉੱਪਲ, ਜਗਸੀਰ ਸਿੰਘ ਆਦਿ ਸਮੇਤ ਪੂਰਾ ਸਟਾਫ਼ ਹਾਜ਼ਰ ਸਨ।

## 25 ਨੂੰ ਪੰਥਕ ਧਿਰਾਂ, ਕਿਸਾਨਾਂ, ਮਜ਼ਦੂਰਾਂ ਤੇ ਸਮਾਜਿਕ ਸ਼ਖ਼ਸੀਅਤਾਂ ਦੀ ਸਾਂਝੀ ਮੀਟਿੰਗ 'ਚ ਸਖ਼ਤ ਫੈਸਲਾ ਕਰਾਂਗੇ : ਕੌਮੀ ਇਨਸਾਫ ਮੋਰਚਾ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕੌਮੀ ਇਨਸਾਫ ਮੋਰਚੇ ਵੱਲੋਂ ਮੋਰਚੇ ਨੂੰ ਮਜ਼ਬੂਤ ਤੇ ਤੇਜ਼ ਕਰਨ ਲਈ ਵੱਖ ਵੱਖ ਪਿੜਾਂ ਵਿੱਚ ਘੋਲ ਕਰ ਰਹੀਆਂ ਕਿਸਾਨ ਮਜ਼ਦੂਰ ਜਥੇਬੰਦੀਆਂ, ਪੰਥਕ ਧਿਰਾਂ, ਸੰਤਾਂ ਮਹਾਪੁਰਸ਼ਾਂ, ਬਾਕੀ ਧਰਮਾਂ ਦੇ ਸਮਾਜਿਕ ਤੇ ਧਾਰਮਿਕ ਆਗੂਆਂ ਨੂੰ ਨਾਲ ਲੈ ਕੇ ਮੀਟਿੰਗ ਦੀ ਤਿਆਰੀ ਕੀਤੀ ਜਾ ਰਹੀ ਹੈ।

ਕੌਮੀ ਇਨਸਾਫ ਮੋਰਚੇ ਵਿੱਚ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਮੋਰਚੇ ਦੇ ਪ੍ਰਬੰਧਕਾਂ ਪਾਲ ਸਿੰਘ ਫਰਾਂਸ ਤੇ ਐਡਵੋਕੇਟ ਦਿਲ ਸ਼ੇਰ ਸਿੰਘ ਨੇ ਅਪੀਲ ਕਰਦਿਆਂ ਪੰਜਾਬ ਵਿੱਚ ਲੋਕ ਹਿੱਤਾਂ ਲਈ ਲੜ ਰਹੇ ਆਗੂਆਂ ਤੇ ਵੱਖ ਵੱਖ ਧਾਰਮਿਕ ਅਦਾਰੇ ਚਲਾ ਰਹੇ ਧਾਰਮਿਕ ਆਗੂਆਂ ਨੂੰ ਕਿਹਾ ਕਿ ਕੌਮੀ ਇਨਸਾਫ ਮੋਰਚੇ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮਾਨ ਦੀ ਲੜਾਈ ਆਪਣੇ ਸਾਰਿਆਂ ਦੀ ਸਾਂਝੀ ਹੈ, ਇਸ ਨੂੰ ਜਿੱਤਣ ਲਈ ਸਾਰਿਆਂ ਨੂੰ ਇਨਸਾਫ ਮੋਰਚੇ ਦਾ ਸਾਥ ਦੇਣ ਦੀ ਲੋੜ ਹੈ। ਕਰਾਂਤੀਕਾਰੀ ਕਿਸਾਨ ਯੂਨੀਅਨ ਦੇ ਵਿੱਤ ਸਕੱਤਰ ਰਣਜੀਤ ਸਿੰਘ ਨੇ ਸਾਰੀਆਂ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਬੰਦੀ ਸਿੰਘਾਂ ਦੀ ਰਿਹਾਈ ਤੇ ਬਾਕੀ ਮੰਗਾਂ ਲਈ ਮੋਰਚੇ ਵੱਲੋਂ ਅਗਲੇਰਾ ਪ੍ਰੋਗਰਾਮ ਦੇਣ ਲਈ ਸੱਦੀ ਗਈ 25 ਮਈ ਦੀ ਮੀਟਿੰਗ ਵਿੱਚ ਦੀਵਾਨ ਟੋਡਰ ਮੱਲ ਹਾਲ 'ਚ ਫਤਹਿਗੜ੍ਹ ਸਾਹਿਬ ਪਹੁੰਚਣ ਦੀ ਬੇਨਤੀ ਕੀਤੀ। ਇਸ ਮੌਕੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸਰਕਾਰ ਉਤੇ ਜਮਹੂਰੀ ਰਾਹ 'ਤੇ ਚਲਦਿਆਂ ਵੱਡਾ ਪ੍ਰੋਗਰਾਮ ਉਲੀਕਿਆ ਜਾਵੇਗਾ।

## ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਮਾਂ ਦਿਵਸ ਨੂੰ ਸਮਰਪਤ ਪ੍ਰੋਗਰਾਮ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਮਾਂ ਦਿਵਸ ਨੂੰ ਸਮਰਪਤ 'ਮਾਂ ਬੋਹੜ ਦੀ ਛਾਂ' ਪ੍ਰੋਗਰਾਮ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਕੁੱਲ 120 ਮਾਤਾਵਾਂ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪਰਿਵਾਰਕ ਮੈਂਬਰਾਂ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਮਾਂ-ਦਿਵਸ ਪ੍ਰੋਗਰਾਮ ਨੂੰ ਲੈ ਕੇ ਮਾਤਾਵਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਡਾਂਸ, ਕੋਰੀਓਗ੍ਰਾਫ਼ੀ, ਗੀਤ ਆਦਿ ਪੇਸ਼ ਕੀਤੇ ਗਏ। 'ਮਾਂ-ਬੋਹੜ ਦੀ ਛਾਂ' ਪ੍ਰੋਗਰਾਮ ਦੇ ਤਹਿਤ ਸਮੂਹ ਮਾਤਾਵਾਂ ਨੇ ਵੰਨ-ਸੁਵੰਨੀਆਂ ਗਤੀਵਿਧੀਆਂ, ਗੇਮਾਂ ਜਿਵੇਂ ਕਿ ਪੇਪਰ ਡਾਂਸ, ਪਰਿਕ ਦਾ ਗਰੇਪਸ, ਰਬੜ ਗੇਮ, ਹਿਮਾਚਲੀ ਡਾਂਸ ਆਦਿ 'ਚ ਬੜੇ ਹੀ ਚਾਅ ਤੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਹੀ ਮਾਤਾਵਾਂ ਨੂੰ ਗਿਫਟ, ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ 'ਮਾਂ ਦੀ ਮਹੱਤਤਾ' ਸੰਬੰਧੀ ਭਾਸ਼ਣ ਦਿੰਦਿਆਂ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ ਤੇ ਸਾਡੀ ਹਰ ਉੱਚੀ ਅਤੇ ਵੱਡੀ ਕਾਮਯਾਬੀ 'ਚ ਮਾਂ ਦਾ ਅਹਿਮ ਯੋਗਦਾਨ ਹੁੰਦਾ ਹੈ। ਮਾਂ ਦਾ ਕਰਜ਼ ਅਸੀਂ ਕਦੇ ਨਹੀਂ ਉਤਾਰ ਸਕਦੇ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨਾਂ, ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਵੱਲੋਂ ਮਾਂ-ਦਿਵਸ ਦੀ ਬਹੁਤ-ਬਹੁਤ ਵਧਾਈ ਦਿੱਤੀ ਗਈ ਅਤੇ ਇਸ ਪ੍ਰੋਗਰਾਮ ਨੂੰ ਚਾਰ ਚੰਨ ਲਾਉਣ ਲਈ ਸਕੂਲ ਦੇ ਵਿਹੜੇ ਵਿੱਚ ਪਹੁੰਚਣ 'ਤੇ ਸਭ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਰਾਸ਼ਟਰੀ ਡੇਂਗੂ ਦਿਵਸ ਮਨਾਇਆ

**ਬੁੱਢਲਾਡਾ (ਅਸ਼ੋਕ ਲਾਕੜਾ)**

ਸੀਨੀਅਰ ਮੈਡੀਕਲ ਅਫਸਰ ਡਾ. ਗੁਰਚੇਤਨ ਪ੍ਰਕਾਸ਼ ਦੀ ਅਗਵਾਈ ਹੇਠ ਬੋਹਾ ਨੇੜਲੇ ਪਿੰਡ ਫਰੀਦ ਕੇ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਸਿਹਤ ਸੁਪਰਵਾਈਜ਼ਰ ਅਸ਼ਵਨੀ ਕੁਮਾਰ ਵੱਲੋਂ ਵਿਦਿਆਰਥੀਆਂ ਨੂੰ ਡੇਂਗੂ ਦੇ ਕਾਰਨ, ਲੱਛਣ ਤੇ ਡੇਂਗੂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਸਿਹਤ ਸੁਪਰਵਾਈਜ਼ਰ ਸ੍ਰੀ ਅਸ਼ਵਨੀ ਨੇ ਕਿਹਾ ਕਿ ਬਾਰਿਸ਼ ਦਾ ਜਿਹੜਾ ਪਾਣੀ ਵਾਧੂ ਬਰਤਨਾਂ ਤੇ ਟੁੱਟੇ ਫੁੱਟੇ ਸਾਮਾਨ ਵਿੱਚ ਭਰ ਜਾਂਦਾ ਹੈ, ਉਸ ਨੂੰ ਤੁਰੰਤ ਖਾਲੀ ਕੀਤਾ ਜਾਵੇ, ਕਿਉਂਕਿ ਉੱਥੇ ਲਾਰਵਾ ਬਣ ਜਾਂਦਾ ਹੈ, ਜੋ ਡੇਂਗੂ ਦਾ ਕਾਰਨ ਹੈ। ਇਸ ਮੌਕੇ ਸੰਬੋਧਨ ਕਰਦੇ ਹੋਏ ਸਿਹਤ ਕਰਮਚਾਰੀ ਅਮਰੀਕ ਸਿੰਘ ਨੇ ਦੱਸਿਆ ਕਿ ਸਰੀਰ ਨੂੰ ਪੂਰੀ ਤਰ੍ਹਾਂ ਢੱਕ ਕੇ ਰੱਖੋ ਤਾਂ ਜੋ ਸਾਨੂੰ ਮੱਛਰ ਕੱਟ ਨਾ ਸਕੇ। ਡੇਂਗੂ ਦਾ ਮੱਛਰ ਦਿਨ ਵੇਲੇ ਹੀ ਕੱਟਦਾ ਹੈ, ਜੇਕਰ ਕਿਸੇ ਨੂੰ ਵੀ ਬੁਖਾਰ ਆਉਂਦਾ ਹੈ ਤਾਂ ਆਪਣੇ ਨੇੜਲੇ ਬਣੇ ਸਿਹਤ ਕੇਂਦਰ ਵਿੱਚ ਜਾਂਚ ਕਰਵਾਏ।

# ਹੈਰੋਇਨ ਤੇ ਪਿਸਟਲ ਫੜਵਾਉਣ ਵਾਲਾ ਕਿਸਾਨ ਬੀ ਐੱਸ ਐੱਫ਼ ਵੱਲੋਂ ਸਨਮਾਨਤ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**



ਕਣਕ ਦੀ ਫ਼ਸਲ ਦੀ ਕਟਾਈ ਕਰਦੇ ਸਮੇਂ ਚੱਕ ਬਜੀਦਾ ਦੇ ਕਿਸਾਨ ਜੋਗਿੰਦਰ ਸਿੰਘ ਪੁੱਤਰ ਸ੍ਰੀ ਚੰਬਾ ਸਿੰਘ ਨੇ ਭਾਰਤ ਪਾਕਿਸਤਾਨ ਸਰਹੱਦ ਦੇ ਨੇੜੇ ਭਾਰਤ ਵਾਲੇ ਪਾਸੇ ਲੱਗੀ ਕੰਡਿਆਲੀ ਤਾਰ ਤੋਂ ਇਸ ਪਾਸੇ (ਪਿੱਛੇ) ਆਪਣੇ ਖੇਤਾਂ ਵਿੱਚੋਂ 16 ਅਪ੍ਰੈਲ ਨੂੰ ਦੋ ਕਿਲੋ ਹੈਰੋਇਨ ਬਰਾਮਦ ਕਰਵਾਈ ਸੀ। ਇਸ ਤਰ੍ਹਾਂ ਬੀ ਐੱਸ ਐੱਫ ਦੇ ਡਿਪਟੀ ਕਮਾਂਡੈਂਟ (ਜਨਰਲ) ਨੇ ਉਸ ਨੂੰ ਸਨਮਾਨਤ ਕੀਤਾ। ਹੈਰੋਇਨ ਦੀ ਬਰਾਮਦਗੀ ਤੋਂ ਇੱਕ ਹਫ਼ਤੇ ਬਾਅਦ ਜਦੋਂ ਕਿਸਾਨ ਜੋਗਿੰਦਰ ਸਿੰਘ ਆਪਣੇ ਉਸੇ ਹੀ ਖੇਤ ਵਿੱਚੋਂ ਕੰਬਾਈਨ ਨਾਲ ਕਣਕ ਦੀ ਫ਼ਸਲ ਦੀ ਕਟਾਈ ਕਰਾ ਰਿਹਾ ਸੀ ਤਾਂ ਉਸ ਨੇ ਜਿਸ ਥਾਂ 'ਤੇ ਪਹਿਲਾਂ ਹੈਰੋਇਨ ਬਰਾਮਦ ਕਰਾਈ ਸੀ। ਉਸ ਥਾਂ ਤੋਂ ਥੋੜ੍ਹੀ ਹੀ ਦੂਰੀ 'ਤੇ ਇੱਕ ਪਿਸਟਲ ਅਤੇ ਕੁਝ ਕਾਰਤੂਸ ਵੇਖੇ। ਉਸ ਕਿਸਾਨ ਨੇ ਆਪਣੀ ਇਮਾਨਦਾਰੀ ਦਿਖਾਉਂਦੇ ਹੋਏ ਇਸ ਦੀ ਸੂਚਨਾ ਜੀ ਬ੍ਰਾਂਚ ਦੇ ਸਬ ਇੰਸਪੈਕਟਰ ਸੁਰਮ ਸਿੰਘ ਨੂੰ ਦਿੱਤੀ। ਇਸ ਤਰ੍ਹਾਂ ਉਨ੍ਹਾਂ ਨੇ ਬੀ ਐੱਸ ਐੱਫ਼ ਦੇ ਉੱਚ ਅਧਿਕਾਰੀਆਂ ਦੇ ਨਾਲ ਇਸ ਦੀ ਸੂਚਨਾ ਜੀ ਬ੍ਰਾਂਚ ਦੇ ਫ਼ਾਜ਼ਿਲਕਾ ਸਥਿਤ ਆਪਣੇ ਦਫ਼ਤਰ ਵਿਖੇ ਤਾਇਨਾਤ ਡਿਪਟੀ ਕਮਾਂਡੈਂਟ (ਜਨਰਲ) ਸ੍ਰੀ ਸਾਹਿਲ ਕੁਮਾਰ, ਇੰਸਪੈਕਟਰ ਪ੍ਰਮੋਦ ਕੁਮਾਰ ਅਤੇ ਸਬ ਇੰਸਪੈਕਟਰ ਸ੍ਰੀ ਦੀਪਕ ਕੁਮਾਰ ਨੂੰ ਦਿੱਤੀ।

ਬ੍ਰਾਂਚ ਦੇ ਡਿਪਟੀ ਕਮਾਂਡੈਂਟ (ਜਨਰਲ) ਸ੍ਰੀ ਸਾਹਿਲ ਕੁਮਾਰ ਨੇ ਇਸ ਕਿਸਾਨ ਦੀ ਪ੍ਰਸ਼ੰਸਾ ਵੀ ਕੀਤੀ ਸੀ ਅਤੇ ਆਮ ਲੋਕਾਂ ਨੂੰ ਸੁਨੇਹਾ ਦਿੱਤਾ ਸੀ ਕਿ ਜੇ ਕਿਸੇ ਵੀ ਵਿਅਕਤੀ ਨੂੰ ਅਜਿਹੀ ਵਸਤੂ ਮਿਲਦੀ ਹੈ ਤਾਂ ਇਸ ਦੀ ਸੂਚਨਾ ਉਹ ਬਿਨਾਂ ਕਿਸੇ ਡਰ ਦੇ ਪੰਜਾਬ ਪੁਲਸ, ਬੀ ਐੱਸ ਐੱਫ਼ ਦੇ ਅਧਿਕਾਰੀਆਂ ਨੂੰ ਅਤੇ ਸਾਡੀ ਜੀ ਬ੍ਰਾਂਚ (ਸੀ ਆਈ ਡੀ) ਬੀ ਐੱਸ ਐੱਫ਼ ਨੂੰ ਦੇ ਸਕਦੇ ਹਨ। ਉਨ੍ਹਾਂ ਕਿਹਾ ਸੀ ਕਿ ਕਿਸਾਨ ਜੋਗਿੰਦਰ ਸਿੰਘ ਨੇ ਇੱਕ ਸ਼ਲਾਘਾਯੋਗ ਕੰਮ ਕੀਤਾ ਹੈ।

ਡਿਪਟੀ ਕਮਾਂਡੈਂਟ (ਜਨਰਲ) ਬੀ ਐੱਸ ਐੱਫ਼ ਦੇ ਦਫ਼ਤਰ ਵਿਖੇ ਕਿਸਾਨ ਜੋਗਿੰਦਰ ਸਿੰਘ ਨੂੰ ਇੰਸਪੈਕਟਰ ਪ੍ਰਮੋਦ ਕੁਮਾਰ ਵੱਲੋਂ ਪੰਜਾਬ ਬਾਰਡਰ ਏਰੀਆ ਕਿਸਾਨ ਯੂਨੀਅਨ ਦੇ ਪ੍ਰਧਾਨ ਸੁਖਦੇਵ ਸਿੰਘ ਸੰਧੂ ਦੀ ਹਾਜ਼ਰੀ ਵਿੱਚ ਸਨਮਾਨਤ ਕੀਤਾ ਗਿਆ। ਇਸ ਸਮੇਂ ਇੰਸਪੈਕਟਰ ਪ੍ਰਮੋਦ ਕੁਮਾਰ ਨੇ ਯੂਨੀਅਨ ਨੂੰ ਕਿਹਾ ਕਿ ਜੇਕਰ ਕਿਸੇ ਵੀ ਕਿਸਾਨ ਨੂੰ ਕੰਡਿਆਲੀ ਤਾਰ ਤੋਂ ਪਾਰ ਖੇਤੀ ਸਬੰਧੀ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਬਿਨਾਂ ਕਿਸੇ ਝਿਜਕ ਦੇ ਸਾਡੇ ਨਾਲ ਰਾਬਤਾ ਕਾਇਮ ਕਰ ਸਕਦਾ ਹੈ। ਸਨਮਾਨ ਸਮੇਂ ਯੂਨੀਅਨ ਆਗੂਆਂ ਵਿੱਚ ਦਰਸ਼ਨ ਸਿੰਘ ਸੈਕਟਰੀ, ਸੰਤੋਖ ਸਿੰਘ ਯੂਨੀਅਨ ਆਗੂ, ਸੰਦੀਪ ਕੁਮਾਰ ਬੱਬੂ ਲਾਧੂਕਾ, ਸੁਰਜੀਤ ਸਿੰਘ ਲਾਧੂਕਾ, ਵਜ਼ੀਰ ਚੰਦ ਮੀਤ ਪ੍ਰਧਾਨ ਜਲਾਲਾਬਾਦ, ਦਿਨੇਸ਼ ਕੁਮਾਰ, ਸੰਜੀਵ ਕੁਮਾਰ ਤੇ ਹੋਰ ਕਿਸਾਨ ਮੌਜੂਦ ਸਨ।

## ਪੱਤਰਕਾਰ ਭਾਈਚਾਰੇ ਵੱਲੋਂ ਫ੍ਰੀ ਟੋਲ ਪਲਾਜ਼ਾ, ਬੱਸ ਸਫਰ, ਸਿਹਤ ਬੀਮੇ ਦੀ ਮੰਗ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**

ਪੱਤਰਕਾਰ ਭਾਈਚਾਰੇ ਦੀ ਹੋਈ ਸਾਂਝੀ ਵਿਸ਼ੇਸ਼ ਇਕੱਤਰਤਾ 'ਚ ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ, ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਗਈ ਕਿ ਸਮੂਹ ਪੱਤਰਕਾਰਾਂ ਦਾ ਪੰਜਾਬ 'ਚ ਬਣੇ ਪੰਜਾਬ ਤੇ ਕੇਂਦਰ ਸਰਕਾਰ ਦੇ ਟੋਲ ਪਲਾਜ਼ਿਆਂ 'ਤੇ ਲਾਂਘਾ ਮੁਫਤ ਕੀਤਾ ਜਾਵੇ। ਇਸੇ ਤਰ੍ਹਾਂ ਫੀਲਡ 'ਚ ਕੰਮ ਕਰਦੇ ਪੱਤਰਕਾਰਾਂ ਨੂੰ ਮੁਫਤ ਬੱਸ ਸਫਰ ਦੀ ਸਹੂਲਤ ਪ੍ਰਦਾਨ ਕੀਤੀ ਜਾਵੇ ਤੇ 5 ਲੱਖ ਦਾ ਸਿਹਤ ਬੀਮਾ ਵੀ ਲਾਗੂ ਕੀਤਾ ਜਾਵੇ।

ਇਕੱਤਰਤਾ 'ਚ ਹੋਰਨਾਂ ਮੁੱਦਿਆਂ 'ਤੇ ਅਗਲੀ ਮੀਟਿੰਗ 'ਚ ਵਿਚਾਰ ਵਟਾਂਦਰਾ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਪੱਤਰਕਾਰ ਪਰਮਜੀਤ ਸਿੰਘ ਧੀਮਾਨ, ਰਾਜ ਕੁਮਾਰ ਮੈਨਰੋ, ਹਰਪ੍ਰੀਤ ਸਿੰਘ ਪ੍ਰਿੰਸ, ਕੇਵਲ ਕ੍ਰਿਸ਼ਨ, ਕੁਲਵਿੰਦ ਸਿੰਘ ਬੇਦੀ, ਪ੍ਰਭਜੋਤ ਸਿੰਘ ਭੱਟੀ, ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਸੰਗਮ ਦਾ ਦੂਜਾ ਸਮਾਗਮ ਵੀ ਯਾਦਗਾਰੀ ਹੋ ਨਿੱਬੜਿਆ

**ਮਾਲੇਰਕੋਟਲਾ (ਪੱਤਰ ਪ੍ਰੇਰਕ)**



ਕਲੱਬ ਵਿਖੇ ਪੰਜਾਬੀ ਸਾਹਿਤ ਸੰਗਮ ਜ਼ਿਲ੍ਹਾ ਮਲੇਰਕੋਟਲਾ ਵੱਲੋਂ ਆਪਣੇ ਦੂਜੇ ਸਾਲਾਨਾ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਨਵਜੋਤ ਸਿੰਘ ਜਰਗ (ਚੇਅਰਮੈਨ ਪੰਜਾਬ ਜੈਨਕੋ ਲਿਮ:) ਨੇ ਸ਼ਿਰਕਤ ਕੀਤੀ। ਜਦੋਂ ਕਿ ਵਿਸ਼ੇਸ਼ ਤੌਰ 'ਤੇ ਬਲਜਿੰਦਰ ਸਿੰਘ ਲਸੋਈ (ਪ੍ਰਸਿੱਧ ਸਮਾਜ ਸੇਵੀ) ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਵਿਸ਼ੇਸ਼ ਮਹਿਮਾਨਾਂ ਦੇ ਰੂਪ ਵਿੱਚ ਮਾਸਟਰ ਰਮਜਾਨ ਸਈਦ (ਅਨੁਵਾਦਕ ਕੁਰਆਨ ਮਜੀਦ ਪੰਜਾਬੀ), ਹਰਭਜਨ ਸਿੰਘ ਥਿੰਦ (ਐਡਵਾਈਜ਼ਰ ਇੰਡੀਅਨ ਸਕਾਊਟ ਐਂਡ ਗਾਈਡ ਫੈਲੋਸ਼ਿਪ ਤੇ ਸੂਬਾਈ ਪ੍ਰਧਾਨ ਐਸ. ਜੀ. ਐਫ), ਡਾ ਕਮਲਜੀਤ ਸਿੰਘ ਟਿੱਬਾ (ਪ੍ਰਧਾਨ ਨੌਰਥ ਜ਼ੋਨ ਕੋਹਿਪ) ਤੇ ਦਲਜੀਤ ਸਿੰਘ ਥਿੰਦ (ਆਰਗੇਨਾਈਜ਼ਰ ਪੰਜਾਬ ਸਟੇਟ ਐਸ.ਜੀ.ਐਫ਼) ਹੁਰਾਂ ਨੇ ਕੀਤੀ। ਇਸ ਮੌਕੇ ਉਚੇਚੇ ਤੌਰ 'ਤੇ ਮੁਹੰਮਦ ਇਮਰਾਨ ਹੈਡਮਾਸਟਰ ਫਰਵਾਲੀ, ਮੁਹੰਮਦ ਇਰਸ਼ਾਦ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਜਸਵੀਰ ਰਾਣਾ (ਕਹਾਣੀਕਾਰ ਤੇ ਸਮੀਖਿਅਕ) ਅਤੇ ਮੁਹੰਮਦ ਰਮਜਾਨ ਢਿੱਲੋਂ ਪਟਿਆਲਾ (ਰਿਟਾਇਰਡ ਇੰਸਪੈਕਟਰ ਪੰਜਾਬ ਪੁਲਸ ਪਟਿਆਲਾ) ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਜਿੱਥੇ ਪਿਛਲੇ ਦਿਨੀਂ ਸੰਸਥਾ ਦੁਆਰਾ ਕਰਾਏ ਗਏ ਕਹਾਣੀ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ, ਉੱਥੇ ਹੀ ਡਾ. ਧਰਮ ਚੰਦ ਵਾਤਿਸ਼ ਹੁਰਾਂ ਨੇ ਪ੍ਰਸਿੱਧ ਵਿਦਵਾਨ ਡਾ. ਰਤਨ ਸਿੰਘ ਜੱਗੀ (ਪਦਮਸ਼੍ਰੀ) ਦੀ ਦੇ ਜੀਵਨ ਤੇ ਰਿਸਰਚ ਪਰਚਾ ਪੜ੍ਹਿਆ।

ਕਹਾਣੀ ਮੁਕਾਬਲੇ ਵਿੱਚ ਦਵਿੰਦਰ ਖੁਸ਼ ਧਾਲੀਵਾਲ ਮੋਹਾਲੀ ਦੀ ਕਹਾਣੀ ਨੇ ਪਹਿਲਾ, ਪਰਮਜੀਤ ਕੌਰ ਚੱਕ ਸ਼ੇਖੂਪੁਰ ਕਲਾਂ ਨੇ ਦੂਜਾ ਤੇ ਬਸ਼ੀਰ ਮੁਹੰਮਦ ਦੀ ਕਹਾਣੀ ਨੇ ਤੀਜਾ ਸਥਾਨ ਹਾਸਲ ਕੀਤਾ। ਜਿਨ੍ਹਾਂ ਨੂੰ ਮੌਕੇ ਤੇ ਹੀ ਸਨਮਾਨਤ ਕੀਤਾ ਗਿਆ। ਇਸ ਤੋਂ ਪਹਿਲਾਂ ਜਸਵੀਰ ਰਾਣਾ ਨੇ ਮੁਕਾਬਲੇ ਵਿੱਚ ਜੇਤੂ ਰਹਿਣ ਵਾਲੀਆਂ ਕਹਾਣੀਆਂ ਦੀ ਸਮੀਖਿਆ ਕੀਤੀ।

ਕਵੀ ਦਰਬਾਰ 'ਚ ਜੰਗ ਸਿੰਘ ਗਿੱਲ, ਡਾ. ਅਮਨਦੀਪ ਵਾਤਿਸ਼, ਸੁਖਦੀਪ ਕੌਰ ਬਿਰਧਨੋ, ਜਗਸੀਰ ਗਿੱਲ, ਮਨਪ੍ਰੀਤ ਕੌਰ, ਲਵਲੀ ਬਡਰੁੱਖਾਂ, ਜਸਵੀਰ ਮਾਨਾਂ, ਰਾਜੇਸ਼ ਕੁਮਾਰ, ਕਮਲਜੀਤ ਸਿੰਘ, ਸੋਮ ਸਾਗਰ, ਨਾਇਬ ਬੁੱਕਣਵਾਲ, ਪ੍ਰੋ.ਅਰਵਿੰਦ ਸੋਹੀ ਮੰਡ, ਪ੍ਰੋ.ਚਰਨਦੀਪ ਸਿੰਘ, ਖੁਸਪ੍ਰੀਤ ਕੌਰ ਸੋਢੀਆਂ ਨੇ ਆਪਣੀਆਂ ਕਵਿਤਾਵਾਂ ਅਤੇ ਗੀਤਾਂ ਰਾਹੀਂ ਖੂਬ ਮਨੋਰੰਜਨ ਕੀਤਾ।

## ਪੀਰ ਬਾਬਾ ਮੌਲੇ ਸ਼ਾਹ ਜੀ ਦਾ ਮੇਲਾ ਭਲਕੇ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਕੁਹਾੜਾ ਰੋਡ 'ਤੇ ਸਥਿਤ ਸੈਕਰਡ ਹਾਰਟ ਸਕੂਲ ਦੇ ਨਜ਼ਦੀਕ ਸ਼ਾਹੀ ਦਰਬਾਰ ਪੀਰ ਬਾਬਾ ਮੌਲੇ ਸ਼ਾਹ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ 18 ਮਈ ਨੂੰ ਕਰਵਾਇਆ ਜਾ ਰਿਹਾ ਹੈ। ਮੇਲੇ 'ਚ ਸਵੇਰੇ ਸਮੇਂ ਮੁੱਖ ਸੇਵਾਦਾਰ ਬਾਬਾ ਖੜਕ ਸਿੰਘ ਮਾਂਗਟ ਮਜ਼ਾਰ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨਗੇ। ਰਾਤ ਸਮੇਂ ਪ੍ਰਸਿੱਧ ਕੱਵਾਲ ਪਾਰਟੀਆਂ ਸੂਫ਼ੀਆਨਾ ਮਹਿਫ਼ਲ ਸਜਾਉਣਗੀਆਂ। ਆਈਆਂ ਸੰਗਤਾਂ ਲਈ ਅਟੁੱਟ ਲੰਗਰ ਵਰਤਾਇਆ ਜਾਵੇਗਾ।


### ਉੱਤਰ ਰੇਲਵੇ

G20 · ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਪਹਿਲਾ ਸ਼ੁਧੀ ਪੱਤਰ

ਈ-ਨਿਵਿਦਾ ਸੂਚਨਾ

ਵਿਸ਼ਾ: ਬਾਰਾਮੂਲਾ ਤੋਂ ਉਰੀ (50 ਕਿਮੀ) ਦੇ ਵਿਚ ਨਵੀਂ ਲਾਈਨ ਦੇ ਲਈ ਅੰਤਮ ਸਥਾਨ ਸਰਵੇਖਣ (ਐਫਐਲਐਸ)। ਸੰਦਰਭ: ਸੂਚਨਾ ਕ੍ਰਮਾਂਕ ਡੀਸੀਈ/ਸੀ-II/ਬੀਏਐਚਐਲ/ਡਬਲਯੂ-1/ ਨਵੀਂ ਲਾਈਨ ਬਾਰਾਮੂਲ ਤੋਂ ਉਰੀ 50 ਕਿਮੀ ਮਿਤੀ 15.05.2023।

ਉਪਰੋਕਤ ਸੰਦਰਭਿਤ ਈ-ਨਿਵਿਦਾ ਸੂਚਨਾ ਅਤੇ ਪ੍ਰਸ਼ਾਸਨਿਕ ਆਧਾਰ ਤੇ ਜਾਰੀ ਕੀਤੇ ਗਏ ਨਿਵਿਦਾ ਦਸਤਾਵੇਜਾਂ ਦੇ ਲਈ ਪਹਿਲਾ ਸ਼ੁਧੀਪੱਤਰ ਇਸ ਪ੍ਰਕਾਰ ਹੈ:

| ਲ.ਨੰ. | ਵੇਰਵਾ | ਅਸਲੀ | ਸ਼ੁਧੀ ਪੱਤਰ |
|---|---|---|---|
| 1. | ਪੂਰਾ ਹੋਣ ਦਾ ਸਮਾਂ | 03 ਮਹੀਨੇ | 75 ਦਿਨ |

ਈ-ਨਿਵਿਦਾ ਸੂਚਨਾ/ਨਿਵਿਦਾ ਦਸਤਾਵੇਜ ਤੇ ਦਿਖਾਈ ਦੇਵੇਗਾ www.ireps.gov.in

ਨੰ: ਡੀਸੀਈ/ਸੀ-II/ਬੀਏਐਚਐਲ/ਡਬਲਯੂ-1/ਨਵੀਂ ਲਾਈਨ ਬਾਰਾਮੂਲਾ ਤੋਂ ਉਰੀ 50 ਕਿਮੀ

ਮਿਤੀ: 15.05.2023 1476/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉੱਤਰ ਰੇਲਵੇ

G20 · ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਡਿਪੋ/ਯਾਂਤ੍ਰਿਕ ਕਾਰਖਾਨਾ/ਅੰਮ੍ਰਿਤਸਰ ਦੁਆਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ ਟੈਂਡਰ ਮੰਗ ਕੀਤੀ ਜਾਂਦੀ ਹੈ :-

| ਲ. ਨੰ. | ਟੈਂਡਰ ਨੰ: | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 01 | 62235065 | Hand Brake arrangement for BOXNHL wagon consisting of 16 items as per attached Annexure-I to RDSO DRG NO: WD-09057-S-01, Alt-2. | 465 Set | 07.06.2023 |

ਟੈਂਡਰ ਸ਼ਰਤਾਂ ireps ਦੀ ਵੈਬਸਾਈਟ www.ireps.gov.in ਉਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਨ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀਂ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ।

ਟੈਂਡਰ ਨੋਟਿਸ ਨੰ: 03/2023/2024 ਮਿਤੀ 15.05.2023 1464/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

17-May-PAGE-11.qxd 5/16/2023 10:29 PM Page 1



# ਭੱਠਾ ਮਜ਼ਦੂਰਾਂ ਦੀ ਮਜ਼ਦੂਰੀ 'ਚ ਵਾਧੇ ਦਾ ਸਮਝੌਤਾ ਸਿਰੇ ਚੜ੍ਹਿਆ : ਸ਼ਿਵ ਕੁਮਾਰ



**ਪਠਾਨਕੋਟ (ਦਵਿੰਦਰ ਸਿੰਘ)**

ਲਾਲ ਝੰਡਾ ਪੰਜਾਬ ਭੱਠਾ ਲੇਬਰ ਸਬੰਧਤ ਸੀਟੀਯੂ ਪੰਜਾਬ ਜ਼ਿਲ੍ਹਾ ਪਠਾਨਕੋਟ ਵਲੋਂ ਭੱਠਾ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ 16 ਮਾਰਚ ਨੂੰ ਦਿੱਤੇ ਮੰਗ ਪੱਤਰ ਦਾ ਨਿਪਟਾਰਾ ਕਰਦਿਆਂ ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਸੰਤੋਖ ਸਿੰਘ ਔਲਖ ਦੀ ਹਾਜ਼ਰੀ ਵਿੱਚ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਅਤੇ ਭੱਠਾ ਮਾਲਕ ਐਸੋਸੀਏਸ਼ਨ ਜ਼ਿਲ੍ਹਾ ਪਠਾਨਕੋਟ ਦਰਮਿਆਨ ਭੱਠਾ ਮਜ਼ਦੂਰਾਂ ਦੀਆਂ ਵੱਖ ਵੱਖ ਕੈਟਾਗਿਰੀਆਂ ਦੇ ਕਾਮਿਆਂ ਦੀ ਮਜ਼ਦੂਰੀ ਵਿਚ ਵਾਧੇ ਦਾ ਸਮਝੌਤਾ ਸਿਰੇ ਚੜ੍ਹਿਆ। ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਨੇ ਮਜ਼ਦੂਰ ਯੂਨੀਅਨ ਦੇ ਆਗੂਆਂ ਅਤੇ ਭੱਠਾ ਮਾਲਕਾਂ ਨੂੰ ਆਪਣੇ ਦਫਤਰ ਬੁਲਾਇਆ ਸੀ ਸੰਖੇਪ ਜਿਹੀ ਗੱਲਬਾਤ ਤੋਂ ਬਾਅਦ ਭੱਠਾ ਮਾਲਕਾਂ ਨੇ ਕੱਚੀਆਂ ਇੱਟਾਂ ਦੀ ਪਥਾਈ ਦੇ ਰੇਟਾਂ ਵਿਚ ਵਾਧੇ ਨਾਲ ਨਵਾਂ ਰੇਟ ਪਥੇਰ ਕਿਰਤੀਆਂ ਨੂੰ ਮੋਟੀਆਂ ਇੱਟਾਂ 829 ਰੁਪਏ, ਟਾਇਲ ਇੱਟਾਂ 25 ਰੁਪਏ ਵਾਧਾ ਅਤੇ ਨਿਕਾਸੀ ਦੇ ਪਿਛਲੇ ਰੇਟਾਂ ਵਿਚ 16 ਰੁਪਏ ਵਾਧਾ ਕਰਦਿਆਂ 297 ਰੁਪਏ, ਕੇਵਲ ਲੋਡ ਤੇ ਲੋਡ-ਅਨਲੋਡ ਦੇ ਪਿਛਲੇ ਰੇਟਾਂ ਵਿੱਚ 5-5 ਰੁਪਏ ਪ੍ਰਤੀ ਹਜ਼ਾਰ ਇੱਟਾਂ ਦਾ ਵਾਧਾ ਹੋਰ ਵਾਧਾ ਦੇਣ ਦਾ ਸਮਝੌਤਾ ਹੋ ਗਿਆ ਹੈ। ਸਮਝੌਤੇ ਵਿੱਚ ਇਹ ਵੀ ਲਿਖਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਮਿਨੀਮਮ ਵੇਜ ਵਿੱਚ ਜੋ ਵੀ ਵਾਧਾ ਹੋਵੇਗਾ ਉਹ ਇਨਾਂ ਰੇਟਾਂ ਵਿਚ ਜੋੜਿਆ ਜਾਵੇਗਾ। ਭੱਠਾ ਮਾਲਕਾਂ ਅਤੇ ਸੀਟੀਯੂ ਪੰਜਾਬ ਦੇ ਆਗੂਆਂ ਦਰਮਿਆਨ ਗੱਲਬਾਤ ਸਮੇਂ ਦੌਰਾਨ ਸਮੇਂ ਭੱਠਾ ਮਾਲਕ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਪਾਲ ਗੁਪਤਾ ਦੀ ਅਗਵਾਈ ਹੇਠ ਭੱਠਾ ਮਾਲਕ ਸੰਜੀਵ ਅਗਰਵਾਲ, ਅਨਿਲ ਅਗਰਵਾਲ, ਰਜਨੀਸ਼ ਮਹਾਜਨ, ਬਲਬੀਰ ਮਹਾਜਨ, ਦਿਲਾਵਰ ਸਿੰਘ, ਰੋਹਿਤ ਮਹਾਜਨ, ਸਕੁਨ ਅਗਰਵਾਲ, ਅਨੁਜ ਸਿੰਘ ਅਤੇ ਹੋਰ ਮਾਲਕ ਹਾਜ਼ਰ ਸਨ। ਕਿਰਤੀਆਂ ਵਲੋਂ ਸੀਟੀਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ, ਸਕੱਤਰ ਹਰਿੰਦਰ ਸਿੰਘ ਰੰਧਾਵਾ, ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ, ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਬੁੱਟਰ, ਮੀਤ ਪ੍ਰਧਾਨ ਦਰਸ਼ਨ ਸਿੰਘ ਅਖਰੋਟਾ ਅਤੇ ਜਾਇੰਟ ਸਕੱਤਰ ਮਨਹਰਨ ਹਾਜ਼ਰ ਸਨ। ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੀ ਹਜ਼ਾਰੀ ਵਿੱਚ ਲਿਖਤੀ ਰੂਪ ਵਿੱਚ ਸਮਝੌਤਾ ਹੋਣ ਉਪਰੰਤ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵਲੋਂ 19 ਮਈ ਦੀ ਹੜਤਾਲ ਅਤੇ ਜਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਦਿੱਤਾ ਜਾਣ ਵਾਲਾ ਧਰਨਾ ਵਾਪਸ ਲੈ ਲਿਆ ਹੈ।

# ਅੱਤ ਦੀ ਮਹਿੰਗਾਈ ਲਈ ਹੁਣ ਤੱਕ ਦੀਆਂ ਸਰਕਾਰਾਂ ਹੀ ਜ਼ਿੰਮੇਵਾਰ : ਅਰੋੜਾ

**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**

ਪਿਛਲੇ ਕਈਆਂ ਸਾਲਾਂ ਤੋਂ ਮਹਿੰਗਾਈ ਦਾ ਗ੍ਰਾਫ ਦਿਨੋਂ ਦਿਨ ਵੱਧ ਰਿਹਾ ਹੈ ਜਿਸ ਕਰਕੇ ਰੋਜ਼ਾਨਾ ਵਰਤੋਂ ਵਾਲੀਆਂ ਵਸਤਾਂ ਦੇ ਰੇਟ ਅਸਮਾਨੀ ਚੜ੍ਹ ਰਹੇ ਹਨ ਜੋ ਗਰੀਬ ਅਤੇ



ਮੱਧਵਰਗੀ ਪਰਿਵਾਰਾਂ ਦੀ ਪਹੁੰਚ ਦੂਰ ਹੋ ਰਹੀਆਂ ਹਨ। ਇਨ੍ਹਾਂ ਦੀ ਮਾੜੀ ਦੁਰਦਸ਼ਾ ਲਈ ਹੁਣ ਤੱਕ ਦੀਆ ਹੀ ਜ਼ਿੰਮੇਵਾਰ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਕਰਦਿਆਂ ਲੋਕ ਲਹਿਰ ਪਾਰਟੀ ਦੇ ਪ੍ਰਧਾਨ ਗੁਰਜੀਤ ਸਿੰਘ ਅਰੋੜਾ ਨੇ ਕਿਹਾ ਕਿ ਹੁਣ ਤੱਕ ਕੇਂਦਰ ਅਤੇ ਪੰਜਾਬ ਸਮੇਤ ਵੱਖ-ਵੱਖ ਰਾਜਾਂ ਤੇ ਰਾਜ ਕਰਨ ਵਾਲੀਆਂ ਰਿਵਾਇਤੀ ਪਾਰਟੀਆਂ ਦੇ ਲੀਡਰ ਆਗੂਆ ਨੇ ਆਪਣੇ ਘਰ ਭਰਨ ਲਈ ਸਰਮਾਏਦਾਰਾਂ ਨਾਲ ਮਿਲ ਕੇ ਆਪਣੇ ਹੀ ਦੇਸ਼ ਦੀ ਜਨਤਾ ਨੂੰ ਹੀ ਲੁੱਟਿਆ ਹੈ ਜਿਸ ਕਰਕੇ ਪੈਟਰੋਲ ਡੀਜ਼ਲ ਘਰੇਲੂ ਗੈਸ ਸਿਲੰਡਰਾਂ ਦੇ ਰੇਟ ਆਸਮਾਨ ਨੂੰ ਛੂਹ ਰਹੇ ਹਨ ਜਿਨ੍ਹਾਂ ਕਰਕੇ ਟਰਾਂਸਪੋਰਟਾਂ ਦੇ ਕਿਰਾਏ ਭਾੜੇ ਵਧਣ ਕਰਕੇ ਚੀਜ਼ਾਂ ਦੇ ਦਿਨ-ਬ-ਦਿਨ ਵੱਧ ਰਹੇ ਹਨ ਆਮਦਨ ਨਾਲੋਂ ਖਰਚਾ ਦੁੱਗਣਾ ਤਿੱਗਣਾ ਹੋਣ ਕਰਕੇ ਆਰਥਿਕ ਹਾਲਤ ਬਹੁਤ ਨਾਜ਼ੁਕ ਹੋ ਗਈ ਹੈ। ਗਰੀਬ ਦਿਨੋਂ ਦਿਨ ਗਰੀਬ ਅਮੀਰ ਦਿਨੋਂ ਦਿਨ ਅਮੀਰ ਹੋ ਰਿਹਾ ਹੈ। ਇਹ ਸਭ ਇਨਾਂ ਰਿਵਾਇਤੀ ਪਾਰਟੀਆਂ ਦੇ ਲੀਡਰਾਂ ਦੀਆ ਲੋਕ ਵਿਰੋਧੀ ਨੀਤੀਆਂ ਦਾ ਨਤੀਜਾ ਹੈ ਜਿਸ ਕਾਰਨ ਇਹ ਲੋਕ ਆਪਣੀ ਮਾੜੀ ਆਰਥਿਕ ਹਾਲਤ ਹੋਣ ਕਰਕੇ ਨਾ ਤਾਂ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਦਿਵਾ ਸਕਦੇ ਹਨ ਅਤੇ ਨਾ ਹੀ ਆਪਣੇ ਕਿਸੇ ਘਰ ਦੇ ਜੀਅ ਦੀ ਗੰਭੀਰ ਬਿਮਾਰੀ ਦਾ ਉੱਚਿਤ ਕਰਵਾ ਸਕਦੇ ਹਨ ਕਿਉਂਕਿ ਇਹ ਦੋਵੇਂ ਚੀਜ਼ਾਂ ਇਨਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ। ਸਰਕਾਰਾਂ ਨੂੰ ਇਨਾਂ ਦੀ ਮਾੜੀ ਹਾਲਤ ਦਾ ਨਾ ਤਾਂ ਪਹਿਲਾ ਕੋਈ ਚਿੰਤਾ ਸੀ ਨਾ ਹੁਣ ਕੋਈ ਫਿਕਰ ਹੈ। ਇਨਾਂ ਲੀਡਰਾਂ ਨੂੰ ਚੋਣਾਂ ਦੇ ਸਮੇਂ ਵੋਟਾਂ ਵੇਲੇ ਹੀ ਗਰੀਬਾਂ ਦੀ ਯਾਦ ਆਉਂਦੀ ਹੈ। ਇਸ ਮੌਕੇ ਬਲਦੇਵ ਸਿੰਘ ਸ਼ਹਿਰੀ, ਪ੍ਰਧਾਨ ਕੁਲਵਿੰਦਰ ਸਿੰਘ ਖਜਾਨਚੀ, ਡਾ. ਲਾਲ ਸਿੰਘ ਪ੍ਰਧਾਨ ਕਿਸਾਨ ਵਿੰਗ, ਕੇਵਲ ਕ੍ਰਿਸ਼ਨ ਸਕੱਤਰ, ਤਰਲੋਚਨ ਸਿੰਘ ਕਾਕਾ ਪ੍ਰਧਾਨ ਯੂਥ ਵਿੰਗ, ਕਰਮਨ ਸਿੰਘ, ਗੁਲਜਾਰ ਸ਼ਰਮਾ, ਰੋਹਿਤ ਕੁਮਾਰ, ਸੁਖਜਿੰਦਰ ਸਿੰਘ ਕਾਕਾ, ਸਵਿੰਦਰ ਸਿੰਘ ਫੌਜੀ ਅਤੇ ਪ੍ਰਧਾਨ ਵਿਜੇ ਕੁਮਾਰ ਹਾਜ਼ਰ ਸਨ।

# ਭਵਨੀਤ ਕੌਰ 98 ਫੀਸਦੀ ਅੰਕ ਪ੍ਰਾਪਤ ਕਰਕੇ ਜ਼ਿਲ੍ਹੇ 'ਚੋਂ ਅੱਵਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨੀਂ ਸੀਬੀਐੱਸਈ ਦੀ ਦੱਸਵੀਂ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਹਰ ਸਾਲ ਦੀ ਤਰ੍ਹਾਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਅੱਵਲ ਪੁਜ਼ੀਸ਼ਨਾਂ 'ਤੇ ਕਬਜ਼ਾ ਕਰਕੇ ਆਪਣੇ ਸਕੂਲ ਦੀ ਪਰੰਪਰਾ ਨੂੰ ਜਾਰੀ ਰੱਖਿਆ। ਆਪਣੀ ਪ੍ਰਸੰਨਤਾ ਜ਼ਾਹਰ




ਕਰਦਿਆਂ ਸੰਸਥਾ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸੀਬੀਐੱਸਈ. ਦੀ ਦੱਸਵੀਂ ਦਾ ਨਤੀਜਾ 100 ਫੀਸਦੀ ਰਿਹਾ ਅਤੇ ਸਾਰੇ ਵਿਦਿਆਰਥੀ ਪਹਿਲੀ ਡਵੀਜ਼ਨ ਵਿੱਚ ਪਾਸ ਹੋਏ। ਉਨ੍ਹਾਂ ਉਚੇਚੇ ਤੌਰ 'ਤੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਭਵਨੀਤ ਕੌਰ ਸਪੁੱਤਰੀ ਹਰਪ੍ਰੀਤ ਸਿੰਘ, ਖਵਾਸਪੁਰ ਨੇ 98% ਅੰਕ ਪ੍ਰਾਪਤ ਕਰਕੇ ਪੂਰੇ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਅੱਵਲ ਰਹਿ ਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਇੱਥੇ ਜ਼ਿਕਰਯੋਗ ਹੈ ਕਿ ਭਵਨੀਤ ਕੌਰ ਨੇ ਪੰਜਾਬੀ ਅਤੇ ਇਨਫਾਰਮੇਸ਼ਨ ਟੈਕਨਾਲੋਜੀ ਵਿਸ਼ੇ ਵਿੱਚੋਂ 100 ਅੰਕ ਪ੍ਰਾਪਤ ਕੀਤੇ ਹਨ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਪ੍ਰਿੰਸੀਪਲ ਵੱਲੋਂ ਭਵਨੀਤ ਕੌਰ ਨੂੰ ਉਚੇਚੇ ਤੌਰ 'ਤੇ ਸਨਮਾਨਿਤ ਕਰਦਿਆਂ ਉਸਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।

# ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਦੇ ਨਤੀਜੇ ਸ਼ਾਨਦਾਰ ਰਹੇ

**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਪਿੰਡ ਸੁਹਾਵਾ ਦੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਬੜੇ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ। ਦਸਵੀਂ ਦੀ ਪ੍ਰੀਖਿਆ ਵਿਚੋਂ ਕੋਮਲਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਨੇ 91.1% ਨੰਬਰ ਲੈ ਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਹੈ। +2 ਤੋਂ ਮੈਡੀਕਲ ਗਰੁੱਪ ਦੀ ਵਿਦਿਆਰਥਣ ਜੈਸਮੀਨ ਕੌਰ ਪੁੱਤਰੀ ਸਤਨਾਮ ਸਿੰਘ ਨੇ 93.75% ਅੰਕ ਪ੍ਰਾਪਤ ਕੀਤੇ ਹਨ। ਜ਼ਿਆਦਾਤਰ ਵਿਦਿਆਰਥੀ/ਵਿਦਿਆਰਥਣਾਂ ਗਰੇਡ-1 ਅਤੇ ਗਰੇਡ-2 ਵਿਚ ਪਾਸ ਹੋਏ ਹਨ। ਸਕੂਲ ਦੇ ਪ੍ਰਿੰਸੀਪਲ ਡਾ. ਰਿਤੂ ਨੇ ਪਾਸ ਹੋਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਹ ਗੱਲ ਧਿਆਨ ਵਿੱਚ ਲਿਆਉਣਯੋਗ ਹੈ ਕਿ ਇਹ ਸਕੂਲ ਸੰਪ੍ਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਸਰਹਾਲੀ ਸਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਦੀ ਸਰਪ੍ਰਸਤੀ ਹੇਠ ਹਰ ਖੇਤਰ ਵਿੱਚ ਚੜ੍ਹਦੀਆਂ ਕਲਾਂ ਵਿੱਚ ਚਲ ਰਿਹਾ ਹੈ।

# ਪੰਜਾਬ ਦੇ ਥਰਮਲ ਪਲਾਂਟਾਂ ਕੋਲ 43 ਦਿਨਾਂ ਦਾ ਕੋਲ ਭੰਡਾਰ ਮੌਜੂਦ : ਈ ਟੀ ਓ



**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**—ਬਿਜਲੀ ਤੇ ਲੋਕ ਨਿਰਮਾਣ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਨੇ ਗਰਮੀ ਦੇ ਦਿਨਾਂ ਵਿੱਚ ਬਿਜਲੀ ਸਪਲਾਈ ਸਬੰਧੀ ਵਿਭਾਗ ਦੀ ਯੋਜਨਾਬੰਦੀ ਬਾਰੇ ਬੋਲਦੇ ਕਿਹਾ ਕਿ ਪੰਜਾਬ ਦੇ ਥਰਮਲ ਪਲਾਂਟਾਂ ਕੋਲ ਇਸ ਵੇਲੇ 43 ਦਿਨਾਂ ਦੇ ਕੋਲ ਭੰਡਾਰ ਮੌਜੂਦ ਹਨ, ਜਦਕਿ ਪਹਿਲੇ ਸਮਿਆਂ ਵਿੱਚ ਦੋ ਚਾਰ ਦਿਨ ਤੋਂ ਵੱਧ ਕੋਲ ਭੰਡਾਰ ਵੀ ਨਹੀਂ ਸਨ ਹੁੰਦੇ। ਉਨ੍ਹਾਂ ਕਿਹਾ ਕਿ ਅਜਿਹਾ ਪੰਜਾਬ ਸਰਕਾਰ ਦੀ ਝਾਰਖੰਡ ਸਥਿਤ ਕੋਲ ਖਾਣ ਚਾਲੂ ਕਰਨ ਕਰਕੇ ਹੋਇਆ ਹੈ, ਜੋ ਕਿ ਲੰਮੇ ਸਮੇਂ ਤੋਂ ਬੰਦ ਪਈ ਸੀ। ਅੱਜ ਆਪਣੇ ਹਲਕੇ ਦੇ ਪਿੰਡ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਰਾਣਾ ਕਾਲਾ ਵਿਖੇ ਸਰਕਾਰੀ ਐਲੀਮੈਂਟੀ ਸਕੂਲ ਵਿੱਚ ਆਰ ਓ ਸਿਸਟਮ, ਸੋਲਰ ਲਾਈਟਾਂ, ਸ਼ਮਸ਼ਾਨ ਘਾਟ ਵਿੱਚ ਬਾਥਰੂਮ, ਜਿੰਮ ਅਤੇ ਇੰਟਰਲਾਕ ਟਾਇਲਾਂ ਲਗਾਉਣ ਦੀ ਸ਼ੁਰੂਆਤ ਕਰਨ ਪੁੱਜੇ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀ ਅਗਵਾਈ ਨਾਲ ਝਾਰਖੰਡ ਵਿਚਲੀ ਕੋਲ ਖਾਣ ਚਾਲੂ ਹੋਣ ਨਾਲ ਨਾ ਸਿਰਫ ਕੋਲ ਭੰਡਾਰ ਵਧਿਆ, ਬਲਕਿ ਅਰਬਾਂ ਰੁਪਏ ਦਾ ਸਰਕਾਰੀ ਖਜਾਨਾ ਵੀ ਬਚਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਲੋਕ ਭਲਾਈ ਦੇ ਕੰਮਾਂ ਲਈ ਪੈਸੇ ਦੀ ਕੋਈ ਕਮੀ ਨਹੀਂ ਹੈ ਅਤੇ ਇਸਦਾ ਮੁੱਖ ਕਾਰਨ ਇਹ ਹੈ ਕਿ ਇਕ ਇਕ ਪੈਸਾ ਲੋਕਾਂ ਉਤੇ ਲੱਗ ਰਿਹਾ ਹੈ। ਇਸ ਮਗਰੋਂ ਕੈਬਨਿਟ ਮੰਤਰੀ ਨੇ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਮੱਲੀਆਂ ਵਿਖੇ ਸਰਕਾਰੀ ਐਲੀਮੈਂਟੀ ਸਕੂਲ ਵਿਖੇ ਆਗਨਵਾੜੀ ਸੈਂਟਰ, ਜੋ ਕਿ 9.82 ਲੱਖ ਰੁਪਏ ਦੀ ਲਾਗਤ ਨਾਲ ਬਣਨਾ ਹੈ, ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਛੇਤੀ ਹੀ ਇੱਥੇ 32 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਬਣਾਇਆ ਜਾਵੇਗਾ। ਇਸ ਮੌਕੇ ਡੀਐਸਪੀ ਕੁਲਦੀਪ ਸਿੰਘ, ਐਕਸੀਅਨ ਪੀਐਸਪੀਸੀਐਲ, ਬੀਡੀਪੀਓ ਜੰਡਿਆਲਾ ਗੁਰੂ, ਐਸਐਚਓ ਜੰਡਿਆਲਾ ਗੁਰੂ, ਸੁਖਵਿੰਦਰ ਸਿੰਘ ਸ਼ਾਹ ਅਤੇ ਪਤਵੰਤੇ ਹਾਜ਼ਰ ਸਨ। ਉਨ੍ਹਾਂ ਲੋਕਾਂ ਦੇ ਮਸਲੇ, ਸ਼ਿਕਾਇਤਾਂ ਸੁਣੀਆਂ ਅਤੇ ਬਹੁਤਿਆਂ ਦਾ ਮੌਕੇ ਉਤੇ ਹੱਲ ਵੀ ਕਰਵਾਇਆ।

# ਮੋਦੀ ਭਜਾਓ-ਦੇਸ਼ ਬਚਾਓ ਨਾਅਰੇ ਤਹਿਤ ਛਿਛਰੇਵਾਲ ਤੇ ਠੱਠਾ ਵਿਖੇ ਜਨਤਕ ਮੀਟਿੰਗਾਂ ਆਯੋਜਿਤ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**

ਭਾਰਤੀ ਕਮਿਊਨਿਸਟ ਪਾਰਟੀ ਵਲੋਂ ਮੋਦੀ ਭਜਾਓ-ਦੇਸ਼ ਬਚਾਓ ਨਾਹਰੇ ਤਹਿਤ ਅੱਜ ਪਿੰਡ ਛਿਛਰੇਵਾਲ ਤੇ ਠੱਠਾ ਵਿੱਚ ਵਿਸ਼ਾਲ ਜਨਤਕ



ਮੀਟਿੰਗਾਂ ਕਾਮਰੇਡ ਧਰਮ ਸਿੰਘ ਛਿਛਰੇਵਾਲ ਅਤੇ ਪਿੰਡ ਠੱਠਾ ਵਿਖੇ ਗਿਆਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿਚ ਇੱਕਠੇ ਹੋਏ ਔਰਤਾਂ ਤੇ ਮਰਦਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਸਕੱਤਰ ਕਾਮਰੇਡ ਦਵਿੰਦਰ ਸੋਹਲ ਨੇ ਕਿਹਾ ਕਿ ਲੋਕਾਂ ਨੂੰ ਗੁਰਬਤ 'ਚੋਂ ਕੱਢਣ ਲਈ ਇੱਕੋ ਰਾਹ ਹੈ ਕਿ ਹਰ ਕੰਮ ਮੰਗਦੇ ਵਿਅਕਤੀ ਲਈ ਰੁਜ਼ਗਾਰ ਦਾ ਪ੍ਰਬੰਧ ਸਰਕਾਰ ਕਰੇ ਅਤੇ ਘੱਟੋ ਘੱਟ ਮਿਹਨਤਾਨਾ 26000 ਰੁਪਏ ਮਹੀਨਾ ਮਿੱਥਿਆ ਜਾਵੇ। ਹਰ ਬਜ਼ੁਰਗ ਲਈ 10000 ਰੁਪਏ ਮਹੀਨਾ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਵੱਡੇ ਧਨਾਢ ਜਗੀਰਦਾਰਾਂ ਤੋਂ ਵਾਹੀਯੋਗ ਜ਼ਮੀਨ ਦੀ ਮੁੜ ਵੰਡ ਕਰਕੇ ਲੋੜਵੰਦ ਲੋਕਾਂ ਨੂੰ ਦਿੱਤੀ ਜਾਵੇ। ਇਹ ਮਿਹਨਤਕਸ਼ ਜਨਤਾ ਦਾ ਹੱਕ ਬਣਦਾ ਹੈ। ਇਹ ਹੱਕ ਲੋਕਾਂ ਨੂੰ ਦੇਣ ਲਈ ਸਖਤ ਕਾਨੂੰਨ ਬਣਾਏ ਜਾਣ। ਆਧੁਨਿਕ ਮਸ਼ੀਨੀ ਯੁੱਗ ਵਿੱਚ ਕੰਮ ਦਿਨ ਸਮਾਂ ਛੇ ਘੰਟੇ ਕੀਤਾ ਜਾਵੇ। ਦਿਹਾੜੀ ਨੂੰ ਚਾਰ ਸ਼ਿਫਟਾਂ ਵਿੱਚ ਵੰਡਿਆ ਜਾਵੇ। ਹਰ ਇੱਕ ਲਈ ਵਿੱਦਿਆ ਮੁਫਤ ਤੇ ਲਾਜ਼ਮੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਮਿਊਨਿਸਟ ਪਾਰਟੀ ਇਹ ਮੁਹਿੰਮ ਜਾਰੀ ਰੱਖੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੀਰਾ ਸਿੰਘ ਛਿਛਰੇਵਾਲ, ਬਲਵਿੰਦਰ ਸਿੰਘ ਬਿੱਲੂ ਮੂਸੇ, ਹਰਜਿੰਦਰ ਸਿੰਘ ਫੌਜੀ, ਕਾਰਜ ਸਿੰਘ ਠੱਠਾ, ਬਲਜੀਤ ਕੌਰ ਬਲੋ, ਰਾਜਪਾਲ ਸਿੰਘ, ਅਮਰੀਕ ਸਿੰਘ ਮੂਸੇ, ਸਵਰਨ ਸਿੰਘ, ਰਜਵੰਤ ਕੌਰ, ਚਰਨ ਕੌਰ ਆਦਿ ਹਾਜ਼ਰ ਸਨ।

# ਨਾਜਾਇਜ਼ ਅਸਲੇ ਸਮੇਤ ਵਿਅਕਤੀ ਕਾਬੂ, ਮਾਮਲਾ ਦਰਜ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਤਰਨਤਾਰਨ ਦੇ ਐੱਸ.ਐੱਸ.ਪੀ ਗੁਰਮੀਤ ਸਿੰਘ ਚੌਹਾਨ ਦੀਆਂ ਸਖਤ ਹਦਾਇਤਾਂ 'ਤੇ ਡੀ.ਐੱਸ.ਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾ 'ਤੇ ਚਲਦਿਆਂ ਥਾਣਾ ਵਲਟੋਹਾ



ਦੇ ਮੁਖੀ ਐੱਸ.ਐੱਚ.ਓ ਹਰਜੀਤ ਸਿੰਘ ਨੇ ਘਰ ਵਿੱਚ ਰੱਖੀ ਨਜਾਇਜ 12 ਰਾਇਫਲ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਵਲਟੋਹਾ ਦੇ ਐੱਸ.ਐੱਚ.ਓ ਹਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਸੀ ਕਿ ਸ਼ਮਸ਼ੇਰ ਸਿੰਘ ਉਰਫ ਸ਼ੇਰਾ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਅਬਾਦੀ ਅਮਰਕੋਟ ਨੇ ਆਪਣੇ ਘਰ ਬਣੇ ਰਿਹਾਇਸ਼ੀ ਕਮਰੇ 'ਚ ਇੱਕ ਬਾਰਾਂ ਬੋਰ ਰਾਇਫਲ ਛੋਟੀ ਬੈਰਲ ਛੁਪਾ ਕੇ ਰੱਖੀ ਹੈ, ਜੋ ਕਿ ਨਾਜਾਇਜ਼ ਅਸਲਾ ਹੈ ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਵਲਟੋਹਾ ਪੁਲਸ ਨੇ ਉਕਤ ਵਿਅਕਤੀ ਦੇ ਘਰ ਵਿੱਚ ਰੇਡ ਮਾਰਕੇ ਸਮੇਤ ਨਜਾਇਜ਼ ਅਸਲਾ ਬਾਰਾ ਬੋਰ ਰਾਇਫਲ ਕਾਬੂ ਕਰਕੇ ਸ਼ਮਸ਼ੇਰ ਸਿੰਘ ਸ਼ੇਰਾ ਖਿਲਾਫ ਮੁਕੱਦਮਾ ਨੰਬਰ 60, ਜੁਰਮ 379,411 ਅਤੇ 25-27 ਆਰਮ ਐਕਟ ਅਧੀਨ ਮੁਕੱਦਮਾ ਦਰਜ ਕਰ ਮੁਲਜਮ ਨੂੰ ਕਾਬੂ ਕਰ ਕੇ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ।

# ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਨੇ ਦਸਵੀਂ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੀ ਆਈ ਐੱਸ ਸੀ ਈ ਨਵੀਂ ਦਿੱਲੀ ਵੱਲੋਂ ਐਲਾਨੇ ਦਸਵੀਂ ਦੇ ਨਤੀਜੇ ਵਿੱਚ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਪ੍ਰਿੰਸੀਪਲ ਡਾ. ਰਵਨੀਤ ਕੌਰ ਨੇ ਦੱਸਿਆ ਕਿ ਦਸਵੀਂ ਜਮਾਤ ਵਿੱਚੋਂ ਜਸਕੀਰਤ ਸਿੰਘ



95.2% ਅੰਕ ਲੈ ਕੇ ਸਕੂਲ 'ਚੋਂ ਪਹਿਲਾ ਸਥਾਨ, ਪ੍ਰਭਨੂਰ ਕੌਰ 94.8% ਅੰਕ ਲੈ ਕੇ ਦੂਜਾ ਸਥਾਨ, ਜੈਦੀਪ ਸਿੰਘ 94.2% ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮੋਹਿਤ ਸ਼ਰਮਾ ਨੇ 94% ਅੰਕ, ਹਰਨੂਰ ਕੌਰ 93% ਅਤੇ ਵਰੁਣ ਕਾਲੀਆ 92% ਅੰਕ ਪ੍ਰਾਪਤ ਕੀਤੇ ਹਨ। ਇਸ ਸਾਲ ਸਕੂਲ ਦੇ ਕੁੱਲ 134 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਜਿਨ੍ਹਾਂ ਵਿੱਚ 11 ਵਿਦਿਆਰਥੀਆਂ ਨੇ 90% ਵੱਧ ਅੰਕ, 36 ਵਿਦਿਆਰਥੀਆਂ ਨੇ 80% ਤੋਂ ਵੱਧ, 33 ਵਿਦਿਆਰਥੀਆਂ ਨੇ 70 % ਤੋਂ ਵੱਧ ਅੰਕ ਅਤੇ ਬਾਕੀ ਸਾਰੇ ਬੱਚਿਆਂ ਨੇ ਵੀ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਨਤੀਜੇ ਤੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ, ਡਾਇਰੈਕਟਰ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਡਾ: ਰਵਨੀਤ ਕੌਰ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਸਮੂਹ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਨਤੀਜੇ ਵਿੱਚੋਂ 90% ਵੱਧ ਅੰਕ ਪ੍ਰਾਪਤ 11 ਵਿਦਿਆਰਥੀਆਂ ਦਾ ਅੱਜ ਸਕੂਲ ਪਹੁੰਚਣ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੀ ਨਤੀਜਿਆਂ 'ਚ ਚੜ੍ਹਤ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ ਖਾਲਸਾ ਦੀਵਾਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ (ਸੀਬੀਐੱਸਈ ਬੋਰਡ) ਦਸਵੀਂ ਅਤੇ ਬਾਰਵੀਂ ਜਮਾਤਾਂ ਦਾ ਨਤੀਜਾ 100 ਫੀਸਦੀ ਰਿਹਾ। ਇਸ ਸਾਲ ਦੱਸਵੀਂ



ਦੇ 154 ਵਿਦਿਆਰਥੀਆਂ ਵਿੱਚੋ 41 ਨੇ ਅਤੇ ਬਾਰ੍ਹਵੀਂ ਜਮਾਤ ਦੇ 124 ਵਿਦਿਆਰਥੀਆਂ ਵਿੱਚੋਂ 50 ਨੇ ਮੈਰਿਟ ਹਾਸਲ ਕੀਤੀ। ਮੈਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਬੱਚਿਆਂ ਦੀ ਸ਼ਾਨਦਾਰ ਸਫਲਤਾ ਦੀ ਖੁਸ਼ੀ ਤੇ ਸਕੂਲ ਵਿੱਚ ਜਸ਼ਨ ਮਨਾਇਆ ਗਿਆ। ਇਸ ਅਵਸਰ ਤੇ ਸਕੂਲ ਦੇ ਮੈਂਬਰ ਇੰਚਾਰਜ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫ਼ਲਤਾ 'ਤੇ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਹੀ ਤਰ੍ਹਾਂ ਮਿਹਨਤ ਕਰ ਕੇ ਜੀਵਨ ਦੀਆਂ ਬੁਲੰਦੀਆਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦਾ ਸਟਾਫ਼ ਹਾਜ਼ਰ ਸੀ।

# ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ

**ਗੁਰਦਾਸਪੁਰ,(ਜਨਕ ਮਹਾਜਨ)**-ਥਾਣਾ ਬਹਿਰਾਮਪੁਰ ਦੇ ਏ. ਐਸ. ਆਈ. ਬਲਕਾਰ ਸਿੰਘ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਵੀ. ਡੀ. ਪੁਰੀ ਸਕੂਲ ਸਾਂਸੀਆਂ ਮੁਹੱਲਾ ਬਹਿਰਾਮਪੁਰ ਤੋਂ ਦੋਸ਼ੀ ਰਜੇਸ਼ ਕੁਮਾਰ ਜੱਗੀ ਪੁੱਤਰ ਲੇਟ ਸੁਰਿੰਦਰ ਕੁਮਾਰ ਵਾਸੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਦੋਸ਼ੀ ਤੋਂ 2 ਗਰਾਮ 18 ਮਿਲੀਗਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਐਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਘਰੇਲੂ ਬਿਜਲੀ ਦਰਾਂ 'ਚ ਕੀਤਾ ਵਾਧਾ ਲੋਕਾਂ ਦਾ ਕੱਢੇਗਾ ਕਚੂੰਮਰ : ਸਭਰਾ, ਰਣਬੀਰ ਸਿੰਘ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੰਜਾਬ ਸਰਕਾਰ ਤਾਨਾਸ਼ਾਹੀ ਫੁਰਮਾਨ ਜਾਰੀ ਕਰਨ ਲਈ ਸਿਰਫ ਜ਼ਿਮਨੀ ਚੋਣ ਦੇ ਨਤੀਜੇ ਦਾ ਇੰਤਜ਼ਾਰ ਕਰ ਰਹੀ ਸੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਬਿਨਾਂ ਸਮਝੇ ਝੋਨੇ ਦੀ ਲਵਾਈ ਦੀਆਂ ਤਰੀਕਾਂ ਤਹਿ ਕੀਤੇ ਜਾਣ ਅਤੇ ਅਚਾਨਕ ਘਰੇਲੂ ਬਿਜਲੀ ਦੀਆਂ ਦਰਾਂ ਵਿੱਚ ਵਾਧਾ ਕਰਨ ਦੇ ਫੈਸਲਿਆਂ ਤੇ ਆਪਣੀ ਪ੍ਰਤੀਕਿਰਿਆ ਜ਼ਾਹਿਰ ਕਰਦੇ ਹੋਏ ਪ੍ਰੈਸ ਨੋਟ ਜਾਰੀ ਕਰਕੇ ਕੀਤਾ। ਉਨ੍ਹਾਂ ਕਿਹਾ ਕਿ ਝੋਨੇ ਦੀ ਲਵਾਈ ਤੇ ਅਜੀਬੋ ਗਰੀਬ ਫੈਸਲਾ ਕੀਤਾ ਗਿਆ। ਜਿਵੇਂ ਬਾਰਡਰ ਦੇ ਉਸ ਪਾਰ ਲਈ 10 ਜੂਨ ਅਤੇ ਬਾਕੀ ਅੰਮ੍ਰਿਤਸਰ ਲਈ 19 ਜੂਨ ਤਹਿ ਕਰ ਦਿੱਤੀ ਗਈ ਹੈ। ਇਹ ਤਰਕਹੀਣ ਤਰੀਕਾ ਹੈ। ਕੀ ਕਿਸਾਨ ਦੋ ਦੋ ਵਾਰ ਪਨੀਰੀ ਬੀਜਣਗੇ ਜਾਂ ਦੋ ਦੋ ਵਾਰ ਕਟਾਈ ਕਰਵਾ ਕੇ ਫਸਲ ਮੰਡੀ ਲੈ ਕੇ ਜਾਣਗੇ? ਬਾਰਡਰ ਬੈਲਟ ਦੇ ਜ਼ਿਲ੍ਹਿਆਂ ਖਾਸ ਕਰਕੇ ਮਾਝਾ ਵਿਚ 19 ਜੂਨ ਨੂੰ ਲੱਗਾ ਝੋਨਾ ਬਰਸਾਤਾਂ ਵਿਚ ਜਾ ਕੇ ਪੱਕੇਗਾ। ਸੋ ਉਸਦੀ 17% ਨਮੀ ਵਾਲੀ ਸ਼ਰਤ ਪੂਰੀ ਨਹੀਂ ਹੋ ਪਾਵੇਗੀ। ਉਨ੍ਹਾਂ ਕਿਹਾ ਕਿ ਜਥੇਬੰਦੀ ਪੰਜਾਬ ਭਰ ਅੰਦਰ 10 ਜੂਨ ਤੋਂ ਝੋਨਾ ਲਾਉਣ ਦੀ ਸ਼ੁਰੂਆਤ ਦੀ ਖੁੱਲ ਦੀ ਮੰਗ ਕਰਦੀ ਹੈ। ਸਰਕਾਰ ਵੱਲੋਂ 2-7 ਕਿਲੋਵਾਟ ਦੇ ਲੋਢ ਵਾਲੇ ਮੀਟਰਾਂ ਤੇ ਘਰੇਲੂ ਬਿਜਲੀ ਦੀਆ ਦਰਾਂ ਵਿੱਚ 45-80 ਪੈਸੇ ਪ੍ਰਤੀ ਯੂਨਿਟ ਦਾ ਅਚਾਨਕ ਵਾਧਾ ਕਰਨਾ ਬਿਲਕੁਲ ਗ਼ਲਤ ਫੈਸਲਾ ਹੈ। ਸਰਕਾਰ ਦਾ ਇਹ ਤਰਕ ਕਿ 600 ਯੂਨਿਟ ਵਾਲਿਆਂ ਨੂੰ ਕੋਈ ਫਰਕ ਨਹੀਂ ਪੈਣਾ ਕਿਉਂਕਿ ਭੁਗਤਾਨ ਸਰਕਾਰ ਨੇ ਕਰਨਾ ਹੈ, ਇੱਕ ਤਰਾਂ ਨਾਲ ਗੁੰਮਰਾਹ ਕਰਨ ਵਾਲਾ ਬਿਆਨ ਹੈ ਕਿਉਂਕਿ ਪੈਸੇ ਤਾਂ ਲੋਕਾਂ ਦੇ ਹੀ ਟੈਕਸ ਦੇ ਹਨ ਨਾ ਕਿ ਮੰਤਰੀ ਤੇ ਵਿਧਾਇਕ ਆਪਣੀ ਤਨਖਾਹ ਵਿੱਚੋਂ ਦੇਣਗੇ। ਉਨ੍ਹਾਂ ਕਿਹਾ ਕਿ ਗਰਮੀ ਦੀ ਰੁੱਤ ਵਿੱਚ 600 ਯੂਨਿਟ ਤੋਂ ਵੱਧ ਬਿਜਲੀ ਬਲਣੀ ਆਮ ਗੱਲ ਹੈ ਜਿਸ ਨਾਲ 601 ਯੂਨਿਟ ਬਲਣ 'ਤੇ ਪੂਰਾ ਬਿੱਲ ਦੇਣ ਵਾਲੀ ਸ਼ਰਤ ਕਾਰਨ ਲੋਕਾਂ ਦਾ ਕਚੂੰਮਰ ਨਿਕਲੇਗਾ।

# ਬੱਬੂ ਮਹਾਜਨ ਸਣੇ ਦਰਜਨਾਂ ਮਹਾਜਨ ਭਾਈਚਾਰੇ ਦੇ ਆਗੂ ਆਪ 'ਚ ਸ਼ਾਮਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਵਿਧਾਨ ਸਭਾ ਹਲਕਾ ਅਜਨਾਲਾ 'ਚ ਸ਼੍ਰੋ.ਅ.ਦ.(ਬ), ਕਾਂਗਰਸ ਸਣੇ ਹੋਰ ਰਵਾਇਤੀ ਰਾਜਨੀਤਿਕ ਪਾਰਟੀਆਂ ਨੂੰ ਉਸ ਸਮੇਂ ਵੱਡਾ



ਝਟਕਾ ਲੱਗਾ ਜਦੋਂ ਜਲੰਧਰ ਲੋਕ ਸਭਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਹੋਈ ਇਤਿਹਾਸਕ 'ਚ ਜਿੱਤ 'ਚ ਅਜਨਾਲਾ ਹਲਕੇ ਦੇ ਵਿਧਾਇਕ ਤੇ ਸੂਬਾ ਸਰਕਾਰ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਨਿਭਾਈ ਅਹਿਮ ਭੂਮਿਕਾ ਤੋਂ ਪ੍ਰਭਾਵਿਤ ਹੋ ਕੇ ਅਤੇ ਹਲਕੇ 'ਚ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਮੱਦੇਨਜ਼ਰ ਰੱਖਦੇ ਸਥਾਨਕ ਸ਼ਹਿਰ ਦੇ ਸਾਬਕਾ ਕੌਂਸਲਰ ਸੁਰਿੰਦਰ ਕੁਮਾਰ ਬੱਬੂ ਮਹਾਜਨ ਦੀ ਅਗਵਾਈ 'ਚ ਵਪਾਰੀ ਵਰਗ ਨਾਲ ਸੰਬੰਧਿਤ ਮਹਾਜਨ ਭਾਈਚਾਰੇ ਦੇ ਦਰਜਨਾਂ ਆਗੂ ਰਵਾਇਤੀ ਪਾਰਟੀਆਂ ਨੂੰ ਸਦਾ ਲਈ ਅਲਵਿਦਾ ਕਹਿ ਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਅਗਵਾਈ ਕਬੂਲ ਕਰਦੇ ਹੋਏ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋ ਗਏ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸੀਨੀ. ਆਗੂ ਖੁਸਪਾਲ ਸਿੰਘ ਧਾਲੀਵਾਲ, ਐੱਨ.ਪੀ.ਏ. ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਓ.ਐੱਸ.ਡੀ. ਐਡਵੋਕੇਟ ਰਾਜੀਵ ਮਦਾਨ, ਓ.ਐੱਸ.ਡੀ. ਚਰਨਜੀਤ ਸਿੰਘ ਸਿੱਧੂ, ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, 'ਆਪ' ਦੇ ਸਹਿਰੀ ਪ੍ਰਧਾਨ ਦੀਪਕ ਚੈਨਪੁਰੀਆ, ਬਲਾਕ ਪ੍ਰਧਾਨ ਬਲਦੇਵ ਸਿੰਘ ਬੱਬੂ ਚੇਤਨਪੁਰਾ ਦੀ ਵਿਸ਼ੇਸ਼ ਹਾਜ਼ਰੀ 'ਚ ਸਾਬਕਾ ਕੌਂਸਲਰ ਸੁਰਿੰਦਰ ਕੁਮਾਰ ਬੱਬੂ ਮਹਾਜਨ, ਕਾਂਗਰਸ ਦੇ ਰਮੇਸ਼ ਮਹਾਜਨ, ਪਵਨ ਮਹਾਜਨ, ਰਵੀ ਮਹਾਜਨ, ਵਿੱਕੂ ਮਹਾਜਨ, ਪ੍ਰਦੀਪ ਕੁਮਾਰ ਸੇਰੂ ਮਹਾਜਨ, ਬਿੱਲਾ ਮਹਾਜਨ, ਸੁਨੀਲ ਮਹਾਜਨ, ਜਸਵਿੰਦਰ ਮਹਾਜਨ, ਰਜੇਸ਼, ਰਾਜਨ, ਸੈਂਟੂ ਕਾਲੇ ਸ਼ਾਹ, ਨਿਰਮਲਜੀਤ ਸਿੰਘ ਸੰਧੂ, ਗੁਰਨਾਮ ਸਿੰਘ ਜਸਤਰਵਾਲ ਆਦਿ ਨੂੰ ਪਾਰਟੀ ਦੇ ਚਿੰਨ੍ਹ ਵਾਲੇ ਮਫਲਰ ਗਲਾਂ 'ਚ ਪਾ ਕੇ ਸਨਮਾਨਿਤ ਕਰਦਿਆਂ ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਕੂੜ ਪਰਚਾਰ ਦੇ ਬਾਵਜੂਦ ਲੋਕ ਭਲੀ-ਭਾਂਤ ਜਾਣੂ ਹਨ ਕਿ ਸੂਬੇ ਦਾ ਵਿਕਾਸ ਤੇ ਖੁਸ਼ਹਾਲੀ ਸਿਰਫ ਆਮ ਆਦਮੀ ਪਾਰਟੀ ਦੇ ਹੱਥਾਂ ਹੀ ਸੁਰੱਖਿਤ ਰਹਿ ਸਕਦੇ ਹਨ। ਇਸ ਮੌਕੇ 'ਆਪ' ਦੇ ਸ਼ਹਿਰੀ ਪ੍ਰਧਾਨ ਦੀਪਕ ਚੈਨਪੁਰੀਆ, ਬਲਾਕ ਪ੍ਰਧਾਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸ਼ਿਵਦੀਪ ਸਿੰਘ ਚਾਹਲ, ਹਰਪ੍ਰੀਤ ਸਿੰਘ, ਹੈਪੀ ਗਿੱਲ, ਸਵਿੰਦਰ ਸਿੰਘ ਸੈਂਸਰਾ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਸੁਖਦਿਆਲ ਸਿੰਘ, ਦੀਪਕ ਭੱਟੀ, ਗੁਰਨਾਮ ਸਿੰਘ ਕਮੀਰਪੁਰਾ ਆਦਿ ਹਾਜ਼ਰ ਸਨ।

# ਰਿਆੜਕੀ ਸਕੂਲ ਤੁਗਲਵਾਲਾ ਦੀ ਸ਼ਾਨਦਾਰ ਨਤੀਜਿਆਂ ਸਦਕਾ ਬੱਲੇ-ਬੱਲੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਸੀ ਬੀ ਐਸ ਈ ਬੋਰਡ ਵਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲ ਦੇ ਵਿਦਿਆਰਥੀਆਂ ਨੇ ਇਸ ਵਾਰ ਵੀ ਸ਼ਾਨਦਾਰ ਮੱਲਾਂ ਮਾਰ ਕੇ ਆਪਣੀ ਸੰਸਥਾ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਇੰਦਰਜੀਤ ਕੌਰ ਸੈਣੀ ਨੇ ਦੱਸਿਆ ਕਿ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਸਕੂਲ ਦੇ 90 ਫੀਸਦੀ ਵਿਦਿਆਰਥੀਆ ਨੇ ਫਸਟ ਡਿਵੀਜ਼ਨਾਂ ਹਾਸਲ ਕਰਕੇ ਨਾਮਣਾ ਖੱਟਿਆ ਹੈ। ਸਕੂਲ ਦੇ 45 ਫੀਸਦੀ ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਅੰਕ ਹਾਸਲ ਕੀਤੇ ਹਨ। ਅਰਮੀਨ ਕੌਰ ਸਪੁੱਤਰੀ ਰਛਪਾਲ ਸਿੰਘ ਪਿੰਡ ਰਜੋਆ ਨੇ 96 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਸੁਸ਼ਾਂਤ ਵਰਮਾ ਸਪੁੱਤਰ ਸੰਦੀਪ ਵਰਮਾ ਵਾਸੀ ਪਿੰਡ ਬਸਰਾਵਾਂ ਨੇ 94 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਰੁਕਮਨਪ੍ਰੀਤ ਕੌਰ ਸਪੁੱਤਰੀ ਸਰਦਾਰ ਸਿੰਘ ਪਿੰਡ ਔਲਖ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਦੇ ਨਾਲ ਹੀ ਸਾਇੰਸ ਵਿੱਚੋਂ ਅੱਵਲ ਰਹਿਣ ਵਾਲੇ ਵਿਦਿਆਰਥੀ ਨੂੰ ਡਾ. ਗੁਰਬਖਸ ਸਿੰਘ ਯੂ ਐਸ ਏ ਐਵਾਰਡ, ਸਮਾਜਿਕ ਸਿੱਖਿਆ ਵਿੱਚੋਂ ਅੱਵਲ ਨੂੰ ਅਨੁਪਮ ਮਿਸਰਾ ਐਵਾਰਡ, ਹਿਸਾਬ ਵਿੱਚੋਂ ਅੱਵਲ ਰਹਿਣ ਵਾਲੇ ਵਿਦਿਆਰਥੀ ਨੂੰ ਮਾਸਟਰ ਗੁਲਜਾਰ ਸਿੰਘ ਐਵਾਰਡ, ਅੰਗਰੇਜ਼ੀ ਵਿੱਚੋਂ ਅੱਵਲ ਰਹਿਣ ਵਾਲੇ ਨੂੰ ਸੋਹਣ ਸਿੰਘ ਬਸਰਾ ਐਵਾਰਡ ਅਤੇ ਪੰਜਾਬੀ ਭਾਸ਼ਾ ਵਿੱਚੋਂ ਅੱਵਲ ਰਹਿਣ ਵਾਲੇ ਨੂੰ ਬਾਪੂ ਬੂਟਾ ਸਿੰਘ ਯਾਦਗਾਰੀ ਐਵਾਰਡ ਨਾਲ ਸਨਮਾਨਤ ਵੀ ਕੀਤਾ ਜਾਵੇਗਾ। ਇਸ ਮੌਕੇ ਮੈਡਮ ਸੁਰਜੀਤ ਕੌਰ ਰਿਆੜ, ਮੈਡਮ ਸੁਖਦੀਪ ਕੌਰ, ਹਰਕਿੰਦਰ ਸਿੰਘ ਬੋਪਾਰਾਏ, ਮੈਡਮ ਬਲਜੀਤ ਕੌਰ, ਮੈਡਮ ਸੁਮਨਦੀਪ ਕੌਰ, ਮੈਡਮ ਪਵਨਜੀਤ ਕੌਰ ਅਤੇ ਮੈਡਮ ਅੰਨੂ ਬਾਲਾ ਵੀ ਹਾਜ਼ਰ ਸਨ।

# ਅੱਜ ਡੀਸੀ ਦਫਤਰ ਪਠਾਨਕੋਟ ਵਿਖੇ ਕੱਢੇ ਜਾਣਗੇ ਨਵੀਆਂ ਖੱਡਾਂ ਦੇ ਡਰਾਅ

**ਪਠਾਨਕੋਟ (ਦਵਿੰਦਰ ਸਿੰਘ)**-ਮਾਈਨਿੰਗ ਅਤੇ ਜਿਆਲੋਜੀ ਵਿਭਾਗ ਪੰਜਾਬ ਦੇ ਨੋਟੀਫਿਕੇਸ਼ਨ ਨੰਬਰ 491988-ਪੀ.ਜੇ. ਦੇ ਅਨੁਸਾਰ ਲੋਟਸ ਅਵੈਲੂਸ਼ਨ ਕਮੇਟੀ ਦੁਆਰਾ 1 ਨੰਬਰ ਟੈਂਡਰ ਦਾ ਡਰਾਅ ਆਫ ਲਾਟ ਮਿਤੀ 17 ਮਈ 2023 (ਦਿਨ ਬੁੱਧਵਾਰ) ਸਮਾਂ ਬਾਅਦ ਦੁਪਿਹਰ 2 ਵਜੇ ਸਥਾਨ ਮੀਟਿੰਗ ਹਾਲ, ਡਿਪਟੀ ਕਮਿਸ਼ਨਰ ਕੰਪਲੈਕਸ, ਮਲਕਪੁਰ, ਪਠਾਨਕੋਟ ਵਿਖੇ ਡਰਾਅ ਕੱਢੇ ਜਾਣੇ ਹਨ। ਇਹ ਪ੍ਰਗਟਾਵਾ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਪਰੋਕਤ ਦੇ ਸੰਬੰਧ ਵਿੱਚ ਜਿਨ੍ਹਾਂ ਵੱਲੋਂ ਵੀ ਟੈਂਡਰ ਪ੍ਰਕਿਰਿਆ ਵਿੱਚ ਭਾਗ ਲਿਆ ਗਿਆ ਹੈ, ਉਨ੍ਹਾਂ ਨੂੰ ਖੁਦ ਜਾਂ ਅਧਿਕਾਰ ਪੱਤਰ ਰਾਹੀਂ ਆਪਣੇ ਕਿਸੇ ਇੱਕ ਨੁਮਾਇੰਦੇ ਨੂੰ ਡਰਾਅ ਵਾਲੇ ਦਿਨ ਨਿਰਧਾਰਤ ਸਮੇਂ ਤੇ ਸਥਾਨ ਵਿਖੇ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਮਾਈਨਜ਼ ਅਤੇ ਜਿਆਲੋਜੀ ਵਿਭਾਗ ਵੱਲੋਂ ਸਾਰੀਆਂ ਪ੍ਰੀਕਿਰਿਆਵਾਂ ਦੇ ਅਧੀਨ ਬੁੱਧਵਾਰ ਨੂੰ ਉਪਰੋਕਤ ਸਥਾਨ ਅਤੇ ਸਮੇਂ 'ਤੇ ਕਲੱਸਟਰ 22 ਅਧੀਨ ਮੁੱਠੀ, ਸਮਰਾਲਾ ਅਤੇ ਕੋਟ ਭੱਟੀਆਂ ਦੇ ਡਰਾਅ ਕੱਢੇ ਜਾਣੇ ਹਨ। ਉਪਰੋਕਤ ਡਰਾਅ ਵਿੱਚ ਜਿਨ੍ਹਾਂ ਵੱਲੋਂ ਵੀ ਟੈਂਡਰ ਪ੍ਰਕਿਰਿਆ ਵਿੱਚ ਭਾਗ ਲਿਆ ਗਿਆ ਹੈ, ਉਨ੍ਹਾਂ ਨੂੰ ਖੁਦ ਜਾਂ ਅਧਿਕਾਰ ਪੱਤਰ ਰਾਹੀਂ ਆਪਣੇ ਕਿਸੇ ਇੱਕ ਨੁਮਾਇੰਦੇ ਨੂੰ ਡਰਾਅ ਵਾਲੇ ਦਿਨ ਨਿਰਧਾਰਤ ਸਮੇਂ ਤੇ ਸਥਾਨ ਵਿਖੇ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

# ਰੋਟਰੀ ਕਲੱਬ ਆਸਥਾ ਨੇ 351 ਵਿਦਿਆਰਥੀਆਂ ਨੂੰ ਬੈਗ, ਕਾਪੀਆਂ ਤੇ ਸਟੇਸ਼ਨਰੀ ਵੰਡੀ



**ਅੰਮ੍ਰਿਤਸਰ (ਅਰੋੜਾ)**

ਰੋਟਰੀ ਕਲੱਬ ਆਸਥਾ ਵੱਲੋਂ ਪ੍ਰਧਾਨ ਅਸ਼ਵਨੀ ਅਵਸਥੀ ਸਕੱਤਰ ਅਮਨ ਸ਼ਰਮਾ ਦੀ ਦੇਖ-ਰੇਖ ਵਿੱਚ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਮੁੱਛਲ ਅਤੇ ਮਿਡਲ ਸਕੂਲ ਮੁੱਛਲ ਦੇ ਵਿਦਿਆਰਥੀਆਂ ਦੀ ਸਹਾਇਤਾ ਲਈ ਇੱਕ ਸ਼ਲਾਘਾਯੋਗ ਪੋਜੈਕਟ ਨੂੰ ਅੰਜਾਮ ਦਿੰਦੇ ਹੋਏ ਪੋਜੈਕਟ ਚੇਅਰਮੈਨ ਰੋਟੇਰੀਅਨ ਦਵਿੰਦਰ ਸਿੰਘ ਦੀ ਸਹਾਇਤਾ ਨਾਲ 51 ਵਿਦਿਆਰਥੀਆਂ ਨੂੰ ਸਕੂਲ ਬੈਗ ਅਤੇ 300 ਵਿਦਿਆਰਥੀਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡੀ ਗਈ। ਰੋਟਰੀ ਪ੍ਰਧਾਨ ਨੇ ਦੱਸਿਆ ਕਿ ਰੋਟਰੀ ਆਸਥਾ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸਹਾਇਤਾ ਲਈ ਸਮੇਂ ਸਮੇਂ ਤੇ ਇਸ ਤਰ੍ਹਾਂ ਦਾ ਪ੍ਰੋਜੈਕਟ ਕੀਤੇ ਜਾ ਰਹੇ ਹਨ। ਇਹ ਸਿਲਸਿਲਾ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗਾ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰਜੈਕਟ ਨੂੰ ਕਾਮਯਾਬ ਬਣਾਉਣ ਲਈ ਰੋਟੇਰੀਅਨ ਪ੍ਰਮੋਦ ਕੁਮਾਰ ਕਪੂਰ ਅਤੇ ਸਕੂਲ ਦੀ ਇੰਚਾਰਜ ਹਰਮੇਸ਼ ਕੌਰ, ਰੁਪਿੰਦਰ ਕੌਰ ਅਤੇ ਹੋਰ ਸਟਾਫ ਦਾ ਸ਼ਲਾਘਾਯੋਗ ਯੋਗਦਾਨ ਰਿਹਾ ਹੈ। ਪ੍ਰਮੋਦ ਕੁਮਾਰ ਕਪੂਰ ਅਤੇ ਦਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ, ਚੰਗੀ ਸਿੱਖਿਆ ਪ੍ਰਾਪਤ ਕਰਕੇ ਵਾਂਗਡੋਰ ਇਨ੍ਹਾਂ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੋਵੇਗੀ। ਵਿਦਿਆਰਥੀਆਂ ਨੂੰ ਤਨ ਮਨ ਨਾਲ ਸਿੱਖਿਆ ਵੱਲ ਧਿਆਨ ਦੇਣਾ ਚਾਹੀਦਾ ਹੈ ਜਿਸ ਨਾਲ ਉਨ੍ਹਾਂ ਦੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਉੱਚਾ ਹੋਵੇ। ਇਸ ਮੌਕੇ ਬਲਬੀਰ ਸਿੰਘ, ਕੁਲਦੀਪ ਸਿੰਘ, ਮੈਡਮ ਰਾਜ ਰਾਣੀ, ਮੈਡਮ ਰੁਪਿੰਦਰ ਕੌਰ, ਨਵਦੀਪ ਸਿੰਘ ਡੀਈਪੀ, ਸਤਪਾਲ ਸਿੰਘ, ਰਮਨਦੀਪ ਸਿੰਘ, ਨਵਦੀਪ ਸਿੰਘ ਸੰਧੂ, ਰਮਿੰਦਰ ਕੌਰ, ਮਨਦੀਪ ਕੌਰ ਅਤੇ ਸਕੂਲ ਸਟਾਫ ਮੌਜੂਦ ਸੀ।

# ਮਾਂ ਨੂੰ ਆਦਰਸ਼ ਮੰਨਣ ਵਾਲਾ ਦੂਜਿਆਂ ਲਈ ਆਦਰਸ਼ ਬਣਦੈ : ਪ੍ਰਿੰ. ਗੁਰਦੀਪ ਕੌਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**—ਸ੍ਰੀ ਗੁਰੂ ਰਾਮ ਦਾਸ ਸੀਨੀ. ਸੈਕੰ. ਸਕੂਲ, ਨਾਥ ਦੀ ਖੂਹੀ ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਗੁਰਦੀਪ ਕੌਰ, ਵਾਇਸ ਪ੍ਰਿੰਸੀਪਲ ਰਮਨਪ੍ਰੀਤ ਕੌਰ, ਅਜਮੇਰ ਸਿੰਘ ਤੇ ਅਧਿਆਪਕਾਂ ਦੀ ਅਗਵਾਈ ਵਿੱਚ ਕੌਮਾਂਤਰੀ ਮਾਂ ਦਿਵਸ ਬੜੇ ਉਤਸ਼ਾਹ ਨਾਲ ਮਨਾਇਆਂ। ਮਨਵੀਰ ਸਿੰਘ, ਸਰਤਾਜ ਸਿੰਘ, ਗੁਰਪਾਲ ਸਿੰਘ, ਹਰਨੇਕ ਸਿੰਘ, ਸੀਰਤ ਕੌਰ, ਰੋਜ਼ਪ੍ਰੀਤ ਕੌਰ, ਵਰਦਾਨ ਸਿੰਘ,




ਏਕਮਪ੍ਰੀਤ ਸਿੰਘ, ਅਰਜਨ ਸਿੰਘ ਵਿਦਿਆਰਥੀਆਂ ਨੇ ਮਾਂ ਨੂੰ ਸਮਰਪਿਤ ਭਾਸ਼ਣ, ਕਵਿਤਾਵਾਂ ਤੇ ਗੀਤ ਪੇਸ਼ ਕੀਤੇ। ਇਸ ਤੋਂ ਇਲਾਵਾ ਨਰਸਰੀ ਤੋਂ ਬਾਰ੍ਹਵੀਂ ਕਲਾਸਾਂ ਦੇ ਬੱਚਿਆਂ ਨੇ "ਮਾਂ ਸੁਰਗਾਂ ਦਾ ਸਿਰਨਾਵਾਂ", "ਤਿੰਨ ਰੰਗ ਨਹੀ ਲੱਭਣੇ", "ਵੱਖ ਹੋਣ ਨਾ ਕਿਸੇ ਤੋਂ ਮਾਂਵਾਂ", "ਮਾਂ ਤੇ ਰੱਬ ਦੇ ਰੂਪ ਜਿਹੀ", "ਤੇਰੀ ਉਂਗਲੀ ਪਕੜ ਕੇ ਚਲਾ", ਤੂੰ ਕਿਤਨੀ ਅੱਛੀ ਹੈ" ਆਦਿ ਗੀਤਾਂ 'ਤੇ ਡਾਂਸ ਪੇਸ਼ ਕੀਤਾ। ਅਜੋਕੇ ਸਮੇਂ ਨੂੰ ਬਿਆਨ ਕਰਦੀ ਬਾਰ੍ਹਵੀਂ ਦੇ ਵਿਦਿਆਰਥੀ ਅਜੇ ਸਿੰਘ ਤੇ ਵੰਸਪਾਲ ਸਿੰਘ ਵੱਲੋਂ ਲਿਖੀ ਇਕਾਂਗੀ "ਮਾਂ ਦਾ ਸਰਵਣ ਪੁੱਤ" ਨੂੰ ਮਹਿਕਪ੍ਰੀਤ ਕੌਰ ਤੇ ਸਾਥੀ ਵਿਦਿਆਰਥੀਆਂ ਵੱਲੋਂ ਬੜੇ ਹੀ ਖੂਬਸੂਰਤ ਤਰੀਕੇ ਨਾਲ ਪੇਸ਼ ਕੀਤਾ ਗਿਆ। ਅੰਤ ਵਿੱਚ ਸਕੂਲ ਡਾਇਰੈਕਟਰ ਸ਼ਿਵਚਰਨ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਂ ਸ਼ਬਦ ਨਾਲ ਹੀ ਸਾਡੇ ਜੀਵਨ ਦੀ ਸ਼ੁਰੂਆਤ ਹੁੰਦੀ ਹੈ ਅਤੇ ਚੰਗੇ ਸੰਸਕਾਰ ਦੇਣ ਵਿੱਚ ਮਾਂ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ। ਇਸ ਮੌਕੇ ਪ੍ਰਿੰਸੀਪਲ ਗੁਰਦੀਪ ਕੌਰ ਨੇ ਕਿਹਾ ਕਿ ਜੋ ਬੱਚੇ ਮਾਂ ਨੂੰ ਆਪਣਾ ਆਦਰਸ਼ ਮੰਨਦੇ ਹਨ ਉਹ ਦੂਜਿਆਂ ਲਈ ਆਦਰਸ਼ ਬਣਦੇ ਹਨ।

# ਸਰਕਾਰੀ ਹਾਈ ਸਕੂਲ ਬਸਰਾਵਾਂ ਦਾ ਅੱਠਵੀਂ ਕਲਾਸ ਦਾ ਨਤੀਜਾ ਮਾਣਮੱਤਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਦੇ ਨਤੀਜੇ ਵਿੱਚ ਸਰਕਾਰੀ ਹਾਈ ਸਕੂਲ ਬਸਰਾਏ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ। ਲੈਕਚਰਾਰ ਦਿਲਬਾਗ ਸਿੰਘ ਨੇ ਨਵਨੀਤ ਕੌਰ ਨੂੰ 1100 ਰੁਪਏ ਇਨਾਮ ਦੇ ਕੇ ਸਨਮਾਨਿਤ ਕੀਤਾ ਅਤੇ ਬਾਕੀ ਬੱਚਿਆਂ ਨੂੰ ਪ੍ਰੇਰਨਾ ਲੈਣ ਲਈ ਕਿਹਾ। ਇਸ ਤੋਂ ਇਲਾਵਾ ਦਿਲਬਾਗ ਸਿੰਘ ਦੇ ਪਿਤਾ ਮਹਿੰਦਰ ਸਿੰਘ ਨੇ ਸਕੂਲ ਵੈਲਫੇਅਰ ਲਈ 5100 ਰੁਪਏ ਭੇਟ ਕੀਤੇ। ਹੈੱਡਮਾਸਟਰ ਵਿਜੈ ਕੁਮਾਰ ਨੇ ਪਹਿਲੀਆਂ ਪੰਜ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨਵਨੀਤ ਕੌਰ, ਹਰਮਨਪ੍ਰੀਤ ਕੌਰ, ਮੁਸਕਾਨ, ਰਜਨੀ ਅਤੇ ਅਮਿਤ ਕੁਮਾਰ ਨੂੰ ਸਨਮਾਨਿਤ ਕੀਤਾ। ਅਮਿਤ ਕੁਮਾਰ ਦੀ ਸਕੂਲ ਆਫ ਐਮੀਨੈਂਸ ਵਿੱਚ ਚੋਣ ਹੋਣ ਤੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸ. ਰਣਜੀਤ ਸਿੰਘ ਵੱਲੋਂ ਵੱਖ ਵੱਖ ਸਮੇਂ ਸਕੂਲ ਵੈੱਲਫੇਅਰ ਲਈ 25000 ਰੁਪਏ ਦੀ ਮਦਦ ਲਈ ਹੈਡਮਾਸਟਰ ਵੱਲੋਂ ਧੰਨਵਾਦ ਕੀਤਾ ਗਿਆ। ਦਿਲਬਾਗ ਸਿੰਘ ਨੇ ਦੱਸਿਆ ਕਿ ਆਪਣੀ ਮਾਤਾ ਦਰਸ਼ਨ ਕੌਰ ਦੀ ਯਾਦ ਵਿੱਚ ਹਰ ਸਾਲ ਅੱਠਵੀਂ ਅਤੇ ਦਸਵੀ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ 1100 ਅਤੇ 2100 ਰੁਪਏ ਅਤੇ 6ਵੀਂ, 7ਵੀਂ ਅਤੇ 9ਵੀਂ ਵਿਚ ਪਹਿਲੀਆਂ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਸਮੇਂ ਲਖਵਿੰਦਰਪਾਲ ਕੌਰ, ਪ੍ਰਧਾਨ ਬਲਵਿੰਦਰ, ਚੇਅਰਮੈਨ ਬਲਜੀਤ ਸਿੰਘ ਸਿੰਘ, ਸਿਕੰਦਰ ਸਿੰਘ, ਲਖਵਿੰਦਰ ਸਿੰਘ, ਸਤਨਾਮ ਸਿੰਘ, ਮਨਪ੍ਰੀਤ ਸਿੰਘ, ਜਰਨੈਲ ਸਿੰਘ, ਸਤਨਾਮ ਸਿੰਘ ਕੰਪਿਊਟਰ ਫੈਕਲਟੀ, ਮੰਗਲ ਸਿੰਘ, ਅਸ਼ੋਕ ਕੁਮਾਰ, ਮਲਿਕਾ ਗੋਰਾਇਆ, ਮਿਸ ਅਨੁਰਾਧਾ, ਨਵਪ੍ਰੀਤ ਕੌਰ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

# ਕਾਦੀਆਂ ਵਿਖੇ ਰੋਟਰੀ ਕਲੱਬ ਦੀ ਸਾਖਾ 'ਇਨਰ ਵ੍ਹੀਲ' ਦਾ ਗਠਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਾਦੀਆਂ ਵਿਖੇ ਰੋਟਰੀ ਕਲੱਬ ਦੇ ਵੂਮਨ ਵਿੰਗ ਦੀ ਸ਼ਾਖਾ "ਇਨਰ ਵੀਲ" ਦੀ ਸ਼ੁਰੂਆਤ ਚਰਨਜੀਤ ਕੌਰ ਬਾਜਵਾ ਸਾਬਕਾ ਐੱਮ. ਐੱਲ. ਏ ਕਾਦੀਆਂ ਅਤੇ ਜ਼ਿਲ੍ਹਾ ਚੇਅਰਮੈਨ ਡਾ. ਸਤਿੰਦਰਜੀਤ ਕੌਰ ਨਿੱਜਰ ਦੀ ਅਗਵਾਈ ਹੇਠ ਹੋਈ। ਇਸ ਕਲੱਬ ਦੇ ਸਮੂਹ ਮੈਂਬਰ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਸ਼ਾਲਿਨੀ ਸ਼ਰਮਾ ਨੂੰ ਪ੍ਰੈਜ਼ੀਡੈਂਟ ਚੁਣਿਆ ਗਿਆ। ਪਰਮਿੰਦਰ ਕੌਰ (ਵਾਈਸ ਪ੍ਰਿੰਸੀਪਲ ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ) ਨੂੰ ਸੈਕਟਰੀ ਚੁਣਿਆ ਗਿਆ। ਇਸ ਤੋਂ ਇਲਾਵਾ ਮਮਤਾ ਡੋਗਰਾ ਪ੍ਰਿੰਸੀਪਲ (ਵੇਦ ਕੌਰ ਆਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ), ਪ੍ਰਿਅੰਕਾ ਠਾਕੁਰ (ਹੈੱਡਮਿਸਟਰਸ ਐੱਸ. ਐੱਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ), ਰੰਜੂ ਬਾਲਾ, ਸ਼ਮ੍ਹਾ ਮਹਾਜਨ (ਅਧਿਆਪਕ ਵੇਦ ਕੌਰ ਆਰੀਆ ਗਰਲਜ਼ ਸਕੂਲ), ਸ਼ਰਨਬੀਰ ਕੌਰ, ਰਜਿੰਦਰ ਕੌਰ, ਰਜਨੀ ਬਾਲਾ, ਰੂਹੀ ਭਗਤ, ਮਨਦੀਪ ਕੌਰ, ਬਲਵਿੰਦਰ ਕੌਰ, ਰਾਜਵਿੰਦਰ ਕੌਰ ਅਤੇ ਅਮਨਜੋਤ ਕੌਰ (ਅਧਿਆਪਕ ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ) ਹਾਜ਼ਰ ਸਨ। 2021-23 ਦੇ ਮੋਟੋ "ਸਟਰੌਂਗ ਵੂਮਨ ਸਟਰੌਂਗ ਵਰਲਡ" ਨੂੰ ਮੱਦੇਨਜ਼ਰ ਰੱਖਦੇ ਹੋਏ ਇਸ ਕਲੱਬ ਦੀ ਸਥਾਪਨਾ ਕੀਤੀ ਗਈ। ਇਸ ਕਲੱਬ ਦਾ ਉਦੇਸ਼ ਜ਼ਰੂਰਤਮੰਦਾਂ ਦੀ ਸਹਾਇਤਾ ਕਰਨਾ, ਆਪਸੀ ਪ੍ਰੇਮ ਅਤੇ ਸਦਭਾਵਨਾ ਨੂੰ ਵਧਾਉਣਾ, ਸਮਾਜ ਨੂੰ ਜਾਗਰੂਕ ਕਰਨਾ ਅਤੇ ਚੰਗੀ ਸਿਹਤ ਦੇਣਾ ਹੈ।

# 19 ਨੂੰ ਗੁਰੂ ਨਾਨਕ ਭਵਨ ਵਿਖੇ 'ਰਾਹੀ ਆਟੋ ਮੇਲੇ' ਦਾ ਕੀਤਾ ਜਾਵੇਗਾ ਆਯੋਜਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸੀ.ਈ.ਓ. ਅੰਮ੍ਰਿਤਸਰ ਸਮਾਰਟ ਸਿਟੀ-ਕਮ-ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ ਦੀ ਪ੍ਰਧਾਨਗੀ ਹੇਠ ਸ਼ਹਿਰ ਦੀਆਂ ਆਟੋ ਯੂਨੀਅਨਾਂ ਦੇ ਪ੍ਰਧਾਨਾਂ ਨਾਲ ਮੀਟਿੰਗ ਹੋਈ ਜਿਸ ਵਿਚ "ਰਾਹੀ ਆਟੋ ਮੇਲਾ" ਜੋ ਕਿ ਮਿਤੀ 19-05-2023 ਦਿਨ ਸ਼ੁੱਕਰਵਾਰ ਨੂੰ ਗੁਰੂ ਨਾਨਕ ਭਵਨ, ਸਿਟੀ ਸੈਂਟਰ ਨੇੜੇ ਬੱਸ ਸਟੈਂਡ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ, ਦੇ ਸਬੰਧ ਵਿਚ ਵਿਚਾਰ-ਵਟਾਂਦਰਾ ਕੀਤਾ ਗਿਆ। ਅੱਜ ਦੀ ਇਸ ਮੀਟਿੰਗ ਵਿਚ ਰਾਹੀ ਪ੍ਰੋਜੈਕਟ ਦੇ ਰਮਨ ਕੁਮਾਰ, ਵਿਨੈ ਕੁਮਾਰ, ਸੁਪਰਡੰਟ ਆਸ਼ੀਸ਼ ਕੁਮਾਰ ਤੋਂ ਇਲਾਵਾ ਆਟੋ ਯੂਨੀਅਨ ਦੇ ਪ੍ਰਧਾਨ ਰਜਿੰਦਰ ਪਾਲ, ਨਰਿੰਦਰ ਸਿੰਘ, ਬਿਕਰਮਜੀਤ ਸਿੰਘ, ਬਖ਼ਸ਼ੀਸ਼ ਸਿੰਘ, ਸੁਰਿੰਦਰਪਾਲ ਸਿੰਘ, ਸੰਜੀਵ ਸਿੰਗਾਰੀ, ਬੀਰ ਸਿੰਘ, ਕੁਲਦੀਪ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

ਮੀਟਿੰਗ ਦੇ ਦੌਰਾਨ ਕਮਿਸ਼ਨਰ ਸੰਦੀਪ ਰਿਸ਼ੀ ਵੱਲੋਂ ਦੱਸਿਆ ਗਿਆ ਕਿ ਮਿਤੀ 19-05-2023 ਨੂੰ ਜੋ "ਰਾਹੀ ਆਟੋ ਮੇਲਾ" ਆਯੋਜਿਤ ਕੀਤਾ ਜਾ ਰਿਹਾ ਹੈ ਇਸ ਵਿਚ ਈ-ਆਟੋ ਕੰਪਨੀਆਂ ਦੇ ਮਾਹਿਰਾਂ ਵੱਲੋਂ ਮੇਲੇ ਵਿਚ ਆਉਣ ਵਾਲੇ ਆਟੋ ਡਰਾਇਵਰਾਂ ਨੂੰ "ਈ-ਆਟੋ ਬਾਰੇ ਜਾਣਕਾਰੀਆਂ ਦਿੱਤੀਆਂ ਜਾਣਗੀਆਂ। ਇਸ ਮੇਲੇ ਵਿਚ ਹਰ ਤਰ੍ਹਾਂ ਦੇ ਆਟੋ ਚਾਲਕ ਹਿੱਸਾ ਲੈ ਸਕਦੇ ਹਨ ਅਤੇ ਈ-ਆਟੋ ਦੀਆਂ ਬਾਰੀਕੀਆਂ ਜਿਵੇਂ ਕਿ ਤਕਨੀਕੀ ਜਾਣਕਾਰੀ, ਮਾਈਲੇਜ਼, ਘੱਟ ਖਰਚੇ ਵਿਚ ਵੱਧ ਕਮਾਈ ਕਿਵੇਂ ਹੋ ਸਕਦੀ ਹੈ, ਦੇ ਬਾਰੇ ਜਾਣਕਾਰੀਆਂ ਹਨ। ਮੇਲੇ ਵਿਚ ਈ-ਆਟੋ ਕੰਪਨੀਆਂ ਦੇ ਸਟਾਲਾਂ ਵਿਚ ਈ-ਆਟੋਜ਼ ਦੀ ਪ੍ਰਦਰਸ਼ਨੀ ਲਗਾ ਕੇ ਕੰਪਨੀ ਦੇ ਮਾਹਿਰਾਂ ਵੱਲੋਂ ਡੈਮੋ ਦਿੱਤੀ ਜਾਵੇਗੀ ਅਤੇ ਮੇਲੇ ਵਿਚ ਆਉਣ ਵਾਲੇ ਆਟੋ



ਡਰਾਈਵਰਾਂ ਨੂੰ ਉਹਨਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਜਾਣਗੇ। ਕਮਿਸ਼ਨਰ ਰਿਸ਼ੀ ਨੇ ਦੱਸਿਆ ਕਿ ਮੇਲੇ ਵਿਚ ਵਧੇਰੇ ਜਾਣਕਾਰੀਆਂ ਦੇਣ ਲਈ ਜਿਲ੍ਹਾ ਪ੍ਰਸ਼ਾਸਨ ਵੱਲੋਂ ਆਰ. ਟੀ. ਏ. ਦਫ਼ਤਰ ਦਾ ਵੀ ਸਟਾਲ ਲਗਾਇਆ ਜਾਵੇਗਾ ਜਿਸ ਵਿਚ ਡਰਾਈਵਿੰਗ ਲਾਇਸੰਸ ਬਨਾਉਣ ਅਤੇ ਪਰਮਿਟ ਆਦਿ ਬਾਰੇ ਦੱਸਿਆ ਜਾਵੇਗਾ। ਇਸ ਤੋਂ ਇਲਾਵਾ ਵੱਖ-ਵੱਖ ਬੈਂਕਾਂ ਦੇ ਪ੍ਰਤੀਨਿਧੀਆਂ ਦਾ ਵੀ ਸਟਾਲ ਲਗਾਇਆ ਜਾਵੇਗਾ ਜਿਸ ਵਿਚ ਈ-ਆਟੋ ਲੈਣ ਵਾਸਤੇ ਲੋੜੀਂਦੀਆਂ ਫਾਰਮੈਲਟੀਆਂ ਤੋਂ ਇਲਾਵਾ "ਸਿੱਬਲ ਸਕੋਰ" ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ। ਮੇਲੇ ਵਿਚ ਆਉਣ ਵਾਲੇ ਆਟੋ ਚਾਲਕਾਂ ਦੀ ਸਿਹਤ ਪੱਖੋਂ ਜਿਲ੍ਹਾ ਸਿਵਲ ਸਰਜਨ ਦਫ਼ਤਰ ਦੀ ਮੈਡੀਕਲ ਟੀਮ ਵੱਲੋਂ ਚੈੱਕਅਪ ਕੈਂਪ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਈ-ਆਟੋ ਲਈ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਵਿਅਕਤੀਆਂ ਲਈ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦੀ ਜਾਣਕਾਰੀ ਲਈ ਨਗਰ ਨਿਗਮ ਦੀ ਟੀਮ ਦਾ ਵੱਖਰਾ ਸਟਾਲ ਵੀ ਹੋਵੇਗਾ। ਮੇਲੇ ਦੌਰਾਨ ਈ-ਆਟੋ ਲਈ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਆਟੋ ਚਾਲਕਾਂ ਲਈ ਕਈ ਤਰ੍ਹਾਂ ਦੇ ਤੋਹਫਿਆਂ ਦਾ ਵੀ ਉਪਬੰਧ ਕੀਤਾ ਗਿਆ ਹੈ। ਕਮਿਸ਼ਨਰ ਰਿਸ਼ੀ ਨੇ ਸ਼ਹਿਰ ਦੇ ਸਾਰੇ ਆਟੋ ਚਾਲਕਾਂ ਨੂੰ ਮਿਤੀ 19-05-2023 ਨੂੰ ਅੰਮ੍ਰਿਤਸਰ ਸਮਾਰਟ ਸਿਟੀ ਪ੍ਰੋਜੈਕਟ ਅਧੀਨ ਆਯੋਜਿਤ ਕੀਤੇ ਜਾ ਰਹੇ ਇਸ ਰਾਹੀ ਆਟੋ ਮੇਲੇ ਵਿਚ ਹੰਮ-ਹੁਮਾ ਕੇ ਪਹੁੰਚਣ ਲਈ ਅਪੀਲ ਕੀਤੀ ਅਤੇ ਵੱਧ ਤੋਂ ਵੱਧ ਜਾਣਕਾਰੀਆਂ ਹਾਸਲ ਕਰਕੇ ਈ-ਆਟੋ ਦੀ ਰਜਿਸਟ੍ਰੇਸ਼ਨ ਕਰਾਉਣ ਅਤੇ ਇਸ ਦੇ ਨਾਲ ਮਿਲਣ ਵਾਲੀ ਨਗਦ ਸਬਸਿਡੀ ਅਤੇ ਹੋਰ ਵਿੱਤੀ ਲਾਭ ਲੈਣ ਵਾਸਤੇ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰ ਦੀ 15 ਸਾਲ ਪੁਰਾਣੇ ਡੀਜ਼ਲ ਆਟੋ ਮੁਕੰਮਲ ਤੌਰ ਤੇ ਬੰਦ ਕਰਨ ਦੀ ਮੁਹਿੰਮ ਤਹਿਤ ਹੋਣ ਵਾਲੀਆਂ ਕਾਰਵਾਈਆਂ ਤੋਂ ਬਚਣ ਅਤੇ ਸ਼ਹਿਰ ਦੇ ਵਾਤਾਵਾਰਣ ਨੂੰ ਸੁਖਾਵਾ ਅਤੇ ਪ੍ਰਦੂਸ਼ਣ ਮੁਕਤ ਰੱਖਣ ਲਈ ਜਰੂਰੀ ਹੈ ਕਿ 15 ਸਾਲ ਪੁਰਾਣੇ ਡੀਜ਼ਲ ਆਟੋ ਚਾਲਕ ਜਲਦ ਤੋਂ ਜਲਦ ਇਸ ਰਾਹੀ ਸਕੀਮ ਦਾ ਲਾਭ ਉਠਾਉਣ ਅਤੇ ਸ਼ਹਿਰ ਦੀ ਬਿਹਤਰੀ ਲਈ ਆਪਣਾ ਯੋਗਦਾਨ ਦੇਣ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਨਤੀਜਾ ਸੌ ਫੀਸਦੀ

**ਧਾਰੀਵਾਲ , (ਮਨਦੀਪ ਸਿੰਘ ਵਿੱਕੀ)**-ਸੀਬੀਐੱਸਈ ਬੋਰਡ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚੋਂ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਸੀਬੀਐੱਸਈ ਬੋਰਡ ਵੱਲੋਂ 10ਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਵਿਦਿਆਰਥਣ ਮਨਮੀਤ ਕੌਰ ਨੇ ਸਕੂਲ ਵਿੱਚੋਂ ਪਹਿਲਾ



ਸਥਾਨ, ਸਹਿਜਪ੍ਰੀਤ ਕੌਰ ਅਤੇ ਰਾਜਬੀਰ ਕੌਰ (ਦੋਵਾਂ) ਨੇ ਦੂਸਰਾ ਸਥਾਨ ਅਤੇ ਗੁਰਸ਼ਰਨ ਕੌਰ ਨੇ ਤੀਸਰਾ ਸਥਾਨ ਹਾਸਿਲ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸੇ ਤਰ੍ਹਾਂ ਵਿਦਿਆਰਥੀਆਂ ਨੇ ਪੰਜਾਬੀ ਵਿਸ਼ੇ ਵਿੱਚੋਂ 97 ਫੀਸਦੀ ਅੰਕ, ਹਿੰਦੀ ਵਿਸ਼ੇ ਵਿੱਚੋਂ 95 ਫੀਸਦੀ ਅੰਕ ਅਤੇ ਸਮਾਜਿਕ ਸਿੱਖਿਆ ਵਿਸ਼ੇ ਵਿੱਚੋਂ 96 ਫੀਸਦੀ ਅੰਕ ਪ੍ਰਾਪਤ ਕੀਤੇ ਹਨ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਇਸ ਸ਼ਾਨਦਾਰ ਪ੍ਰਾਪਤੀ ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਕੂਲ ਦੇ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਦੀ ਕੜੀ ਮਿਹਨਤ ਤੇ ਅਧਿਆਪਕਾਂ ਦੀ ਯੋਗ ਅਗਵਾਈ ਅਤੇ ਸਕੂਲ ਦਾ ਵਧੀਆ ਮਾਹੌਲ ਕਰਕੇ ਆਏ ਸ਼ਾਨਦਾਰ ਨਤੀਜਿਆਂ ਤੋਂ ਖੁਸ਼ ਹੋ ਕੇ ਮਾਪਿਆਂ ਨੇ ਸਕੂਲ ਮੈਨੇਜਮੈਂਟ ਪ੍ਰਿੰਸੀਪਲ ਅਤੇ ਸਮੂਹ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਗਿਆਰਵੀਂ ਜਮਾਤ ਦੀਆਂ ਮੈਡੀਕਲ ਤੇ ਨਾਨ-ਮੈਡੀਕਲ ਕਲਾਸਾਂ 15 ਮਈ ਤੋਂ ਸ਼ੁਰੂ ਹਨ।

# ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ ਮਹਿਲਾ ਪਹਿਲਵਾਨਾਂ ਨੂੰ ਸਮਰਥਨ




**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** - ਸੁਲਤਾਨਪੁਰ ਲੋਧੀ ਦੇ ਸੰਯੁਕਤ ਕਿਸਾਨ ਮੋਰਚੇ ਦੀ ਇੱਕ ਵਿਸ਼ੇਸ਼ ਮੀਟਿੰਗ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਹੁਕਮ ਸਿੰਘ ਅਤੇ ਮਲਕੀਤ ਸਿੰਘ ਐਡਵੋਕੇਟ ਦੀ ਅਗਵਾਈ ਹੇਠ ਹੋਈ। ਇਸ ਮੌਕੇ ਇਕੱਠੇ ਹੋਏ ਸਾਥੀਆਂ ਨੇ ਜੰਤਰ ਮੰਤਰ ਦਿੱਲੀ ਵਿਖੇ ਮਹਿਲਾ ਪਹਿਲਵਾਨ ਅੰਦੋਲਨਕਾਰੀਆਂ ਦੇ ਪਿਛਲੇ ਹਫਤਿਆਂ ਦੇ ਦਿਨ ਰਾਤ ਦੇ ਧਰਨੇ ਦੇ ਸਮਰਥਨ 'ਚ ਪ੍ਰਦਰਸ਼ਨ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਐਡਵੋਕੇਟ ਰਜਿੰਦਰ ਸਿੰਘ ਰਾਣਾ ਵੱਲੋਂ ਨਿਭਾਈ ਗਈ। ਇਸ ਮੌਕੇ ਇਕੱਤਰ ਹੋਏ ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦਾਅਵੇ ਤਾਂ 'ਬੇਟੀ ਬਚਾਓ ਬੇਟੀ ਪੜ੍ਹਾਓ' ਅਤੇ 'ਖੇਲੋ ਇੰਡੀਆ' ਦੇ ਕਰਦੀ ਹੈ, ਪਰ ਅਮਲ ਇਸ ਦੇ ਉਲਟ ਕਰ ਰਹੀ ਹੈ। ਕੁਸ਼ਤੀ 'ਚ ਤਗਮੇ ਜਿੱਤ ਕੇ ਲਿਆਉਣ ਅਤੇ ਦੇਸ਼ ਦੁਨੀਆ ਤੇ ਆਪਣਾ ਅਤੇ ਦੇਸ਼ਵਾਸੀਆਂ ਦਾ ਨਾਂਅ ਰੌਸ਼ਨ ਕਰਨ ਵਾਲੀਆ ਧੀਆਂ ਦਾ ਜਿਣਸੀ ਸੋਸ਼ਣ ਕਰਨ ਵਾਲੇ ਭਾਰਤੀ ਕੁਸ਼ਤੀ ਸੰਘ ਦੇ ਮੁਖੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਹਾਲੇ ਤੱਕ ਗ੍ਰਿਫਤਾਰ ਨਹੀਂ ਕੀਤਾ।

ਇਸ ਤੋਂ ਇਲਾਵਾ ਪ੍ਰੋ ਸ਼ਰਨ ਕੌਰ ਪੁੱਤਰੀ ਮਰਹੂਮ ਗੁਰਸ਼ਰਨ ਸਿੰਘ ਦੀ ਬੇਵਜ੍ਹਾ ਈ ਡੀ ਵੱਲੋਂ ਕਾਰਵਾਈ ਕਰਨੀ ਅਤੇ ਪ੍ਰੇਸ਼ਾਨ ਕਰਨਾ ਚੰਗੀ ਗੱਲ ਨਹੀਂ ਇਸ ਸੰਬੰਧੀ ਵੀ ਸਰਕਾਰ ਖਿਲਾਫ ਰੋਸ ਜਾਹਰ ਕੀਤਾ। ਕਿਸਾਨ ਆਗੂਆਂ ਨੇ ਇਹ ਵੀ ਕਿਹਾ ਕਿ ਕਿਸਾਨਾਂ ਦੀਆਂ ਮਹਿੰਗੇ ਭਾਅ ਦੀਆਂ ਜਮੀਨਾਂ ਸਸਤੇ ਅਤੇ ਸਰਕਾਰੀ ਰੇਟ ਘੱਟ ਹੋਣ ਕਰਕੇ ਕੌਡੀਆਂ ਦੇ ਭਾਅ ਸਰਕਾਰ ਵੱਲੋਂ ਖਰੀਦਣਾ ਜੋ ਸਰੇਆਮ ਕਿਸਾਨਾਂ ਨਾਲ ਧੱਕਾ ਹੈ ਉਹਨਾਂ ਕਿਹਾ ਕਿ ਇਸ ਦੇ ਸਰਕਾਰੀ ਰੇਟ ਵਧਾਏ ਜਾਣ। ਇਸ ਮੌਕੇ ਕਿਸਾਨਾਂ ਨੇ ਪੰਜਾਬ ਸਰਕਾਰ ਵੱਲੋਂ ਬਿਜਲੀ ਦੇ ਰੇਟਾਂ 'ਚ ਜੋ ਵਾਧਾ ਕੀਤਾ ਗਿਆ ਹੈ ਉਸ ਨੂੰ ਵਾਪਸ ਲੈਣ ਦੀ ਮੰਗ ਕੀਤੀ। ਉਹਨਾਂ ਆਮ ਕਿਸਾਨ ਨੂੰ ਅਪੀਲ ਕੀਤੀ ਕਿ ਉਹ ਫਸਲਾਂ ਦੀ ਰਹਿੰਦ ਖੂਹੰਦ ਨੂੰ ਅੱਗ ਨਾ ਲਗਾਉਣ ਅਤੇ ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਫਸਲਾਂ ਦੀ ਰਹਿੰਦ ਖੂਹੰਦ ਨੂੰ ਸੰਭਾਲਣ ਲਈ ਯੋਗ ਪ੍ਰਬੰਧ ਕੀਤਾ ਜਾਵੇ।

ਇਸ ਮੌਕੇ ਰਛਪਾਲ ਸਿੰਘ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਸਕੱਤਰ ਵਿਸ਼ੇਸ਼ ਤੌਰ 'ਤੇ ਮੀਟਿੰਗ 'ਚ ਸ਼ਾਮਲ ਹੋਏ ਅਤੇ ਕਿਸਾਨ ਆਗੂਆਂ ਨੂੰ ਸੰਬੋਧਨ ਕੀਤਾ। ਧਰਮਿੰਦਰ ਸਿੰਘ ਬੀ ਕੇ ਯੂ ਡਕੌਂਦਾ, ਦਿਆਲ ਸਿੰਘ ਦੀਪੇਵਾਲ, ਮਾਸਟਰ ਚਰਨ ਸਿੰਘ ਹੈਬਤਪੁਰ ਕੁਲ ਹਿੰਦ ਕਿਸਾਨ ਸਭਾ ਸਕੱਤਰ ਜ਼ਿਲ੍ਹਾ ਕਪੂਰਥਲਾ, ਮੁਕੰਦ ਸਿੰਘ, ਰਘਬੀਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ। ਇਸ ਸਮੇਂ ਰਜਿੰਦਰ ਸਿੰਘ ਰਾਣਾ, ਮਾਸਟਰ ਚਰਨ ਸਿੰਘ ਹੈਬਤਪੁਰ ਕੁਲ ਹਿੰਦ ਕਿਸਾਨ ਸਭਾ ਪ੍ਰਧਾਨ ਜ਼ਿਲ੍ਹਾ ਕਪੂਰਥਲਾ, ਮੁਕੰਦ ਸਿੰਘ, ਮਲਕੀਤ ਸਿੰਘ, ਰਘਬੀਰ ਸਿੰਘ, ਜਸਵਿੰਦਰ ਸਿੰਘ ਮੰਗੂਵਾਲ, ਰੇਸਮ ਸਿੰਘ ਮੰਗੂਪੁਰ, ਜਸਵਿੰਦਰ ਸਿੰਘ ਨੂਰੋਵਾਲ, ਧਰਮਿੰਦਰ ਸਿੰਘ ਬੀਕੇਯੂ ਡਕੌਂਦਾ, ਮਹਿੰਦਰ ਸਿੰਘ ਨੂਰੋਵਾਲ, ਬਹਾਦਰ ਸਿੰਘ ਨੂਰੋਵਾਲ, ਕਰਮ ਸਿੰਘ, ਅਜੀਤ ਸਿੰਘ, ਸੁਰਜੀਤ ਸਿੰਘ ਖਿਜਰ ਪੁਰ, ਗੁਰਦਿਆਲ ਸਿੰਘ, ਮਲਕੀਤ ਸਿੰਘ ਮੀਰੇ, ਕੁਲਦੀਪ ਸਿੰਘ ਡਿਪਟੀ, ਬਲਵਿੰਦਰ ਸਿੰਘ ਬਾਜਵਾ, ਫੌਜਾਂ ਸਿੰਘ, ਜੀਤ ਸਿੰਘ, ਗੁਪਾਲ ਸਿੰਘ ਤਲਵੰਡੀ ਚੌਧਰੀਆਂ, ਗਿਆਨ ਸਿੰਘ, ਮਹਿੰਦਰ ਸਿੰਘ ਮੋਖੇ, ਪਰਸਨ ਲਾਲ ਭੋਲਾ, ਪਲਵਿੰਦਰ ਸਿੰਘ, ਸਰਵਣ ਸਿੰਘ ਭੌਰ, ਅਮਰਜੀਤ ਸਿੰਘ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਕੁਲਦੀਪ ਸਿੰਘ , ਚਰਨਜੀਤ ਸਿੰਘ, ਰਾਮਦੂਰ ਸਿੰਘ ,ਕਮਲੇਡ ਕੁਲਵੰਤ ਸਿੰਘ ,ਹਰਬੰਸ ਸਿੰਘ ਮੱਟੂ ,ਰਣਜੀਤ ਸਿੰਘ ਰਾਣਾ, ਦਿਆਲ ਸਿੰਘ, ਮਦਨ ਲਾਲ ਕੰਡਾ ,ਸੁਰਜੀਤ ਸਿੰਘ ਟਿੱਬਾ, ਜਸਬੀਰ ਸਿੰਘ,ਨਿਰਮਲ ਸਿੰਘ ਸੇਰਪੁਰ ਸੱਧਾ ਪੇਂਡੂ ਮਜ਼ਦੂਰ ਯੂਨੀਅਨ, ਦਿਆਲ ਸਿੰਘ ਦੀਪੇਵਾਲ, ਨਵਦੀਪ ਸਿੰਘ, ਜੋਗਿੰਦਰ ਸਿੰਘ ਜੋਸ, ਸੁਰਜੀਤ ਸਿੰਘ ਠੱਟਾ, ਨੰਬਰਦਾਰ ਹਰਵੰਤ ਸਿੰਘ ਮੋਠਾਂਵਾਲਾ, ਪਰਮਜੀਤ ਸਿੰਘ, ਮਹਿੰਦਰ ਸਿੰਘ ਬਾਜਾ, ਬਲਕਾਰ ਸਿੰਘ, ਮਲਕੀਤ ਸਿੰਘ ਮੀਰੇ, ਗੁਰਦੀਪ ਸਿੰਘ, ਸੀਤਲ ਸਿੰਘ, ਸਵਰਨ ਸਿੰਘ, ਟਹਿਲ ਸਿੰਘ, ਬਲਵਿੰਦਰ ਸਿੰਘ, ਪਰਗਨ ਸਿੰਘ, ਰਾਜਬੀਰ ਸਿੰਘ, ਬਲਵਿੰਦਰ ਸਿੰਘ, ਸੁਖਦੇਵ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਭੋਗ 'ਤੇ ਵਿਸ਼ੇਸ਼

# ਹਰ ਦਿਲਅਜ਼ੀਜ਼ ਐੱਸ ਐੱਸ ਓ ਬਾਬਾ ਅਮਰਜੀਤ ਸਿੰਘ ਬੇਦੀ ਡੇਰਾ ਬਾਬਾ ਨਾਨਕ



**ਡੇਰਾ ਬਾਬਾ ਨਾਨਕ**-ਮਿਠ-ਬੋਲੜੇ ਸੁਭਾਅ ਦੇ ਮਾਲਕ ਬਾਬਾ ਅਮਰਜੀਤ ਸਿੰਘ ਬੇਦੀ ਦਾ ਜਨਮ 8 ਅਕਤੂਬਰ 1948 ਨੂੰ ਮਾਤਾ ਕਰਤਾਰ ਕੌਰ ਬੇਦੀ ਦੀ ਕੁੱਖੋਂ ਪਿਤਾ ਬਾਬਾ ਚੇਤ ਸਿੰਘ ਬੇਦੀ ਜੋ ਡੇਰਾ ਬਾਬਾ ਨਾਨਕ ਵਿੱਚ ਸ਼ਾਹੂਕਾਰਾ ਕਰਦੇ ਸਨ, ਦੇ ਗ੍ਰਹਿ ਵਿਖੇ ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਡੇਰਾ ਬਾਬਾ ਨਾਨਕ ਵਿਖੇ ਹੋਇਆ। ਮੁੱਢਲੀ ਸਿੱਖਿਆ ਡੇਰਾ ਬਾਬਾ ਨਾਨਕ ਤੋਂ ਸ਼ੁਰੂ ਕਰਨ ਉਪਰੰਤ ਉਨ੍ਹਾਂ ਨੇ ਹਾਇਰ ਸੈਕੰਡਰੀ ਦੀ ਸਿੱਖਿਆ 1964 ਵਿੱਚ ਡੇਨ ਹਾਈ ਸਕੂਲ ਡੇਰਾ ਬਾਬਾ ਨਾਨਕ ਅਤੇ 1966 ਵਿੱਚ ਇਲੈਕਟ੍ਰੀਸ਼ਨ ਦਾ ਕੋਰਸ ਆਈਟੀਆਈ ਬਟਾਲਾ ਤੋਂ ਕੀਤਾ। ਇਸ ਉਪਰੰਤ ਆਪ ਨੂੰ ਸੰਨ 1970 ਵਿੱਚ ਪਾਵਰਕਾਮ ਸਬ ਸਟੇਸ਼ਨ ਬਟਾਲਾ ਵਿਖੇ ਬਤੌਰ ਸਬ-ਸਟੇਸ਼ਨ ਅਟੈਂਡੈਂਟ ਦੀ ਸਰਕਾਰੀ ਨੌਕਰੀ ਮਿਲ ਗਈ। ਸੰਨ 1973 ਵਿੱਚ ਆਪ ਦਾ ਵਿਆਹ ਪਿੰਡ ਖਾਨ ਫੱਤਾ ਨੇੜੇ ਧਰਮਕੋਟ ਬੱਗਾ ਦੇ ਰਹਿਣ ਵਾਲੇ ਸ. ਉਂਕਾਰ ਸਿੰਘ ਬਿੰਦਰਾ ਦੀ ਸਪੁੱਤਰੀ ਬੀਬੀ ਮਨਜੀਤ ਕੌਰ ਨਾਲ ਹੋਇਆ। ਸੰਨ 1976 ਵਿੱਚ ਆਪ ਦੇ ਘਰ ਪੁੱਤਰ ਗੁਰਬਿੰਦਰ ਸਿੰਘ, 1978 ਵਿੱਚ ਦੂਸਰੇ ਪੁੱਤਰ ਕੁਲਵਿੰਦਰ ਸਿੰਘ (ਜੁਗਨੂੰ) ਅਤੇ 1982 ਵਿੱਚ ਪੁੱਤਰੀ ਜਸਪ੍ਰੀਤ ਕੌਰ ਨੇ ਜਨਮ ਲਿਆ ਜਿਨ੍ਹਾਂ ਵਿੱਚੋਂ ਵੱਡਾ ਬੇਟਾ ਗੁਰਬਿੰਦਰ ਸਿੰਘ ਬੇਦੀ ਵਿੱਦਿਆ ਦੇ ਖੇਤਰ ਵਿੱਚ ਇਲਾਕੇ ਦੇ ਲੋਕਾਂ ਨੂੰ ਵਧੀਆ ਸੇਵਾਵਾਂ ਦੇ ਰਹੇ ਹਨ, ਛੋਟਾ ਬੇਟਾ ਕੁਲਵਿੰਦਰ ਸਿੰਘ ਬੇਦੀ (ਜੁਗਨੂੰ ) ਕੌਂਸਲਰ ਬੈਂਕ ਸੈਕਟਰ ਵਿੱਚ ਇਨਸ਼ੋਰੈਂਸ ਕਰਨ ਦੇ ਨਾਲ ਨਾਲ ਬਤੌਰ ਸਮਾਜ ਸੇਵਕ ਵਜੋਂ ਲੋਕਾਂ ਦੀ ਸੇਵਾ ਵੀ ਕਰ ਰਹੇ ਹਨ ਜਿਨ੍ਹਾਂ ਨੂੰ ਆਪਣੇ ਪਿਤਾ ਦੀ ਇਸ ਹੋਈ ਬੇਵਕਤੀ ਮੌਤ ਕਾਰਨ ਅਸਹਿ ਸਦਮਾ ਪਹੁੰਚਾ ਹੈ। 1985 ਵਿੱਚ ਪਾਵਰਕਾਮ ਮਹਿਕਮੇ ਵੱਲੋਂ ਆਪ ਨੂੰ ਤਰੱਕੀ ਦੇ ਕੇ ਸਬ ਸਟੇਸਨ ਐਡੀਸ਼ਨਲ ਅਸਿਸਟੈਂਟ ਇੰਜ: ਵਜੋਂ ਨਿਵਾਜਿਆ ਗਿਆ। ਆਪ ਵੱਲੋ ਵੇਰਕਾ, ਫਤਿਹਗੜ੍ਹ ਚੂੜੀਆਂ, ਵਡਾਲਾ ਗ੍ਰੰਥੀਆਂ ਅਤੇ ਕੋਟਲੀ ਸੂਰਤ ਮੱਲੀ ਸਬ-ਸਟੇਸ਼ਨ ਵਿਖੇ ਪਾਵਰਕਾਮ ਮਹਿਕਮੇ ਵਿੱਚ ਵਧੀਆ ਸੇਵਾਵਾਂ ਦੇਣ ਉਪਰੰਤ ਸੰਨ 2006 ਵਿੱਚ ਸੇਵਾ ਮੁਕਤ ਕਰ ਦਿੱਤਾ ਗਿਆ। ਰਿਟਾਇਰਡ ਹੋਣ ਉਪਰੰਤ ਆਪ ਵੱਲੋ ਪਾਵਰਕਾਮ ਮਹਿਕਮੇ ਦੀ ਹੋਰ 4 ਸਾਲ ਸੇਵਾ ਕੀਤੀ ਗਈ। ਆਪ ਚੰਗੇ ਅਸਰ ਰਸੂਖ ਸਦਕਾ ਮਹਿਕਮੇ ਅੰਦਰ ਚੰਗੀ ਜਾਣ ਪਹਿਚਾਣ ਰੱਖਦੇ ਸਨ, ਆਪ ਨੇ ਐਸਐਸਓ ਵਜੋਂ ਆਪਣੀ ਡਿਊਟੀ ਮਹਿਕਮੇ ਵਿੱਚ ਬੜੀ ਵਫਾਦਾਰੀ ਤੇ ਇਮਾਨਦਾਰੀ ਨਾਲ ਨਿਭਾਈ। 9 ਮਈ 2023 ਦਿਨ ਮੰਗਲਵਾਰ ਨੂੰ ਹੱਸਦੇ ਵੱਸਦੇ ਪਰਿਵਾਰ ਅਤੇ ਸੱਜਣਾਂ ਮਿੱਤਰਾਂ ਦੀ ਦੁਨੀਆਂ ਵਿੱਚ ਉਸ ਵਕਤ ਗਹਿਰਾ ਮਾਤਮ ਛਾ ਗਿਆ, ਜਿਸ ਵਕਤ ਹਰ ਦਿਲ ਅਜ਼ੀਜ਼, ਯਾਰਾਂ ਦੇ ਯਾਰ ਰਟਾਇਰਡ ਐਸ.ਐਸ.ਓ. ਬਾਬਾ ਅਮਰਜੀਤ ਸਿੰਘ ਬੇਦੀ ਪਰਮਾਤਮਾ ਵੱਲੋਂ ਬਖ਼ਸ਼ੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਅਚਾਨਕ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਉਨ੍ਹਾਂ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 17 ਮਈ 2023 ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਗ੍ਰਹਿ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਵਿਖੇ ਪੈਣਗੇ। ਉਪਰੰਤ ਗੁਰਬਾਣੀ ਦੇ ਕੀਰਤਨ, ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਡੇਰਾ ਬਾਬਾ ਨਾਨਕ ਵਿਖੇ ਹੋਵੇਗਾ। ਇਸ ਮੌਕੇ ਵੱਖ-ਵੱਖ ਧਾਰਮਿਕ ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਭਰੀ ਜਾਵੇਗੀ। ਆਪ ਜੀ ਵੀ ਇਸ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

**-ਰਮੇਸ਼ ਸ਼ਰਮਾ**

# ਅਮਰੂਦ ਦੇ ਬੂਟਿਆਂ ਦੇ ਮੁਆਵਜ਼ੇ ਘੁਟਾਲੇ 'ਚ ਇੱਕ ਹੋਰ ਮੁਲਜ਼ਮ ਗ੍ਰਿਫਤਾਰ

**ਚੰਡੀਗੜ੍ਹ,: (ਗੁਰਜੀਤ ਬਿੱਲਾ)** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ 'ਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਐਸ ਏ ਐਸ ਨਗਰ ਜ਼ਿਲ੍ਹੇ ਦੇ ਪਿੰਡ ਬਾਕਰਪੁਰ 'ਚ ਅਮਰੂਦਾਂ ਦੇ ਬੂਟਿਆਂ ਦੇ ਮੁਆਵਜੇ ਸੰਬੰਧੀ ਹੋਏ ਘੁਟਾਲੇ ਦੇ ਮੁਲਜਮ ਸਤੀਸ਼ ਬਾਂਸਲ, ਵਾਸੀ ਵਿਸਾਲ ਨਗਰ, ਬਠਿੰਡਾ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਸਤੀਸ਼ ਬਾਂਸਲ, ਚੰਚਲ ਕੁਮਾਰ ਅਤੇ ਉਸ ਦੀ ਪਤਨੀ ਪਰਵੀਨ ਲਤਾ ਵਾਸੀ ਬਠਿੰਡਾ ਨਾਲ 'ਅਗਰਵਾਲ ਸਟੀਲ ਇੰਡਸਟਰੀਜ' ਫਰਮ ਵਿੱਚ ਭਾਈਵਾਲ ਸੀ। ਇਸ ਮਾਮਲੇ 'ਚ ਪ੍ਰਵੀਨ ਲਤਾ ਅਤੇ ਚੰਚਲ ਕੁਮਾਰ ਦਾ ਭਰਾ ਮੁਕੇਸ਼ ਜਿੰਦਲ ਦੋਵੇਂ ਮੁਲਜਮ ਹਨ ਅਤੇ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਅਗਰਵਾਲ ਸਟੀਲ ਇੰਡਸਟਰੀਜ ਨੇ ਸਤੀਸ਼ ਬਾਂਸਲ, ਪ੍ਰਵੀਨ ਲਤਾ ਅਤੇ ਮੁਕੇਸ਼ ਜਿੰਦਲ ਦੇ ਪਿਤਾ ਦੇਸ ਰਾਜ ਜ਼ਰੀਏ ਫਰਵਰੀ 2018 'ਚ ਪਿੰਡ ਬਾਕਰਪੁਰ ਵਿਖੇ 3 ਏਕੜ ਜ਼ਮੀਨ ਬਰਾਬਰ ਹਿੱਸੇਦਾਰੀ ਨਾਲ ਖਰੀਦੀ ਸੀ। ਉਕਤ ਜਮੀਨ ਨੂੰ ਖਰੀਦਣ ਉਪਰੰਤ ਉਨ੍ਹਾਂ ਨੇ ਇਸ ਜਮੀਨ 'ਤੇ ਅਮਰੂਦ ਦੇ ਪੌਦੇ ਲਗਾ ਦਿੱਤੇ ਕਿਉਂਕਿ ਉਹ ਚੰਗੀ ਤਰ੍ਹਾਂ ਜਾਣਦੇ ਸਨ ਕਿ ਇਹ ਜਮੀਨ ਐਕੁਆਇਰ ਕੀਤੀ ਜਾ ਰਹੀ ਹੈ। ਉਕਤ ਮੁਲਜਮਾਂ ਨੇ ਮਾਲ ਵਿਭਾਗ, ਬਾਗਬਾਨੀ ਵਿਭਾਗ ਅਤੇ ਗਮਾਡਾ ਦੇ ਸਬੰਧਤ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਇਹ ਦਿਖਾ ਕੇ ਕਿ ਇਹ ਬੂਟੇ 2016 ਵਿੱਚ ਲਗਾਏ ਗਏ ਹਨ, ਗਲਤ ਢੰਗ ਨਾਲ ਮੁਆਵਜੇ ਵਜੋਂ ਕਰੋੜਾਂ ਰੁਪਏ ਵਸੂਲ ਲਏ। ਇਸ ਘਪਲੇ ਦੇ ਮਾਸਟਰਮਾਈਂਡ ਭੁਪਿੰਦਰ ਸਿੰਘ, ਮੁਕੇਸ਼ ਜਿੰਦਲ ਅਤੇ ਹੋਰਾਂ ਦੀ ਸਹਾਇਤਾ ਨਾਲ ਸਤੀਸ਼ ਬਾਂਸਲ ਨੇ ਆਪਣੀ 12 ਕਨਾਲ 13 ਮਰਲੇ ਜ਼ਮੀਨ ਵਿੱਚ ਲਗਾਏ ਪੌਦਿਆਂ ਲਈ ਦਾਅਵਾ ਕਰਕੇ 1.54 ਕਰੋੜ ਰੁਪਏ ਦਾ ਮੁਆਵਜਾ ਪ੍ਰਾਪਤ ਕੀਤਾ, ਜਦੋਂ ਕਿ ਉਸਦੀ ਫਰਮ ਦੀ ਮਾਲਕੀਅਤ ਅਧੀਨ ਸਿਰਫ 8 ਕਨਾਲ ਹੀ ਸਨ।

ਇਸ ਤੋਂ ਇਲਾਵਾ, ਗਮਾਡਾ ਦੇ ਲੈਂਡ ਐਕੂਜੀਸ਼ਨ ਆਫ਼ਸਰ ਨੇ ਸਤੀਸ ਬਾਂਸਲ ਸਮੇਤ ਉਪਰੋਕਤ ਮਾਲਕਾਂ ਨੂੰ ਜਮੀਨ/ਬਾਗ ਦੇ ਸਵੈ-ਦਾਅਵੇ ਦੇ ਆਧਾਰ 'ਤੇ ਅਮਰੂਦ ਦੇ ਪੌਦਿਆਂ ਦਾ ਮੁਆਵਜਾ ਜਾਰੀ ਕੀਤਾ ਸੀ, ਜਦੋਂ ਕਿ ਜਿਆਦਾਤਰ ਜ਼ਮੀਨ ਸਾਂਝੀ ਮਾਲਕੀਅਤ ਅਧੀਨ ਹੈ ਅਤੇ ਸਹਿ-ਮਾਲਕਾਂ ਦਰਮਿਆਨ ਸੇਅਰਾਂ ਦੀ ਵੰਡ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਅਨਿਲ ਹੇਗੜੇ ਨੇ ਸੀਚੇਵਾਲ ਮਾਡਲ ਦਾ ਕੀਤਾ ਨਿਰੀਖਣ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਕਰਨਾਟਕਾ ਦੇ ਰਹਿਣ ਵਾਲੇ ਬਿਹਾਰ ਤੋਂ ਰਾਜ ਸਭਾ ਮੈਂਬਰ ਅਨਿਲ ਕੁਮਾਰ ਹੇਗੜੇ ਨੇ ਸੀਚੇਵਾਲ ਮਾਡਲ ਦਾ ਨਿਰੀਖਣ ਕੀਤਾ। ਉਹਨਾਂ ਨਿਰਮਲ ਕੁਟੀਆ ਪਿੰਡ ਸੀਚੇਵਾਲ ਵਿਖੇ ਪਹੁੰਚ ਕੇ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸੰਤ ਸੀਚੇਵਾਲ ਨੇ ਉਹਨਾਂ ਨੂੰ ਪਿੰਡ ਵਿੱਚ 'ਕਿਵੇਂ ਵਰਤੇ ਗਏ ਪਾਣੀ ਨੂੰ ਮੁੜ ਵਰਤੋਂ' ਵਿੱਚ ਲਿਆਉਣ ਲਈ ਸਥਾਪਿਤ ਕੀਤੇ ਗਏ ਸੀਚੇਵਾਲ ਮਾਡਲ ਦੀਆਂ ਖੂਬੀਆਂ ਦੱਸੀਆਂ ਕਿ ਕਿਵੇਂ ਇਹ ਮਾਡਲ ਖੇਤੀ ਲਈ ਵਰਦਾਨ ਸਾਬਿਤ ਹੋ ਰਿਹਾ ਹੈ। ਇਸ ਮਾਡਲ ਬਾਰੇ ਜਾਣਕਾਰੀ ਦਿੰਦਿਆ ਸੰਤ ਸੀਚੇਵਾਲ ਨੇ ਕਿਹਾ ਉਨ੍ਹਾਂ ਵੱਲੋਂ 1999 'ਚ ਆਪਣੇ ਪਿੰਡ ਗੰਦੇ ਪਾਣੀਆਂ ਦੇ ਨਿਕਾਸ ਦਾ ਪ੍ਰਬੰਧ ਕਰ ਲਿਆ ਗਿਆ ਸੀ। ਉਸ ਵੇਲੇ ਤੋਂ ਹੀ ਸੋਧਿਆ ਹੋਇਆ ਗੰਦਾ ਪਾਣੀ ਖੇਤੀ ਲਈ ਵਰਤਿਆ ਜਾ ਰਿਹਾ ਹੈ। ਰਾਜ ਸਭਾ ਮੈਂਬਰ ਅਨਿਲ ਹੇਗੜੇ ਨੇ ਦੱਸਿਆ ਕਿ ਉਹ ਇਹ ਮਾਡਲ ਦੇਖਕੇ ਦੰਗ ਰਹਿ ਗਏ ਕਿ ਕਿਵੇਂ ਇਕ ਸਧਾਰਨ 'ਤੇ ਬਿਲਕੁੱਲ ਦੇਸੀ ਢੰਗ ਨਾਲ ਤਿਆਰ ਕੀਤੇ ਗਏ ਮਾਡਲ ਨੇ ਪੰਜਾਬ ਦੇ 200 ਤੋਂ ਵੱਧ ਪਿੰਡਾਂ ਦੀ ਤਸਵੀਰ ਬਦਲ ਕੇ ਰੱਖ ਦਿੱਤੀ। ਅਨਿਲ ਹੇਗੜੇ ਨੇ ਪਿੰਡ ਸੀਚੇਵਾਲ ਦਾ ਮਾਡਲ ਦੇਖਣ ਤੋਂ ਬਾਅਦ ਤਲਵੰਡੀ ਮਾਧੋ 'ਚ ਬਣਾਏ ਗਏ ਅਧੁਨਿਕ ਕਿਸਮ ਦਾ ਸੀਚੇਵਾਲ ਮਾਡਲ-2 ਵੀ ਦੇਖਿਆ। ਉਨ੍ਹਾਂ ਕਿਹਾ ਜਿਹੜੀ ਤਕਨੀਕ 'ਤੇ ਵਿਧੀ ਨਾਲ ਸੰਤ ਸੀਚੇਵਾਲ ਨੇ ਪਿੰਡ ਦੀਆਂ ਜਰੂਰਤ ਨੂੰ ਮੁੱਖ ਰੱਖ ਕੇ ਮਾਡਲ ਬਣਾਇਆ ਹੈ ਉਹ ਸਾਰੇ ਦੇਸ਼ 'ਚ ਸਭ ਤੋਂ ਸਸਤਾ ਤੇ ਮਿਆਰੀ ਮਾਡਲ ਹੋਵੇਗਾ।

ਸੰਤ ਬਲਬੀਰ ਸਿੰਘ ਸੀਚੇਵਾਲ ਨੇ ਰਾਜ ਸਭਾ ਵਿੱਚ ਆਪਣੇ ਸਾਥੀ ਮੈਂਬਰ ਅਨਿਲ ਹੇਗੜੇ ਨੂੰ ਪਿੰਡ ਸੀਚੇਵਾਲ ਦੀਆਂ ਦੀਆਂ ਦੋਵੇਂ ਨਰਸਰੀਆਂ ਦਿਖਾਈਆਂ ਕਿ ਜਿੱਥੋਂ ਹਰ ਸਾਲ ਲੱਖਾਂ ਬੂਟੇ ਮੁਫਤ ਵੰਡੇ ਜਾਂਦੇ ਹਨ। ਉਹਨਾਂ ਖੇਤ ਦਾ ਪਾਣੀ ਖੇਤ ਵਿੱਚ ਕਿਵੇਂ ਰੀਚਾਰਜ ਕਰਨਾ ਹੈ ਉਸ ਦਾ ਢੰਗ ਤਾਰੀਕਾ ਵੀ ਦੱਸਿਆ। ਉਪਰੰਤ ਸੰਤ ਸੀਚੇਵਾਲ ਵੱਲੋਂ ਅਨਿਲ ਹੇਗੜੇ ਨੂੰ ਸੁਲਤਾਨਪੁਰ ਲੋਧੀ ਵਿਖੇ ਕਿਸ਼ਤੀ ਰਾਹੀ ਸੰਗਤਾਂ ਦੀ ਨਿਸ਼ਕਾਮ ਸੇਵਾ ਸਦਕਾ ਪਵਿੱਤਰ ਵੇਈਂ ਦੇ ਸਾਫ਼ ਹੋਏ ਪਾਣੀ ਦੇ ਇਨਕਲਾਬੀ ਕੰਮ ਨੂੰ ਦਿਖਾਇਆ। ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਹੇਗੜੇ ਨੂੰ ਸਨਮਾਨਿਤ ਕੀਤਾ। ਉਨ੍ਹਾਂ ਦੇ ਨਾਲ ਬੀਬੀਐਮਬੀ ਤੋਂ ਆਏ ਅਕਾਸ਼ਦੀਪ ਸਿੰਘ ਦਾ ਵੀ ਸਨਮਾਨ ਵੀ ਕੀਤਾ।

# ਰਾਸ਼ਟਰੀ ਡੇਂਗੂ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ ਦੱਤ)** ਜਗੀਰੀ ਲਾਲ ਲੂੰਬਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ , ਢਿੱਲਵਾਂ (ਕਪੂਰਥਲਾ) ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਲੈਕਚਰਾਰ ਅਮਰੀਕ ਸਿੰਘ ਨੇ ਵਿਦਿਆਰਥੀਆਂ ਨੂੰ ਡੇਂਗੂ ਦੇ ਲੱਛਣ ਅਤੇ ਉਸ ਤੋਂ ਬਚਾਅ ਲਈ ਸਾਵਧਾਨੀਆਂ 'ਤੇ ਚਾਨਣਾ ਪਾਇਆ। ਇਸ ਮੌਕੇ ਡੇਂਗੂ ਦੇ ਲੱਛਣਾ ਅਤੇ ਇਸ ਤੋਂ ਬਚਾਅ ਲਈ ਸਾਵਧਾਨੀਆਂ ਨੂੰ ਦਰਸਾਉਂਦੇ ਪੋਸਟਰ ਵੀ ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਵਿਦਿਆਰਥੀਆਂ ਨੂੰ ਵੰਡੇ ਗਏ।

ਇਸ ਮੌਕੇ ਪ੍ਰਿੰਸੀਪਲ ਮੈਡਮ ਅੰਜੂ ਸ਼ਰਮਾ, ਲੈਕ: ਅਮਰੀਕ ਸਿੰਘ, ਲੈਕ: ਹਰਤੇਜਇੰਦਰ ਸਿੰਘ, ਲੈਕ: ਮੈਡਮ ਜਸਲੀਨ ਕੌਰ, ਚਰਨਜੀਤ ਸਿੰਘ (ਸ.ਸ.ਮਾਸਟਰ), ਜਸਪਿੰਦਰ ਸਿੰਘ (ਮੈਥ ਮਾਸਟਰ), ਜਸਵਿੰਦਰ ਸਿੰਘ ਅਤੇ ਸਕੂਲ ਸਟਾਫ ਹਾਜ਼ਰ ਸੀ।



# ਸੰਤ ਰਮਾਨੰਦ ਦੇ 14ਵੇਂ ਸ਼ਹੀਦੀ ਸਮਾਗਮ ਨੂੰ ਸਮਰਪਿਤ ਸਤਿਸੰਗ ਕਰਵਾਇਆ



**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਜਲੰਧਰ ਵਿਖੇ ਰਵਿਦਾਸੀਆ ਕੌਮ ਦੇ ਅਮਰ ਸ਼ਹੀਦ ਸੰਤ ਰਾਮਾਨੰਦ ਦੇ 14ਵੇਂ ਸ਼ਹੀਦੀ ਸਮਾਗਮ ਨੂੰ ਸਮਰਪਿਤ ਸਤਿਸੰਗ ਅਤੇ ਜੇਠ ਮਹੀਨੇ ਦੀ ਸੰਗਰਾਂਦ ਪੁਰਬ ਸੰਤ ਸੁਰਿੰਦਰ ਦਾਸ ਬਾਵਾ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ, ਜਿਸ ਵਿੱਚ ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪ ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਸੰਤ ਸੁਰਿੰਦਰ ਦਾਸ ਬਾਵਾ ਨੇ ਅਮਰ ਸ਼ਹੀਦ ਸੰਤ ਰਾਮਾਨੰਦ ਦੀ ਸ਼ਹਾਦਤ, ਸ਼ਹੀਦ ਰਜਿੰਦਰ ਕੁਮਾਰ, ਸ਼ਹੀਦ ਵਿਜੇ ਕੁਮਾਰ, ਸ਼ਹੀਦ ਬਲਕਾਰ ਸਿੰਘ, ਸ਼ਹੀਦ ਤੇਲੂ ਰਾਮ ਦੀ ਸ਼ਹਾਦਤ 'ਤੇ ਚਾਨਣਾ ਪਾਇਆ। ਉਨ੍ਹਾਂ ਬੁੰਗਾ ਨਾਨਕ ਹਰਿ ਰਵਿਦਾਸੀਆ ਸਿੰਘ ਦਮਦਮਾ ਸਾਹਿਬ ਤਲਵੰਡੀ ਸਾਬੋ ਤੇ ਸ਼ਰਾਰਤੀ ਅਨਸ਼ਰਾਂ ਵੱਲੋਂ ਕਬਜਾ ਕਰਨ ਦੀ ਕੋਸ਼ਿਸ਼ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਰਵਿਦਾਸੀਆ ਕੌਮ ਦੀ ਵਿਰਾਸਤ ਤੇ ਕਿਸੇ ਨੂੰ ਵੀ ਦਖਲ ਅੰਦਾਜੀ ਕਰਨ ਦਾ ਅਧਿਕਾਰ ਨਹੀਂ ਹੈ ਭਾਰਤ ਵਿੱਚ ਦਲਿਤਾਂ ਤੇ ਹੋ ਰਹੇ ਅੱਤਿਆਚਾਰਾਂ ਨੂੰ ਰੋਕਣ ਦੀ ਜਿੰਮੇਵਾਰੀ ਕੇਂਦਰ ਅਤੇ ਸੂਬਾ ਸਰਕਾਰਾਂ ਦੀ ਹੈ ਡਾ. ਪੰਪੋਸ ਦੇ ਕਾਤਲਾਂ ਨੂੰ ਸਖਤ ਤੋਂ ਸਖਤ ਸਜਾ ਮਿਲਣੀ ਚਾਹੀਦੀ ਹੈ। ਸ੍ਰੀ ਗੁਰੂ ਰਵਿਦਾਸ ਧਰਮ ਸਥਾਨ ਚਮਾਰਵਾੜਾ ਜੌਹੜ ਤੁਗਲਕਾਬਾਦ ਦਿੱਲੀ ਦੀ ਸਾਰੀ ਜ਼ਮੀਨ ਰਵਿਦਾਸੀਆ ਕੌਮ ਨੂੰ ਮਿਲਣੀ ਚਾਹੀਦੀ ਹੈ। ਇਸ ਮੌਕੇ ਸੰਤ ਸਤਿਆਪਾਲ ਦਾਸ ਚੰਡੀਗੜ੍ਹ ਵਾਲਿਆਂ ਨੇ ਵਿਸ਼ਵ ਭਰ 'ਚ ਹੋ ਰਹੇ ਰਵਿਦਾਸੀਆ ਧਰਮ ਦੇ ਪ੍ਰਚਾਰ ਪ੍ਰਸਾਰ 'ਤੇ ਚਾਨਣਾ ਪਾਇਆ, ਸੰਤ ਹਰਵਿੰਦਰ ਦਾਸ ਆਦਮਪੁਰ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ, ਬੰਗੜ ਬ੍ਰਦਰਜ, ਮਾਸਟਰ ਕਮਲ ਵਰਿਆਣਵੀ, ਭਾਈ ਤੇਜਿੰਦਰ ਸਿੰਘ, ਜੀਵਨ ਸੋਹਲ, ਸੰਤ ਅਵਤਾਰ ਦਾਸ ਚਹੇੜੂ, ਬੀਬੀ ਗਿਆਨ ਕੌਰ ਇਟਲੀ ਵੱਲੋਂ ਕੀਰਤਨ ਰਾਹੀਂ ਹਾਜ਼ਰੀ ਲਗਵਾਈ ਗਈ ਗੁਰੂ ਕਾ ਅਟੁੱਟ ਲੰਗਰ ਵਰਤਿਆ।

# ਸੇਂਟ ਸੋਲਜਰ ਇਸ ਸਾਲ ਦੇਵੇਗਾ ਹੋਣਹਾਰ ਵਿਦਿਆਰਥੀਆਂ ਨੂੰ 2 ਕਰੋੜ ਦੀ ਸਕਾਲਰਸ਼ਿਪ



**ਜਲੰਧਰ, (ਇਕਬਾਲ ਸਿੰਘ ਉਭੀ)**- 10ਵੀਂ, 12ਵੀਂ ਦੇ ਬਾਅਦ ਉੱਚ ਸਿੱਖਿਆ ਪ੍ਰਾਪਤ ਕਰਨ ਦੇ ਚਾਹਵਾਨ ਵਿਦਿਆਰਥੀਆਂ ਲਈ ਉੱਤਰ ਭਾਰਤ ਦਾ ਲੀਡਿੰਗ ਐਜੂਕੇਸ਼ਨ ਪ੍ਰੋਵਾਇਡਰ ਗਰੁੱਪ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨ ਵਲੋਂ ਹੋਣਹਾਰ ਵਿਦਿਆਰਥੀਆਂ ਲਈ ਹਰ ਸਾਲ ਦਿੱਤੀ ਜਾਂਦੀ ਮਾਸਟਰ ਰਾਜਕੰਵਰ ਚੋਪੜਾ 2 ਕਰੋੜ ਸਕਾਲਰਸ਼ਿਪ ਨੂੰ ਇਸ ਸਾਲ ਲਈ ਵੀ ਐਲਾਨਿਆ ਗਿਆ ਹੈ। ਇਸ ਸਕਾਲਰਸ਼ਿਪ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨ ਵਿੱਚ ਸਿੱਖਿਆ ਪ੍ਰਾਪਤ ਕਰਨ ਦੇ ਚਾਹਵਾਨ ਵਿਦਿਆਰਥੀਆਂ ਲਈ ਉਪਲੱਬਧ ਹੈ। ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਯੋਗਤਾ ਅਤੇ ਉੱਚ ਸਿੱਖਿਆ ਪ੍ਰਾਪਤ ਕਰਨ ਦੀ ਇੱਛਾ ਨੂੰ ਦੇਖਦੇ ਹੋਏ ਸੇਂਟ ਸੋਲਜਰ ਵਲੋਂ ਹਰ ਸਾਲ ਸਕਾਲਰਸ਼ਿਪ ਪ੍ਰਦਾਨ ਕੀਤੀ ਜਾਂਦੀ ਹੈ। ਸ੍ਰੀ ਚੋਪੜਾ ਨੇ ਦੱਸਿਆ ਕਿ ਜੋ ਵਿਦਿਆਰਥੀਆਂ ਦੇ 85 ਪ੍ਰਤੀਸ਼ਤ ਅੰਕਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 100 ਪ੍ਰਤੀਸ਼ਤ ਅਤੇ 75 ਪ੍ਰਤੀਸ਼ਤ ਤੋਂ ਜਿਆਦਾ ਅੰਕਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 50 ਪ੍ਰਤੀਸ਼ਤ ਅਤੇ ਬਾਕੀ ਵਿਦਿਆਰਥੀਆਂ ਲਈ ਵੀ ਸਕਾਲਰਸ਼ਿਪ ਦਿੱਤੀ ਜਾਵੇਗੀ। ਇਹ ਸਕਾਲਰਸ਼ਿਪ ਬੀ.ਟੈਕ, ਪਾਲੀਟੈਕਨਿਕ ਡਿਪਲੋਮਾ, ਫਿਜ਼ੀਓਥਰੈਪੀ, ਐਮ ਬੀ ਏ, ਐਮ ਸੀ ਏ, ਬੀ ਬੀ ਏ, ਬੀ ਸੀ ਏ, ਜਰਨਾਲਿਜਮ ਐਂਡ ਮਾਸ ਕਾਮਿਊਨਿਕੇਸ਼ਨ, ਮੀਡਿਆ ਇੰਟਰਟੇਨਮੈਂਟ ਐਂਡ ਫਿਲਮ ਟੈਕਨੋਲਾਜੀ, ਫੈਸ਼ਨ ਡਿਜ਼ਾਈਨਿੰਗ, ਹੋਟਲ ਮੈਨਜਮੈਂਟ, ਐਲ.ਐਲ.ਬੀ, ਬੀ.ਏ ਐਲ.ਐਲ.ਬੀ, ਬੀ.ਕਾਮ ਐਲ.ਐਲ.ਬੀ, ਫਿਜੀਕਲ ਐਜੂਕੇਸ਼ਨ, ਟੀਚਰ ਐਜੂਕੇਸ਼ਨ, ਨਰਸਿੰਗ, ਫਾਰਮੈਸੀ, ਡਿਗਰੀ ਕੋਰਸਿਜ, ਆਕੀਟੈਕਚਰ ਆਦਿ ਕਰਣ ਦੇ ਚਾਹਵਾਨ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਜਾਵੇਗੀ ਸ਼੍ਰੀ ਚੋਪੜਾ ਨੇ ਦੱਸਿਆ ਕਿ ਪਿਛਲੇ ਸਾਲ ਭਾਰਤ ਦੇ ਵੱਖ-ਵੱਖ ਸੂਬਿਆਂ ਦੇ 800 ਤੋਂ ਜ਼ਿਆਦਾ ਵਿਦਿਆਰਥੀਆਂ ਨੇ ਮਾਸਟਰ ਰਾਜ ਕੰਵਰ ਚੋਪੜਾ ਸਕਾਲਰਸ਼ਿਪ ਦਾ ਲਾਭ ਪ੍ਰਾਪਤ ਕੀਤਾ ਹੈ ਅਤੇ ਪਿਛਲੇ ਸਾਲ ਵੀ ਇੱਕ ਕਰੋੜ ਦੀ ਸਕਾਲਰਸ਼ਿਪ ਵੰਡੀ ਗਈ ਸੀ। ਉਨ੍ਹਾਂ ਨੇ ਸਭ ਵਿਦਿਆਰਥੀਆਂ ਨੂੰ ਜਲਦ ਤੋਂ ਜਲਦ ਇਸ ਸਕਾਲਰਸ਼ਿਪ ਦਾ ਲਾਭ ਪ੍ਰਾਪਤ ਕਰਨ ਨੂੰ ਕਿਹਾ।

# ਡੇਂਗੂ ਦਿਵਸ ਮਨਾਇਆ




**ਮਹਿਤਪੁਰ (ਰਾਜਾ)** ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਹਿਤਪੁਰ ਵਿਖੇ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਦੁਆਰਾ ਮਹਿਤਪੁਰ ਦੇ ਬਜ਼ਾਰ 'ਚ ਡੇਂਗੂ ਜਾਗਰੂਕਤਾ ਰੈਲੀ ਕੱਢੀ ਗਈ। ਇਸ ਸੰਬੰਧੀ ਬੱਚਿਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ।

ਜਿਸ 'ਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ। ਇਸ ਮੌਕੇ ਬੀ ਈ ਈ ਸੰਦੀਪ ਵਾਲੀਆਂ, ਐਸ ਆਈ ਹਰਜਿੰਦਰ ਸਿੰਘ, ਐਸ ਆਈ ਦਵਿੰਦਰ ਸਿੰਘ, ਐਸ ਆਈ ਲਖਬੀਰ ਸਿੰਘ, ਐਸ ਆਈ ਇੰਦਰਜੀਤ ਸਿੰਘ ਅਤੇ ਮਲਟੀਪਰਪਜ ਹੈਲਥ ਵਰਕਰ ਅਮਰਜੀਤ, ਰੁਪਿੰਦਰਜੀਤ, ਕੁਲਵਿੰਦਰ, ਰਣਜੀਤ, ਗੁਰਮੀਤ ਸਿੰਘ, ਰਵਿੰਦਰ ਸਿੰਘ, ਗੁਰਵਿੰਦਰ ਸਿੰਘ ਅਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ। ਇਸ ਮੌਕੇ ਪ੍ਰਿੰਸੀਪਲ ਹਰਜੀਤ ਸਿੰਘ ਨੇ ਆਏ ਹੋਏ ਪਤਵੰਤਿਆਂ ਨੂੰ ਜੀ ਆਇਆਂ ਕਿਹਾ ਅਤੇ ਬੱਚਿਆਂ ਨੂੰ ਆਪਣੇ ਪਰਵਾਰ ਅਤੇ ਆਸ ਪਾਸ ਦੇ ਪਰਿਵਾਰਾਂ ਨੂੰ ਡੇਂਗੂ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ।

# ਕੁਸ਼ਤੀ 'ਚ ਜਿਲ੍ਹਾ ਬਠਿੰਡਾ ਦੀਆਂ ਲੜਕੀਆਂ ਚੈਂਪੀਅਨ, ਮੋਹਾਲੀ ਦੂਜੇ ਸਥਾਨ 'ਤੇ



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** - ਪੰਜਾਬ ਰੈਸਲਿੰਗ ਅਸੋਸੀਏਸ਼ਨ ਵੱਲੋਂ ਵਿਸ਼ਕਰਮਾ ਕੁਸ਼ਤੀ ਅਖਾੜਾ ਮੁੱਲਾਂਪੁਰ ਗਰੀਬਦਾਸ ਵਿੱਚ 15 ਸਾਲ ਦੀ ਉਮਰ ਦੇ ਲੜਕੇ ਤੇ ਲੜਕੀਆਂ ਦੇ ਕਰਵਾਏ ਗਏ ਗੱਦਿਆਂ ਉਤੇ ਫਰੀ ਸਟਾਈਲ ਕੁਸ਼ਤੀ ਵਿੱਚ ਜਿਲ੍ਹਾ ਬਠਿੰਡਾਂ ਦੀਆਂ ਕੁੜੀਆਂ ਚੈਂਪੀਅਨ ਬਣੀਆਂ ਹਨ ਜਦ ਕਿ ਜਿਲ੍ਹਾ ਮੋਹਾਲੀ ਦੀਆਂ ਕੁੜੀਆਂ ਦੂਜੇ ਅਤੇ ਜਲੰਧਰ ਦੀਆਂ ਕੁੜੀਆਂ ਤੀਜੇ ਸਥਾਨ 'ਤੇ ਰਹੀਆਂ। ਕੁਸ਼ਤੀ ਅਖਾੜੇ ਦੇ ਸੰਚਾਲਕ ਤੇ ਅਸੋਸੀਏਸ਼ਨ ਦੇ ਪ੍ਰਬੰਧਕ ਸਕੱਤਰ ਵਿਨੋਦ ਸ਼ਰਮਾ, ਪ੍ਰਧਾਨ ਸ਼ੇਰ ਸਿੰਘ ਮੱਲ ਨੇ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਵਿੱਚੋਂ ਸਕੂਲਾਂ ਤੇ ਕੁਸ਼ਤੀ ਅਖਾੜਿਆਂ ਦੇ ਦੋ ਸੌ ਦੇ ਕਰੀਬ ਪਹਿਲਵਾਨਾਂ ਨੇ ਭਾਗ ਲਿਆ। ਕੁਸ਼ਤੀ ਚੈਂਪੀਅਨਸ਼ਿਪ ਦਾ ਉਦਘਾਟਨ ਕਰਦਿਆਂ ਗੋਲੂ ਪਹਿਲਵਾਨ, ਸ਼ੇਰ ਸਿੰਘ ਮੱਲ, ਬਲਵੀਰ ਸਿੰਘ ਪੂਨੀਆ, ਸਾਬਕਾ ਸਰਪੰਚ ਨਾਇਬ ਸਿੰਘ ਧਾਲੀਵਾਲ, ਸ਼ੁਸ਼ੀਲ ਕੁਮਾਰ, ਕੁਲਤਾਰ ਪਹਿਲਵਾਨ, ਸਮਾਜਸੇਵੀ ਗੁੱਡੂ ਸੁਨਿਆਰ ਤੇ ਰਵੀ ਸ਼ਰਮਾ ਨੇ ਜੇਤੂ ਬੱਚਿਆਂ ਨੂੰ ਪ੍ਰਮਾਣ ਪੱਤਰਾਂ ਤੇ ਟਰਾਫੀਆਂ ਨਾਲ ਸਨਮਾਨਤ ਕੀਤਾ। ਅਸੋਸੀਏਸ਼ਨ ਦੇ ਜਨਰਲ ਸਕੱਤਰ ਆਰ ਐਸ ਕੁੰਡੂ ਤੇ ਕੋਚ ਗੁਰਪ੍ਰੀਤ ਸਿੰਘ ਵੱਲੋਂ ਪ੍ਰਾਪਤ ਨਤੀਜਾ ਸੂਚੀ ਅਨੁਸਾਰ ਕੁੜੀਆਂ ਦੇ ਮੁਕਾਬਲੇ ਦੌਰਾਨ 33 ਕਿੱਲੋ ਵਜਨ ਵਰਗ ਵਿੱਚ ਨੰਦਨੀ ਫਿਰੋਜਪੁਰ ਫਸਟ, 36 ਕਿੱਲੋ ਵਿੱਚ ਨਵਦੀਪ ਕੌਰ ਬਟਾਲਾ ਫਸਟ, 39 ਕਿੱਲੋ ਵਿੱਚ ਮਹਿਕਪ੍ਰੀਤ ਬਟਾਲਾ ਫਸਟ, 42 ਕਿੱਲੋ ਵਿੱਚ ਦਮਨਪ੍ਰੀਤ ਮੁਹਾਲੀ ਗੋਲੂ ਅਖਾੜਾ ਮੁੱਲਾਂਪੁਰ ਫਸਟ, 46 ਕਿੱਲੋ ਵਿੱਚ ਮੁਸਕਾਨ ਮੁਹਾਲੀ ਗੋਲੂ ਅਖਾੜਾ ਮੁੱਲਾਂਪੁਰ ਫਸਟ, 50 ਕਿੱਲੋ ਵਿੱਚ ਰਾਜਵੀਰ ਕੌਰ ਮੁਕਤਸਰ ਫਸਟ, 54 ਕਿੱਲੋ ਵਿੱਚ ਮੋਹਦਿੱਤੀ ਜਲੰਧਰ ਫਸਟ, 58 ਕਿੱਲੋ ਵਿੱਚ ਵਿਸ਼ਾਖਾ ਪਠਾਨਕੋਟ ਫਸਟ, 82 ਕਿੱਲੋ ਵਿੱਚ ਪ੍ਰਵੀਨ ਰਾਣੀ ਸੰਗਰੂਰ ਫਸਟ,66 ਕਿੱਲੋ ਵਿੱਚ ਸੁਖਦੀਪ ਕੁਮਾਰੀ ਜਲੰਧਰ ਫਸਟ ਰਹੀਆਂ।

ਇਸੇ ਦੌਰਾਨ 15 ਸਾਲਾ ਲੜਕਿਆਂ ਦੇ ਮੁਕਾਬਲਿਆਂ ਦੌਰਾਨ 38 ਕਿੱਲੋ ਵਜਨ ਵਿੱਚ ਰਣਵੀਰ ਸਾਬਰ ਅੰਮ੍ਰਿਤਸਰ ਫਸਟ, 41ਕਿੱਲੋ ਵਿੱਚ ਜਸ਼ਨਦੀਪ ਮੁਕਤਸਰ ਫਸਟ, 44 ਕਿੱਲੋ ਵਿੱਚ ਯਸ਼ਦੀਪ ਰੋਪੜ ਫਸਟ, 48 ਕਿੱਲੋ ਵਿੱਚ ਜਸਕਰਨ ਸਿੰਘ ਮੋਹਾਲੀ ਅਖਾੜਾ ਮੁੱਲਾਂਪੁਰ ਫਸਟ, 52 ਕਿੱਲੋ ਵਿੱਚ ਪ੍ਰਭਜੋਤ ਜਲੰਧਰ ਫਸਟ, 57 ਕਿੱਲੋ ਵਿੱਚ ਰੋਹਿਤ ਜਲੰਧਰ ਫਸਟ, 62 ਕਿੱਲੋ ਵਿੱਚ ਅਮਨਪ੍ਰੀਤ ਸਿੰਘ ਪਟਿਆਲਾ ਫਸਟ, 68 ਕਿੱਲੋ ਵਿੱਚ ਸ਼ਾਹਿਦ ਮਲਿਕ ਅੰਮ੍ਰਿਤਸਰ ਫਸਟ, 75 ਕਿੱਲੋ ਵਿੱਚ ਅਸ਼ਪ੍ਰੀਤ ਸਿੰਘ ਪਟਿਆਲਾ ਫਸਟ, 85 ਕਿੱਲੋ ਵਿੱਚ ਰਣਜੀਤ ਜਲੰਧਰ ਫਸਟ ਰਹੇ।

# ਸੈਦੋ ਪੱਟੀ ਵਿਖੇ ਭਾਰਤੀਆ ਸਟੇਟ ਬੈਂਕ ਦੀ ਸ਼ਾਖਾ ਵੱਲੋਂ ਜਾਗਰੂਕਤਾ ਕੈਂਪ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਭਾਰਤੀਆ ਸਟੇਟ ਬੈਂਕ ਦੀ ਸਾਖਾ ਚੱਬੇਵਾਲ ਵਲੋਂ ਪਿੰਡ ਸੈਦੋਪੱਟੀ ਵਿਖੇ ਕੇਂਦਰ ਸਰਾਕਰ ਅਤੇ ਪੰਜਾਬ ਸਰਕਾਰ ਵਲੋਂ ਜਾਰੀ ਦਿਸਾ ਨਿਰਦੇਸਾਂ ਅਧੀਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਬੈਂਕ ਦੇ ਉੱਚ ਅਧਿਕਾਰੀ ਅਤੇ ਸਾਖਾ ਚੱਬੇਵਾਲ ਦੀ ਟੀਮ ਨੇ ਲੋਕਾਂ ਨੂੰ ਬੈਂਕ ਅਤੇ ਕੇਂਦਰ ਤੇ ਰਾਜ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਕੀਮਾਂ ਬਾਰੇ ਜਾਗਰੂਕ ਕੀਤਾ। ਇਸ ਮੌਕੇ ਭਾਰਤੀਆ ਸਟੇਟ ਬੈਂਕ ਦੀ ਚੱਬਵਾਲ ਦੇ ਸਾਖਾ ਪ੍ਰਬੰਧਕ ਆਸੀਸ ਨੰਦੀ, ਆਰ ਵੀ ਸਹਿਗਲ ਐਫ ਆਈ ਮੈਨੇਜਰ ਰਿਜ਼ਨਲ ਦਫਤਰ ਹੁਸ਼ਿਆਰਪੁਰ, ਲੱਕੀ ਢੱਟ, ਗ੍ਰਾਹਕ ਸੇਵਾ ਕੇਂਦਰ ਤੋਂ ਪਰਮਜੀਤ ਸਿੰਘ ਅਤੇ ਸੂਰਜ ਕੁਮਾਰ, ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਆਸ਼ੀਸ਼ ਨੰਦੀ ਵੱਲੋਂ ਹਾਜ਼ਰ ਲੋਕਾਂ ਨੂੰ ਪ੍ਰਧਾਨ ਮੰਤਰੀ ਜਨਧੰਨ ਯੋਜਨਾ ਖਾਤਾ, ਪ੍ਰਧਾਨ ਮੰਤਰੀ ਸੁਰੱਖਿਆ ਅਤੇ ਜੀਵਨ ਜਯੋਤੀ ਬੀਮਾ ਯੋਜਨਾ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਬਰਾਂਚ ਦੇ ਗ੍ਰਾਹਕ ਮਿੱਤਰ ਪਰਮਜੀਤ ਸਿੰਘ ਨੇ ਪਰਸਨਲ ਐਕਸੀਡੈਂਟਲ ਇੰਸ਼ੋਰੈਂਸ, ਸੁਕੰਨਿਆ ਸਮਰਿਧੀ ਯੋਜਨਾ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਸਰਪੰਚ ਬਖਸ਼ੀਸ਼ ਕੌਰ, ਤਰਸੇਮ ਲਾਲ, ਲੱਕੀ ਸੈਦੋਪੱਟੀ, ਸੰਦੀਪ ਕੌਰ, ਸੁਰਿੰਦਰ ਕੌਰ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

# ਦੇਸ਼ ਭਗਤ ਗਲੋਬਲ ਸਕੂਲ 'ਚ 'ਮਾਂ ਦਿਵਸ' ਮਨਾਇਆ

**ਮੁਕਤਸਰ (ਸ਼ਮਿੰਦਰਪਾਲ/ਪੂਜਾ)** : ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਈਟਿਡ ਗਰੁੱਪ ਚਾਂਸਲਰ ਡਾਕਟਰ ਜੋਰਾ ਸਿੰਘ ਤੇ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਸੰਜਨਾ ਨਾਰੰਗ ਤੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਮਾਂ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ ਭਗਤ ਕੈਂਪਸ ਦੇ ਸੁਪਰਵਾਈਜ਼ਰ ਦਿਲਬਾਗ ਸਿੰਘ ਬਾਗੀ, ਦੇਸ਼ ਭਗਤ ਕੈਂਪਸ ਦੇ ਸੁਪਰਡੈਂਟ ਮੇਜਰ ਚੰਦ, ਮਾਤਾ ਜਰਨੈਲ ਕੌਰ ਪੈਰਾ-ਮੈਡੀਕਲ ਸਾਇੰਸਿਜ਼ ਨਰਸਿੰਗ ਕਾਲਜ ਦੇ ਪ੍ਰਿੰਸੀਪਲ ਮੈਡਮ ਰੁਪਿੰਦਰ ਬੁੱਟਰ, ਦੇਸ਼ ਭਗਤ ਕੈਂਪਸ ਦੇ ਕੈਸ਼ੀਅਰ ਨਵਦੀਪ ਸਿੰਘ ਤੇ ਸਮੂਹ ਸਟਾਫ ਮੌਜੂਦ ਸੀ। ਮਾਂ ਦਿਵਸ ਮੌਕੇ ਬੱਚਿਆਂ ਨੇ ਮਾਂ ਦਿਵਸ ਨਾਲ ਸਬੰਧਤ ਕਵਿਤਾਵਾਂ ਤੇ ਭਾਸ਼ਣ ਪੇਸ਼ ਕੀਤੇ ਅਤੇ ਸੋਲੋ ਗਾਣੇ ਦੇ ਮੁਕਾਬਲੇ ਕਰਵਾਏ ਗਏ।

ਇਸ ਤੋਂ ਇਲਾਵਾ ਬੱਚਿਆਂ ਨੇ ਇੱਕ ਸਕਿੱਟ ਵੀ ਪੇਸ਼ ਕੀਤੀ। ਇਸ ਮੌਕੇ ਇੰਟਰਹਾਊਸ ਵਾਲੀਬਾਲ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੇ ਆਪਣੀਆਂ ਮਾਂਵਾਂ ਲਈ ਕਾਰਡ ਬਣਾ ਕੇ ਮੁਕਾਬਲੇ 'ਚ ਹਿੱਸਾ ਲਿਆ। ਇਸ ਤੋਂ ਇਲਾਵਾ ਚਾਰਾਂ ਹਾਊਸਾਂ ਵਿਚਕਾਰ ਡਿਸਪਲੇਅ ਬੋਰਡ ਸਜਾਵਟ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਸੰਜਨਾ ਨਾਰੰਗ ਨੇ ਬੱਚਿਆਂ ਨੂੰ ਮਾਂ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਦਿਨ ਹਰ ਮਾਂ ਦੇ ਬਲੀਦਾਨ ਤੇ ਤਿਆਗ ਨੂੰ ਸਮਰਪਤ ਹੈ। ਉਨ੍ਹਾਂ ਸਾਰੀਆਂ ਮਾਵਾਂ ਨੂੰ ਮਾਂ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।



# ਬੱਚਿਆਂ ਨੂੰ ਮੁਫ਼ਤ ਕਿਤਾਬਾਂ ਤੇ ਵਰਦੀਆਂ ਵੰਡੀਆਂ

**ਹੁਸ਼ਿਆਰਪੁਰ,: (ਓ ਪੀ ਰਾਣਾ )** ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਚਲਾਈ ਜਾ ਰਹੀ ਸਕੀਮ ਐਨ. ਯੂ.ਐਲ.ਐਮ ਦੇ ਅਧੀਨ ਵਧੀਕ ਡਿਪਟੀ ਕਮਿਸ਼ਨਰ (ਰੂਲਰ ਡਿਵੈਪਲਮੈਂਟ) ਸਰਦਾਰ ਬਲਰਾਜ ਸਿੰਘ ਦੀ ਅਗਵਾਈ ਵਿੱਚ ਚਲਾਏ ਜਾ ਰਹੇ ਕੋਰਸ ਗ੍ਰਾਫਿਕ ਡਿਜ਼ਾਈਨਰ, ਕਸਟਰਮ ਕੇਅਰ ਐਗਜ਼ੀਕਿਊਟਿਵ ਦਾ ਕੋਰਸ ਕਰ ਰਹੇ ਬੱਚਿਆਂ ਨੂੰ ਮੁਫਤ ਕਿਤਾਬਾਂ ਅਤੇ ਵਰਦੀਆਂ ਵੰਡੀਆਂ ਗਈਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ ) ਦਫਤਰ ਵੱਲੋਂ ਜ਼ਿਲ੍ਹਾ ਫੀਲਡ ਮੈਨੇਜਰ ਮਹਿੰਦਰ ਸਿੰਘ ਰਾਣਾ, ਜ਼ਿਲ੍ਹਾ ਪਲੇਸਮੈਂਟ ਅਫਸਰ ਰਮਨ ਭਾਰਤੀ, ਅਤੇ ਜ਼ਿਲ੍ਹਾ ਮੋਬਲਾਇਜ਼ਰ ਅਫਸਰ ਸੁਨੀਲ ਕੁਮਾਰ ਆਦਿ ਹਾਜ਼ਰ ਸਨ। ਇਹ ਕੋਰਸ ਦਸੂਹਾ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਦਾ ਮੰਤਵ ਬੇਰੁਜ਼ਗਾਰ ਨੌਜਵਾਨਾਂ ਨੂੰ ਹੁੰਨਰਮੰਦ ਬਣਾ ਕੇ ਰੁਜ਼ਗਾਰ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆਂ ਕਿ ਨੌਜਵਾਨ ਲੜਕੇ ਅਤੇ ਲੜਕੀਆਂ ਲਈ ਜ਼ਿਲ੍ਹਾ ਹੁਸਿਆਰਪੁਰ ਵਿਖੇ ਵੱਖ ਵੱਖ ਸੈਟਰਾਂ ਰਾਹੀ ਵੱਖ ਵੱਖ ਕੋਰਸ ਕਰਵਾਏ ਜਾ ਰਹੇ ਹਨ ਅਤੇ ਇਹ ਕੋਰਸ ਬਿਲਕੁੱਲ ਮੁਫ਼ਤ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆਂ ਕਿ ਇਥੇ ਹਰੇਕ ਵਿਦਿਆਰਥੀ ਹੁਨਰ ਦੀ ਮੁਫ਼ਤ ਸਿੱਖਿਆ ਪ੍ਰਾਪਤ ਕਰਕੇ ਆਪਣਾ ਭਵਿੱਖ ਰੋਸ਼ਨ ਕਰ ਸਕਦੇ ਹਨ।



# ਆਲ ਇੰਡੀਆ ਆਂਗਣਵਾੜੀ ਵਰਕਰਜ਼ ਹੈਲਪਰਜ਼ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਧਰਨਾ



**ਜਲੰਧਰ :** ਆਲ ਇੰਡੀਆ ਆਂਗਣਵਾੜੀ ਵਰਕਰਜ਼ ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੀ ਡੀ ਪੀ ਰਾਹੀਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ। ਧਰਨੇ ਨੂੰ ਸਬੋਧਨ ਕਰਦੇ ਹੋਏ ਸੂਬਾ ਕਮੇਟੀ ਮੈਂਬਰ ਚਮਨੋ ਦੇਵੀ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾ ਮੁੱਖ ਮੰਤਰੀ ਭਗਵੰਤ ਮਾਨ ਨੇ ਆਂਣਗਵਾੜੀ ਵਰਰਜ਼ ਹੈਲਪਰਜ਼ ਯੂਨੀਅਨ ਦੀਆਂ ਮੰਗਾਂ ਮੰਨਣ ਦੇ ਵਾਅਦੇ ਕੀਤੇ ਸਨ, ਪਰ ਹਾਲੇ ਤੱਕ ਉਹ ਵਾਅਦੇ ਪੂਰੇ ਨਹੀਂ ਕੀਤੇ ਗਏ, ਦੋ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਕੋਈ ਮੀਟਿੰਗ ਨਹੀਂ ਕੀਤੀ ਗਈ। ਉਨ੍ਹਾ ਮੁੱਖ ਮੰਤਰੀ ਤੋਂ ਮੰਗ ਕੀਤੀ ਆਂਣਗਵਾੜੀ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਕਰਕੇ ਆਪਣਾ ਕੀਤਾ ਵਾਅਦਾ ਨਿਭਾਉਣ। ਬਲਾਕ ਪ੍ਰਧਾਨ ਕਸ਼ਮੀਰ ਕੌਰ ਨੇ ਕਿਹਾ ਕਿ ਤੁਰੰਤ ਦੇਣਾ ਯਕੀਨੀ ਬਣਾਇਆ ਜਾਵੇ। ਉਨ੍ਹਾ ਕਿਹਾ ਕਿ ਜੇ ਮੰਗਾਂ ਨਾਲ ਮੰਨੀਆਂ ਗਈਆਂ ਤਾਂ ਜਥੇਬੰਦੀ ਤਿੱਖਾ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗੀ।

# 'ਭਾਜਪਾ ਭਜਾਓ, ਦੇਸ਼ ਬਚਾਓ' ਤਹਿਤ ਪਿੰਡਾਂ 'ਚ ਜਾਗਰੂਕਤਾ ਮਾਰਚ ਕੱਢਿਆ



**ਬਹਿਰਾਮ/ਨਵਾਂਸ਼ਹਿਰ (ਅਵਤਾਰ ਕਲੇਰ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਕਮਿਊਨਿਸਟ ਪਾਰਟੀ ਦੀ ਕੌਮੀ ਕੌਂਸਲ ਵੱਲੋਂ 14 ਅਪ੍ਰੈਲ ਤੋਂ 15 ਮਈ ਤੱਕ 'ਭਾਜਪਾ ਭਜਾਓ ਦੇਸ਼ ਬਚਾਓ' ਪ੍ਰੋਗਰਾਮ ਤਹਿਤ ਦਿੱਤੇ ਗਏ ਸੱਦੇ 'ਤੇ ਨਵਾਂ ਸ਼ਹਿਰ ਦੇ ਪਿੰਡ ਕਰਨਾਣਾ, ਮੁਕੰਦਪੁਰ, ਚਾਹਲ ਕਲਾਂ ਅਤੇ ਬਖਲੌਰ ਵਿਖੇ ਜਾਗਰੂਕਤਾ ਮਾਰਚ ਰਾਹੀਂ ਮੀਟਿੰਗਾਂ ਕਰਕੇ ਕੇਂਦਰ ਦੀ ਮੋਦੀ ਦੀ ਅਗਵਾਈ ਹੇਠ ਭਾਜਪਾ ਦੀ ਸਰਕਾਰ ਦੀਆਂ ਮਜਦੂਰ, ਕਿਸਾਨ, ਮੁਲਾਜਮ ਅਤੇ ਛੋਟੇ ਕਾਰੋਬਾਰੀਆਂ ਵਿਰੋਧੀ ਨੀਤੀਆਂ ਬਾਰੇ ਜਾਣਕਾਰੀ ਦਿੱਤੀ। ਇਸ ਚੇਤਨਾ ਮਾਰਚ ਦੀ ਅਗਵਾਈ ਪੰਜਾਬ ਖੇਤ ਮਜਦੂਰ ਸਭਾ ਦੀ ਸੂਬਾ ਜਨਰਲ ਸਕੱਤਰ,ਸੀ ਪੀ ਆਈ ਦੀ ਸੂਬਾ ਸਕਤਰੇਤ ਮੈਂਬਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਸੀ ਪੀ ਆਈ ਦੇ ਜਿਲ੍ਹਾ ਸਕੱਤਰ ਕਾਮਰੇਡ ਸੁਤੰਤਰ ਕੁਮਾਰ, ਤਹਿਸੀਲ ਸਕੱਤਰ ਨਵਾਂਸ਼ਹਿਰ ਕਾਮਰੇਡ ਮੁਕੰਦ ਲਾਲ, ਜਸਵਿੰਦਰ ਸਿੰਘ ਭੰਗਲ, ਇਸਤਰੀ ਸਭਾ ਦੀ ਆਗੂ ਕਾਮਰੇਡ ਗੁਰਬਖਸ ਕੌਰ ਨੇ ਕੀਤੀ। ਵੱਖ ਵੱਖ ਪਿੰਡਾਂ 'ਚ ਲੋਕਾਂ ਨੂੰ ਜਾਗਰੂਕ ਕਰਦਿਆਂ ਉਨ੍ਹਾਂ ਕਿਹਾ ਕਿ 2014 ਵਿੱਚ ਕੇਂਦਰ ਵਿੱਚ ਮੋਦੀ ਦੀ ਅਗਵਾਈ ਹੇਠ ਸਰਕਾਰ ,ਵਿਦੇਸਾਂ ਵਿੱਚ ਪਿਆ ਕਾਲਾ ਧਨ ਵਾਪਸ ਲਿਆ ਕੇ ਪੰਦਰਾਂ - ਪੰਦਰਾਂ ਲੱਖ ਰੁਪਏ ਹਰ ਇਕ ਦੇ ਖਾਤੇ ਵਿੱਚ ਪਾਉਣ ਅਤੇ ਅੱਛੇ ਦਿਨ ਆਏਂਗੇ ਦਾ ਸੁਪਨਾ ਦਿਖਾ ਕੇ ਸੱਤਾ ਤੇ ਕਾਬਜ ਹੋਈ ਸੀ। ਭਾਰਤ ਦੇ ਲੋਕ ਅੱਜ ਵੀ ਪੁੱਛਦੇ ਹਨ ਕਿ, ਅੱਛੇ ਦਿਨ ਕੱਬ ਆਏਂਗੇ ? ਉਨ੍ਹਾਂ ਲੋਕਾਂ ਨੂੰ ਦੱਸਿਆ ਕਿ ਅੱਛੇ ਦਿਨ ਤਾਂ ਨਹੀਂ ਆਉਣੇ ਪਰ ਭਾਰਤੀ ਸੰਵਿਧਾਨ ਰਾਹੀਂ ਮਿਲੇ ਸੰਵਿਧਾਨਕ ਹੱਕਾਂ ਨੂੰ ਖਤਮ ਕਰਕੇ, ਨੋਟ ਬੰਦੀ, ਜੀ ਐਸ ਟੀ, ਕਿਸਾਨ, ਮਜਦੂਰ, ਮੁਲਾਜਮ ਵਿਰੋਧੀ ਕਾਲੇ ਕਾਨੂੰਨ ਲਿਆ ਕੇ ਮੋਦੀ ਨੇ ਅਡਾਨੀਆ, ਅੰਬਾਨੀਆਂ ਦੇ ਅੱਛੇ ਦਿਨ ਲੈ ਆਂਦੇ ਹਨ। ਪਬਲਿਕ ਸੈਕਟਰ ਦੇ ਅਦਾਰੇ ਰੇਲਵੇ ਸਟੇਸਨ ਏਅਰਪੋਰਟ, ਐਲ ਆਈ ਸੀ, ਬੈਂਕਾਂ ਵਿੱਦਿਅਕ ਅਦਾਰੇ ਕੌਡੀਆਂ ਦੇ ਭਾਅ ਇਨ੍ਹਾਂ ਸਰਮਾਏਦਾਰਾਂ ਨੂੰ ਵੇਚ ਦਿੱਤੇ ਹਨ। ਉਨ੍ਹਾਂ ਦਾ ਦਸ ਲੱਖ ਕਰੋੜ ਰੁਪਏ ਦਾ ਕਰਜਾ ਮੁਆਫ ਕਰ ਦਿੱਤਾ ਗਿਆ। ਬੇਘਰੇ ਮਜਦੂਰ ਪਰਵਾਰਾਂ ਨੂੰ ਘਰ ਬਣਾਉਣ ਲਈ ਦਸ ਮਰਲੇ ਦਾ ਪਲਾਟ ਤੇ ਘਰ ਬਣਾਉਣ ਲਈ ਪੰਜ ਲੱਖ ਰੁਪਏ ਬਿਨਾਂ ਵਿਆਜ ਕਰਜਾ ਦਿੱਤਾ ਜਾਵੇ। ਮਨਰੇਗਾ ਦੀ ਤਰ੍ਹਾਂ ਹਰ ਕੰਮ ਮੰਗਦੇ ਨੌਜਵਾਨ ਮੁੰਡੇ ਕੁੜੀਆਂ ਨੂੰ ਯੋਗਤਾ ਅਨੁਸਾਰ ਕੰਮ ਤੇ ਕੰਮ ਅਨੁਸਾਰ ਉਜਰਤ ਦੇਣ ਲਈ ਭਗਤ ਸਿੰਘ ਕੌਮੀ ਰੁਜਗਾਰ ਗਰੰਟੀ ਕਾਨੂੰਨ ( ਬਨੇਗਾ ) ਬਣਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਬਿਮਲ ਕੁਮਾਰ, ਕਾਮਰੇਡ ਸਤਨਾਮ ਸਿੰਘ ਚਾਹਲ, ਬਲਜਿੰਦਰ ਸਿੰਘ, ਨਿਰਮਲ ਕੁਮਾਰ , ਕਾਮਰੇਡ ਸੰਤੋਖ ਪਾਲ, ਕਾਮਰੇਡ ਗੁਰਿੰਦਰ ਲਾਲ ਅਤੇ ਕਾਮਰੇਡ ਕਰਨੈਲ ਸਿੰਘ ਕਰਨਾਣਾ ਇਸ ਜਾਗਰੂਕਤਾ ਮਾਰਚ ਵਿੱਚ ਸ਼ਾਮਲ ਸਨ।

# ਮੁੱਖ ਮੰਤਰੀ ਵੱਲੋਂ ਗੁਰਸੇਵਕ ਸਿੰਘ ਨੂੰ 2 ਲੱਖ ਰੁਪਏ ਦੀ ਨਗਦ ਰਾਸ਼ੀ ਤੇ ਸਨਮਾਨ ਪੱਤਰ



**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਇਨ੍ਹਾਂ ਉਪਰਾਲਿਆਂ ਤਹਿਤ ਜ਼ਿਲ੍ਹੇ ਦੇ ਪਿੰਡ ਚਾਉਕੇ ਦਾ ਭਲਵਾਨ ਗੁਰਸੇਵਕ ਸਿੰਘ ਕੁਸ਼ਤੀ ਮੁਕਾਬਲਿਆਂ 'ਚ ਮੱਲ੍ਹਾ ਮਾਰ ਕੇ ਆਪਣੇ ਮਾਤਾ-ਪਿਤਾ, ਪਿੰਡ, ਜ਼ਿਲ੍ਹੇ ਤੇ ਪੰਜਾਬ ਦਾ ਨਾਂਅ ਚਮਕਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਭਲਵਾਨ ਨੂੰ ਮੁੱਖ ਮੰਤਰੀ ਭਗਵੰਤ ਮਾਨ ਤੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ 2 ਲੱਖ ਰੁਪਏ ਦੀ ਨਗਦ ਰਾਸ਼ੀ ਇਨਾਮ ਤੇ ਸਨਮਾਨ ਪੱਤਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਭਲਵਾਨ ਗੁਰਸੇਵਕ ਸਿੰਘ ਨੇ ਸਾਲ 2022 'ਚ ਗੁਜਰਾਤ ਵਿਖੇ ਹੋਈਆਂ ਸੀਨੀਅਰ ਨੈਸ਼ਨਲ ਗੇਮਜ਼ 'ਚ ਤੀਸਰਾ ਸਥਾਨ ਹਾਸਲ ਕਰਕੇ ਬਰਾਊਨਜ਼ ਮੈਡਮ ਆਪਣੇ ਨਾਂਅ ਕੀਤਾ ਹੈ।

ਜ਼ਿਲ੍ਹੇ ਦੇ ਪਿੰਡ ਚਾਉਕੇ ਦੇ ਵਸਨੀਕ ਪਿਤਾ ਸੁਖਪਾਲ ਸਿੰਘ ਅਤੇ ਮਾਤਾ ਭੁਪਿੰਦਰ ਕੌਰ ਦੀ ਕੁੱਖੋਂ 10-7-1996 ਨੂੰ ਜਨਮੇ ਪਹਿਲਵਾਨ ਗੁਰਸੇਵਕ ਸਿੰਘ ਨੇ ਦੱਸਿਆ ਕਿ ਉਹ ਮੌਜੂਦਾ ਸਮੇਂ ਬਾਰਡਰ ਸਕਿਉਰਟੀ ਫੋਰਸ ਵਿਖੇ ਨੌਕਰੀ ਕਰ ਰਿਹਾ ਹੈ। ਉਸ ਆਪਣੀ ਕੁਸ਼ਤੀ ਦੇ ਜੌਹਰ ਦਿਖਾ ਕੇ ਹੁਣ ਤੱਕ 9 ਵਾਰ ਗੋਲਡ ਮੈਡਲਾਂ ਤੋਂ ਇਲਾਵਾ ਵੱਖ-ਵੱਖ ਪਿੰਡਾਂ 'ਚ ਹੋਈਆਂ ਖੇਡਾਂ ਦੌਰਾਨ 5 ਵਾਰ ਬੁਲਟ ਤੇ 10 ਵਾਰ ਛੋਟੇ ਮੋਟਰਸਾਈਕਲ, 12 ਮੱਝਾਂ-ਝੋਟੀਆਂ ਅਤੇ ਕਈ ਤੋਲੇ ਸੋਨੇ ਦੇ ਜਿੱਤ ਚੁੱਕਾ ਹੈ। ਇਸ ਦੌਰਾਨ ਉਨ੍ਹਾਂ ਇਹ ਵੀ ਦੱਸਿਆ ਕਿ ਉਹ ਜੁਲਾਈ ਤੇ ਅਗਸਤ 2023 ਦੌਰਾਨ ਵਰਲਡ ਪੁਲਸ ਗੇਮਜ਼ 'ਚ ਕੈਨੇਡਾ ਦੇ ਸ਼ਹਿਰ ਵਿਨੀਪੈਗ 'ਚ ਹੋਣ ਵਾਲੇ ਕੁਸ਼ਤੀ ਮੁਕਾਬਲਿਆਂ 'ਚ ਆਪਣੀ ਕੁਸ਼ਤੀ ਦੇ ਕਰਤੱਵ ਦਿਖਾਵੇਗਾ।

ਪਿੰਡ ਚਾਉਕੇ ਦੇ ਸਰਕਾਰੀ ਸਕੂਲ 'ਚ 5ਵੀਂ ਤੱਕ ਅਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਤੋਂ ਆਪਣੀ ਪੜ੍ਹਾਈ ਕੀਤੀ। ਸਾਲ 2005 ਤੋਂ ਭਲਵਾਨੀ ਕਰ ਰਹੇ ਗੁਰਸੇਵਕ ਸਿੰਘ ਨੇ ਭਾਰਤ ਦੇ ਵੱਖ-ਵੱਖ ਖੇਡ ਮੈਦਾਨਾਂ 'ਚ ਆਪਣੀ ਸਖਤ ਮਿਹਨਤ ਨਾਲ ਖਿਡਾਰੀਆਂ ਨੂੰ ਹਰਾ ਕੇ ਲੋਹਾ ਮਨਵਾਇਆ ਹੈ। ਗੁਰਸੇਵਕ ਦਾ ਕਹਿਣਾ ਹੈ ਕਿ ਉਸ ਨੇ ਸਾਲ 2008 'ਚ ਤਰਨ ਤਾਰਨ ਵਿਖੇ ਹੋਈਆਂ ਕੁਸ਼ਤੀ ਖੇਡਾਂ 'ਚ ਅੰਡਰ-17 'ਚ ਆਪਣੀ ਕੁਸ਼ਤੀ ਦੇ ਜਲਵੇ ਦਿਖਾਏ ਜਿਸ ਵਿੱਚ ਉਹ ਪੰਜਾਬ 'ਚੋਂ ਦੂਜੇ ਨੰਬਰ ਤੇ ਰਹੇ। ਇਸੇ ਤਰ੍ਹਾਂ ਸਾਲ 2010 ਅੰਡਰ-17 'ਚ ਸਿਰਸਾ (ਹਰਿਆਣਾ) ਵਿਖੇ ਹੋਈਆਂ ਪੇਂਡੂ ਖੇਡਾਂ 'ਚੋ ਗੋਡਲ ਮੈਡਲ ਜਿੱਤ ਕਿ ਨੈਸ਼ਨਲ ਫਸਟ ਆਏ।

ਗੁਰਸੇਵਕ ਸਿੰਘ ਨੇ ਸਾਲ 2014 'ਚ ਸਬ ਜੂਨੀਅਰ ਕੁਸ਼ਤੀ ਖੇਡ ਵਿੱਚ ਤੀਜਾ ਸਥਾਨ ਹਾਸਲ ਕਰਕੇ ਬਰਾਊਨਜ਼ ਮੈਡਲ ਆਪਣੇ ਨਾਂਅ ਕੀਤਾ। ਇਸੇ ਤਰ੍ਹਾਂ ਸਾਲ 2014-15 ਦੌਰਾਨ ਗੜ੍ਹਸ਼ੰਕਰ ਵਿਖੇ ਹੋਏ ਕੁਸ਼ਤੀ ਮੁਕਾਬਲੇ ਦੌਰਾਨ "ਪੰਜਾਬ ਕੇਸਰੀ" ਦਾ ਖਿਤਾਬ ਆਪਣੇ ਸਿਰ ਸਜਾਇਆ। ਇਸੇ ਤਰ੍ਹਾਂ ਉਹ ਸਾਲ 2015 'ਚ ਕੇਰਲਾ ਵਿਖੇ ਹੋਈਆਂ ਸੀਨੀਅਰ ਨੈਸ਼ਨਲ ਗੇਮ 'ਚ ਦੂਜੇ ਨੰਬਰ 'ਤੇ (ਸਿਲਵਰ ਮੈਡਲ) ਅਤੇ ਕੁਰਕੁਸ਼ੇਤਰ ਵਿਖੇ ਹੋਈਆਂ ਆਲ ਇੰਡੀਆ ਯੂਨੀਵਰਸਿਟੀ ਖੇਡਾਂ 'ਚ ਬਰਾਊਨਜ਼ ਮੈਡਮ ਜਿੱਤ ਕੇ ਤੀਜੇ ਨੰਬਰ 'ਤੇ ਰਹੇ। 2016 'ਚ ਪਟਨਾ ਵਿਖੇ ਹੋਈਆਂ ਆਲ ਇੰਡੀਆ ਪੁਲਸ ਖੇਡਾਂ 'ਚੋਂ ਪਹਿਲੇ ਸਥਾਨ ਹਾਸਲ ਕਰਕੇ ਗੋਲਡ ਮੈਡਲ ਜਿੱਤਿਆ।

ਸਾਲ 2017 'ਚ ਪੂਨੇ ਵਿਖੇ ਹੋਈਆ ਆਲ ਇੰਡੀਆ ਪੁਲਸ ਗੇਮਾਂ 'ਚੋਂ ਦੂਸਰੇ ਨੰਬਰ ਰਹੇ। ਮਹਾਰਾਸ਼ਟਰ ਦੇ ਸਿਰੜੀ ਸ਼ਹਿਰ 'ਚ ਸਾਲ 2019 ਅੰਡਰ-23 ਦੌਰਾਨ ਨੈਸ਼ਨਲ ਚੈਪੀਅਨਸ਼ਿਪ ਗੇਮਾਂ 'ਚ ਤੀਜੇ ਸਥਾਨ ਰਹੇ ਤੇ ਬਰਾਊਨਜ਼ ਮੈਡਲ ਹਾਸਲ ਕੀਤਾ। ਸਾਲ 2019 ਤੇ 2020 ਦੌਰਾਨ ਆਨੰਦਪੁਰ ਵਿਖੇ ਹੋਲੇ ਮਹੱਲੇ 'ਚ "ਪੰਜਾਬ ਕੇਸਰੀ" ਦਾ ਖਿਤਾਬ ਹਾਸਲ ਕੀਤਾ। 2022 'ਚ ਮਹਾਰਾਸ਼ਟਰ ਦੇ ਪੂਨੇ ਸ਼ਹਿਰ 'ਚ ਹੋਈਆਂ ਆਲ ਇੰਡੀਆ ਪੁਲਸ ਗੇਮਜ਼ 'ਚ ਪਹਿਲੇ ਨੰਬਰ 'ਤੇ ਆ ਕੇ ਗੋਲਡ ਮੈਡਲ ਜਿੱਤਿਆ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਵੀ ਸਖਤ ਮਿਹਨਤ ਅਤੇ ਲਗਨ ਨਾਲ ਖੇਡਾਂ ਰਾਹੀਂ ਆਪਣੇ ਮਾਤਾ-ਪਿਤਾ, ਪਿੰਡ, ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਦੁਨੀਆਂ ਦੇ ਨਕਸ਼ੇ 'ਤੇ ਲਿਆ ਸਕਦੇ ਹਨ।